ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 60
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 2 March, 2026) ਸੋਮਵਾਰ, 2 ਮਾਰਚ, 2026, 19 ਫੱਗਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਭਾਰਤ ਦੇ ਤੇਲ ਭੰਡਾਰ 'ਤੇ ਮੰਡਰਾਇਆ ਸੰਕਟ, ਵੱਧ ਸਕਦੀਆਂ ਨੇ ਕੀਮਤਾਂ

ਨਵੀਂ ਦਿੱਲੀ, 1 ਮਾਰਚ (ਚ.ਨ.ਸ.): : ਭਾਰਤ ਕੋਲ ਘੱਟੋ-ਘੱਟ 10 ਦਿਨਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਕੱਚੇ ਤੇਲ ਦਾ ਲੋੜੀਂਦਾ ਭੰਡਾਰ ਹੈ ਅਤੇ ਹੋਰ 5-7 ਦਿਨਾਂ ਲਈ ਬਾਲਣ ਵੀ ਮੌਜੂਦ ਹੈ। ਇਸ ਲਈ, 'ਸਟ੍ਰੇਟ ਆਫ ਹਾਰਮੁਜ਼' ਵਰਗੇ ਮੁੱਖ ਸਪਲਾਈ ਮਾਰਗ ਦੇ ਬੰਦ ਹੋਣ ਨਾਲ ਭਾਰਤ ਨੂੰ ਤੇਲ ਦੀ ਸਪਲਾਈ ਵਿੱਚ ਤੁਰੰਤ ਕਿਸੇ ਵੱਡੀ ਰੁਕਾਵਟ ਦਾ ਸਾਹਮਣਾ ਕਰਨ ਦੀ ਸੰਭਾਵਨਾ ਨਹੀਂ ਹੈ। ਅਧਿਕਾਰੀਆਂ ਨੇ ਇਸ ਦੀ ਪੁਸ਼ਟੀ ਕੀਤੀ ਹੈ। ਉੱਚ ਅਧਿਕਾਰੀਆਂ ਅਤੇ ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਭਾਵੇਂ ਈਰਾਨ 'ਤੇ (ਬਾਕੀ ਸਫ਼ਾ 2 'ਤੇ)

# ਇਜ਼ਰਾਈਲ-ਅਮਰੀਕਾ ਦੇ ਹਮਲੇ 'ਚ ਈਰਾਨ ਦੇ ਸੁਪਰੀਮ ਲੀਡਰ ਖਾਮੇਨੇਈ ਦੀ ਮੌਤ

### 'ਆਪ' ਵੱਲੋਂ ਦਿੱਲੀ ਦੇ ਜੰਤਰ ਮੰਤਰ ਵਿਖੇ ਵੱਡੀ ਰੈਲੀ

## ਪੰਜਾਬ ਦੇ ਲੋਕ 2027 ਵਿੱਚ 'ਆਪ' ਨੂੰ ਮੁੜ ਜਿਤਾਅ ਕੇ ਕੇਂਦਰ 'ਚ ਭਾਜਪਾ ਦੇ ਤਾਨਾਸ਼ਾਹੀ ਦਾ ਅੰਤ ਕਰਨਗੇ: ਮਾਨ

ਅੰਮ੍ਰਿਤਪਾਲ ਸਿੰਘ

=================



ਨਵੀਂ ਦਿੱਲੀ 1 ਮਾਰਚ: ਆਮ ਆਦਮੀ ਪਾਰਟੀ (ਆਪ) ਦੀ ਜੰਤਰ-ਮੰਤਰ ਵਿਖੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਹੋਈ ਵਿਸ਼ਾਲ ਜਨਤਕ ਰੈਲੀ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਅਦਾਲਤ ਦਾ ਹਾਲੀਆ ਫੈਸਲਾ ਭਾਰਤੀ ਰਾਜਨੀਤੀ ਵਿੱਚ ਸੱਚਾਈ ਦੀ ਇਤਿਹਾਸਕ ਜਿੱਤ ਹੈ ਅਤੇ ਇਸ ਗੱਲ ਦੀ ਪੁਸ਼ਟੀ ਕਰਦਾ ਹੈ ਕਿ 'ਆਪ' ਪਾਰਟੀ ਇੱਕ ਕੌਮੀ ਤਾਕਤ ਵਜੋਂ ਮਜ਼ਬੂਤੀ ਨਾਲ ਉਭਰ ਕੇ ਸਾਹਣਣੇ ਆਈ ਹੈ। ਸਿੱਧੀ ਰਾਜਨੀਤਿਕ ਚੁਣੌਤੀ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਇਸ ਤਾਨਾਸ਼ਾਹੀ ਸ਼ਾਸਨ ਨੂੰ ਮਾਤ ਦੇਣ ਲਈ 2027 ਵਿੱਚ 'ਆਪ' ਦੀ ਝੋਲੀ ਘੱਟੋ-ਘੱਟ 100 ਸੀਟਾਂ ਪਾਏਗਾ। ਉਨ੍ਹਾਂ ਕਿਹਾ ਕਿ ਇਸ ਤਾਨਾਸ਼ਾਹੀ ਵਿਰੁੱਧ ਜਿੱਤ ਦਾ ਆਗਾਜ਼ ਪੰਜਾਬ ਤੋਂ ਹੋਵਗਾ। ਇਹ ਆਖਦਿਆਂ ਕਿ ਸਾਲ 2027 ਦੇਸ਼ ਭਰ ਵਿੱਚ ਬਦਲਾਅ ਦਾ ਮੁੱਢ ਬੰਨ੍ਹੇਗਾ, ਉਨ੍ਹਾਂ ਕਿਹਾ ਕਿ ਜਿਸ ਦਿਸ਼ਾ ਵੱਲ ਪੰਜਾਬ ਮਾਰਚ ਕਰਦਾ ਹੈ, ਪੂਰਾ ਦੇਸ਼ ਵੀ ਉਸ ਪਾਸੇ ਵੱਲ ਹੋ ਜਾਂਦਾ ਹੈ ਕਿਉਂ ਕਿ ਹਰ ਕੋਈ ਜਾਣਦਾ ਹੈ ਕਿ ਪੰਜਾਬ ਕਿਸੇ ਵੀ ਤਾਨਾਸ਼ਾਹੀ ਨੂੰ ਮੂੰਹ ਤੋੜਵਾਂ ਜਵਾਬ ਦੇਣਾ ਚੰਗੀ ਤਰ੍ਹਾਂ ਜਾਣਦਾ ਹੈ।

ਜੀ.ਐਸ.ਟੀ. ਦਾ ਬਕਾਇਆ ਰੋਕਣ ਅਤੇ ਪੰਜਾਬ ਲਈ ਐਲਾਨੀ ਗਈ 1,600 ਕਰੋੜ ਰੁਪਏ ਦੀ ਹੜ੍ਹ ਰਾਹਤ ਰਾਸ਼ੀ ਜਾਰੀ ਨਾ ਕਰਨ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਬੇਇਨਸਾਫ਼ੀ ਦਾ ਜਵਾਬ ਲੋਕ ਆਪਣੇ ਫਤਵੇ ਨਾਲ ਦੇਣਗੇ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਵੀ ਤਰ੍ਹਾਂ ਦੀ ਤਾਨਾਸ਼ਾਹੀ ਵਾਲੀ ਰਾਜਨੀਤੀ ਪੰਜਾਬ ਨੂੰ ਦਬਾ ਨਹੀਂ ਸਕਦੀ ਅਤੇ ਕਿਹਾ ਕਿ ਦੇਸ਼ ਭਰ ਵਿੱਚ ਜਿੱਤ ਦੀ ਸ਼ੁਰੂਆਤ ਪੰਜਾਬ ਤੋਂ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਕਿਸੇ ਇੱਕ ਵਿਅਕਤੀ ਦੀ ਲੜਾਈ ਨਹੀਂ, ਸਗੋਂ ਭਾਰਤ ਦੇ ਸੰਵਿਧਾਨ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਲਈ ਇੱਕ ਵੱਡੀ ਲੋਕ ਲਹਿਰ ਹੈ।

ਵੀਡੀਓ ਕਾਨਫਰੰਸਿੰਗ ਰਾਹੀਂ ਪਾਰਟੀ ਆਗੂਆਂ ਅਤੇ ਸਮਰਥਕਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਾਲ ਹੀ ਵਿੱਚ ਆਏ ਅਦਾਲਤੀ ਫੈਸਲੇ ਤੋਂ ਬਾਅਦ ਭਾਰਤੀ ਰਾਜਨੀਤੀ ਵਿੱਚ ਸੱਚਾਈ ਦੀ ਇਤਿਹਾਸਕ ਜਿੱਤ 'ਤੇ 'ਆਪ' ਦੀ ਸਮੁੱਚੀ ਟੀਮ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਮੈਂ ਸਾਰਿਆਂ ਨੂੰ ਦਿਲੋਂ ਵਧਾਈ ਦਿੰਦਾ ਹਾਂ ਅਤੇ ਕਿਹਾ ਕਿ ਕੱਲ੍ਹ ਦਾ ਦਿਨ ਭਾਰਤੀ ਰਾਜਨੀਤੀ ਵਿੱਚ ਇੱਕ ਇਤਿਹਾਸਕ ਪਲ ਵਜੋਂ ਯਾਦ ਰੱਖਿਆ ਜਾਵੇਗਾ, ਇੱਕ ਅਜਿਹਾ ਦਿਨ ਜਦੋਂ ਸੱਚਾਈ ਦੀ ਜਿੱਤ ਹੋਈ। ਮੈਂ ਪੂਰੀ 'ਆਪ' (ਬਾਕੀ ਸਫ਼ਾ 2 'ਤੇ)

## ਬੇਟੀ-ਜਵਾਈ ਅਤੇ ਨੂੰਹ-ਪੋਤੀ ਵੀ ਮਾਰੇ ਗਏ; ਈਰਾਨ ਨੇ ਬਦਲਾ ਲੈਣ ਦੀ ਖਾਧੀ ਸਹੁੰ

ਚੜ੍ਹਦੀਕਲਾ ਬਿਊਰੋ

---------------



ਦੁਬਈ, 1 ਮਾਰਚ : ਈਰਾਨ ਨੇ ਐਤਵਾਰ ਸਵੇਰੇ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਦੇਸ਼ ਦੇ ਸੁਪਰੀਮ ਲੀਡਰ ਆਇਤੁੱਲਾ ਅਲੀ ਖਾਮੇਨੇਈ ਇਜ਼ਰਾਈਲ ਅਤੇ ਅਮਰੀਕਾ ਦੁਆਰਾ ਕੀਤੇ ਗਏ ਇੱਕ ਵੱਡੇ ਹਵਾਈ ਹਮਲੇ ਵਿੱਚ ਮਾਰੇ ਗਏ ਹਨ। 86 ਸਾਲਾ ਖਾਮੇਨੇਈ 'ਤੇ ਇਹ ਹਮਲਾ ਤੇਹਰਾਨ ਸਥਿਤ ਉਨ੍ਹਾਂ ਦੇ ਦਫ਼ਤਰ ਅਤੇ ਰਿਹਾਇਸ਼ੀ ਕੰਪਲੈਕਸ ਨੂੰ ਨਿਸ਼ਾਨਾ ਬਣਾ ਕੇ ਕੀਤਾ ਗਿਆ, ਜਿਸ ਦੀਆਂ ਤਸਵੀਰਾਂ ਸੈਟੇਲਾਈਟ ਰਾਹੀਂ ਵੀ ਸਾਹਮਣੇ ਆਈਆਂ ਹਨ।ਸ਼ਨੀਵਾਰ ਨੂੰ ਉਨ੍ਹਾਂ ਦੇ ਦਫਤਰ ਕੰਪਲੈਕਸ 'ਤੇ 30 ਮਿਜ਼ਾਈਲਾਂ ਨਾਲ ਹਮਲਾ ਕੀਤਾ ਗਿਆ ਸੀ। ਉਨ੍ਹਾਂ ਦੀ ਬੇਟੀ-ਦਮਾਦ ਅਤੇ ਨੂੰਹ- ਪੋਤੀ ਅਤੇ ਕੰਪਲੈਕਸ ਵਿੱਚ ਮੌਜੂਦ 40 ਕਮਾਂਡਰਾਂ ਦੇ ਨਾਲ, ਮਾਰੇ ਗਏ ਸਨ। ਹਮਲੇ ਸਮੇਂ ਖਾਮੇਨੇਈ ਕਮਾਂਡਰਾਂ ਨਾਲ ਮੀਟਿੰਗ ਕਰ ਰਹੇ ਸਨ।

ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਨੇ ਸ਼ਨੀਵਾਰ ਦੇਰ ਰਾਤ ਖਾਮੇਨੇਈ ਦੀ ਮੌਤ ਦਾ ਐਲਾਨ ਕੀਤਾ। ਥੋੜ੍ਹੀ ਦੇਰ ਬਾਅਦ, ਅਮਰੀਕੀ ਰਾਸ਼ਟਰਪਤੀ ਟਰੰਪ ਨੇ ਵੀ ਉਨ੍ਹਾਂ ਦੀ ਮੌਤ ਦਾ ਦਾਅਵਾ ਕੀਤਾ। ਈਰਾਨ ਦੀਆਂ ਸਰਕਾਰੀ ਮੀਡੀਆ ਏਜੰਸੀਆਂ ਤਸਨੀਮ ਅਤੇ ਫਾਰਸ ਨੇ ਐਤਵਾਰ ਸਵੇਰੇ ਇਸਦੀ ਪੁਸ਼ਟੀ ਕੀਤੀ। ਟਰੰਪ ਨੇ ਇਸ ਕਾਰਵਾਈ ਨੂੰ ਈਰਾਨੀ ਲੋਕਾਂ ਲਈ ਆਪਣਾ ਦੇਸ਼ ਵਾਪਸ ਲੈਣ ਦਾ ਸਭ ਤੋਂ (ਬਾਕੀ ਸਫ਼ਾ 2 'ਤੇ)

## ਖਾਮੇਨੇਈ ਦੀ ਮੌਤ ਤੋਂ ਬਾਅਦ ਆਇਤੁੱਲਾ ਅਲੀਰੇਜ਼ਾ ਅਰਾਫੀ ਨੂੰ ਈਰਾਨ ਦਾ ਸੁਪਰੀਮ ਲੀਡਰ ਬਣਾਇਆ

ਚੜ੍ਹਦੀਕਲਾ ਬਿਊਰੋ

=================



ਤਹਿਰਾਨ, 1 ਮਾਰਚ: ਇਜ਼ਰਾਈਲੀ-ਅਮਰੀਕੀ ਹਮਲੇ 'ਚ ਈਰਾਨ ਦੇ ਸੁਪਰੀਮ ਲੀਡਰ ਆਯਾਤੁੱਲ੍ਹਾ ਖਾਮੇਨੇਈ ਦੀ ਮੌਤ ਮਗਰੋਂ ਦੇਸ਼ 'ਚ ਪੈਦਾ ਹੋਏ ਲੀਡਰਸ਼ਿਪ ਸੰਕਟ ਪੈਦਾ ਹੋ ਗਿਆ ਹੈ ਤੇ ਈਰਾਨ ਦੀ ਅਮਰੀਕਾ ਤੇ ਇਜ਼ਰਾਈਲ ਦੇ ਨਾਲ-ਨਾਲ ਦੁਬਈ ਤੇ ਕਤਰ ਵਰਗੇ ਦੇਸ਼ਾਂ ਖ਼ਿਲਾਫ਼ ਵੀ ਕਾਰਵਾਈ ਤੇਜ਼ ਹੋ ਗਈ ਹੈ। ਇਸ ਜੰਗ ਦੇ ਖ਼ਤਰੇ ਵਿਚਕਾਰ, ਈਰਾਨੀ ਪ੍ਰਸ਼ਾਸਨ ਨੇ ਅਗਲੇ ਸਰਵਉੱਚ ਨੇਤਾ ਦਾ ਐਲਾਨ ਕਰ ਦਿੱਤਾ ਹੈ। ਪ੍ਰਸ਼ਾਸਨ ਨੇ ਆਇਤੁੱਲਾ ਅਲੀਰੇਜ਼ਾ ਅਰਾਫੀ ਨੂੰ ਦੇਸ਼ ਦਾ ਅੰਤਰਿਮ ਸੁਪਰੀਮ ਲੀਡਰ ਐਲਾਨ ਦਿੱਤਾ ਹੈ। ਈਰਾਨੀ ਮੀਡੀਆ ਅਨੁਸਾਰ, ਇਹ ਫੈਸਲਾ ਦੇਸ਼ ਵਿੱਚ ਸੱਤਾ ਦੇ ਖਲਾਅ ਨੂੰ ਰੋਕਣ ਅਤੇ ਜਾਰੀ ਜੰਗ ਦੌਰਾਨ ਫੌਜੀ ਫੈਸਲੇ ਲੈਣ ਲਈ ਲਿਆ ਗਿਆ ਹੈ। ਈਰਾਨੀ ਸੰਵਿਧਾਨ ਦੀ ਧਾਰਾ 111 ਦੇ ਤਹਿਤ, ਜਦੋਂ ਸੁਪਰੀਮ ਲੀਡਰ ਦੀ ਮੌਤ ਹੋ ਜਾਂਦੀ ਹੈ, ਤਾਂ ਇੱਕ ਅੰਤਰਿਮ ਲੀਡਰਸ਼ਿਪ ਕੌਂਸਲ ਬਣਾਈ ਜਾਂਦੀ ਹੈ। ਆਇਤੁੱਲਾ ਅਰਾਫੀ ਇਸ ਕੌਂਸਲ ਦੇ ਮੁੱਖ ਧਾਰਮਿਕ ਚਿਹਰੇ ਵਜੋਂ ਦੇਸ਼ ਦੀ ਅਗਵਾਈ ਕਰਨਗੇ। 66 ਸਾਲਾ ਆਇਤੁੱਲਾ ਅਰਾਫੀ ਈਰਾਨ ਦੀਆਂ ਸਾਰੀਆਂ ਧਾਰਮਿਕ ਸੰਸਥਾਵਾਂ ਦੇ ਮੁਖੀ ਹਨ ਅਤੇ (ਬਾਕੀ ਸਫ਼ਾ 2 'ਤੇ)

## ਮੋਦੀ ਤੇ ਸ਼ਾਹ ਨੇ ਕਿਹਾ ਸੀ ਕਿ ਮੈਂ 100 ਕਰੋੜ ਖਾ ਗਿਆ ਹਾਂ: ਕੇਜਰੀਵਾਲ



ਚੜ੍ਹਦੀਕਲਾ ਬਿਊਰੋ

=================

ਨਵੀਂ ਦਿੱਲੀ, 1 ਮਾਰਚ: ਸ਼ਰਾਬ ਘੁਟਾਲੇ ਵਿਚ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸਤਿੰਦਰ ਜੈਨ ਦੇ ਬਰੀ ਹੋਣ ਤੋਂ ਬਾਅਦ ਆਮ ਆਦਮੀ ਪਾਰਟੀ ਵਲੋਂ ਅੱਜ ਦਿੱਲੀ ਦੇ ਜੰਤਰ ਮੰਤਰ ਵਿਖੇ ਵੱਡੀ ਰੈਲੀ ਕੀਤੀ ਗਈ। ਇਸ ਰੈਲੀ ਨੂੰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਸੰਬੋਧਨ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੱਚ ਦੀ ਜਿੱਤ ਹੋਈ ਹੈ। ਕੇਜਰੀਵਾਲ ਖਿਲਾਫ ਭਾਜਪਾ ਨੇ ਸਾਜਿਸ਼ ਰਚੀ ਸੀ। ਚੰਗਾ ਕੰਮ ਕਰਨ ਨੂੰ ਭਾਜਪਾ ਸਰਕਾਰ ਨੇ ਜੇਲ੍ਹ ਵਿਚ ਸੁੱਟਿਆ। ਉਨ੍ਹਾਂ ਕਿਹਾ ਕਿ ਅਸੀਂ ਦੇਸ਼ ਦੀ ਰਾਜਨੀਤੀ ਬਦਲਣ ਆਏ ਹਾਂ ਤੇ ਹੁਣ ਸਾਨੂੰ 2027 ਵਿਚ ਆਉਣ ਤੋਂ ਕੋਈ ਨਹੀਂ ਰੋਕ ਸਕਦਾ ਅਤੇ (ਬਾਕੀ ਸਫ਼ਾ 2 'ਤੇ)

### ਦਿੱਲੀ ਸ਼ਰਾਬ ਨੀਤੀ ਮਾਮਲਾ

## ਕੇਜਰੀਵਾਲ ਦੀ ਰਿਹਾਈ ਵਿਰੁੱਧ ਸੀ.ਬੀ.ਆਈ. ਦੀ ਪਟੀਸ਼ਨ 'ਤੇ ਸੁਣਵਾਈ 9 ਨੂੰ

ਚੜ੍ਹਦੀਕਲਾ ਬਿਊਰੋ

=================

ਨਵੀਂ ਦਿੱਲੀ, 1 ਮਾਰਚ: ਦਿੱਲੀ ਹਾਈ ਕੋਰਟ 9 ਮਾਰਚ ਨੂੰ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਦੀ ਉਸ ਪਟੀਸ਼ਨ 'ਤੇ ਸੁਣਵਾਈ ਕਰਨ ਲਈ ਤਿਆਰ ਹੈ, ਜਿਸ 'ਚ ਦਿੱਲੀ ਆਬਕਾਰੀ ਨੀਤੀ ਮਾਮਲੇ 'ਚ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਸਮੇਤ ਸਾਰੇ 23 ਦੋਸ਼ੀਆਂ ਨੂੰ ਬਰੀ ਕਰਨ ਦੇ ਟ੍ਰਾਇਲ ਕੋਰਟ ਦੇ ਹੁਕਮ ਨੂੰ ਚੁਣੌਤੀ ਦਿੱਤੀ ਗਈ ਹੈ। ਹਾਈ ਕੋਰਟ ਦੀ ਕਾਰਜ ਸੂਚੀ ਅਨੁਸਾਰ, ਇਸ ਮਾਮਲੇ ਦੀ ਸੁਣਵਾਈ ਜਸਟਿਸ ਸਵਰਨ ਕਾਂਤਾ ਸ਼ਰਮਾ ਦੀ ਬੈਂਚ ਵੱਲੋਂ ਕੀਤੀ ਜਾਵੇਗੀ। (ਬਾਕੀ ਸਫ਼ਾ 2 'ਤੇ)

## ਖਾਮੇਨੇਈ ਦੀ ਹੱਤਿਆ ਵਿਰੁਧ ਕਰਾਚੀ ਵਿੱਚ ਭੀੜ ਵੱਲੋਂ ਅਮਰੀਕੀ ਕੌਂਸਲੇਟ ਦੀ ਭੰਨ੍ਹਤੋੜ

### ਪੁਲਿਸ ਵੱਲੋਂ ਕੀਤੀ ਗੋਲ਼ੀਬਾਰੀ ਵਿੱਚ 9 ਦੀ ਮੌਤ



ਚੜ੍ਹਦੀਕਲਾ ਬਿਊਰੋ

=================

ਇਸਲਾਮਾਬਾਦ, 1 ਮਾਰਚ: ਈਰਾਨ ਦੇ ਸਰਵਉੱਚ ਲੀਡਰ ਆਇਤੁੱਲਾ ਅਲੀ ਖਾਮੇਨੇਈ ਦੀ ਮੌਤ ਤੋਂ ਬਾਅਦ ਪਾਕਿਸਤਾਨ ਵਿੱਚ ਤਣਾਅ ਵਧ ਗਿਆ ਹੈ। ਕਰਾਚੀ ਵਿੱਚ ਹਿੰਸਕ ਭੀੜ ਨੇ ਅਮਰੀਕੀ ਕੌਂਸਲੇਟ 'ਤੇ ਹਮਲਾ ਕਰ ਦਿੱਤਾ। ਇਸ ਦੌਰਾਨ ਪੁਲਿਸ ਨੂੰ ਲਾਠੀਚਾਰਜ ਅਤੇ ਅੱਥਰੂ ਗੈਸ ਦੇ ਗੋਲੇ ਛੱਡਣੇ ਪਏ। ਝੜਪਾਂ ਵਿੱਚ ਘੱਟੋ-ਘੱਟ ਨੌਂ ਲੋਕਾਂ ਦੇ ਮਾਰੇ ਜਾਣ ਦੀ ਖ਼ਬਰ ਹੈ। ਸਿੰਧ ਦੇ ਗ੍ਰਹਿ ਮੰਤਰੀ ਜ਼ਿਆਉਲ ਹਸਨ ਨੇ ਇਸ ਘਟਨਾ 'ਤੇ ਰਿਪੋਰਟ ਮੰਗੀ ਹੈ ਅਤੇ ਸੁਰੱਖਿਆ ਵਧਾਉਣ ਦੇ ਹੁਕਮ ਦਿੱਤੇ ਹਨ। ਉਨ੍ਹਾਂ ਨੇ ਕਿਹਾ ਕਿ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਐਤਵਾਰ ਨੂੰ ਐਮ.ਟੀ. ਖ਼ਾਨ ਰੋਡ 'ਤੇ ਅਮਰੀਕੀ ਕੌਂਸਲੇਟ ਵੱਲ ਮਾਰਚ ਕਰ ਰਹੀ ਭੀੜ ਅਤੇ ਪੁਲਿਸ ਵਿਚਕਾਰ ਭਿਆਨਕ ਝੜਪਾਂ ਹੋਈਆਂ। ਇਸ ਵਿੱਚ ਘੱਟੋ-ਘੱਟ ਨੌਂ ਲੋਕ ਮਾਰੇ ਗਏ ਅਤੇ ਕਈ ਜ਼ਖ਼ਮੀ ਹੋਏ ਹਨ। ਪਾਕਿਸਤਾਨ ਦੇ ਇੱਕ ਟੀਵੀ ਦੀ ਇੱਕ ਰਿਪੋਰਟ ਅਨੁਸਾਰ, (ਬਾਕੀ ਸਫ਼ਾ 2 'ਤੇ)

## ਕਸ਼ਮੀਰ 'ਚ ਖਾਮੇਨੇਈ ਦੀ ਹੱਤਿਆ ਵਿਰੁੱਧ ਪ੍ਰਦਰਸ਼ਨ; ਵਿੱਦਿਅਕ ਅਦਾਰੇ 2 ਦਿਨਾਂ ਲਈ ਬੰਦ

ਸ੍ਰੀਨਗਰ, 1 ਮਾਰਚ (ਚੜ੍ਹਦੀਕਲਾ ਬਿਊਰੋ) : ਅਮਰੀਕਾ-ਇਜ਼ਰਾਈਲ ਦੇ ਸਾਂਝੇ ਹਮਲਿਆਂ ਵਿੱਚ ਈਰਾਨੀ ਸੁਪਰੀਮ ਲੀਡਰ ਆਇਤੁੱਲਾ ਅਲੀ ਖਾਮੇਨੇਈ ਦੀ ਹੱਤਿਆ ਦੇ ਵਿਰੋਧ ਵਿੱਚ ਪੂਰੀ ਵਾਦੀ ਵਿੱਚ ਹੋਏ ਪ੍ਰਦਰਸ਼ਨਾਂ ਦੇ ਮੱਦੇਨਜ਼ਰ, ਸਾਵਧਾਨੀ ਵਜੋਂ ਕਸ਼ਮੀਰ ਵਿੱਚ ਸੋਮਵਾਰ ਤੋਂ ਦੋ ਦਿਨਾਂ ਲਈ ਸਕੂਲ ਅਤੇ ਕਾਲਜ ਬੰਦ ਕਰ ਦਿੱਤੇ ਗਏ ਹਨ। ਐਤਵਾਰ ਨੂੰ ਖਾਮੇਨੇਈ ਦੀ ਹੱਤਿਆ ਦੇ ਵਿਰੁੱਧ ਸ੍ਰੀਨਗਰ ਸ਼ਹਿਰ ਸਮੇਤ ਕਸ਼ਮੀਰ ਦੇ ਕਈ ਹਿੱਸਿਆਂ ਵਿੱਚ ਹਜ਼ਾਰਾਂ ਪ੍ਰਦਰਸ਼ਨਕਾਰੀ ਸੜਕਾਂ 'ਤੇ ਉਤਰ ਆਏ। ਅਧਿਕਾਰੀਆਂ ਨੇ ਦੱਸਿਆ ਕਿ ਇਹ ਵਿਰੋਧ ਪ੍ਰਦਰਸ਼ਨ ਵੱਡੀ ਸ਼ੀਆ ਆਬਾਦੀ ਵਾਲੇ ਇਲਾਕਿਆਂ ਵਿੱਚ ਸ਼ੁਰੂ ਹੋਏ। ਇੱਥੇ ਇੱਕ ਸੀਨੀਅਰ ਅਧਿਕਾਰੀ ਨੇ ਕਿਹਾ,"ਕਸ਼ਮੀਰ ਡਿਵੀਜ਼ਨ ਵਿੱਚ ਸਰਕਾਰੀ ਅਤੇ ਪ੍ਰਾਈਵੇਟ ਦੋਵੇਂ ਸਕੂਲ ਅਤੇ ਕਾਲਜ ਸੋਮਵਾਰ ਅਤੇ ਮੰਗਲਵਾਰ ਨੂੰ ਬੰਦ ਰਹਿਣਗੇ।" ਉਨ੍ਹਾਂ ਦੱਸਿਆ ਕਿ ਵਿਦਿਅਕ ਅਦਾਰੇ ਸਾਵਧਾਨੀ ਦੇ ਤੌਰ 'ਤੇ ਦੋ ਦਿਨਾਂ ਲਈ ਬੰਦ ਰੱਖੇ ਜਾਣਗੇ।

## ਚੁੱਪ ਨਾ ਰਹੋ: ਖਾਮੇਨੇਈ ਦੀ ਮੌਤ 'ਤੇ ਭਾਰਤ ਸਥਿਤ ਈਰਾਨੀ ਦੂਤਾਵਾਸ ਦੀ ਕੌਮਾਂਤਰੀ ਭਾਈਚਾਰੇ ਨੂੰ ਅਪੀਲ



ਚੜ੍ਹਦੀਕਲਾ ਬਿਊਰੋ

=================

ਨਵੀਂ ਦਿੱਲੀ, 1 ਮਾਰਚ:ਭਾਰਤ ਵਿੱਚ ਈਰਾਨੀ ਦੂਤਾਵਾਸ ਨੇ ਦੁਨੀਆ ਭਰ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਰਾਨ 'ਤੇ ਅਮਰੀਕਾ-ਇਜ਼ਰਾਈਲ ਦੇ ਹਮਲੇ ਅਤੇ ਇਸ ਦੇ ਸੁਪਰੀਮ ਲੀਡਰ ਖਾਮੇਨੇਈ ਦੀ ਹੱਤਿਆ ਦੀ ਸਖ਼ਤ ਨਿਖੇਧੀ ਕਰਨ। ਇੱਕ ਬਿਆਨ ਵਿੱਚ, ਮਿਸ਼ਨ ਨੇ ਖਾਮੇਨੇਈ ਦੀ ਮੌਤ 'ਤੇ ਆਪਣੇ "ਡੂੰਘੇ ਦੁੱਖ ਅਤੇ ਅਫਸੋਸ" ਦਾ ਪ੍ਰਗਟਾਵਾ ਕੀਤਾ ਹੈ। ਈਰਾਨੀ ਰੈਵੋਲਿਊਸ਼ਨਰੀ ਗਾਰਡ ਕੋਰ ਨੇ ਬਦਲਾ ਲੈਣ ਦੀ ਸਹੁੰ ਖਾਧੀ ਹੈ ਅਤੇ ਕਿਹਾ ਹੈ ਕਿ ਉਸ ਨੇ ਪਹਿਲਾਂ ਹੀ ਮੱਧ ਪੂਰਬ ਵਿੱਚ ਅਮਰੀਕੀ ਟਿਕਾਣਿਆਂ 'ਤੇ ਜਵਾਬੀ ਹਮਲੇ ਕੀਤੇ ਹਨ। ਈਰਾਨੀ ਸਰਕਾਰੀ ਮੀਡੀਆ ਨੇ ਪੁਸ਼ਟੀ ਕੀਤੀ ਕਿ ਖਾਮੇਨੇਈ ਇਜ਼ਰਾਈਲ ਅਤੇ ਅਮਰੀਕਾ ਵੱਲੋਂ ਕੀਤੇ ਹਮਲੇ ਵਿੱਚ ਮਾਰੇ ਗਏ ਸਨ। ਈਰਾਨੀ ਮਿਸ਼ਨ ਨੇ ਕਿਹਾ,'ਭਾਰਤ ਵਿੱਚ ਇਸਲਾਮਿਕ ਰਿਪਬਲਿਕ ਆਫ਼ ਈਰਾਨ ਦਾ ਦੂਤਾਵਾਸ ਦੁਨੀਆ ਭਰ ਦੀਆਂ ਸੁਤੰਤਰ ਅਤੇ ਆਜ਼ਾਦੀ-ਪਸੰਦ ਸਰਕਾਰਾਂ ਨੂੰ ਇਸ ਘਿਨਾਉਣੇ ਅਪਰਾਧ ਦੀ ਸਖ਼ਤ ਨਿਖੇਧੀ ਕਰਨ ਅਤੇ ਕਾਨੂੰਨਹੀਣਤਾ (ਬਾਕੀ ਸਫ਼ਾ 2 'ਤੇ)

## ਨਾਗਪੁਰ 'ਚ ਡੈਟੋਨੇਟਰ ਤੇ ਮਾਈਨਿੰਗ ਵਿਸਫੋਟਕ ਬਣਾਉਣ ਵਾਲੀ ਕੰਪਨੀ 'ਚ ਧਮਾਕਾ, 17 ਮਰੇ

ਚੜ੍ਹਦੀਕਲਾ ਬਿਊਰੋ

=================

ਨਾਗਪੁਰ, 1 ਮਾਰਚ : ਮਹਾਰਾਸ਼ਟਰ ਦੇ ਨਾਗਪੁਰ ਜ਼ਿਲ੍ਹੇ ਵਿੱਚ ਵਿਸਫੋਟਕ ਪਦਾਰਥ ਬਣਾਉਣ ਵਾਲੇ ਇੱਕ ਕਾਰਖਾਨੇ ਵਿੱਚ ਹੋਏ ਧਮਾਕੇ ਵਿੱਚ ਐਤਵਾਰ ਨੂੰ ਘੱਟੋ-ਘੱਟ 17 ਲੋਕਾਂ ਦੀ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਇਹ ਵਿਸਫੋਟ ਕਟੋਲ ਤਹਿਸੀਲ ਦੇ ਰਾਉਲਗਾਂਵ ਸਥਿਤ ਮਾਈਨਿੰਗ ਅਤੇ ਉਦਯੋਗਿਕ ਕੰਮਾਂ ਲਈ ਵਿਸਫੋਟਕ ਪਦਾਰਥ ਬਣਾਉਣ ਵਾਲੀ ਕੰਪਨੀ 'ਐਸ.ਬੀ.ਐਲ. ਐਨਰਜੀ ਲਿਮਟਿਡ' ਦੇ ਕਾਰਖਾਨੇ ਵਿੱਚ ਹੋਇਆ। ਪੁਲਿਸ ਨੇ ਦੱਸਿਆ ਕਿ ਵਿਸਫੋਟ ਤੋਂ ਤੁਰੰਤ ਬਾਅਦ ਜ਼ਖ਼ਮੀਆਂ ਨੂੰ ਨਾਗਪੁਰ ਦੇ ਇੱਕ ਹਸਪਤਾਲ ਵਿੱਚ (ਬਾਕੀ ਸਫ਼ਾ 2 'ਤੇ)

## ਹਿੰਦੂ ਧਰਮ ਦੀ ਰੱਖਿਆ ਲਈ ਜੇਕਰ ਗੁਰੂ ਸਾਹਿਬ ਸ਼ਹਾਦਤ ਨਾ ਦਿੰਦੇ ਤਾਂ ਅੱਜ ਵਿਸ਼ਵ 'ਚ ਇੱਕ ਵੀ ਹਿੰਦੂ ਨਾ ਹੁੰਦਾ: ਅਮਿਤ ਸ਼ਾਹ

ਬਲਰਾਜ ਸਿੰਘ ਰਾਜਾ

------------



ਮੁੰਬਈ, 1 ਮਾਰਚ : 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਨੂੰ ਸਮਰਪਿਤ ਨਵੀਂ ਮੁੰਬਈ ਦੇ ਖਾਰਘਰ ਵਿਖੇ ਮਨਾਏ ਗਏ ਦੋ ਦਿਨਾਂ ਸ਼ਤਾਬਦੀ ਸਮਾਗਮ ਜਿੱਥੇ ਇਤਿਹਾਸਕ ਯਾਦਾ ਸਿਰਜਦੇ ਹੋਏ ਅੱਜ ਚੜ੍ਹਦੀ ਕਲਾ ਨਾਲ ਸੰਪੰਨ ਹੋ ਗਏ,ਉੱਥੇ ਹੀ ਗੁਰੂ ਸਾਹਿਬ ਦੀ ਸ਼ਹਾਦਤ ਦੇ ਇਤਿਹਾਸਕ ਮਹੱਤਵ ਤੇ ਸੰਵਿਧਾਨਕ ਕਦਰਾਂ-ਕੀਮਤਾਂ,ਧਾਰਮਿਕ ਆਜ਼ਾਦੀ, ਸਮਾਨਤਾ ਤੇ ਨਿਆਂ-ਨਾਲ ਉਨ੍ਹਾਂ ਦੇ ਸਬੰਧਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦੇ ਆਪਣੇ ਉਦੇਸ਼ 'ਚ ਪੂਰੀ ਤਰ੍ਹਾਂ ਸਫਲ ਰਹੇ।ਮਹਾਰਾਸ਼ਟਰ ਸੂਬੇ 'ਚ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦੇ ਵਿਸ਼ੇਸ਼ ਉਪਰਾਲੇ ਸਦਕਾ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਸਰਪ੍ਰਸਤੀ 'ਚ 8 ਦਸੰਬਰ ਨੂੰ ਨਾਗਪੁਰ,24-25 ਜਨਵਰੀ ਨੂੰ ਨਾਂਦੇੜ ਤੇ ਹੁਣ ਖਾਰਘਰ ਵਿਖੇ ਮਨਾਏ ਗਏ ਇਹ ਸ਼ਤਾਬਦੀ ਸਮਾਗਮ ਰਾਸ਼ਟਰੀ ਏਕਤਾ ਦਾ ਪ੍ਰਤੀਕ ਬਣ ਗਏ ,ਜਦ ਸਿੱਖ, ਸਿਕਲਰ, ਬੰਜਾਰਾ, ਲਬਾਣਾ, ਮੋਹਿਆਲ, ਸਿੰਧੀ, ਵਾਲਮੀਕੀ, ਉਦਾਸਾਲ, ਭਗਤ ਨਾਮਦੇਵ ਸੰਪ੍ਰਦਾਏ ਆਦਿ ਵੱਖ ਵੱਖ ਸਮਾਜਾਂ ਤੋਂ ਗੁਰੂ ਸਾਹਿਬ (ਬਾਕੀ ਸਫ਼ਾ 2 'ਤੇ)

### ਵਰਿੰਦਰ ਘੁੰਮਣ ਦੀ ਡਾਕਟਰੀ ਰਿਪੋਰਟ 'ਚ ਖ਼ੁਲਾਸਾ

## ਆਪ੍ਰੇਸ਼ਨ ਦੌਰਾਨ ਹਸਪਤਾਲ ਦੀ ਲਾਪ੍ਰਵਾਹੀ ਕਾਰਨ ਹੋਈ ਮੌਤ

ਚੜ੍ਹਦੀਕਲਾ ਬਿਊਰੋ

------------

ਚੰਡੀਗੜ੍ਹ, 1 ਮਾਰਚ : ਜਲੰਧਰ ਦੇ ਰਹਿਣ ਵਾਲੇ ਅਤੇ ਏਸ਼ੀਆ ਦੇ ਇਕਲੌਤੇ ਸ਼ਾਕਾਹਾਰੀ ਬਾਡੀ ਬਿਲਡਰ ਵਰਿੰਦਰ ਘੁੰਮਣ ਦੇ ਪਰਿਵਾਰ ਨੇ ਉਸ ਦੀ ਮੌਤ ਦੇ ਮਾਮਲੇ ਵਿੱਚ ਇੱਕ ਮਹੱਤਵਪੂਰਨ ਖੁਲਾਸਾ ਕੀਤਾ ਹੈ। ਪਰਿਵਾਰਕ ਮੈਂਬਰ ਰੱਬੀ ਨੇ ਕਿਹਾ ਕਿ ਉਸਦੇ ਭਰਾ ਦੀ ਮੌਤ ਦੀ ਜਾਂਚ ਲਈ ਬਣਾਈ ਗਈ ਐਸ.ਆਈ.ਟੀ. ਰਿਪੋਰਟ ਆ ਗਈ ਹੈ। ਰੱਬੀ ਨੇ ਦਾਅਵਾ ਕੀਤਾ ਕਿ ਮੌਤ ਦਾ ਕਾਰਨ ਹਸਪਤਾਲ ਲਾਪਰਵਾਹੀ ਹੈ। ਰੱਬੀ ਨੇ ਕਿਹਾ ਕਿ ਪਰਿਵਾਰ ਨੂੰ ਭਰੋਸਾ ਸੀ ਕਿ ਡਾਕਟਰਾਂ ਦਾ ਪੈਨਲ (ਬਾਕੀ ਸਫ਼ਾ 2 'ਤੇ)

### ਪ੍ਰਧਾਨ ਮੰਤਰੀ ਦਾ ਕਾਂਗਰਸ 'ਤੇ ਤਿੱਖਾ ਹਮਲਾ

## ਪੁਡੂਚੇਰੀ ਨੂੰ ਦਿੱਲੀ ਦੇ ਇੱਕ ਪਰਿਵਾਰ ਲਈ ਏ.ਟੀ.ਐੱਮ.ਵਾਂਗ ਵਰਤਿਆ ਗਿਆ: ਮੋਦੀ

ਚੜ੍ਹਦੀਕਲਾ ਬਿਊਰੋ

------------



ਪੁਡੂਚੇਰੀ , 1 ਮਾਰਚ : ਪੁਡੂਚੇਰੀ 'ਚ 2,700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰਾਜੈਕਟਾਂ ਦੀ ਸ਼ੁਰੂਆਤ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਾਂਗਰਸ ਅਤੇ ਡੀ.ਐੱਮ.ਕੇ. 'ਤੇ ਜ਼ੋਰਦਾਰ ਨਿਸ਼ਾਨਾ ਸਾਧਿਆ ਹੈ। ਪ੍ਰਧਾਨ ਮੰਤਰੀ ਨੇ ਦੋਸ਼ ਲਾਇਆ ਕਿ ਕਾਂਗਰਸ ਦੇ ਰਾਜ ਦੌਰਾਨ ਪੁਡੂਚੇਰੀ ਸਿਆਸੀ ਅਸਥਿਰਤਾ ਅਤੇ ਭ੍ਰਿਸ਼ਟਾਚਾਰ ਦਾ ਸ਼ਿਕਾਰ ਰਿਹਾ। ਉਨ੍ਹਾਂ ਕਿਹਾ ਕਿ ਕਾਂਗਰਸ ਨੇ ਇਸ ਕੇਂਦਰ ਸ਼ਾਸਿਤ ਪ੍ਰਦੇਸ਼ ਨੂੰ ਦਿੱਲੀ 'ਚ ਬੈਠੇ 'ਇਕ ਪਰਿਵਾਰ' ਲਈ ਏ.ਟੀ.ਐੱਮ. ਬਣਾ ਦਿੱਤਾ ਸੀ। ਮੋਦੀ ਨੇ ਗੁਆਂਢੀ ਰਾਜ ਤਾਮਿਲਨਾਡੂ ਦੀ ਸੱਤਾਧਾਰੀ ਡੀ.ਐੱਮ.ਕੇ. ਪਾਰਟੀ 'ਤੇ ਵੀ 'ਘੁਟਾਲਿਆਂ' ਦੀ ਲੰਬੀ ਸੂਚੀ ਨੂੰ ਲੈ ਕੇ ਹਮਲਾ ਬੋਲਿਆ। ਉਨ੍ਹਾਂ ਅਨੁਸਾਰ ਪਿਛਲੇ ਸ਼ਾਸਨ ਦੌਰਾਨ ਰਾਸ਼ਨ ਦੀਆਂ ਦੁਕਾਨਾਂ 'ਚ ਚੌਲ ਨਹੀਂ ਸਨ, ਤਨਖਾਹਾਂ 'ਚ ਦੇਰੀ ਹੁੰਦੀ ਸੀ ਅਤੇ ਸੜਕਾਂ 'ਤੇ ਗੁੰਡਾ ਤੇ ਡਰੱਗ ਮਾਫੀਆ ਦਾ ਰਾਜ ਸੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ (ਬਾਕੀ ਸਫ਼ਾ 2 'ਤੇ)

## ਭਾਰਤੀ ਸਰਹੱਦ 'ਚ ਮੁੜ ਦਾਖ਼ਲ ਹੋਏ ਪਾਕਿਸਤਾਨੀ ਡਰੋਨ, ਫ਼ੌਜ ਵੱਲੋਂ ਗੋਲ਼ੀਬਾਰੀ

ਚੜ੍ਹਦੀਕਲਾ ਬਿਊਰੋ

------------

ਜੰਮੂ, 1 ਮਾਰਚ : ਜੰਮੂ-ਕਸ਼ਮੀਰ ਦੇ ਪੁੰਛ ਜ਼ਿਲ੍ਹੇ 'ਚ ਐਤਵਾਰ ਤੜਕੇ ਇੱਕ ਪਾਕਿਸਤਾਨੀ ਡਰੋਨ ਵੱਲੋਂ ਭਾਰਤੀ ਸਰਹੱਦ ਦੀ ਉਲੰਘਣਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਕੰਟਰੋਲ ਰੇਖਾ ਪਾਰ ਕਰਕੇ ਆਏ ਇਸ ਡਰੋਨ ਨੂੰ ਦੇਖਦੇ ਹੀ ਭਾਰਤੀ ਫੌਜ ਦੇ ਜਵਾਨਾਂ ਨੇ ਉਸ ਨੂੰ ਨਿਸ਼ਾਨਾ ਬਣਾਉਂਦਿਆਂ ਗੋਲੀਬਾਰੀ ਸ਼ੁਰੂ ਕਰ ਦਿੱਤੀ।ਸਰਕਾਰੀ ਸੂਤਰਾਂ ਅਨੁਸਾਰ, ਇਹ ਘਟਨਾ ਸਵੇਰੇ ਕਰੀਬ 6:10 ਵਜੇ ਵਾਪਰੀ, ਜਦੋਂ ਸਰਹੱਦੀ ਚੌਕੀ 'ਤੇ ਤਾਇਨਾਤ ਚੌਕਸ ਜਵਾਨਾਂ ਨੇ ਦੁਸ਼ਮਣ ਦੇ ਡਰੋਨ ਨੂੰ ਭਾਰਤੀ ਖੇਤਰ 'ਚ ਦਾਖਲ ਹੁੰਦੇ ਦੇਖਿਆ। ਡਰੋਨ ਨੂੰ ਡੇਗਣ ਲਈ ਫੌਜ ਵੱਲੋਂ 12 ਤੋਂ ਵੱਧ ਰਾਊਂਡ ਫਾਇਰ ਕੀਤੇ ਗਏ। ਹਾਲਾਂਕਿ, (ਬਾਕੀ ਸਫ਼ਾ 2 'ਤੇ)

## ਪੰਜਾਬ ਦੇ ਹਾਲਾਤ ਚਿੰਤਾਜਨਕ ਇਨ੍ਹਾਂ 'ਚ ਸੁਧਾਰ ਲਿਆਉਣ ਲਈ ਭਾਜਪਾ ਸਰਕਾਰ ਜ਼ਰੂਰੀ: ਨਾਇਬ ਸਿੰਘ ਸੈਣੀ



ਚੜ੍ਹਦੀਕਲਾ ਬਿਊਰੋ

=================

ਦੀਨਾਨਗਰ, 1 ਮਾਰਚ: ਦੀਨਾਨਗਰ ਵਿਖੇ ਪੰਜਾਬ ਪੱਧਰੀ ਸੈਣੀ ਸਭਾ ਵੱਲੋਂ ਕਰਵਾਏ ਗਏ ਇੱਕ ਵਿਸ਼ੇਸ਼ ਪ੍ਰੋਗਰਾਮ 'ਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਜਿੱਥੇ ਪੰਜਾਬ ਦੀ ਅਮੀਰ ਵਿਰਾਸਤ ਦੀ ਸ਼ਲਾਘਾ ਕੀਤੀ, ਉੱਥੇ ਹੀ ਸੂਬੇ ਦੀ ਮੌਜੂਦਾ ਸਥਿਤੀ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਵੀ ਕੀਤਾ। ਮੁੱਖ ਮੰਤਰੀ ਸੈਣੀ ਨੇ ਪੰਜਾਬ ਨੂੰ ਅਧਿਆਤਮਿਕਤਾ ਅਤੇ ਕੁਰਬਾਨੀਆਂ ਦੀ ਧਰਤੀ ਦੱਸਦਿਆਂ ਕਿਹਾ ਕਿ ਇਸ ਧਰਤੀ ਨੇ ਦੇਸ਼ ਨੂੰ ਬਹੁਤ ਕੁਝ ਦਿੱਤਾ ਹੈ। ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਰਤਾਰਪੁਰ ਲਾਂਘਾ ਖੋਲ੍ਹ ਕੇ ਦੇਸ਼ ਦੇ ਲੋਕਾਂ ਨੂੰ ਇੱਕ ਵੱਡਾ ਤੋਹਫ਼ਾ ਦਿੱਤਾ ਹੈ, ਜੋ ਕਿ ਬਹੁਤ ਮਾਣ ਵਾਲੀ ਗੱਲ ਹੈ। ਗੁਰਦਾਸਪੁਰ ਦੀ ਧਰਤੀ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ 1947 ਦੀ ਵੰਡ ਤੋਂ ਬਾਅਦ ਇੰਨਾ ਦੁੱਖ ਝੱਲਣ ਦੇ ਬਾਵਜੂਦ, ਅਸੀਂ ਅਜੇ ਵੀ ਇੱਥੇ ਹਾਂ। ਆਪਣੀਆਂ ਯਾਦਾਂ ਸਾਂਝੀਆਂ ਕਰਦਿਆਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਪਾਕਿਸਤਾਨ ਵਿੱਚ ਪੜ੍ਹਾਈ ਕੀਤੀ ਹੈ ਅਤੇ ਉਹ ਇਸ ਖੇਤਰ ਦੇ (ਬਾਕੀ ਸਫ਼ਾ 2 'ਤੇ)

## ਪੰਜਾਬ ਨੂੰ ਨਾਗਰਿਕ-ਕੇਂਦ੍ਰਿਤ ਸੁਧਾਰਾਂ ਲਈ ਮਿਲਿਆ ਵੱਕਾਰੀ 'ਡਿਜੀਟਲ ਐਕਸੀਲੈਂਸ ਐਵਾਰਡ'

### ਤਕਨੀਕ ਅਧਾਰਤ ਪ੍ਰਸ਼ਾਸਨ ਸਾਡੀ ਪ੍ਰਮੁੱਖ ਤਰਜੀਹ: ਅਮਨ ਅਰੋੜਾ

ਚੜ੍ਹਦੀਕਲਾ ਬਿਊਰੋ

=================




ਚੰਡੀਗੜ੍ਹ, 1 ਮਾਰਚ:ਨਾਗਰਿਕ-ਕੇਂਦ੍ਰਿਤ ਸੁਧਾਰਾਂ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੂੰ ਪਾਰਦਰਸ਼ਤਾ, ਕੁਸ਼ਲਤਾ ਅਤੇ ਜਨਤਕ ਸੇਵਾਵਾਂ ਦੀ ਨਿਰਵਿਘਨ ਡਿਲੀਵਰੀ ਨੂੰ ਯਕੀਨੀ ਬਣਾਉਣ ਵਿੱਚ ਤਕਨਾਲੋਜੀ ਦੀ ਵਰਤੋਂ ਵਿੱਚ ਮੋਹਰੀ ਪਹਿਲਕਦਮੀਆਂ ਕਰਨ ਲਈ ਤਕਨਾਲੋਜੀ ਸਭਾ 2026 ਦੌਰਾਨ ਵੱਕਾਰੀ "ਡਿਜੀਟਲ ਐਕਸੀਲੈਂਸ"ਐਵਾਰਡ ਮਿਲਿਆ ਹੈ।

ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਵਿਭਾਗ ਦੇ ਡਾਇਰੈਕਟਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਸੂਬਾ ਸਰਕਾਰ ਤਰਫੋਂ ਇਹ ਪੁਰਸਕਾਰ ਹੈਦਰਾਬਾਦ ਵਿਖੇ ਇੰਡੀਅਨ ਐਕਸਪ੍ਰੈਸ ਗਰੁੱਪ ਵੱਲੋਂ ਕਰਵਈ ਗਈ ਤਕਨਾਲੋਜੀ ਸਭਾ 2026 ਦੌਰਾਨ ਹਾਸਲ ਕੀਤਾ। ਇਸ ਸਮਾਰੋਹ ਵਿੱਚ ਦੇਸ਼ ਭਰ ਦੇ ਚੋਟੀ ਦੇ ਤਕਨਾਲੋਜੀ ਦਿੱਗਜਾਂ ਅਤੇ ਨੀਤੀ ਘਾੜਿਆਂ ਨੇ ਸ਼ਿਰਕਤ ਕੀਤੀ।

ਇਹ ਪੁਰਸਕਾਰ ਸੂਬੇ ਦੇ ਨਾਗਰਿਕਾਂ ਅਤੇ ਵਿਭਾਗ ਦੀ ਟੀਮ ਨੂੰ ਸਮਰਪਿਤ ਕਰਦਿਆਂ, ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਮਾਨਤਾ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇੱਕ ਪਾਰਦਰਸ਼ੀ, ਕਾਗਜ਼ ਰਹਿਤ ਅਤੇ ਜਵਾਬਦੇਹੀ ਵਾਲਾ ਪ੍ਰਬੰਧਕੀ ਢਾਂਚਾ ਬਣਾਉਣ ਲਈ ਸੌਂਪੇ ਕਾਰਜਾਂ ਦਾ ਨਤੀਜਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਵੱਕਾਰੀ ਪੁਰਸਕਾਰ ਪੰਜਾਬ ਸਰਕਾਰ ਦੇ ਸੁਸ਼ਾਸਨ ਅਤੇ ਨਾਗਰਿਕ-ਕੇਂਦ੍ਰਿਤ ਸੁਧਾਰਾਂ ਨੂੰ ਯਕੀਨੀ ਬਣਾਉਣ ਦੇ ਯਤਨਾਂ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਨੇ ਇਸ ਸਨਮਾਨ ਦਾ ਸਿਹਰਾ ਸਰਕਾਰ ਵੱਲੋਂ 'ਵਿਚੋਲੇ ਸੱਭਿਆਚਾਰ' ਨੂੰ ਖਤਮ ਕਰਨ ਅਤੇ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸਨਮਾਨਜਨਕ ਅਤੇ ਨਿਰਵਿਘਨ ਢੰਗ ਨਾਲ ਸੇਵਾਵਾਂ ਯਕੀਨੀ ਬਣਾਉਣ ਦੇ ਯਤਨਾਂ ਨੂੰ ਦਿੱਤਾ। ਇਹ ਡਿਜੀਟਲ ਪਰਿਵਰਤਨ ਸਿਰਫ਼ ਤਕਨਾਲੋਜੀ ਬਾਰੇ ਨਹੀਂ ਹੈ ਬਲਕਿ ਇਹ ਸਿਸਟਮ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਬਹਾਲ ਕਰਨ ਬਾਰੇ ਹੈ।

ਸ੍ਰੀ ਅਮਨ ਅਰੋੜਾ ਨੇ ਪੰਜਾਬ ਸਰਕਾਰ ਦੀਆਂ ਨਿਵੇਕਲੀਆਂ ਤੇ ਆਪਣੀ ਕਿਸਮ ਦੀਆਂ ਪਲੇਠੀਆਂ ਡਿਜੀਟਲ ਪਹਿਲਕਦਮੀਆਂ 'ਤੇ ਚਾਨਣਾ ਪਾਇਆ ਜੋ ਦੇਸ਼ ਭਰ ਵਿੱਚ ਨਾਗਰਿਕਾਂ ਦੀ (ਬਾਕੀ ਸਫ਼ਾ 2 'ਤੇ)

### ਦੇਸ਼ 'ਚ ਲਾਗੂ ਹੋਏ ਵੱਡੇ ਬਦਲਾਅ

## ਸਿਲੰਡਰ ਦੀਆਂ ਕੀਮਤਾਂ 'ਚ ਵਾਧਾ, ਬਿਨਾਂ ਸਿਮ ਨਹੀਂ ਚੱਲੇਗਾ ਵੱਟਸਐਪ



ਚੜ੍ਹਦੀਕਲਾ ਬਿਊਰੋ

------

ਨਵੀਂ ਦਿੱਲੀ, 1 ਮਾਰਚ: 2026 ਤੋਂ ਚਾਰ ਮਹੱਤਵਪੂਰਨ ਬਦਲਾਅ ਲਾਗੂ ਹੋ ਗਏ ਹਨ। ਐਤਵਾਰ ਤੋਂ, ਵਪਾਰਕ ਗੈਸ ਸਿਲੰਡਰ 31 ਰੁਪਏ ਤੱਕ ਮਹਿੰਗੇ ਹੋ ਗਏ ਹਨ। ATF ਦੀਆਂ ਕੀਮਤਾਂ ਵਿੱਚ ਵਾਧੇ ਨਾਲ ਹਵਾਈ ਯਾਤਰਾ ਵੀ ਮਹਿੰਗੀ ਹੋ ਸਕਦੀ ਹੈ। ਵੱਟਸਐਪ ਵਰਗੇ ਮੈਸੇਜਿੰਗ ਐਪ ਹੁਣ ਸਰਗਰਮ ਸਿਮ ਕਾਰਡ ਤੋਂ ਬਿਨਾਂ ਕੰਮ ਨਹੀਂ ਕਰਨਗੇ। ਰੇਲਵੇ ਦਾ ਅਣਰਿਜ਼ਰਵਡ ਟਿਕਟਿੰਗ ਸਿਸਟਮ (UTS)ਐਪ ਵੀ ਕੰਮ ਕਰਨਾ ਬੰਦ ਕਰ ਦੇਵੇਗਾ। (ਬਾਕੀ ਸਫ਼ਾ 2 'ਤੇ)

## ਪੰਜਾਬ ਦੇ ਲੋਕ 2027 ਵਿੱਚ 'ਆਪ' ਨੂੰ ਮੁੜ ਜਿਤਾਅ ਕੇ ਕੇਂਦਰ 'ਚ ਭਾਜਪਾ ਦੀ ਤਾਨਾਸ਼ਾਹੀ ਦਾ ਅੰਤ ਕਰਨਗੇ: ਮਾਨ

ਟੀਮ, ਗੁਪਤ ਰੂਪ ਵਿੱਚ ਸਮੱਰਥਨ ਦੇਣ ਵਾਲਿਆਂ ਅਤੇ ਮੂਹਰਲੀ ਕਤਾਰ 'ਚ ਰਹਿ ਕੇ ਕੰਮ ਕਰਨ ਵਾਲੇ ਹਰ ਇੱਕ ਸਾਥੀ ਨੂੰ ਅਦਾਲਤ ਤੋਂ ਮਿਲੀ ਇਸ ਵੱਡੀ ਜਿੱਤ 'ਤੇ ਵਧਾਈ ਦਿੰਦਾ ਹਾਂ।

ਪੰਜਾਬ ਦੇ ਮੁੱਖ ਮੰਤਰੀ ਨੇ ਪਾਰਟੀ ਦੇ ਹੁਣ ਤੱਕ ਦੇ ਸਫ਼ਰ ਬਾਰੇ ਗੱਲ ਕਰਦਿਆਂ ਕਿਹਾ ਕਿ ਜਦੋਂ ਵੀ 'ਆਪ' 'ਤੇ ਕੋਈ ਸੰਕਟ ਆਉਂਦਾ ਹੈ, ਤਾਂ ਪਾਰਟੀ ਦੋ ਜਾਂ ਚਾਰ ਗੁਣਾ ਹੋਰ ਮਜ਼ਬੂਤ ਹੋ ਕੇ ਉੱਭਰਦੀ ਹੈ। ਮੈਨੂੰ ਨਹੀਂ ਪਤਾ ਕਿਉਂ, ਪਰ ਕਿਸਮਤ ਜਾਂ ਪਰਮਾਤਮਾ ਸਾਨੂੰ ਹਮੇਸ਼ਾ ਉਸੇ ਮੰਚ (ਜੰਤਰ-ਮੰਤਰ) 'ਤੇ ਲਿਆ ਖੜ੍ਹਾ ਕਰਦਾ ਹੈ, ਜਿੱਥੋਂ ਸਾਡੀ 'ਆਪ' ਪਾਰਟੀ ਜਨਮੀ ਸੀ । ਅੱਜ ਦਾ ਪ੍ਰੋਗਰਾਮ ਪਹਿਲਾਂ ਤੋਂ ਤੈਅ ਸੀ, ਪਰ ਸਾਨੂੰ ਨਹੀਂ ਪਤਾ ਸੀ ਕਿ ਜੱਜ ਵੱਲੋਂ ਅਜਿਹਾ ਫੈਸਲਾ ਆਵੇਗਾ। ਅੱਜ ਸਾਡੇ ਕੋਲ ਪੂਰੇ ਦੇਸ਼ ਨੂੰ ਇਹ ਦੱਸਣ ਦਾ ਮੌਕਾ ਹੈ ਕਿ ਸੱਚ ਹਮੇਸ਼ਾ ਸੱਚ ਹੀ ਰਹਿੰਦਾ ਹੈ। ਸੱਚ ਬੋਲਣ ਦਾ ਸਭ ਤੋਂ ਵੱਡਾ ਫਾਇਦਾ ਇਹ ਹੈ ਕਿ ਤੁਹਾਨੂੰ ਇਸਨੂੰ ਦੁਬਾਰਾ ਯਾਦ ਨਹੀਂ ਰੱਖਣਾ ਪੈਂਦਾ। ਤੁਸੀਂ ਜਿੱਥੇ ਵੀ ਬੋਲਦੇ ਹੋ, ਉਹੀ ਸੱਚ ਬੋਲਦੇ ਹੋ। ਝੂਠ ਬੋਲਣ ਵਾਲਿਆਂ ਨੂੰ ਯਾਦ ਰੱਖਣਾ ਪੈਂਦਾ ਹੈ ਕਿ ਉਨ੍ਹਾਂ ਨੇ ਪਹਿਲਾਂ ਕੀ ਕਿਹਾ ਸੀ।

ਨੀਤੀਗਤ ਤਬਦੀਲੀਆਂ 'ਤੇ ਨਿਸ਼ਾਨਾ ਸਾਧਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਅਜਿਹੇ ਕਈ ਮੌਕੇ ਆਏ ਜਿੱਥੇ ਜੀਐਸਟੀ ਦਾ ਵਿਰੋਧ ਕੀਤਾ ਗਿਆ ਅਤੇ ਬਾਅਦ ਵਿੱਚ ਇਸ ਨੂੰ ਲਾਗੂ ਕਰ ਦਿੱਤਾ ਗਿਆ। ਪਹਿਲਾਂ ਕਈ ਫੈਸਲਿਆਂ ਦਾ ਵਿਰੋਧ ਹੋਇਆ ਅਤੇ ਬਾਅਦ ਵਿੱਚ ਇਸ ਦਾ ਉਲਟ ਹੋਇਆ। ਪਹਿਲਾਂ ਤੇਲ ਦੀਆਂ ਵਧਦੀਆਂ ਕੀਮਤਾਂ ਬਾਰੇ ਬਿਆਨ ਦਿੱਤੇ ਗਏ, ਜਦਕਿ ਹੁਣ ਕੀਮਤਾਂ ਹੋਰ ਕਿਤੇ ਜ਼ਿਆਦਾ ਵੱਧ ਹਨ। ਇਸ ਸਭ ਦੇ ਬਾਵਜੂਦ ਵੀ ਇਸਨੂੰ ਮਾਸਟਰਸਟ੍ਰੋਕ ਕਿਹਾ ਜਾ ਰਿਹਾ ਹੈ। ਸੱਚ ਅਤੇ ਝੂਠ ਵਿੱਚ ਇਹੀ ਫ਼ਰਕ ਹੈ।

ਪਾਰਟੀ ਦੇ ਸਥਾਪਨਾ ਦੇ ਸਿਧਾਂਤਾਂ ਨੂੰ ਚੇਤੇ ਕਰਦਿਆਂ ਉਨ੍ਹਾਂ ਕਿਹਾ ਕਿ ਇਸੇ ਨਿੰਮ ਦੇ ਰੁੱਖ ਹੇਠ, ਜਿੱਥੇ ਸਾਡੀ ਪਾਰਟੀ ਦੀ ਨੀਂਹ ਰੱਖੀ ਗਈ ਸੀ, ਅਸੀਂ ਇਸ ਦੇਸ਼ ਦੀ ਰਾਜਨੀਤੀ 'ਚ ਬਦਲਾਅ ਲਿਆਉਣ ਅਤੇ ਇਸ ਵਿੱਚ ਇਮਾਨਦਾਰੀ ਭਰਨ ਦੇ ਆਪਣੇ ਵਾਅਦੇ ਨੂੰ ਨਵਿਆਉਂਦੇ ਹਾਂ। ਪਹਿਲਾਂ ਪਾਰਟੀਆਂ ਦੇ ਮੈਨੀਫੈਸਟੋ ਸਿਰਫ਼ ਨਫ਼ਰਤ ਅਤੇ ਧਰਮ ਸਬੰਧੀ ਬਿਆਨਾਂ ਨਾਲ ਭਰੇ ਹੁੰਦੇ ਸਨ। ਅਰਵਿੰਦ ਕੇਜਰੀਵਾਲ ਨੇ ਦੂਜੀਆਂ ਪਾਰਟੀਆਂ ਨੂੰ ਆਪਣੇ ਮੈਨੀਫੈਸਟੋ ਵਿੱਚ ਸਕੂਲ, ਹਸਪਤਾਲ, ਬਿਜਲੀ, ਰੋਜ਼ਗਾਰ ਅਤੇ ਬੁਨਿਆਦੀ ਢਾਂਚੇ ਬਾਰੇ ਲਿਖਣ ਲਈ ਮਜਬੂਰ ਕੀਤਾ, ਕਿਉਂ ਕਿ ਇਸ ਤੋਂ ਪਹਿਲਾਂ ਤਾਂ ਉਹ ਸਿਰਫ਼ ਧਰਮ ਅਤੇ ਜਾਤ ਬਾਰੇ ਹੀ ਬਿਆਨ ਦਿੰਦੇ ਰਹਿੰਦੇ ਸਨ।

ਉਨ੍ਹਾਂ ਅੱਗੇ ਕਿਹਾ ਕਿ ਅਰਵਿੰਦ ਕੇਜਰੀਵਾਲ ਸਾਡੇ ਨੇਤਾ ਹਨ। ਉਨ੍ਹਾਂ ਨੇ ਦਿਖਾਇਆ ਹੈ ਕਿ ਜੇਕਰ ਇਸ ਦੇਸ਼ ਦੇ 140 ਕਰੋੜ ਨਾਗਰਿਕ ਕੁਝ ਕਰਨ ਦਾ ਫੈਸਲਾ ਕਰਦੇ ਹਨ ਤਾਂ ਇਹ ਜ਼ਮੀਨੀ ਪੱਧਰ 'ਤੇ ਸਪੱਸ਼ਟ ਦਿਸਦਾ ਹੈ। ਜੋ ਸੱਚ ਲਈ ਖੜ੍ਹੇ ਹਨ, ਪਰਮਾਤਮਾ ਵੀ ਉਨ੍ਹਾਂ ਦੇ ਨਾਲ ਖੜ੍ਹਾ ਹੈ ।

ਆਪ ਵਰਕਰਾਂ ਨੂੰ ਇਹ ਸੰਦੇਸ਼ ਫੈਲਾਉਣ ਦਾ ਸੱਦਾ ਦਿੰਦਿਆਂ ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਦੇਸ਼ ਭਰ ਵਿੱਚ ਜਾ ਕੇ ਆਪਣੇ ਰਿਸ਼ਤੇਦਾਰਾਂ, ਦੋਸਤਾਂ ਅਤੇ ਜਾਣਕਾਰਾਂ ਨੂੰ ਦੱਸਣਾ ਚਾਹੀਦਾ ਹੈ ਕਿ ਇਹ ਸੱਚ ਦੀ ਜਿੱਤ ਹੈ। ਸਾਨੂੰ ਇਹ ਦੱਸਣਾ ਚਾਹੀਦਾ ਹੈ ਕਿ ਕਿਵੇਂ ਸਾਜ਼ਿਸ਼ਾਂ ਰਚੀਆਂ ਗਈਆਂ ਸਨ।ਜਦੋਂ ਸਰਕਾਰੀ ਹਸਪਤਾਲਾਂ ਵਿੱਚ ਸੁਧਾਰ ਹੋਇਆ ਤਾਂ ਨਿੱਜੀ ਸੈਕਟਰਾਂ ਤੋਂ ਦਬਾਅ ਆਇਆ। ਜਦੋਂ ਸਰਕਾਰੀ ਸਕੂਲਾਂ ਵਿੱਚ ਸੁਧਾਰ ਹੋਇਆ ਅਤੇ ਬੱਚੇ ਨਿੱਜੀ ਸਕੂਲਾਂ ਤੋਂ ਸਰਕਾਰੀ ਸਕੂਲਾਂ ਵੱਲ ਜਾਣ ਲੱਗੇ ਤਾਂ ਡੋਨੇਸ਼ਨਾਂ ਲੈਣ ਵਾਲਿਆਂ ਨੂੰ ਖ਼ਤਰਾ ਮਹਿਸੂਸ ਹੋਣ ਲੱਗਾ।ਜਦੋਂ ਬਿਜਲੀ ਮੁਫ਼ਤ ਕੀਤੀ ਗਈ, ਦਵਾਈਆਂ ਮੁਫ਼ਤ ਕੀਤੀਆਂ ਗਈਆਂ, ਬੁਨਿਆਦੀ ਢਾਂਚੇ ਦਾ ਵਿਸਥਾਰ ਕੀਤਾ ਗਿ ਅਤੇ ਬਜਟ 300 ਕਰੋੜ ਤੋਂ ਵੱਧ ਕੇ 60,000 ਕਰੋੜ ਰੁਪਏ ਹੋ ਗਿਆ, ਤਾਂ ਵਿਰੋਧੀਆਂ ਲਈ ਚੋਣਾਂ 'ਚ ਸਾਹ ਲੈਣਾ ਕਰਨਾ ਮੁਸ਼ਕਲ ਹੋ ਗਿਆ। ਇਸ ਲਈ ਉਨ੍ਹਾਂ ਨੇ ਜਾਣਬੁੱਝ ਕੇ ਕੋਈ ਘੁਟਾਲਾ ਦਿਖਾਉਣ ਅਤੇ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੀ ਟੀਮ ਨੂੰ ਜੇਲ੍ਹ ਭੇਜਣ ਦਾ ਫੈਸਲਾ ਕੀਤਾ, ਜਿਸ ਦੇ ਚੱਲਦਿਆਂ ਉਨ੍ਹਾਂ ਨੇ ਸਮੁੱਚੀ ਉੱਚ-ਪੱਧਰ ਲੀਡਰਸ਼ਿਪ ਨੂੰ ਜੇਲ੍ਹ ਵਿੱਚ ਡੱਕ ਦਿੱਤਾ।

ਵਾਰ-ਵਾਰ ਅਦਾਲਤੀ ਸੁਣਵਾਈਆਂ ਨਾਲ ਹੁੰਦੀ ਪਰੇਸ਼ਾਨੀ ਬਾਰੇ ਗੱਲ ਕਰਦਿਆਂ ਭਗਵੰਤ ਮਾਨ ਨੇ ਕਿਹਾ ਕਿ ਸਾਡੇ ਦੇਸ਼ ਵਿੱਚ, ਸ਼ਾਇਦ ਸਜ਼ਾ ਓਨੀ ਸਖ਼ਤ ਨਹੀਂ ਹੁੰਦੀ ਜਿੰਨੀਆਂ ਮੁਸ਼ਕਲਾਂ ਅਤੇ ਪਰੇਸ਼ਾਨੀਆਂ ਵਾਰ-ਵਾਰ ਅਦਾਲਤ ਦੀਆਂ ਤਾਰੀਖਾਂ ਨਾਲ ਹੁੰਦੀਆਂ ਹਨ। ਤਾਰੀਖ ਤੋਂ ਬਾਅਦ ਇੱਕ ਹੋਰ ਤਾਰੀਖ ਮਿਲਣਾ ਹੀ ਆਪਣੇ ਆਪ ਵਿੱਚ ਇੱਕ ਸਜ਼ਾ ਹੈ।

ਉਨ੍ਹਾਂ ਨੇ ਉਸ ਚੁਣੌਤੀਪੂਰਨ ਦੌਰ ਨੂੰ ਯਾਦ ਕੀਤਾ ਜਦੋਂ ਸੀਨੀਅਰ ਆਗੂ ਜਲੰਧਰ ਜ਼ਿਮਨੀ ਚੋਣ ਸਮੇਂ ਜੇਲ੍ਹ ਵਿੱਚ ਸਨ। ਉਸ ਸਮੇਂ, ਪਾਰਟੀ ਦੀ ਸਮੁੱਚੀ ਉੱਚ-ਪੱਧਰੀ ਅਤੇ ਫੈਸਲੇ ਲੈਣ ਵਾਲੀ ਲੀਡਰਸ਼ਿਪ ਜੇਲ੍ਹ ਦੇ ਅੰਦਰ ਸੀ ਅਤੇ ਫਿਰ ਵੀ, ਸਾਡੀ ਬੈਕਅੱਪ ਟੀਮ ਦੇ ਨਾਲ, ਅਸੀਂ ਆਪਣੀ ਮਿਹਨਤ ਜਾਰੀ ਰੱਖੀ। ਮੁਲਾਕਾਤਾਂ ਦੌਰਾਨ ਅਰਵਿੰਦ ਕੇਜਰੀਵਾਲ ਹਮੇਸ਼ਾ ਪੰਜਾਬ ਬਾਰੇ ਪੁੱਛਦੇ ਸਨ। ਉਹ ਪੁੱਛਦੇ ਸਨ ਕਿ ਕੀ ਮੁਫ਼ਤ ਬਿਜਲੀ ਲੋਕਾਂ ਤੱਕ ਪਹੁੰਚ ਰਹੀ ਹੈ, ਕੀ ਸਿੰਚਾਈ ਦਾ ਕੰਮ ਅੱਗੇ ਵੱਧ ਰਿਹਾ ਹੈ ਅਤੇ ਨਿਰਦੇਸ਼ ਦਿੰਦੇ ਸਨ ਕਿ ਜੇ ਕੋਈ ਵੀ ਭ੍ਰਿਸ਼ਟ ਪਾਇਆ ਜਾਂਦਾ ਹੈ, ਤਾਂ ਉਸਨੂੰ ਜੇਲ੍ਹ ਵਿੱਚ ਡੱਕਿਆ ਜਾਵੇ। ਅਜਿਹੇ ਹਾਲਾਤਾਂ ਦੇ ਬਾਵਜੂਦ ਅਸੀਂ ਜਲੰਧਰ ਜ਼ਿਮਨੀ ਚੋਣ ਅਤੇ ਇੱਕ ਹੋਰ ਐਮ.ਪੀ. ਸੀਟ ਵੱਡੇ ਫਰਕ ਨਾਲ ਜਿੱਤੀ, ਜਿਸ ਨਾਲ ਸਾਨੂੰ ਹੋਰ ਵੀ ਮਜ਼ਬੂਤੀ ਮਿਲੀ।

ਆਜ਼ਾਦੀ ਸੰਘਰਸ਼ ਨਾਲ ਸੰਤੁਲਨ ਬਿਠਾਉਂਦਿਆਂ ਉਨ੍ਹਾਂ ਕਿਹਾ ਕਿ ਇਤਿਹਾਸ ਆਪਣੇ ਆਪ ਨੂੰ ਦੁਹਰਾਉਂਦਾ ਹੈ। ਜਦੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੇ ਸਵੈ-ਇੱਛਾ ਨਾਲ ਗ੍ਰਿਫ਼ਤਾਰੀ ਦਿੱਤੀ ਅਤੇ ਕੋਰਟ ਰੂਮ ਵਿੱਚ ਮੀਡੀਆ ਦੇ ਸਾਹਮਣੇ ਅੰਗਰੇਜ਼ੀ ਵਿੱਚ ਆਪਣੀਆਂ ਦਲੀਲਾਂ ਰੱਖੀਆਂ ਤਾਂ ਲਹਿਰ ਨੂੰ ਹੋਰ ਬਲ ਮਿਲਿਆ। ਇਸੇ ਤਰ੍ਹਾਂ ਅਰਵਿੰਦ ਕੇਜਰੀਵਾਲ ਨੇ ਵੀ ਸਾਨੂੰ ਜੇਲ੍ਹ ਤੋਂ ਕਦੇ ਨਾ ਝੁਕਣ ਦੇ ਸੁਨੇਹੇ ਭੇਜੇ। ਉਨ੍ਹਾਂ ਕਿਹਾ ਕਿ ਭਗਵੰਤ, ਕਿਸੇ ਵੀ ਹਾਲਤ ਵਿੱਚ ਨਹੀਂ ਝੁਕਣਾ। ਜਿੱਥੇ ਲੋੜ ਹੋਵੇ ਕਾਰਵਾਈ ਕਰੋ, ਪਰ ਕਿਸੇ ਵੀ ਕੀਮਤ 'ਤੇ ਝੁਕਣਾ ਨਹੀਂ। ਆਮ ਆਦਮੀ ਪਾਰਟੀ ਹੋਰ ਮਜ਼ਬੂਤ ਹੋ ਕੇ ਉਭਰੇਗੀ ਅਤੇ ਉਸੇ ਤਰ੍ਹਾਂ ਹੋਇਆ ਪਾਰਟੀ ਇੱਕ ਕੌਮੀ ਤਾਕਤ ਵਜੋਂ ਉੱਭਰ ਕੇ ਸਾਹਮਣੇ ਆਈ ਹੈ।

ਕੇਂਦਰੀ ਲੀਡਰਸ਼ਿਪ ਨੂੰ ਸਪੱਸ਼ਟ ਸੁਨੇਹਾ ਦਿੰਦਿਆਂ ਭਗਵੰਤ ਮਾਨ ਨੇ ਕਿਹਾ ਕਿ ਸਿੰਘਾਸਨ 'ਤੇ ਬੈਠੇ ਲੋਕਾਂ ਨੂੰ ਯਾਦ ਰੱਖਣਾ ਚਾਹੀਦਾ ਹੈ, ਕਿ ਉਹ ਕਿਰਾਏਦਾਰ ਹਨ, ਮਾਲਕ ਨਹੀਂ। ਇਸ ਦੇਸ਼ ਦੀ ਮਿੱਟੀ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ, ਕਰਤਾਰ ਸਿੰਘ ਸਰਾਭਾ ਅਤੇ ਅਸ਼ਫਾਕਉੱਲਾ ਖਾਨ ਦਾ ਖ਼ੂਨ ਹੈ। ਇਹ ਦੇਸ਼ ਕਿਸੇ ਦੇ ਬਾਪ ਦੀ ਨਿੱਜੀ ਜਾਗੀਰ ਨਹੀਂ।

ਉਨ੍ਹਾਂ ਨੇ ਪੰਜਾਬ ਦੇ ਰਾਹ ਵਿੱਚ ਵਿੱਤੀ ਮੁਸ਼ਕਲਾਂ ਖ਼ੜ੍ਹੀਆਂ ਕਰਨ ਦੇ ਹੱਥਕੰਡਿਆਂ ਬਾਰੇ ਗੱਲ ਕਰਦਿਆਂ ਕਿਹਾ ਕਿ ਪੰਜਾਬ ਦੇ 8,000 ਕਰੋੜ ਰੁਪਏ ਦੇ ਆਰਡੀਐਫ ਫੰਡ ਕੇਂਦਰ ਨੇ ਰੋਕ ਰੱਖੇ ਹਨ। ਜੀਐਸਟੀ ਦਾ ਬਕਾਇਆ ਜਾਰੀ ਨਹੀਂ ਕੀਤਾ ਗਿਆ। ਜਦੋਂ ਪੰਜਾਬ ਨੂੰ ਇਤਿਹਾਸ ਦੇ ਸਭ ਤੋਂ ਭਿਆਨਕ ਹੜ੍ਹਾਂ ਵਿੱਚੋਂ ਇੱਕ ਦਾ ਸਾਹਮਣਾ ਕਰਨਾ ਪਿਆ ਤਾਂ ਸਿਰਫ਼ 1,600 ਕਰੋੜ ਰੁਪਏ ਦੀ ਟੋਕਨ ਰਾਸ਼ੀ ਐਲਾਨੀ ਗਈ ਅਤੇ ਹੁਣ ਤੱਕ ਉਸ ਵਿੱਚੋਂ 16 ਪੈਸੇ ਵੀ ਨਹੀਂ ਦਿੱਤੇ ਗਏ। ਇਸ ਸਭ ਦੇ ਬਾਵਜੂਦ ਵੀ ਉਹ ਪੰਜਾਬ ਵਿੱਚ ਚੋਣਾਂ ਲੜਨਾ ਚਾਹੁੰਦੇ ਹਨ।

ਦੇਸ਼ ਲਈ ਪੰਜਾਬ ਦੇ ਯੋਗਦਾਨ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਜਦੋਂ ਦੇਸ਼ ਨੂੰ ਅਨਾਜ ਦੀ ਲੋੜ ਸੀ ਤਾਂ ਪੰਜਾਬੀਆਂ ਨੇ ਦਿਨ-ਰਾਤ ਮਿਹਨਤ ਕਰਕੇ ਹਰੀ ਕ੍ਰਾਂਤੀ ਲਿਆਂਦੀ ਅਤੇ ਦੇਸ਼ ਦੇ ਅੰਨ ਭੰਡਾਰ ਭਰ ਦਿੱਤੇ। ਜਦੋਂ ਦੇਸ਼ ਨੂੰ ਆਜ਼ਾਦੀ ਦੀ ਲੋੜ ਸੀ, ਤਾਂ 90 ਫੀਸਦ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ। ਜਦੋਂ ਵੀ ਸਰਹੱਦ 'ਤੇ ਪਹਿਲੀ ਗੋਲੀ ਚਲਦੀ ਹੈ, ਤਾਂ ਪੰਜਾਬੀ ਨੌਜਵਾਨ ਸੈਨਿਕ ਹਿੱਕ ਤਾਣ ਕੇ ਸਭ ਤੋਂ ਅੱਗੇ ਖੜ੍ਹਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਹਮੇਸ਼ਾ ਤੁਹਾਡੇ ਨਾਲ ਖੜ੍ਹਾ ਰਹੇਗਾ। ਅਸੀਂ ਪੰਜਾਬ 'ਚ ਸਰਕਾਰ ਚਲਾ ਰਹੇ ਹਾਂ ਅਤੇ 2027 ਵਿੱਚ ਵੀ ਅਸੀਂ ਤੁਹਾਨੂੰ ਭਾਰੀ ਬਹੁਮਤ ਨਾਲ ਜਿੱਤ ਦੀਆਂ ਸੀਟਾਂ ਦਾ ਸੈਂਕੜਾ ਲਗਾ ਕੇ ਵੱਡਾ ਤੋਹਫ਼ਾ ਦੇਵੇਗਾਂ। ਜਿਸ ਪਾਸੇ ਪੰਜਾਬ ਮਾਰਚ ਕਰਦਾ ਹੈ, ਦੇਸ਼ ਵੀ ਉਸੇ ਰਾਹ 'ਤੇ ਚੱਲਦਾ ਹੈ।

ਸੱਚ 'ਤੇ ਇੱਕ ਕਾਵਿਕ ਟਿੱਪਣੀ ਕਰਦਿਆਂ ਉਨ੍ਹਾਂ ਕਿਹਾ ਕਿ ਝੂਠ ਦੇ ਆਲਮ ਵਿੱਚ ਰਹਿਣ ਵਾਲੇ ਦੂਜਿਆਂ ਨੂੰ ਸੱਚ ਬੋਲਣ ਲਈ ਕਹਿੰਦੇ ਹਨ, ਜਦੋਂ ਕਿ ਉਨ੍ਹਾਂ ਦੇ ਘਰ ਝੂਠ ਦੇ ਮਕਾਨ ਬਣ ਚੁੱਕੇ ਹਨ। ਸੱਚ ਨੂੰ ਕੀਮਤ ਚੁਕਾਉਣੀ ਪੈ ਸਕਦੀ ਹੈ, ਪਰ ਸੱਚ ਦਾ ਸੂਰਜ ਹਮੇਸ਼ਾ ਬੱਦਲਾਂ ਪਿੱਛੇ ਨਹੀਂ ਰਹਿੰਦਾ, ਇਹ ਚੜ੍ਹਦਾ ਹੈ ਅਤੇ ਚਮਕਦਾ ਹੈ ਅਤੇ ਫਿਰ ਕਿਤੇ ਵੀ ਹਨੇਰਾ ਨਹੀਂ ਰਹਿੰਦਾ।

ਆਪਣੇ ਭਾਸ਼ਣ ਦੀ ਸਮਾਪਤੀ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਤੋਂ ਅਸੀਂ ਤੁਹਾਨੂੰ ਚੱਟਾਨ ਵਰਗਾ ਸਾਥ ਦੇਣ ਲਈ ਇੱਥੇ ਆਏ ਹਾਂ। ਅੱਗੇ ਵਧੋ, ਅਸੀਂ ਤੁਹਾਡੇ ਨਾਲ ਹਾਂ। ਜਦੋਂ ਵੀ ਕੌਮ ਕਿਸੇ ਵੀ ਸੰਕਟ ਦਾ ਸਾਹਮਣਾ ਕਰਦੀ ਹੈ ਤਾਂ ਪੰਜਾਬੀ ਹਮੇਸ਼ਾ ਅੱਗੇ ਵਧਦੇ ਹਨ। ਭਾਵੇਂ ਤੁਰਕੀ ਵਿੱਚ ਭੂਚਾਲ, ਸ੍ਰੀਲੰਕਾ ਵਿੱਚ ਸੁਨਾਮੀ ਜਾਂ ਨੇਪਾਲ ਵਿੱਚ ਹੜ੍ਹ ਦਾ ਮਾਮਲਾ ਹੋਵੇ, ਰਾਹਤ ਏਜੰਸੀਆਂ ਦੇ ਆਉਣ ਤੋਂ ਪਹਿਲਾਂ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਲੰਗਰ ਸ਼ੁਰੂ ਹੋ ਜਾਂਦਾ ਹੈ। ਅਸੀਂ ਸਾਰਿਆਂ ਦੀ ਭਲਾਈ ਲਈ ਖੜ੍ਹੇ ਹਾਂ। ਅਸੀਂ ਕੁਰਬਾਨੀ ਦੇ ਪੁੰਜ ਹਾਂ। ਦਿੱਲੀ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਭਾਵਨਾ ਨਾਲ ਮਨਾਉਣ ਦੇ ਉਪਰਾਲਿਆਂ ਨੂੰ ਅਸੀਂ ਸਲਾਮ ਕਰਦੇ ਹਾਂ। ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਹਿੰਦੂ ਧਰਮ ਅਤੇ ਕਸ਼ਮੀਰੀ ਪੰਡਤਾਂ ਦੇ ਸਨਮਾਨ ਦੀ ਰਾਖੀ ਲਈ ਆਪਣਾ ਜੀਵਨ ਕੁਰਬਾਨ ਕਰ ਦਿੱਤਾ। ਅਸੀਂ ਹਮੇਸ਼ਾ ਸੱਚਾਈ ਦੇ ਨਾਲ ਖੜ੍ਹੇ ਹਾਂ।

## ਪੰਜਾਬ ਨੂੰ ਨਾਗਰਿਕ-ਕੇਂਦ੍ਰਿਤ ਸੁਧਾਰਾਂ ਲਈ

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਪਹਿਲੇ ਸਫ਼ੇ ਦੀ ਬਾਕੀ

## ਮਿਲਿਆ ਵੱਕਾਰੀ 'ਡਿਜੀਟਲ ਐਕਸੀਲੈਂਸ ਐਵਾਰਡ'

ਸਹੂਲਤ ਵਿੱਚ ਨਵੇਂ ਮਾਪਦੰਡ ਸਥਾਪਤ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ ਸੂਬਾ ਸਰਕਾਰ ਦੀ ਇੱਕ ਪ੍ਰਮੁੱਖ ਸਕੀਮ ਹੈ, ਜਿਸ ਤਹਿਤ ਨਾਗਰਿਕ ਆਪਣੇ ਘਰ ਬੈਠੇ ਹੈਲਪਲਾਈਨ ਨੰਬਰ 1076 ਉਤੇ ਕਾਲ ਕਰਕੇ 430 ਤੋਂ ਵੱਧ ਸਰਕਾਰੀ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ। ਨਾਗਰਿਕਾਂ ਨੂੰ ਹੁਣ ਸਰਕਾਰੀ ਦਫ਼ਤਰਾਂ ਦੇ ਜਾਣ ਦੀ ਲੋੜ ਵੀ ਨਹੀਂ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਪੰਚਾਂ, ਨੰਬਰਦਾਰਾਂ ਅਤੇ ਨਗਰ ਕੌਂਸਲਰਾਂ(ਐਮਸੀ) ਨੂੰ ਅਰਜ਼ੀਆਂ ਦੀ ਆਨਲਾਈਨ ਤਸਦੀਕ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ। ਇਸ ਨਾਲ ਜ਼ਰੂਰੀ ਸਰਟੀਫਿਕੇਟ ਜਾਰੀ ਕਰਨ ਵਿੱਚ ਕਾਫ਼ੀ ਤੇਜ਼ੀ ਆਈ ਹੈ ਅਤੇ ਤਕਨਾਲੋਜੀ ਨੂੰ ਜ਼ਮੀਨੀ ਪੱਧਰ ਦੀ ਲੀਡਰਸ਼ਿਪ ਨਾਲ ਜੋੜਿਆ ਗਿਆ ਹੈ। ਅਗਲੇਰੀ ਰੂਪ ਰੇਖਾ 'ਤੇ ਚਾਨਣਾ ਪਾਉਂਦਿਆਂ, ਸ਼੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ, "ਅਸੀਂ ਇਸ ਪ੍ਰਾਪਤੀ ਤੱਕ ਹੀ ਸੀਮਿਤ ਨਹੀਂ ਰਹਾਂਗੇ। ਪੰਜਾਬ ਦੀ ਡਿਜੀਟਲ ਯਾਤਰਾ ਦੇ ਅਗਲੇ ਪੜਾਅ ਵਿੱਚ ਸੇਵਾ ਪ੍ਰਦਾਨ ਕਰਨ ਨੂੰ ਹੋਰ ਸੁਖਾਲਾ ਬਣਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਮਸ਼ੀਨ ਲਰਨਿੰਗ (ਐਮਐਲ) ਨੂੰ ਏਕੀਕ੍ਰਿਤ ਕੀਤਾ ਜਾਵੇਗਾ। ਸਾਡਾ ਟੀਚਾ ਆਮਦਨ, ਰਿਹਾਇਸ਼ ਅਤੇ ਜਾਤੀ ਸਰਟੀਫਿਕੇਟ ਸਮੇਤ ਸਾਰੀਆਂ ਪ੍ਰਮੁੱਖ ਸੇਵਾਵਾਂ ਲਈ 100 ਫ਼ੀਸਦੀ ਕਾਗਜ਼ ਰਹਿਤ ਅਤੇ ਸੰਪਰਕ ਰਹਿਤ ਈਕੋਸਿਸਟਮ ਬਣਾਉਣਾ ਹੈ। ਇਹ ਪੁਰਸਕਾਰ ਲਾਲ-ਫੀਤਾਸ਼ਾਹੀ ਨੂੰ ਪੂਰੀ ਤਰ੍ਹਾਂ ਖਤਮ ਕਰਨ ਦੇ ਸਾਡੇ ਦ੍ਰਿੜ ਇਰਾਦੇ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਸਿਰਫ਼ ਇੱਕ ਕਲਿੱਕ 'ਤੇ ਆਮ ਲੋਕਾਂ ਲਈ ਹਰ ਸਰਕਾਰੀ ਸੇਵਾ ਯਕੀਨੀ ਬਣਾਈ ਜਾਵੇਗੀ ।"

## ਹਿੰਦੂ ਧਰਮ ਦੀ ਰੱਖਿਆ ਲਈ ਜੇਕਰ ਗੁਰੂ ਸਾਹਿਬ ਸ਼ਹਾਦਤ ਨਾ ਦਿੰਦੇ ਤਾਂ ਅੱਜ ਵਿਸ਼ਵ 'ਚ ਇੱਕ ਵੀ ਹਿੰਦੂ ਨਾ ਹੁੰਦਾ : ਅਮਿਤ ਸ਼ਾਹ

ਦੀ ਸ਼ਹਾਦਤ ਨੂੰ ਸਿਜਦਾ ਹੋਣ ਲਈ ਲੱਖਾਂ ਦੀ ਗਿਣਤੀ 'ਚ ਪੁੱਜੀਆਂ ਸੰਗਤਾਂ ਮੋਤੀਆਂ ਦੀ ਮਾਲਾ ਵਾਂਗ ਇੱਕ ਧਾਗੇ 'ਚ ਪਰੋਈਆਂ ਗਈਆਂ ਤੇ ਇੱਕ ਮੰਚ ਤੇ ਇੱਕ ਸੋਚ ਨਾਲ ਗੁਰੂ ਸਾਹਿਬ ਦੇ ਸ਼ਤਾਬਦੀ ਸਮਾਗਮਾਂ ਨੂੰ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ।

ਖਾਰਘਰ ਦੇ ਉਵੈ ਮੈਦਾਨ 'ਚ ਆਯੋਜਿਤ ਸ਼ਤਾਬਦੀ ਸਮਾਗਮਾਂ ਦੇ ਅੱਜ ਦੂਸਰੇ ਦਿਨ ਵੀ ਆਨੰਦਮਈ ਤੇ ਮਨੋਹਰ ਸ਼ਬਦ ਕੀਰਤਨ ਦਾ ਪ੍ਰਵਾਹ ਚੱਲਿਆ ਤੇ ਪੰਥ ਪ੍ਰਸਿੱਧ ਰਾਗੀ ਤੇ ਕੀਰਤਨੀਏ ਜਥਿਆਂ ਨੇ ਸੰਗਤ ਨੂੰ ਗੁਰ ਜਸ ਸਰਵਣ ਕਰਾਇਆ।

ਪ੍ਰਧਾਨ ਮੰਤਰੀ ਸ੍ਰੀ ਨੇਰੇਂਦਰ ਮੋਦੀ ਨੇ ਵੀਡਿਓ ਸੰਦੇਸ਼ ਰਾਹੀਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਪ੍ਰਣਾਮ ਕਰਦੇ ਹੋਏ ਕਿਹਾ ਕਿ ਨਾਗਪੁਰ ,ਨਾਂਦੇੜ ਤੋਂ ਬਾਅਦ ਅੱਜ ਖਾਰਘਰ ਵਿਖੇ ਹੋਏ ਸ਼ਤਾਬਦੀ ਸਮਾਗਮ ਸਮਾਰੋਹ ਆਪਣੇ ਆਖਰੀ ਤੇ ਮਹੱਤਵਪੂਰਨ ਪੜਾਅ 'ਚ ਪੁੱਜ ਚੁੱਕੇ ਹਨ,ਜਿਸ ਨਾਲ ਗੁਰੂ ਸਾਹਿਬ ਦੀ ਸ਼ਹਾਦਤ ਤੇ ਗੁਰੂ ਸਾਹਿਬ ਜੀ ਦਾ ਪ੍ਰਾਕਰਮੀ ਜੀਵਨ ਇਤਿਹਾਸ ਮਹਾਰਾਸ਼ਟਰ ਦੇ ਕੋਨੇ ਕੋਨੇ 'ਚ ਪੁੱਜਾ ਹੈ ਤੇ ਮਹਾਰਾਸ਼ਟਰ ਸਰਕਾਰ ਦੇ ਇਸ ਪਹਿਲਕਦਮੀ ਸਦਕਾ ਨਵੀਂ ਪੀੜ੍ਹੀ ਸਨਾਤਨ ਧਰਮ ਦੀ ਰੱਖਿਆ ਲਈ ਗੁਰੂ ਸਾਹਿਬ ਵੱਲੋਂ ਦਿੱਤੀ ਗਈ ਅਦੁੱਤੀ ਤੇ ਅਮੁੱਲੀ ਸ਼ਹਾਦਤ ਤੋਂ ਜਾਣੂ ਹੋਈ ਹੈ।ਪ੍ਰਧਾਨ ਮੰਤਰੀ ਨੇ ਕਿਹਾ ਕਿ ਮਹਾਰਾਸ਼ਟਰ ਵਿਖੇ ਆਯੋਜਿਤ ਇਹ ਸ਼ਤਾਬਦੀ ਸਮਾਗਮਾਂ ਰਾਸ਼ਟਰੀ ਏਕਤਾ ਦਾ ਪ੍ਰਤੀਕ ਬਣ ਕੇ ਉੱਭਰੇ ਹਨ। ਕੇਂਦਰ ਸਰਕਾਰ ਸਿੱਖ ਭਾਈਚਾਰੇ ਦੇ ਗੁਰਪੁਰਬਾਂ ਨੂੰ ਮਾਨਤਾ ਨਾਲ ਮਨਾਉਂਦੀ ਰਹੀ ਹੈ ਤੇ ਜੋ ਜਰੂਰਤਾਂ ਜਾਂ ਮੰਗਾਂ ਪੂਰੀਆਂ ਹੋਣ ਦਾ ਸਿੱਖ ਸੰਗਤਾਂ ਨੂੰ ਦਸ਼ਕਾਂ ਤੋਂ ਇੰਤਜ਼ਾਰ ਸੀ, ਉਨ੍ਹਾਂ ਨੂੰ ਸਰਕਾਰ ਨੇ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਹੈ।

ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ,ਭਾਈ ਸਤੀ ਦਾਸ, ਭਾਈ ਮਤੀ ਦਾਸ ਤੇ ਭਾਈ ਦਿਆਲਾ ਜੀ ਦੀ ਲਾ-ਮਿਸਾਲ ਸ਼ਹਾਦਤ ਨੂੰ ਯਾਦ ਕਰਦੇ ਹੋਏ ਸ਼ਰਧਾਪੂਰਵਕ ਨਮਨ ਭੇਟ ਕੀਤਾ ਤੇ ਕਿਹਾ ਕਿ ਜੇਕਰ ਗੁਰੂ ਸਾਹਿਬ ਹਿੰਦੂ ਧਰਮ ਨੂੰ ਬਚਾਉਣ ਲਈ ਆਪਣੀ ਸ਼ਹਾਦਤ ਨਾ ਦਿੰਦੇ ਤਾਂ ਅੱਜ ਵਿਸ਼ਵ 'ਚ ਕੋਈ ਹਿੰਦੂ ਨਾ ਹੁੰਦਾ।ਉਨ੍ਹਾਂ ਨੇ ਦਸ ਗੁਰੂ ਸਾਹਿਬਾਨ ਦੀ ਉਸਤਤ 'ਚ ਦੇਸ਼ ਭਰ ਅੰਦਰ ਅਜਿਹੇ ਪ੍ਰੋਗਰਾਮ ਕਰਾਏ ਜਾਣ ਦਾ ਫੈਸਲੇ ਲਏ ਜਾਣ 'ਤੇ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕੀਤਾ ਤੇ ਨਾਲ ਹੀ ਮਹਾਰਾਸ਼ਟਰ ਸਰਕਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਦੇਵੇਂਦਰ ਫੜਨਵੀਸ ਨੇ ਇਹ ਸਮਾਗਮ ਆਯੋਜਿਤ ਕਰਕੇ ਗੁਰੂ ਸਾਹਿਬ ਦੇ ਜੀਵਨ ਦਾ ਹਿੱਸਾ ਬਣੇ ਸਿੱਖ, ਸਿਕਲਰ, ਬੰਜਾਰਾ, ਲੁਬਾਣਾ, ਮੋਹਿਆਲ, ਸਿੰਧੀ, ਵਾਲਮੀਕੀ, ਉਦਾਸਾਲ, ਭਗਤ ਨਾਮਦੇਵ ਸੰਪ੍ਰਦਾ ਸਮਾਜ ਨੂੰ ਇੱਕ ਵਾਰ ਮੁੜ ਤੋਂ ਜੋੜਨ ਦਾ ਵੱਡਾ ਉਪਰਾਲਾ ਕੀਤਾ ਹੈ।ਉਨ੍ਹਾਂ ਨੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਵੀ ਤਾਰੀਫ ਕੀਤੀ ਤੇ ਕਿਹਾ ਕਿ ਦੇਸ਼ ਅੰਦਰ ਬਹੁਤ ਸਾਰੇ ਧਾਰਮਿਕ ਸਮਾਗਮ ਹੋ ਰਹੇ ਹਨ ਪਰ ਅਲੱਗ ਥਲੱਗ ਹੋ ਚੁੱਕੇ ਸਮਾਜਾਂ ਨੂੰ ਇਕੱਠੇ ਕਰਨ ਦਾ ਵੱਡਾ ਸਿਹਰਾ ਇੰਨ੍ਹਾਂ ਸ਼ਤਾਬਦੀ ਸਮਾਗਮਾਂ ਨੂੰ ਜਾਂਦਾ ਹੈ।

ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਨੇ ਆਪਣੇ ਸੰਬੋਧਨ 'ਚ ਗੁਰੂ ਸਾਹਿਬ ਦੇ ਨਾਲ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਤੇ ਭਾਈ ਲੱਖੀ ਸ਼ਾਹ ਬੰਜਾਰਾ ਦੇ ਸਾਹਸ ਨੂੰ ਨਮਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਸਰਵ ਭਾਰਤੀ ਧਰਮਾਂ ਦੇ ਰੱਖਿਅਕ ਸਨ,ਜ਼ਿਨ੍ਹਾਂ ਦੀ ਸ਼ਹਾਦਤ ਕਾਰਨ ਅੱਜ ਸਨਤਾਨ ਧਰਮ ਹੋਂਦ ਵਿੱਚ ਹੈ।ਉਨ੍ਹਾਂ ਕਿਹਾ ਕਿ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹਾਦਤ ਨੇ ਜਿੱਥੇ ਧਾਰਮਿਕ ਆਜ਼ਾਦੀ ਲਈ ਜੁਲਮ ਦੇ ਖਿਲਾਫ਼ ਸੱਚ ਦੀ ਆਵਾਜ਼ ਬੁਲੰਦ ਕੀਤੀ ਸੀ,ਉੱਥੇ ਹੀ ਖਾਲਸਾ ਪੰਥ ਨੂੰ ਨਵੀਂ ਆਤਮਿਕ ਸ਼ਕਤੀ ਬਖ਼ਸ਼ੀ ਸੀ।ਉਨ੍ਹਾਂ ਨੇ ਇਸ ਮੌਕੇ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਸਮਰਪਿਤ ਹੁੰਦੇ ਹੋਏ ਸਿੱਖ ਸ਼ਹਾਦਤ(1500-1765) ਨੂੰ ਸੂਬੇ ਦੇ ਪਾਠਕ੍ਰਮ 'ਚ ਸ਼ਾਮਿਲ ਕੀਤੇ ਜਾਣ ਦਾ ਤੇ ਨਵੀਂ ਮੁੰਬਈ ਵਿਖੇ ਗੁਰੂ ਸਾਹਿਬ ਦੇ ਨਾਮ 'ਤੇ ਇੱਕ ਵੱਡਾ ਹਸਪਤਾਲ ਬਣਾਉਣ ਦਾ ਐਲਾਨ ਕਰਦੇ ਹੋਏ ਦਸਮ ਪਿਤਾ ਦੁਆਰਾ ਰਚਿਤ 'ਬਚਿੱਤਰ ਨਾਟਕ' ਤੇ 'ਜ਼ਫਰਨਾਮਾ' ਦਾ ਵੀ ਆਪਣੇ ਸੰਬੋਧਨ 'ਚ ਜ਼ਿਕਰ ਕੀਤਾ।ਉਨ੍ਹਾਂ ਨੇ ਸ਼ਤਾਬਦੀ ਸਮਾਗਮਾਂ ਆਯੋਜਨ 'ਚ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਨਿਭਾਈ ਗਈ ਪ੍ਰਮੁੱਖ ਤੇ ਅਹਿਮ ਭੂਮਿਕਾ ਲਈ ਉਨ੍ਹਾਂ ਦੀ ਪੁਰਜ਼ੋਰ ਪ੍ਰਸ਼ੰਸ਼ਾ ਕੀਤੀ।

ਇਸ ਮੌਕੇ ਬਾਗੇਸ਼ਵਰ ਧਾਮ ਪੀਠਾਧੀਸ਼ਵਰ ਧੀਰੇਂਦਰ ਕ੍ਰਿਸ਼ਨ ਸ਼ਾਸਤਰੀ, ਮਹਾਰਾਸ਼ਟਰ ਦੇ ਡਿਪਟੀ ਸੀ.ਐੱਮ.ਸੁਨੇਤਰਾ ਅਜਿਤ ਪਵਾਰ,ਡਿਪਟੀ ਸੀ.ਐੱਮ.ਏਕਨਾਥ ਸ਼ਿੰਦੇ, ਕੈਬਨਿਟ ਮੰਤਰੀ ਰਾਮੇਸ਼ਵਰ ਨਾਇਕ ਨੇ ਵੀ ਗੁਰੂ ਸਾਹਿਬ ਨੂੰ ਸ਼ਰਧਾਂਜਲੀ ਦਿੰਦੇ ਹੋਏ ਸੰਗਤਾਂ ਸਨਮੁੱਖ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਤੋਂ ਇਲਾਵਾ ਸਮਾਗਮਾਂ ਦੌਰਾਨ ਬਹੁਤ ਸਾਰੀਆਂ ਅਹਿਮ ਧਾਰਮਿਕ, ਰਾਜਨੀਤਿਕ ਤੇ ਸਮਾਜਿਕ ਸ਼ਖ਼ਸ਼ੀਅਤ ਦੇ ਨਾਲ ਨਾਲ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ 'ਚ ਨਾਨਕ ਨਾਮ ਲੇਵਾ ਸੰਗਤਾਂ ਨੇ ਹਾਜ਼ਰੀ ਭਰੀ।

## ਸਿਲੰਡਰ ਦੀਆਂ ਕੀਮਤਾਂ 'ਚ ਵਾਧਾ, ਬਿਨਾਂ ਸਿਮ ਨਹੀਂ ਚੱਲੇਗਾ ਵੱਟਸਐਪ

ਕਮਰਸ਼ੀਅਲ ਗੈਸ ਸਿਲੰਡਰ ਹੋਇਆ ਮਹਿੰਗਾ: 19 ਕਿਲੋਗ੍ਰਾਮ ਦਾ ਵਪਾਰਕ ਗੈਸ ਸਿਲੰਡਰ ਅੱਜ ਤੋਂ 31 ਰੁਪਏ ਤੱਕ ਮਹਿੰਗਾ ਹੋ ਗਿਆ ਹੈ। ਸਭ ਤੋਂ ਵੱਡਾ ਵਾਧਾ ਕੋਲਕਾਤਾ ਵਿੱਚ ਹੋਇਆ ਹੈ, ਜਿੱਥੇ ਸਿਲੰਡਰ ਦੀ ਕੀਮਤ ਹੁਣ 1875.50 ਹੋਵੇਗੀ। ਦਿੱਲੀ ਵਿੱਚ, ਕੀਮਤ 28 ਰੁਪਏ ਵੱਧ ਕੇ 1768.50 ਹੋ ਗਈ ਹੈ। ਪਹਿਲਾਂ, ਇਹ 1740.50 ਵਿੱਚ ਉਪਲੱਬਧ ਸੀ।

ਵੱਟਸਐਪ ਬਿਨਾਂ ਸਿਮ ਦੇ ਨਹੀਂ ਕਰੇਗਾ ਕੰਮ: ਮੈਸੇਜਿੰਗ ਐਪਸ ਲਈ ਸਿਮ-ਬਾਈਡਿੰਗ ਨਿਯਮ ਅੱਜ ਤੋਂ ਲਾਗੂ ਹੋ ਗਏ ਹਨ। ਇਸ ਸਰਕਾਰੀ ਨਿਯਮ ਦੀ ਪਾਲਣਾ ਕਰਦੇ ਹੋਏ, ਵਟਸਐਪ, ਟੈਲੀਗ੍ਰਾਮ, ਸਿਗਨਲ, ਸਨੈਪਚੈਟ, ਸ਼ੇਅਰਚੈਟ ਅਤੇ ਜੀਓਚੈਟ ਵਰਗੇ ਮੈਸੇਜਿੰਗ ਐਪਸ ਸਿਰਫ਼ ਤਾਂ ਹੀ ਕੰਮ ਕਰਨਗੇ ਜੇਕਰ ਖਾਤੇ ਲਈ ਵਰਤਿਆ ਜਾਣ ਵਾਲਾ ਸਿਮ ਕਾਰਡ ਫ਼ੋਨ ਵਿੱਚ ਐਕਟਿਵ ਹੋਵੇ। ਇਸ ਤੋਂ ਇਲਾਵਾ, ਜੇਕਰ ਤੁਸੀਂ ਕੰਪਿਊਟਰ 'ਤੇ ਵੱਟਸਐਪ ਵਰਗੇ ਐਪਸ ਦੀ ਵਰਤੋਂ ਕਰਦੇ ਹੋ, ਤਾਂ ਲਾਗਇਨ ਛੇ ਘੰਟਿਆਂ ਦੇ ਅੰਦਰ ਲੌਗ ਆਊਟ ਹੋ ਜਾਵੇਗਾ। ਪਹਿਲਾਂ, ਇੱਕ ਸਿੰਗਲ ਲੌਗਇਨ ਹਫ਼ਤਿਆਂ ਤੱਕ ਚੱਲਦਾ ਸੀ। ਸਾਈਬਰ ਅਪਰਾਧੀ ਅਕਸਰ ਸਿਮ ਕਾਰਡ ਹਟਾਉਂਦੇ ਸਨ ਅਤੇ ਧੋਖਾਧੜੀ ਕਰਨ ਲਈ ਸਿਰਫ਼ Wi-Fi ਰਾਹੀਂ ਮੈਸੇਜਿੰਗ ਐਪਸ ਦੀ ਵਰਤੋਂ ਕਰਦੇ ਸਨ। ਹੁਣ, ਸਿਮ ਹਟਾਉਂਦੇ ਹੀ ਐਪ ਆਪਣੇ ਆਪ ਲੌਗ ਆਊਟ ਹੋ ਜਾਵੇਗਾ। ਇਹ ਧੋਖਾਧੜੀ ਨੂੰ ਰੋਕਣ ਵਿੱਚ ਮੱਦਦ ਕਰੇਗਾ।

ਰੇਲਵੇ ਦਾ UTS ਐਪ ਬੰਦ: ਰੇਲਵੇ ਦਾ ਪੁਰਾਣਾ ਅਣਰਾਖਵਾਂ ਟਿਕਟਿੰਗ ਸਿਸਟਮ, UTS ਐਪ, ਅੱਜ ਤੋਂ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਜਾਵੇਗਾ। ਯਾਤਰੀਆਂ ਨੂੰ ਹੁਣ ਜਨਰਲ, ਪਲੇਟਫਾਰਮ ਅਤੇ ਸਥਾਨਕ ਟ੍ਰੇਨਾਂ ਲਈ ਟਿਕਟਾਂ ਬੁੱਕ ਕਰਨ ਲਈ ਨਵੀਂ 'RailOne' ਐਪ ਦੀ ਵਰਤੋਂ ਕਰਨੀ ਪਵੇਗੀ। RailOne ਐਪ ਜੁਲਾਈ, 2025 ਵਿੱਚ ਲਾਂਚ ਕੀਤੀ ਗਈ ਸੀ। ਇਸ ਐਪ ਦੇ ਬੰਦ ਹੋਣ ਤੋਂ ਬਾਅਦ, ਬਹੁਤ ਸਾਰੇ ਯਾਤਰੀ ਸੋਚ ਰਹੇ ਹਨ ਕਿ ਉਨ੍ਹਾਂ ਦੇ UTS ਐਪ ਵਾਲੇਟ (R-Wallet) ਵਿੱਚ ਸਟੋਰ ਕੀਤੇ ਫੰਡਾਂ ਦਾ ਕੀ ਹੋਵੇਗਾ। ਰੇਲਵੇ ਨੇ ਕਿਹਾ ਕਿ ਉਨ੍ਹਾਂ ਦੇ ਵਾਲਿਟ ਵਿੱਚ ਫੰਡ ਸੁਰੱਖਿਅਤ ਹਨ ਅਤੇ ਨਵੇਂ RailOne ਐਪ ਵਿੱਚ ਟ੍ਰਾਂਸਫਰ ਕੀਤੇ ਜਾਣਗੇ। ਹਾਲਾਂਕਿ, ਇੱਕ ਲਾਜ਼ਮੀ ਸ਼ਰਤ ਹੈ। RailOne ਐਪ ਨੂੰ UTS ਐਪ ਨੂੰ ਰਜਿਸਟਰ ਕਰਨ ਲਈ ਵਰਤੇ ਗਏ ਉਸੇ ਮੋਬਾਈਲ ਨੰਬਰ ਨਾਲ ਰਜਿਸਟਰ ਕੀਤਾ ਜਾਣਾ ਚਾਹੀਦਾ ਹੈ। ਜੇਕਰ ਮੋਬਾਈਲ ਨੰਬਰ ਉਹੀ ਰਹਿੰਦਾ ਹੈ, ਤਾਂ ਬਕਾਇਆ ਆਪਣੇ ਆਪ ਹੀ ਨਵੀਂ ਐਪ ਵਿੱਚ ਪ੍ਰਤੀਬਿੰਬਤ ਹੋਵੇਗਾ। RailOne ਇੱਕ ਆਲ-ਇਨ-ਵਨ ਐਪਲੀਕੇਸ਼ਨ ਹੈ ਜੋ ਯਾਤਰੀ ਅਨੁਭਵ ਨੂੰ ਵਧਾਉਣ ਲਈ ਤਿਆਰ ਕੀਤੀ ਗਈ ਹੈ। ਇਹ ਐਂਡਰਾਇਡ ਅਤੇ iOS ਦੋਵਾਂ ਪਲੇਟਫਾਰਮਾਂ 'ਤੇ ਉਪਲਬਧ ਹੈ। R-Wallet ਰਾਹੀਂ ਆਮ ਟਿਕਟ ਬੁਕਿੰਗ 'ਤੇ 3% ਛੋਟ ਮਿਲੇਗੀ। ਯਾਤਰੀ ਆਪਣੀ ਰੇਲਗੱਡੀ ਦੇ ਅਸਲ-ਸਮੇਂ ਦੇ ਸਥਾਨ ਨੂੰ ਟਰੈਕ ਕਰ ਸਕਦੇ ਹਨ। ਫੂਡ ਆਰਡਰਿੰਗ, ਪੋਰਟਰ ਬੁਕਿੰਗ, ਅਤੇ ਟੈਕਸੀ ਬੁਕਿੰਗ ਸੇਵਾਵਾਂ ਮਿਲਣਗੀਆਂ।

ਹਵਾਈ ਯਾਤਰਾ ਹੋ ਸਕਦੀ ਮਹਿੰਗੀ: ਤੇਲ ਮਾਰਕੀਟਿੰਗ ਕੰਪਨੀਆਂ ਨੇ ਹਵਾਬਾਜ਼ੀ ਟਰਬਾਈਨ ਫਿਊਲ (ATF) ਦੀ ਕੀਮਤ 5,500 ਤੱਕ ਵਧਾ ਦਿੱਤੀ ਹੈ। ਇਸ ਨਾਲ ਆਉਣ ਵਾਲੇ ਦਿਨਾਂ ਵਿੱਚ ਹਵਾਈ ਕਿਰਾਏ ਵਧਣ ਦੀ ਉਮੀਦ ਹੈ। ਸਭ ਤੋਂ ਵੱਧ ਕੀਮਤ ਵਿੱਚ ਵਾਧਾ ਚੇਨਈ ਵਿੱਚ ਹੋਇਆ ਹੈ, ਜਿੱਥੇ ATF ਦੀਆਂ ਕੀਮਤਾਂ 94,781.99 ਪ੍ਰਤੀ ਕਿਲੋਲੀਟਰ ਤੋਂ ਵਧ ਕੇ 1,00,280 ਪ੍ਰਤੀ ਕਿਲੋਲੀਟਰ ਹੋ ਗਈਆਂ ਹਨ।

## ਪੰਜਾਬ ਦੇ ਹਾਲਾਤ ਚਿੰਤਾਜਨਕ ਇਨ੍ਹਾਂ 'ਚ ਸੁਧਾਰ ਲਿਆਉਣ ਲਈ ਭਾਜਪਾ ਸਰਕਾਰ ਜ਼ਰੂਰੀ: ਨਾਇਬ ਸਿੰਘ ਸੈਣੀ

ਲੋਕਾਂ ਦੇ ਆਪਸੀ ਭਾਈਚਾਰੇ ਅਤੇ ਅਟੁੱਟ ਵਿਸ਼ਵਾਸ ਤੋਂ ਭਲੀ-ਭਾਂਤ ਜਾਣੂੰ ਹਨ। ਕਈ ਵਾਰ ਜਦੋਂ ਹਾਲਾਤ ਇੰਨੇ ਭਿਆਨਕ ਹੋ ਜਾਂਦੇ ਹਨ, ਲੋਕ ਅਜੇ ਵੀ ਆਪਣਾ ਆਤਮਵਿਸ਼ਵਾਸ ਬਰਕਰਾਰ ਰੱਖਦੇ ਹਨ। ਸੈਣੀ ਭਾਈਚਾਰੇ ਦੇ ਪ੍ਰੋਗਰਾਮ ਵਿੱਚ ਪਹੁੰਚਣ 'ਤੇ ਨਾਇਬ ਸੈਣੀ ਨੇ ਕਿਹਾ ਕਿ ਉਹ ਇੱਥੇ ਇੱਕ ਮੁੱਖ ਮੰਤਰੀ ਵਜੋਂ ਨਹੀਂ, ਸਗੋਂ ਤੁਹਾਡੇ 'ਪੁੱਤਰ ਅਤੇ ਭਰਾ' ਵਜੋਂ ਆਏ ਹਨ। ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਹਰਿਆਣਾ ਦੇ ਮੁੱਖ ਮੰਤਰੀ ਨਿਵਾਸ ਦੇ ਦਰਵਾਜ਼ੇ ਪੰਜਾਬ ਦੇ ਲੋਕਾਂ ਲਈ 24 ਘੰਟੇ ਖੁੱਲ੍ਹੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਅੱਜ ਉਨ੍ਹਾਂ ਨੂੰ ਜੋ ਸਨਮਾਨ ਮਿਲਿਆ ਹੈ, ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਅਤੇ ਲੋਕਾਂ ਦੇ ਸਹਿਯੋਗ ਸਦਕਾ ਹੀ ਸੰਭਵ ਹੋਇਆ ਹੈ। ਨਾਇਬ ਸੈਣੀ ਨੇ ਕਿਹਾ ਇੱਥੇ ਮੌਜੂਦ ਸਾਰੀਆਂ ਬਜ਼ੁਰਗ ਮਾਵਾਂ ਨੂੰ ਸਲਾਮ ਕਰਦਾ ਹਾਂ ਅਤੇ ਤੁਹਾਡਾ ਸਾਰਿਆਂ ਦਾ ਧੰਨਵਾਦ ਕਰਦਾ ਹਾਂ। ਉਨ੍ਹਾਂ ਕਿਹਾ ਜੇਕਰ ਅਸੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੋਟ ਨਾ ਦਿੱਤੀ ਹੁੰਦੀ, ਤਾਂ ਮੈਨੂੰ ਇੱਥੇ ਆਉਣ ਦਾ ਸਨਮਾਨ ਕਦੇ ਨਹੀਂ ਮਿਲਦਾ। ਇਸ ਮੌਕੇ ਪੰਜਾਬ ਸਰਕਾਰ ਦੀਆਂ ਨਾਕਾਮੀਆਂ 'ਤੇ ਨਿਸ਼ਾਨਾ ਸੂਬੇ ਦੀ ਮੌਜੂਦਾ ਸਥਿਤੀ 'ਤੇ ਬੋਲਦਿਆਂ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਵਿੱਚ ਅਮਨ-ਕਾਨੂੰਨ (ਲਾਅ ਐਂਡ ਆਰਡਰ) ਦੀ ਸਥਿਤੀ ਕਾਫੀ ਚਿੰਤਾਜਨਕ ਬਣੀ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਸੂਬੇ ਵਿੱਚ ਨਸ਼ਾ ਅਤੇ ਗੈਂਗਸਟਰਵਾਦ ਲਗਾਤਾਰ ਵੱਧ ਰਿਹਾ ਹੈ। ਮੌਜੂਦਾ ਪੰਜਾਬ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਉਨ੍ਹਾਂ ਕਿਹਾ ਕਿ ਹੁਣ ਜਦੋਂ ਸਰਕਾਰ ਦੇ ਕੁਝ ਮਹੀਨੇ ਹੀ ਬਾਕੀ ਹਨ ਤਾਂ ਫਿਰ ਵੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਕਰ ਪੰਜਾਬ 'ਚ ਸੁਧਾਰ ਲਿਆਉਣਾ ਹੈ ਤਾਂ ਇੱਥੇ ਭਾਜਪਾ ਦੀ ਸਰਕਾਰ ਲਿਆਉਣੀ ਬਹੁਤ ਜ਼ਰੂਰੀ ਹੈ। ਇਸ ਪ੍ਰੋਗਰਾਮ ਦੌਰਾਨ ਭਾਜਪਾ ਦੇ ਸੀਨੀਅਰ ਆਗੂ ਅਸ਼ਵਨੀ ਸ਼ਰਮਾ ਸਮੇਤ ਸੈਣੀ ਸਮਾਜ ਸਭਾ ਦੇ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜ਼ਰ ਸਨ।

## ਪੁਡੂਚੇਰੀ ਨੂੰ ਦਿੱਲੀ ਦੇ ਇਕ ਪਰਿਵਾਰ ਲਈ ਏ.ਟੀ.ਐੱਮ.ਵਾਂਗ ਵਰਤਿਆ ਗਿਆ: ਮੋਦੀ

'ਡਬਲ ਇੰਜਣ' ਵਾਲੀ ਸਰਕਾਰ ਸਾਲ 2047 ਤੱਕ 'ਵਿਕਸਿਤ ਪੁਡੂਚੇਰੀ' ਅਤੇ 'ਵਿਕਸਿਤ ਭਾਰਤ' ਦੇ ਨਿਰਮਾਣ ਲਈ ਵਚਨਬੱਧ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਪੁਡੂਚੇਰੀ 'ਮੈਡੀਕਲ ਟੂਰਿਜ਼ਮ' ਦਾ ਵੱਡਾ ਕੇਂਦਰ ਬਣ ਸਕਦਾ ਹੈ ਕਿਉਂਕਿ ਇੱਥੇ ਪਹਿਲਾਂ ਹੀ 9 ਮੈਡੀਕਲ ਕਾਲਜ ਮੌਜੂਦ ਹਨ। ਕੇਂਦਰ ਸਰਕਾਰ ਨੇ ਪੁਡੂਚੇਰੀ ਨੂੰ ਵਿਸ਼ੇਸ਼ ਪੂੰਜੀ ਨਿਵੇਸ਼ ਸਹਾਇਤਾ ਯੋਜਨਾ ਵਿੱਚ ਵੀ ਸ਼ਾਮਲ ਕੀਤਾ ਹੈ, ਜਿਸ ਨਾਲ ਬੁਨਿਆਦੀ ਢਾਂਚੇ ਅਤੇ ਸੜਕਾਂ ਵਿੱਚ ਸੁਧਾਰ ਹੋਵੇਗਾ। ਐਨ.ਆਈ.ਟੀ. ਕਰਾਈਕਲ ਵਿਖੇ ਨਵੇਂ 'ਡਾ. ਏ.ਪੀ.ਜੇ. ਅਬਦੁੱਲ ਕਲਾਮ ਇੰਜੀਨੀਅਰਿੰਗ ਬਲਾਕ' ਅਤੇ ਆਧੁਨਿਕ ਹੋਸਟਲ ਸਹੂਲਤਾਂ ਦਾ ਉਦਘਾਟਨ ਕੀਤਾ ਗਿਆ ਹੈ। ਪ੍ਰਧਾਨ ਮੰਤਰੀ ਨੇ ਜ਼ੋਰ ਦਿੱਤਾ ਕਿ ਮਜ਼ਬੂਤ ਨੌਜਵਾਨ ਹੀ ਵਿਕਾਸ ਦੀ ਨੀਂਹ ਹਨ ਅਤੇ 'ਆਯੁਸ਼ਮਾਨ ਭਾਰਤ' ਵਰਗੀਆਂ ਯੋਜਨਾਵਾਂ ਗਰੀਬਾਂ ਲਈ ਸਸਤੀ ਸਿਹਤ ਸੇਵਾਵਾਂ ਯਕੀਨੀ ਬਣਾ ਰਹੀਆਂ ਹਨ।ਇਸ ਮੌਕੇ ਮੁੱਖ ਮੰਤਰੀ ਐੱਨ.ਰੰਗਾਸਾਮੀ ਨੇ ਪ੍ਰਧਾਨ ਮੰਤਰੀ ਅੱਗੇ ਪੁਡੂਚੇਰੀ ਨੂੰ ਪੂਰਨ ਰਾਜ ਦਾ ਦਰਜਾ ਦੇਣ ਦੀ ਮੰਗ ਰੱਖੀ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ 'ਚ ਹੁਣ ਤੱਕ 13 ਵਾਰ ਇਸ ਸਬੰਧੀ ਮਤੇ ਪਾਸ ਕਰਕੇ ਕੇਂਦਰ ਨੂੰ ਭੇਜੇ ਜਾ ਚੁੱਕੇ ਹਨ। ਮੁੱਖ ਮੰਤਰੀ ਨੇ ਉਮੀਦ ਜਤਾਈ ਕਿ ਚੁਣੀ ਹੋਈ ਸਰਕਾਰ ਕੋਲ ਯੋਜਨਾਵਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਲਈ ਵਧੇਰੇ ਸ਼ਕਤੀਆਂ ਹੋਣੀਆਂ ਚਾਹੀਦੀਆਂ ਹਨ।

## ਨਾਗਪੁਰ 'ਚ ਡੈਟੋਨੇਟਰ ਤੇ ਮਾਈਨਿੰਗ ਵਿਸਫੋਟਕ ਬਣਾਉਣ ਵਾਲੀ ਕੰਪਨੀ 'ਚ ਧਮਾਕਾ, 17ਮਰੇ

ਭਰਤੀ ਕਰਵਾਇਆ ਗਿਆ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਐਤਵਾਰ 1 ਮਾਰਚ ਨੂੰ ਸਵੇਰੇ ਇੱਕ ਗੋਲਾ-ਬਾਰੂਦ ਬਣਾਉਣ ਵਾਲੀ ਕੰਪਨੀ ਵਿੱਚ ਧਮਾਕਾ ਹੋਇਆ। ਇਹ ਫੈਕਟਰੀ ਨਾਗਪੁਰ ਸ਼ਹਿਰ ਤੋਂ ਲੱਗਭੱਗ 25 ਕਿਲੋਮੀਟਰ ਦੂਰ ਕਲਮੇਸ਼ਵਰ ਤਹਿਸੀਲ ਦੇ ਰਾਉਲਗਾਂਵ ਪਿੰਡ ਵਿੱਚ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮਰਨ ਵਾਲਿਆਂ 'ਚ ਜ਼ਿਆਦਾਤਰ ਔਰਤਾਂ ਸ਼ਾਮਲ ਹਨ। ਦੱਸਿਆ ਜਾ ਰਿਹਾ ਹੈ ਕਿ ਧਮਾਕਾ ਸਵੇਰੇ ਲੱਗਭੱਗ ਪੌਣੇ ਸੱਤ ਵਜੇ ਹੋਇਆ ਅਤੇ ਇਹ ਧਮਾਕਾ ਕਾਫੀ ਦੂਰ-ਦੂਰ ਤੱਕ ਸੁਣਾਈ ਦਿੱਤਾ । ਜਿਸ ਨਾਲ ਨੇੜਲੇ ਇਲਾਕੇ ਵਿਚ ਦਹਿਸ਼ਤ ਫੈਲ ਗਈ । ਫੈਕਟਰੀ ਵਿੱਚ ਸਵੇਰ ਦੀ ਸ਼ਿਫਟ 6 ਵਜੇ ਸ਼ੁਰੂ ਹੁੰਦੀ ਹੈ। ਇੱਥੇ ਕੰਮ ਕਰਨ ਵਾਲੇ ਵਰਕਰ ਸਵੇਰੇ 6 ਵਜੇ ਫੈਕਟਰੀ ਪਹੁੰਚ ਗਏ ਸਨ। ਅਧਿਕਾਰੀਆਂ ਨੇ ਦੱਸਿਆ ਕਿ ਘਟਨਾ ਵੇਲੇ ਦੋ ਸੁਪਰਵਾਈਜ਼ਰਾਂ ਦੇ ਅਧੀਨ ਲਗਭਗ 35 ਕਰਮਚਾਰੀ ਮੌਜੂਦ ਸਨ ਜੋ ਇਸ ਧਮਾਕੇ ਦੀ ਲਪੇਟ ਵਿਚ ਆ ਗਏ।

## ਮੋਦੀ ਤੇ ਸ਼ਾਹ ਨੇ ਕਿਹਾ ਸੀ ਕਿ ਮੈਂ 100 ਕਰੋੜ ਖਾ ਗਿਆ ਹਾਂ: ਕੇਜਰੀਵਾਲ

ਅਸੀਂ ਪੰਜਾਬ ਵਿਚ ਵੀ 2027 'ਚ ਮੁੜ ਤੋਂ ਪੂਰਨ ਬਹੁਮਤ ਨਾਲ ਸਰਕਾਰ ਬਣਾਵਾਂਗੇ। ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦਿੱਲੀ ਦੇ ਲੋਕਾਂ ਨੂੰ ਬਹੁਤ ਪ੍ਰੇਸ਼ਾਨ ਕੀਤਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਿਹਾ ਕਿ ਅਰਵਿੰਦ ਕੇਜਰੀਵਾਲ 100 ਕਰੋੜ ਰੁਪਇਆ ਖਾ ਗਏ ਹਨ। ਪਰ ਅਦਾਲਤ ਦੇ ਫ਼ੈਸਲੇ ਨੇ ਸਾਬਤ ਕਰ ਦਿੱਤਾ ਹੈ ਅਰਵਿੰਦ ਕੇਜਰੀਵਾਲ ਕੱਟੜ ਇਮਾਨਦਾਰ ਹਨ। ਉਨ੍ਹਾਂ ਕਿ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ 12 ਸਾਲ 'ਚ ਦੇਸ਼ ਦਾ ਬੇੜਾ ਗਰਕ ਕਰ ਦਿੱਤਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਤੋਂ 12 ਸਾਲਾਂ ਦੇ ਅੰਦਰ ਦੇਸ਼ ਦੀਆਂ ਸੜਕਾਂ ਨਹੀਂ ਬਣੀਆਂ। ਉਨ੍ਹਾਂ ਕਿਹਾ ਕਿ ਗੁਜਰਾਤ ਦੀਆਂ ਸੜਕਾਂ ਦਾ ਬਹੁਤ ਬੁਰਾ ਹਾਲ ਹੈ। ਪ੍ਰਧਾਨ ਮੰਤਰੀ 'ਤੇ ਤੰਜ਼ ਕਸਦੇ ਹੋਏ ਕੇਜਰੀਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਸ਼ ਨਾਲ ਪਿਆਰ ਨਹੀਂ, ਬਲਕਿ ਉਨ੍ਹਾਂ ਨੂੰ ਸਿਰਫ਼ ਸੱਤਾ ਨਾਲ ਪਿਆਰ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਮੋਦੀ ਜੀ ਤੁਸੀਂ ਸੱਤਾ ਲਈ ਕੰਮ ਕਰੋ ਪਰ ਅਰਵਿੰਦ ਕੇਜਰੀਵਾਲ ਦੇਸ਼ ਲਈ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਅੱਜ ਤੋਂ ਬਾਅਦ ਪੂਰੇ ਦੇਸ਼ ਅੰਦਰ ਭਾਰਤੀ ਜਨਤਾ ਪਾਰਟੀ ਦੀ ਉਲਟੀ ਗਿਣਤੀ ਸ਼ੁਰੂ ਹੋ ਗਈ ਹੈ। ਸਾਬਕਾ ਉਪ-ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਇਸੇ ਜੰਤਰ-ਮੰਤਰ 'ਤੇ ਆਮ ਆਦਮੀ ਪਾਰਟੀ ਦਾ ਜਨਮ ਹੋਇਆ ਸੀ ਅਤੇ ਅੱਜ ਫਿਰ ਉਹੀ ਜਗ੍ਹਾ ਪਾਰਟੀ ਨੂੰ ਮਜ਼ਬੂਤ ਕਰਨ ਦਾ ਮੰਚ ਬਣੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਦਿੱਲੀ ਦੀ ਤਰ੍ਹਾਂ ਹੁਣ ਰਾਸ਼ਟਰੀ ਪੱਧਰ 'ਤੇ ਕੇਜਰੀਵਾਲ ਨੂੰ ਪ੍ਰਧਾਨ ਮੰਤਰੀ ਬਣਾਉਣ ਲਈ ਸੰਘਰਸ਼ ਕਰਨਾ ਹੋਵੇਗਾ। ਸਿਸੋਦੀਆ ਨੇ ਕਿਹਾ ਕਿ ਇਸ ਦੇ ਲਈ ਈ.ਡੀ. ਅਤੇ ਸੀ.ਬੀ.ਆਈ. ਵਰਗੀਆਂ ਏਜੰਸੀਆਂ ਨਾਲ ਟਕਰਾਉਣ ਦੀ ਤਿਆਰੀ ਰੱਖਣੀ ਹੋਵੇਗੀ। ਇਸ ਤੋਂ ਬਾਅਦ ਰੈਲੀ ਨੂੰ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ,ਗੋਪਾਲ ਰਾਏ, ਸੰਜੇ ਸਿੰਘ ਅਤੇ ਹੋਰਨਾਂ ਆਗੂਆਂ ਵੱਲੋਂ ਵੀ ਸੰਬੋਧਨ ਕੀਤਾ ਗਿਆ। ਇਨ੍ਹਾਂ ਆਗੂਆਂ ਵੱਲੋਂ ਸੱਤਾਧਾਰੀ ਭਾਰਤੀ ਜਨਤਾ ਪਾਰਟੀ 'ਤੇ ਸਿਆਸੀ ਹਮਲੇ ਕੀਤੇ ਗਏ। ਇਨ੍ਹਾਂ ਆਗੂਾਂ ਵੱਲੋਂ ਵੀ ਅਰਵਿੰਦ ਕੇਜਰੀਵਾਲ, ਮਨੀਸ ਸਿਸੋਦੀਆ, ਸਤਿੰਦਰ ਜੈਨ ਆਦਿ ਆਗੂਆਂ ਨੂੰ ਸ਼ਰਾਬ ਘੁਟਾਲਾ ਮਾਮਲੇ 'ਚ ਕਲੀਨ ਚਿੱਟ ਦਿੱਤੇ ਜਾਣ ਨੂੰ ਸੱਚ ਦੀ ਜਿੱਤ ਦੱਸਿਆ ਗਿਆ।

## ਦਿੱਲੀ ਸ਼ਰਾਬ ਨੀਤੀ ਮਾਮਲਾ: ਕੇਜਰੀਵਾਲ ਦੀ ਰਿਹਾਈ ਵਿਰੁੱਧ ਸੀ.ਬੀ.ਆਈ. ਦੀ ਪਟੀਸ਼ਨ 'ਤੇ ਸੁਣਵਾਈ 9 ਨੂੰ

ਸੀ.ਬੀ.ਆਈ. ਨੇ ਹਾਈ ਕੋਰਟ ਤੱਕ ਪਹੁੰਚ ਕਰਕੇ ਹੁਣ ਰੱਦ ਕੀਤੀ ਜਾ ਚੁੱਕੀ ਦਿੱਲੀ ਆਬਕਾਰੀ ਨੀਤੀ 2021-22 ਦੇ ਸਬੰਧ 'ਚ ਟ੍ਰਾਇਲ ਕੋਰਟ ਦੇ ਫੈਸਲੇ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ। ਬੀਤੀ 27 ਫਰਵਰੀ ਨੂੰ ਰਾਊਜ਼ ਐਵੇਨਿਊ ਕੋਰਟ ਦੇ ਵਿਸ਼ੇਸ਼ ਜੱਜ ਜਤਿੰਦਰ ਸਿੰਘ ਨੇ ਸੀਬੀਆਈ ਵੱਲੋਂ ਦਰਜ ਕੇਸ 'ਚ ਸਾਰੇ ਮੁਲਜ਼ਮਾਂ ਨੂੰ ਰਿਹਾਅ ਕਰ ਦਿੱਤਾ ਸੀ। ਅਦਾਲਤ ਨੇ ਆਪਣੇ ਫੈਸਲੇ 'ਚ ਕਿਹਾ ਕਿ ਸ਼ਰਾਬ ਨੀਤੀ ਬਣਾਉਣ 'ਚ ਕੋਈ ਵੱਡੀ ਸਾਜ਼ਿਸ਼ ਜਾਂ ਅਪਰਾਧਿਕ ਇਰਾਦਾ ਨਹੀਂ ਸੀ। ਅਦਾਲਤ ਨੇ ਸਖ਼ਤ ਟਿੱਪਣੀ ਕਰਦਿਆਂ ਕਿਹਾ ਕਿ ਸੀਬੀਆਈ ਦੀ ਅਪਰਾਧਿਕ ਸਾਜ਼ਿਸ਼ ਦੀ ਥਿਊਰੀ ਕਾਨੂੰਨੀ ਸਬੂਤਾਂ ਦੀ ਬਜਾਏ ਸਿਰਫ਼ ਅੰਦਾਜ਼ਿਆਂ 'ਤੇ ਅਧਾਰਤ ਸੀ। ਅਦਾਲਤ ਨੇ ਪਾਇਆ ਕਿ 23 ਮੁਲਜ਼ਮਾਂ 'ਚੋਂ ਕਿਸੇ ਵੀ ਵਿਰੁੱਧ ਕੋਈ ਠੋਸ ਮਾਮਲਾ ਨਹੀਂ ਬਣਦਾ। ਜੱਜ ਨੇ ਸੀਬੀਆਈ ਦੇ ਜਾਂਚ ਦੇ ਤਰੀਕੇ, ਖਾਸ ਕਰਕੇ ਇਕ ਗਵਾਹ ਦੇ ਬਿਆਨ 'ਤੇ ਜ਼ਿਆਦਾ ਨਿਰਭਰਤਾ ਨੂੰ ਲੈ ਕੇ ਚਿੰਤਾ ਪ੍ਰਗਟਾਈ। ਅਦਾਲਤ ਅਨੁਸਾਰ, ਕਿਸੇ ਦੋਸ਼ੀ ਨੂੰ ਮਾਫੀ ਦੇ ਕੇ ਉਸ ਦੇ ਬਿਆਨ ਰਾਹੀਂ ਕੇਸ ਦੀਆਂ ਕਮੀਆਂ ਨੂੰ ਭਰਨਾ ਸੰਵਿਧਾਨਕ ਸੁਰੱਖਿਆ ਦੀ ਉਲੰਘਣਾ ਹੋ ਸਕਦੀ ਹੈ। ਇਸ ਤੋਂ ਇਲਾਵਾ, ਅਦਾਲਤ ਨੇ ਕੁਲਦੀਪ ਸਿੰਘ ਨੂੰ ਮੁੱਖ ਮੁਲਜ਼ਮ ਬਣਾਉਣ ਲਈ ਸੀਬੀਆਈ ਅਧਿਕਾਰੀਆਂ ਵਿਰੁੱਧ ਵਿਭਾਗੀ ਜਾਂਚ ਦੀ ਸਿਫਾਰਸ਼ ਕਰਨ ਦੇ ਸੰਕੇਤ ਵੀ ਦਿੱਤੇ ਹਨ। ਇਹ ਮਾਮਲਾ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਲਿਆਂਦੀ ਗਈ ਦਿੱਲੀ ਆਬਕਾਰੀ ਨੀਤੀ 2021-22 'ਚ ਕਥਿਤ ਭ੍ਰਿਸ਼ਟਾਚਾਰ ਨਾਲ ਜੁੜਿਆ ਹੋਇਆ ਹੈ। ਸੀਬੀਆਈ ਨੇ ਦੋਸ਼ ਲਾਇਆ ਸੀ ਕਿ ਇਹ ਨੀਤੀ ਕੁਝ ਨਿੱਜੀ ਸ਼ਰਾਬ ਕਾਰੋਬਾਰੀਆਂ ਨੂੰ ਫਾਇਦਾ ਪਹੁੰਚਾਉਣ ਲਈ ਬਣਾਈ ਗਈ ਸੀ, ਜਿਸ ਦੇ ਬਦਲੇ ਕਥਿਤ ਤੌਰ 'ਤੇ ਰਿਸ਼ਵਤ ਲਈ ਗਈ ਅਤੇ ਦਿੱਲੀ ਸਰਕਾਰ ਨੂੰ ਵਿੱਤੀ ਨੁਕਸਾਨ ਹੋਇਆ।

## ਵਰਿੰਦਰ ਘੁੰਮਣ ਦੀ ਡਾਕਟਰੀ ਰਿਪੋਰਟ 'ਚ ਖ਼ੁਲਾਸਾ

ਉਨ੍ਹਾਂ ਨਾਲ ਇਨਸਾਫ਼ ਕਰੇਗਾ। ਉਨ੍ਹਾਂ ਨੇ ਪਹਿਲੇ ਦਿਨ ਅੰਮ੍ਰਿਤਸਰ ਦੇ ਫੋਰਟਿਸ ਹਸਪਤਾਲ 'ਤੇ ਜੋ ਦੋਸ਼ ਲਗਾਏ ਸਨ ਉਹ ਸੱਚ ਸਾਬਤ ਹੋਏ ਹਨ। ਹੁਣ, ਇਸ ਰਿਪੋਰਟ ਦੇ ਆਧਾਰ 'ਤੇ, ਉਹ ਜਲਦੀ ਹੀ ਫੋਰਟਿਸ ਅੰਮ੍ਰਿਤਸਰ ਵਿਰੁੱਧ ਕਾਨੂੰਨੀ ਕਾਰਵਾਈ ਕਰਨਗੇ। ਉਨ੍ਹਾਂ ਨੇ ਡਾਕਟਰਾਂ ਦੀ ਟੀਮ ਅਤੇ ਸਰਕਾਰ ਦਾ ਵਰਿੰਦਰ ਘੁੰਮਣ ਦੀ ਮੌਤ ਦੇ ਪਿੱਛੇ ਦੀ ਸੱਚਾਈ ਨੂੰ ਉਜਾਗਰ ਕਰਨ ਲਈ ਡੂੰਘਾ ਧੰਨਵਾਦ ਪ੍ਰਗਟ ਕੀਤਾ।

ਇਹ ਧਿਆਨ ਦੇਣ ਯੋਗ ਹੈ ਕਿ ਪੰਜਾਬ ਦੇ ਮਸ਼ਹੂਰ ਬਾਡੀ ਬਿਲਡਰ ਵਰਿੰਦਰ ਸਿੰਘ ਘੁੰਮਣ ਦੀ ਮੌਤ 9 ਅਕਤੂਬਰ, 2025 ਨੂੰ ਅੰਮ੍ਰਿਤਸਰ ਵਿੱਚ ਸਰਜਰੀ ਦੌਰਾਨ ਹੋਈ ਸੀ। ਪਰਿਵਾਰ ਨੇ ਹਸਪਤਾਲ 'ਤੇ ਲਾਪਰਵਾਹੀ ਦਾ ਦੋਸ਼ ਲਗਾਇਆ ਸੀ ਅਤੇ ਲਾਸ਼ ਦੀ ਹਾਲਤ 'ਤੇ ਸਵਾਲ ਉਠਾਏ ਸਨ। ਪਰਿਵਾਰ ਨੇ ਕਿਹਾ ਸੀ ਕਿ ਵਰਿੰਦਰ ਘੁੰਮਣ ਦਾ ਸਰੀਰ ਸਿਰ ਤੋਂ ਮੋਢੇ ਤੱਕ ਕਾਲਾ ਅਤੇ ਨੀਲਾ ਹੋ ਗਿਆ ਸੀ। ਸਰਕਾਰ ਨੇ ਤੁਰੰਤ ਵਰਿੰਦਰ ਘੁੰਮਣ ਦੀ ਮੌਤ ਦੀ ਜਾਂਚ ਲਈ ਅੰਮ੍ਰਿਤਸਰ ਸਿਵਲ ਹਸਪਤਾਲ ਦੇ ਡਾਕਟਰਾਂ ਅਤੇ ਐਸ.ਐਮ.ਓ. ਦੀ ਸ਼ਮੂਲੀਅਤ ਵਾਲੀ ਇੱਕ ਐਸ.ਆਈ.ਟੀ. (ਵਿਸ਼ੇਸ਼ ਜਾਂਚ ਟੀਮ) ਬਣਾਈ। ਇਹ ਐਸ.ਆਈ.ਟੀ. ਅੰਮ੍ਰਿਤਸਰ ਫੋਰਟਿਸ ਹਸਪਤਾਲ ਦੇ ਡਾਕਟਰਾਂ ਤੋਂ ਪੁੱਛਗਿੱਛ ਕਰ ਰਹੀ ਹੈ। ਡਾਕਟਰੀ ਪਹਿਲੂਆਂ ਦੀ ਜਾਂਚ ਕਰਨ ਤੋਂ ਬਾਅਦ, ਪੈਨਲ ਨੇ ਆਪਣੀ ਰਿਪੋਰਟ ਸਰਕਾਰ ਅਤੇ ਸਿਹਤ ਵਿਭਾਗ ਨੂੰ ਸੌਂਪ ਦਿੱਤੀ ਹੈ। ਪਰਿਵਾਰ ਦਾ ਕਹਿਣਾ ਹੈ ਕਿ ਰਿਪੋਰਟ ਇਸ ਗੱਲ ਦੀ ਪੁਸ਼ਟੀ ਕਰਦੀ ਹੈ ਕਿ ਮੌਤ ਡਾਕਟਰੀ ਲਾਪਰਵਾਹੀ ਕਾਰਨ ਹੋਈ ਸੀ। ਵਰਿੰਦਰ ਘੁੰਮਣ ਆਪਣੀ ਬਾਂਹ ਦਾ ਇਲਾਜ ਕਰਵਾਉਣ ਤੱਕ ਪੂਰੀ ਤਰ੍ਹਾਂ ਤੰਦਰੁਸਤ ਸੀ।

ਰਿਸ਼ਤੇਦਾਰ ਰੱਬੀ ਨੇ ਕਿਹਾ ਕਿ ਉਸਦੇ ਭਰਾ ਦੀ ਮੌਤ ਤੋਂ ਬਾਅਦ, ਬਹੁਤ ਸਾਰੇ ਲੋਕਾਂ ਨੇ ਉਸਦੇ ਸਟੀਰੌਇਡ ਦੀ ਵਰਤੋਂ ਬਾਰੇ ਸਵਾਲ ਉਠਾਏ ਸਨ। ਉਸਨੇ ਦਾਅਵਾ ਕੀਤਾ ਕਿ ਐਸ.ਆਈ.ਟੀ. ਰਿਪੋਰਟ ਨੇ ਉਸ ਦੇ ਵਿਰੋਧੀਆਂ ਨੂੰ ਜਵਾਬ ਦੇ ਦਿੱਤੇ ਹਨ। ਉਹ ਜਲਦੀ ਹੀ ਪੂਰੀ ਰਿਪੋਰਟ ਦਾ ਖ਼ੁਲਾਸਾ ਕਰਨ ਲਈ ਇੱਕ ਪ੍ਰੈਸ ਕਾਨਫਰੰਸ ਕਰਨਗੇ। ਇਹ ਰਿਪੋਰਟ ਵਰਿੰਦਰ ਘੁੰਮਣ ਦੇ ਲੱਖਾਂ ਪ੍ਰਸ਼ੰਸਕਾਂ ਦੀ ਜਿੱਤ ਹੈ। ਪਰ ਇਹ ਬਹੁਤ ਦੁਖਦਾਈ ਹੈ ਕਿ ਅਸੀਂ ਆਪਣੇ ਸਟਾਰ ਅਤੇ ਵੱਡੇ ਭਰਾ ਨੂੰ ਗੁਆ ਦਿੱਤਾ।

## ਭਾਰਤੀ ਸਰਹੱਦ 'ਚ ਮੁੜ ਦਾਖ਼ਲ ਹੋਏ ਪਾਕਿਸਤਾਨੀ ਡਰੋਨ, ਫ਼ੌਜ ਵੱਲੋਂ ਗੋਲ਼ੀਬਾਰੀ

ਇਹ ਡਰੋਨ ਗੋਲੀਬਾਰੀ ਤੋਂ ਬਚ ਨਿਕਲਿਆ ਅਤੇ ਤੁਰੰਤ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਾਲੇ ਪਾਸੇ ਵਾਪਸ ਪਰਤ ਗਿਆ।

ਤਿੰਨ ਦਿਨਾਂ ਅੰਦਰ ਦੂਜੀ ਕੋਸ਼ਿਸ਼

ਹੈਰਾਨੀ ਦੀ ਗੱਲ ਇਹ ਹੈ ਕਿ ਪਿਛਲੇ ਤਿੰਨ ਦਿਨਾਂ 'ਚ ਇਸ ਇਲਾਕੇ 'ਚ ਡਰੋਨ ਦੀ ਹਲਚਲ ਦਾ ਇਹ ਦੂਜਾ ਮਾਮਲਾ ਹੈ। ਇਸ ਤੋਂ ਪਹਿਲਾਂ 27 ਫਰਵਰੀ ਨੂੰ ਵੀ ਇਸੇ ਇਲਾਕੇ 'ਚ ਇੱਕ ਪਾਕਿਸਤਾਨੀ ਡਰੋਨ ਦੇਖਿਆ ਗਿਆ ਸੀ, ਜਿਸ ਨੂੰ ਭਜਾਉਣ ਲਈ ਜਵਾਨਾਂ ਨੇ ਗੋਲੀਬਾਰੀ ਕੀਤੀ ਸੀ।

ਸਰਚ ਆਪ੍ਰੇਸ਼ਨ ਸ਼ੁਰੂ

ਅਧਿਕਾਰੀਆਂ ਨੇ ਦੱਸਿਆ ਕਿ ਇਸ ਗੱਲ ਦਾ ਪਤਾ ਲਗਾਉਣ ਲਈ ਕਿ ਡਰੋਨ ਰਾਹੀਂ ਕੋਈ ਹਥਿਆਰ ਜਾਂ ਨਸ਼ੀਲੇ ਪਦਾਰਥ ਤਾਂ ਨਹੀਂ ਸੁੱਟੇ ਗਏ, ਇਲਾਕੇ ਵਿੱਚ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਚਲਾਈ ਗਈ ਹੈ।

## ਇਜ਼ਰਾਈਲ-ਅਮਰੀਕਾ ਦੇ ਹਮਲੇ 'ਚ ਈਰਾਨ ਦੇ ਸੁਪਰੀਮ ਲੀਡਰ ਖਾਮੇਨੇਈ ਦੀ ਮੌਤ

ਵੱਡਾ ਮੌਕਾ ਦੱਸਿਆ ਹੈ। ਇਸ ਹਮਲੇ ਵਿੱਚ ਈਰਾਨੀ ਰੈਵੋਲਿਊਸ਼ਨਰੀ ਗਾਰਡ

ਦੇ ਕਮਾਂਡਰ ਅਤੇ ਰੱਖਿਆ ਮੰਤਰੀ ਸਮੇਤ ਕਈ ਉੱਚ ਅਧਿਕਾਰੀ ਵੀ ਮਾਰੇ ਗਏ ਹਨ, ਜਿਸ ਕਾਰਨ ਈਰਾਨੀ ਹਕੂਮਤ ਵਿੱਚ ਇੱਕ ਵੱਡਾ ਲੀਡਰਸ਼ਿਪ ਸੰਕਟ ਪੈਦਾ ਹੋ ਗਿਆ ਹੈ।

ਦੂਜੇ ਪਾਸੇ, ਈਰਾਨ ਨੇ ਇਸ 'ਵੱਡੇ ਅਪਰਾਧ' ਦਾ ਬਦਲਾ ਲੈਣ ਦੀ ਸਹੁੰ ਖਾਧੀ ਹੈ ਅਤੇ ਜਵਾਬੀ ਕਾਰਵਾਈ ਕਰਦਿਆਂ ਇਜ਼ਰਾਈਲ ਅਤੇ ਖੇਤਰ ਵਿੱਚ ਸਥਿਤ ਅਮਰੀਕੀ ਫੌਜੀ ਅੱਡਿਆਂ 'ਤੇ ਸੈਂਕੜੇ ਮਿਜ਼ਾਈਲਾਂ ਅਤੇ ਡਰੋਨਾਂ ਨਾਲ ਹਮਲਾ ਕੀਤਾ ਹੈ। ਈਰਾਨ ਨੇ ਖਮੇਨੀ ਦੀ ਮੌਤ ਤੋਂ ਬਾਅਦ 40 ਦਿਨਾਂ ਦਾ ਸਰਕਾਰੀ ਸੋਗ ਅਤੇ ਸੱਤ ਦਿਨਾਂ ਦੀ ਛੁੱਟੀ ਦਾ ਐਲਾਨ ਕੀਤਾ ਹੈ। ਈਰਾਨੀ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਨੇ ਕਿਹਾ, 'ਅਸੀਂ ਇੱਕ ਮਹਾਨ ਨੇਤਾ ਗੁਆ ਦਿੱਤਾ ਹੈ, ਅਤੇ ਪੂਰਾ ਦੇਸ਼ ਸੋਗ ਮਨਾ ਰਿਹਾ ਹੈ।'

ਇਸ ਦੌਰਾਨ, ਈਰਾਨੀ ਫੌਜ ਨੇ ਐਲਾਨ ਕੀਤਾ ਕਿ ਉਹ ਆਪਣਾ ਸਭ ਤੋਂ ਖਤਰਨਾਕ ਆਪ੍ਰੇਸ਼ਨ ਸ਼ੁਰੂ ਕਰ ਰਹੀ ਹੈ। ਹਮਲਾ ਜਲਦੀ ਹੀ ਸ਼ੁਰੂ ਹੋਵੇਗਾ ਅਤੇ ਅਮਰੀਕੀ ਠਿਕਾਣਿਆਂ ਨੂੰ ਨਿਸ਼ਾਨਾ ਬਣਾਏਗਾ।

**ਈਰਾਨ ਵਿੱਚ 200 ਮਾਰੇ ਗਏ, 740 ਜ਼ਖਮੀ**

ਇਜ਼ਰਾਈਲ ਅਤੇ ਅਮਰੀਕਾ ਨੇ ਈਰਾਨ ਦੀ ਰਾਜਧਾਨੀ ਤਹਿਰਾਨ ਸਮੇਤ 10 ਵੱਡੇ ਸ਼ਹਿਰਾਂ ਨੂੰ ਨਿਸ਼ਾਨਾ ਬਣਾਇਆ। ਹਮਲਿਆਂ ਵਿੱਚ ਹੁਣ ਤੱਕ 200 ਤੋਂ ਵੱਧ ਲੋਕ ਮਾਰੇ ਗਏ ਹਨ ਅਤੇ 740 ਤੋਂ ਵੱਧ ਜ਼ਖਮੀ ਹੋ ਗਏ ਹਨ। ਇੱਕ ਮਿਜ਼ਾਈਲ ਇੱਕ ਸਕੂਲ 'ਤੇ ਡਿੱਗੀ, ਜਿਸ ਵਿੱਚ 148 ਵਿਦਿਆਰਥਣਾਂ ਦੀ ਮੌਤ ਹੋ ਗਈ ਅਤੇ 45 ਜ਼ਖਮੀ ਹੋ ਗਈਆਂ। ਈਰਾਨ ਨੇ ਦੂਜੇ ਦੇਸ਼ਾਂ ਵਿਰੁੱਧ ਵੀ ਜਵਾਬੀ ਹਮਲੇ ਕੀਤੇ।

## ਖਾਮੇਨੇਈ ਦੀ ਮੌਤ ਤੋਂ ਬਾਅਦ

## ਆਯਾਤੁੱਲਾ ਅਲੀਰੇਜ਼ਾ ਅਰਾਫੀ ਨੂੰ ਈਰਾਨ ਦਾ ਸੁਪਰੀਮ ਲੀਡਰ ਬਣਾਇਆ

'ਅਸੈਂਬਲੀ ਆਫ ਐਕਸਪਰਟਸ' ਦੇ ਡਿਪਟੀ ਚੇਅਰਮੈਨ ਹਨ। ਉਨ੍ਹਾਂ ਨੂੰ ਖ਼ਾਮੇਨੇਈ ਦਾ ਬਹੁਤ ਭਰੋਸੇਮੰਦ ਅਤੇ ਸਖ਼ਤ ਨੀਤੀਆਂ ਵਾਲਾ ਆਗੂ ਮੰਨਿਆ ਜਾਂਦਾ ਹੈ। ਅੰਤਰਿਮ ਸੁਪਰੀਮ ਲੀਡਰ ਵਜੋਂ ਅਰਾਫੀ ਹੁਣ ਇਰਾਨੀ ਫੌਜ ਦੇ ਕਮਾਂਡਰ-ਇਨ-ਚੀਫ ਵਜੋਂ ਕੰਮ ਕਰਨਗੇ। ਇਜ਼ਰਾਈਲ ਵਿਰੁੱਧ ਜਵਾਬੀ ਹਮਲਿਆਂ ਅਤੇ ਪ੍ਰਮਾਣੂ ਪ੍ਰੋਗਰਾਮ ਨਾਲ ਸਬੰਧਤ ਅੰਤਿਮ ਫੈਸਲੇ ਹੁਣ ਉਨ੍ਹਾਂ ਦੇ ਹੱਥ ਵਿੱਚ ਹੋਣਗੇ। ਅਰਾਫੀ ਦੇ ਨਾਲ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਅਤੇ ਨਿਆਂਪਾਲਿਕਾ ਮੁਖੀ ਮੋਹਸੇਨੀ-ਇਜੇਈ ਮਿਲ ਕੇ ਦੇਸ਼ ਦਾ ਰੋਜ਼ਾਨਾ ਪ੍ਰਸ਼ਾਸਨ ਚਲਾਉਣਗੇ ਜਦੋਂ ਤੱਕ 'ਅਸੈਂਬਲੀ ਆਫ ਐਕਸਪਰਟਸ' ਕਿਸੇ ਸਥਾਈ ਉਤਰਾਧਿਕਾਰੀ ਦੀ ਚੋਣ ਨਹੀਂ ਕਰ ਲੈਂਦੀ। ਅੰਤਰਿਮ ਜ਼ਿੰਮੇਵਾਰੀ ਸੰਭਾਲਣ ਤੋਂ ਤੁਰੰਤ ਬਾਅਦ ਆਯਾਤੁੱਲਾ ਅਰਾਫੀ ਨੇ ਕਿਹਾ,"ਈਰਾਨ ਦੀ ਇਸਲਾਮੀ ਕ੍ਰਾਂਤੀ ਦਾ ਰਾਹ ਨਹੀਂ ਰੁਕੇਗਾ। ਅਸੀਂ ਆਪਣੇ ਸ਼ਹੀਦ ਨੇਤਾ ਦੇ ਬਲਿਦਾਨ ਦਾ ਬਦਲਾ ਲਵਾਂਗੇ ਅਤੇ ਦੁਸ਼ਮਣ ਨੂੰ ਅਜਿਹਾ ਸਬਕ ਸਿਖਾਵਾਂਗੇ ਜੋ ਇਤਿਹਾਸ ਯਾਦ ਰੱਖੇਗਾ।"

## ਖਾਮੇਨੇਈ ਦੀ ਹੱਤਿਆ ਵਿਰੁੱਧ ਕਰਾਚੀ ਵਿੱਚ ਭੀੜ ਵੱਲੋਂ ਅਮਰੀਕੀ ਕੌਂਸਲੇਟ ਦੀ ਭੰਨ੍ਹਤੋੜ

ਪ੍ਰਦਰਸ਼ਨਕਾਰੀ ਐਮਟੀ ਖਾਨ ਰੋਡ 'ਤੇ ਕੌਂਸਲੇਟ ਦੇ ਬਾਹਰ ਇਕੱਠੇ ਹੋਏ ਅਤੇ ਇਮਾਰਤ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰਦੇ ਹੋਏ ਪੱਥਰ ਸੁੱਟੇ। ਰਿਪੋਰਟ ਵਿੱਚ ਅੱਗੇ ਕਿਹਾ ਗਿਆ ਹੈ ਕਿ ਪੁਲਿਸ ਨੇ ਸਥਿਤੀ ਨੂੰ ਕਾਬੂ ਵਿੱਚ ਲਿਆਉਣ ਲਈ ਭਾਰੀ ਗੋਲੀਬਾਰੀ ਕੀਤੀ। ਪੁਲਿਸ ਅਧਿਕਾਰੀਆਂ ਦੇ ਅਨੁਸਾਰ, ਜ਼ਖਮੀਆਂ ਨੂੰ ਇਲਾਜ ਲਈ ਨੇੜਲੇ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ।

## ਚੁੱਪ ਨਾ ਰਹੋ: ਖਾਮੇਨੇਈ ਦੀ ਮੌਤ 'ਤੇ ਭਾਰਤ ਸਥਿਤ ਈਰਾਨੀ ਦੂਤਾਵਾਸ ਦੀ ਕੌਮਾਂਤਰੀ ਭਾਈਚਾਰੇ ਨੂੰ ਅਪੀਲ

ਤੇ ਹਮਲੇ ਦੇ ਸਾਹਮਣੇ ਚੁੱਪ ਨਾ ਰਹਿਣ ਦੀ ਅਪੀਲ ਕਰਦਾ ਹੈਠ"। ਮਿਸ਼ਨ ਨੇ ਕਿਹਾ ਅਮਰੀਕਾ ਅਤੇ ਇਜ਼ਰਾਈਲ ਨੂੰ ਇਸ "ਨਾ-ਮੁਆਫੀਯੋਗ ਅਪਰਾਧ ਦੇ ਗੰਭੀਰ ਨਤੀਜੇ" ਭੁਗਤਣੇ ਪੈਣਗੇ। ਮਿਸ਼ਨ ਨੇ ਅੱਗੇ ਕਿਹਾ, ਇਰਾਨ ਦੀ ਮਾਣਮੱਤੀ ਕੌਮ, ਹਮੇਸ਼ਾ ਦੀ ਤਰ੍ਹਾਂ, ਤਾਕਤ ਅਤੇ ਦ੍ਰਿੜ ਇਰਾਦੇ ਨਾਲ ਆਪਣੇ ਨੇਕ ਮਾਰਗ 'ਤੇ ਚੱਲਦੀ ਰਹੇਗੀ। ਦੇਸ਼ ਦੇ ਚੱਲ ਰਹੇ ਮਾਮਲਿਆਂ ਵਿੱਚ ਕੋਈ ਵਿਘਨ ਪਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਸ਼ਹੀਦਾਂ ਦੀ ਕੁਰਬਾਨੀ ਆਪਣੀ ਆਜ਼ਾਦੀ, ਸਵੈ-ਮਾਣ ਅਤੇ ਉੱਚੇ ਆਦਰਸ਼ਾਂ ਦੀ ਰਾਖੀ ਲਈ ਈਰਾਨੀ ਲੋਕਾਂ ਦੇ ਜਜ਼ਬੇ ਨੂੰ ਹੋਰ ਮਜ਼ਬੂਤ ਕਰੇਗੀ।

## ਭਾਰਤ ਦੇ ਤੇਲ ਭੰਡਾਰ 'ਤੇ ਮੰਡਰਾਇਆ ਸੰਕਟ, ਵੱਧ ਸਕਦੀਆਂ ਨੇ ਕੀਮਤਾਂ

ਅਮਰੀਕੀ ਅਤੇ ਇਜ਼ਰਾਈਲੀ ਫੌਜੀ ਹਮਲਿਆਂ ਅਤੇ ਸੁਪਰੀਮ ਲੀਡਰ ਦੀ ਮੌਤ ਤੋਂ ਬਾਅਦ ਹਾਲਾਤ ਤੇਜ਼ੀ ਨਾਲ ਬਦਲ ਰਹੇ ਹਨ, ਫਿਰ ਵੀ ਉਮੀਦ ਹੈ ਕਿ ਇਹ ਸੰਘਰਸ਼ ਬਹੁਤ ਲੰਬਾ ਨਹੀਂ ਚੱਲੇਗਾ। ਜੇਕਰ ਤਣਾਅ ਵਧਦਾ ਹੈ ਤਾਂ ਨਵੀਂ ਦਿੱਲੀ ਕੋਲ ਬਦਲਵੇਂ ਪ੍ਰਬੰਧ ਤਿਆਰ ਹਨ। ਈਰਾਨ ਨੇ ਅਮਰੀਕੀ ਅਤੇ ਇਜ਼ਰਾਈਲੀ ਮਿਜ਼ਾਈਲ ਹਮਲਿਆਂ ਦੇ ਜਵਾਬ ਵਿੱਚ 'ਸਟ੍ਰੇਟ ਆਫ ਹਾਰਮੁਜ਼' ਨੂੰ ਬੰਦ ਕਰ ਦਿੱਤਾ ਹੈ। ਦੁਨੀਆ ਦਾ ਲੱਗਭੱਗ 20 ਫੀਸਦ ਤੇਲ ਅਤੇ ਗੈਸ ਇਸੇ ਰਸਤੇ ਜਾਂਦਾ ਹੈ। ਭਾਰਤ ਆਪਣਾ 50 ਫੀਸਦ ਕੱਚਾ ਤੇਲ (ਇਰਾਕ, ਸਾਊਦੀ ਅਰਬ, ਯੂ.ਏ.ਈ. ਤੋਂ) ਅਤੇ ਲੱਗਭੱਗ ਸਾਰੀ ਕੁਕਿੰਗ ਗੈਸ ਇਸੇ ਰਸਤਿਓਂ ਮੰਗਵਾਉਂਦਾ ਹੈ। ਜੇਕਰ ਰਸਤਾ ਲੰਬੇ ਸਮੇਂ ਲਈ ਬੰਦ ਹੁੰਦਾ ਹੈ, ਤਾਂ ਭਾਰਤ ਰੂਸ ਤੋਂ ਤੇਲ ਦੀ ਖਰੀਦ ਵਧਾ ਸਕਦਾ ਹੈ। ਹਾਲਾਂਕਿ, ਮੱਧ ਪੂਰਬ ਤੋਂ ਜਹਾਜ਼ 5 ਦਿਨਾਂ ਵਿੱਚ ਭਾਰਤ ਪਹੁੰਚਦਾ ਹੈ, ਜਦਕਿ ਰੂਸ ਤੋਂ ਆਉਣ ਵਿੱਚ ਇੱਕ ਮਹੀਨਾ ਲੱਗਦਾ ਹੈ। ਕੱਚੇ ਤੇਲ ਦੀਆਂ ਕੀਮਤਾਂ 73 ਡਾਲਰ ਪ੍ਰਤੀ ਬੈਰਲ ਦੇ ਕਰੀਬ ਪਹੁੰਚ ਗਈਆਂ ਹਨ ਅਤੇ ਅਗਲੇ ਹਫ਼ਤੇ ਇਹ 80 ਡਾਲਰ ਤੱਕ ਜਾ ਸਕਦੀਆਂ ਹਨ। ਇੱਕ ਅਧਿਕਾਰੀ ਨੇ ਦੱਸਿਆ, ਭਾਰਤੀ ਰਿਫਾਇਨਰੀਆਂ ਕੋਲ ਟੈਂਕਾਂ ਅਤੇ ਰਸਤੇ ਵਿੱਚ ਮਿਲਾ ਕੇ 10 ਤੋਂ 15 ਦਿਨਾਂ ਦਾ ਕੱਚਾ ਤੇਲ ਮੌਜੂਦ ਹੈ। ਇਸ ਤੋਂ ਇਲਾਵਾ, ਬਾਲਣ ਦੇ ਟੈਂਕ ਪੂਰੀ ਤਰ੍ਹਾਂ ਭਰੇ ਹੋਏ ਹਨ ਜੋ ਦੇਸ਼ ਦੀ 7-10 ਦਿਨਾਂ ਦੀ ਲੋੜ ਪੂਰੀ ਕਰ ਸਕਦੇ ਹਨ।ਕੁਕਿੰਗ ਗੈਸ ਦੀ ਸਪਲਾਈ ਬਾਰੇ ਚਿੰਤਾ ਜਤਾਉਂਦੇ ਹੋਏ ਅਧਿਕਾਰੀਆਂ ਨੇ ਕਿਹਾ ਕਿ ਤੇਲ ਦੇ ਉਲਟ, ਗੈਸ ਦੇ ਜ਼ਿਆਦਾਤਰ ਸੌਦੇ ਲੰਬੇ ਸਮੇਂ ਦੇ ਇਕਰਾਰਨਾਮਿਆਂ 'ਤੇ ਆਧਾਰਿਤ ਹੁੰਦੇ ਹਨ, ਇਸ ਲਈ ਲੰਬੇ ਸਮੇਂ ਤੱਕ ਰਸਤਾ ਬੰਦ ਰਹਿਣ 'ਤੇ ਬਦਲ ਲੱਭਣਾ ਮੁਸ਼ਕਲ ਹੋ ਸਕਦਾ ਹੈ। ਫਿਲਹਾਲ ਭਾਰਤ ਕੋਲ ਤੇਲ ਦਾ ਕਾਫੀ ਭੰਡਾਰ ਹੈ ਪਰ ਅਸਲ ਚੁਣੌਤੀ ਤੇਲ ਦੀਆਂ ਵਧਦੀਆਂ ਕੀਮਤਾਂ 'ਤੇ ਮਹਿੰਗਾਈ ਹੋਵੇਗੀ।

## ਸੰਪਾਦਕੀ

# ਪੱਛਮੀ ਏਸ਼ੀਆ ਸੰਕਟ, ਭਾਰਤ ਦੀ ਤੀਹਰੀ ਚੁਣੌਤੀ

ਪੱਛਮੀ ਏਸ਼ੀਆ ਦੀ ਭੂ-ਰਾਜਨੀਤਿਕ ਹਲਚਲ ਇਤਿਹਾਸਕ ਤੌਰ 'ਤੇ ਵਿਸ਼ਵ ਸਿਆਸਤ ਦਾ ਕੇਂਦਰ ਰਹੀ ਹੈ ਪਰ ਮੌਜੂਦਾ ਸਮੇਂ ਵਿੱਚ ਵਧ ਰਿਹਾ ਤਣਾਅ ਸਿਰਫ਼ ਖੇਤਰੀ ਟਕਰਾਅ ਤੱਕ ਸੀਮਤ ਨਹੀਂ ਰਿਹਾ। ਇਹ ਸੰਕਟ ਵਿਸ਼ਵ ਅਰਥਚਾਰੇ, ਊਰਜਾ ਬਾਜ਼ਾਰਾਂ ਅਤੇ ਅੰਤਰਰਾਸ਼ਟਰੀ ਸੁਰੱਖਿਆ ਲਈ ਇੱਕ ਵੱਡੀ ਚੁਣੌਤੀ ਬਣ ਕੇ ਉੱਭਰਿਆ ਹੈ। ਭਾਰਤ ਵਰਗੇ ਉੱਭਰ ਰਹੇ ਵਿਸ਼ਵ-ਸ਼ਕਤੀ ਦੇਸ਼ ਲਈ ਇਹ ਸਥਿਤੀ ਬਹੁਤ ਹੀ ਸੰਵੇਦਨਸ਼ੀਲ ਹੈ ਕਿਉਂਕਿ ਸਾਡੇ ਰਾਸ਼ਟਰੀ ਹਿਤ ਇਸ ਖੇਤਰ ਦੀ ਸਥਿਰਤਾ ਨਾਲ ਡੂੰਘੀ ਤਰ੍ਹਾਂ ਜੁੜੇ ਹੋਏ ਹਨ। ਇਸ ਸੰਦਰਭ ਵਿੱਚ ਭਾਰਤ ਲਈ ਸਭ ਤੋਂ ਵੱਡੀ ਚੁਣੌਤੀ ਸਿਰਫ਼ ਕਿਸੇ ਇੱਕ ਧਿਰ ਦਾ ਪੱਖ ਲੈਣ ਦੀ ਨਹੀਂ ਬਲਕਿ ਆਪਣੇ ਨਾਗਰਿਕਾਂ ਦੀ ਰੱਖਿਆ ਆਰਥਿਕ ਹਿਤਾਂ ਦੀ ਰਾਖੀ ਅਤੇ ਕੂਟਨੀਤਕ ਸੰਤੁਲਨ ਬਣਾਏ ਰੱਖਣ ਦੀ ਹੈ। ਇਹ ਇੱਕ ਅਜਿਹੀ ਤੀਹਰੀ ਕਸੌਟੀ ਹੈ ਜਿਸ 'ਤੇ ਭਾਰਤ ਦੀ ਵਿਦੇਸ਼ ਨੀਤੀ ਦੀ ਪਰਖ ਹੋਣੀ ਲਾਜ਼ਮੀ ਹੈ।

ਸਭ ਤੋਂ ਪਹਿਲਾ ਅਤੇ ਅਹਿਮ ਪੱਖ ਮਾਨਵੀ ਸੁਰੱਖਿਆ ਦਾ ਹੈ। ਪੱਛਮੀ ਏਸ਼ੀਆ ਅਤੇ ਖਾੜੀ ਦੇਸ਼ਾਂ ਵਿੱਚ ਭਾਰਤ ਦੇ ਲੱਖਾਂ ਨਾਗਰਿਕ ਰੁਜ਼ਗਾਰ ਲਈ ਵਸੇ ਹੋਏ ਹਨ ਜੋ ਨਾ ਸਿਰਫ਼ ਆਪਣੇ ਪਰਿਵਾਰਾਂ ਦੀ ਆਰਥਿਕ ਰੀੜ੍ਹ ਹਨ ਸਗੋਂ ਭਾਰਤ ਦੇ ਵਿਦੇਸ਼ੀ ਮੁਦਰਾ ਭੰਡਾਰ ਵਿੱਚ ਵੀ ਵੱਡਾ ਯੋਗਦਾਨ ਪਾਉਂਦੇ ਹਨ। ਕਿਸੇ ਵੀ ਜੰਗੀ ਹਾਲਤ ਵਿੱਚ ਇਨ੍ਹਾਂ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਭਾਰਤ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਬਣ ਜਾਂਦੀ ਹੈ। ਅਜਿਹੇ ਸਮੇਂ ਕੂਟਨੀਤੀ ਸਿਰਫ਼ ਰਸਮੀ ਬਿਆਨਾਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ ਸਗੋਂ ਇਸ ਨੂੰ "ਜ਼ਮੀਨੀ ਸੁਰੱਖਿਆ ਪ੍ਰਬੰਧਾਂ" ਵਿੱਚ ਤਬਦੀਲ ਕਰਨ ਦੀ ਲੋੜ ਹੈ।ਐਮਰਜੈਂਸੀ ਸਹਾਇਤਾ ਪ੍ਰਣਾਲੀ ਨੂੰ ਸਰਗਰਮ ਕਰਨਾ ਸਹੀ ਜਾਣਕਾਰੀ ਦਾ ਪ੍ਰਸਾਰ ਕਰਨਾ ਅਤੇ ਜ਼ਰੂਰਤ ਪੈਣ 'ਤੇ ਸੁਰੱਖਿਅਤ ਵਾਪਸੀ (Evacuation) ਦੀਆਂ ਰਣਨੀਤੀਆਂ ਨੂੰ ਪਹਿਲਾਂ ਹੀ ਤਿਆਰ ਰੱਖਣਾ ਇਸ ਵੇਲੇ ਦੀ ਮੁੱਖ ਮੰਗ ਹੈ।

ਦੂਜੀ ਵੱਡੀ ਚੁਣੌਤੀ ਊਰਜਾ ਸੁਰੱਖਿਆ ਅਤੇ ਆਰਥਿਕ ਸਥਿਰਤਾ ਦੀ ਹੈ। ਭਾਰਤ ਆਪਣੀ ਲੋੜ ਦਾ ਵੱਡਾ ਹਿੱਸਾ ਕੱਚਾ ਤੇਲ ਅਤੇ ਗੈਸ ਇਸੇ ਖੇਤਰ ਤੋਂ ਦਰਾਮਦ ਕਰਦਾ ਹੈ। ਪੱਛਮੀ ਏਸ਼ੀਆ ਵਿੱਚ ਅਸਥਿਰਤਾ ਦਾ ਸਿੱਧਾ ਅਰਥ ਹੈ—ਤੇਲ ਦੀਆਂ ਕੀਮਤਾਂ ਵਿੱਚ ਅਚਾਨਕ ਉਛਾਲ, ਸਪਲਾਈ ਚੇਨ ਵਿੱਚ ਵਿਘਨ ਅਤੇ ਸਮੁੰਦਰੀ ਆਵਾਜਾਈ ਦੇ ਰਸਤਿਆਂ ਦਾ ਖ਼ਤਰੇ ਵਿੱਚ ਆਉਣਾ। ਭਾਰਤ ਵਰਗੀ ਵਿਕਾਸਸ਼ੀਲ ਆਰਥਿਕਤਾ ਲਈ ਇਹ ਸਥਿਤੀ ਮਹਿੰਗਾਈ ਵਿੱਚ ਵਾਧਾ ਅਤੇ ਉਦਯੋਗਿਕ ਲਾਗਤਾਂ 'ਤੇ ਭਾਰੀ ਦਬਾਅ ਪਾ ਸਕਦੀ ਹੈ, ਜਿਸ ਦਾ ਸਿੱਧਾ ਅਸਰ ਆਮ ਜਨਤਾ ਦੀ ਜੇਬ 'ਤੇ ਪੈਂਦਾ ਹੈ। ਇਸ ਲਈ ਲੰਬੇ ਸਮੇਂ ਦੀ ਰਣਨੀਤੀ ਵਜੋਂ ਭਾਰਤ ਨੂੰ ਆਪਣੇ ਊਰਜਾ ਸਰੋਤਾਂ ਵਿੱਚ ਵਿਭਿੰਨਤਾ ਲਿਆਉਣੀ ਪਵੇਗੀ ਅਤੇ ਸਟ੍ਰੈਟਜਿਕ ਪੈਟਰੋਲੀਅਮ ਰਿਜ਼ਰਵ ਨੂੰ ਹੋਰ ਮਜ਼ਬੂਤ ਕਰਨਾ ਹੋਵੇਗਾ ਤਾਂ ਜੋ ਕਿਸੇ ਵੀ ਖੇਤਰੀ ਅਸਥਿਰਤਾ ਦਾ ਅਸਰ ਦੇਸ਼ ਦੀ ਆਰਥਿਕ ਗਤੀ 'ਤੇ ਨਾ ਪਵੇ।

ਤੀਜਾ ਅਤੇ ਸਭ ਤੋਂ ਨਾਜ਼ੁਕ ਪਹਿਲੂ ਵਿਦੇਸ਼ ਨੀਤੀ ਦਾ ਸੁਚੇਤ ਸੰਤੁਲਨ ਹੈ। ਅੱਜ ਦੇ ਗੁੰਝਲਦਾਰ "ਜੀਓ-ਪੋਲਿਟਿਕਸ" ਵਿੱਚ ਕੋਈ ਵੀ ਮਸਲਾ ਸਧਾਰਨ ਨਹੀਂ ਰਿਹਾ। ਭਾਰਤ ਦੇ ਵੱਖ-ਵੱਖ ਦੇਸ਼ਾਂ ਨਾਲ ਮਜ਼ਬੂਤ ਵਪਾਰਕ, ਰੱਖਿਆ ਅਤੇ ਤਕਨੀਕੀ ਸਬੰਧ ਹਨ। ਅਜਿਹੇ ਵਿੱਚ ਭਾਰਤ ਦਾ ਅਸੂਲ-ਅਧਾਰਿਤ ਰੁਖ ਜੋ ਹਿੰਸਾ ਦੇ ਤਿਆਗ, ਅੰਤਰਰਾਸ਼ਟਰੀ ਕਾਨੂੰਨਾਂ ਦੇ ਸਨਮਾਨ ਅਤੇ ਸੰਵਾਦ ਰਾਹੀਂ ਹੱਲ ਲੱਭਣ 'ਤੇ ਜ਼ੋਰ ਦਿੰਦਾ ਹੈ ਉਸ ਨੂੰ ਵਿਸ਼ਵ ਮੰਚ 'ਤੇ ਇੱਕ ਭਰੋਸੇਯੋਗ ਅਤੇ ਜ਼ਿੰਮੇਵਾਰ ਸ਼ਕਤੀ ਵਜੋਂ ਸਥਾਪਿਤ ਕਰਦਾ ਹੈ।ਹਕੀਕਤ ਇਹ ਹੈ ਕਿ ਸਿਰਫ਼ ਅਪੀਲਾਂ ਨਾਲ ਸੰਕਟ ਨਹੀਂ ਰੁਕਦੇ; ਭਾਰਤ ਨੂੰ ਆਪਣੀ ਕੂਟਨੀਤਕ ਤਾਕਤ ਦੀ ਵਰਤੋਂ ਕਰਕੇ ਮੱਧਸਥਤਾ ਦੇ ਮੰਚਾਂ 'ਤੇ ਸਰਗਰਮ ਹੋਣਾ ਪਵੇਗਾ ਅਤੇ ਖੇਤਰੀ ਸਾਥੀਆਂ ਨਾਲ ਲਗਾਤਾਰ ਤਾਲਮੇਲ ਬਣਾ ਕੇ ਰੱਖਣਾ ਹੋਵੇਗਾ। ਅੰਤ ਵਿੱਚ ਪੱਛਮੀ ਏਸ਼ੀਆ ਦਾ ਤਣਾਅ ਭਾਰਤ ਲਈ ਸਿਰਫ਼ ਇੱਕ ਵਿਦੇਸ਼ੀ ਘਟਨਾ ਨਹੀਂ ਸਗੋਂ ਸਾਡੀ ਘਰੇਲੂ ਸਥਿਰਤਾ ਅਤੇ ਭਵਿੱਖੀ ਵਿਕਾਸ ਨਾਲ ਜੁੜਿਆ ਇੱਕ ਗੰਭੀਰ ਸਵਾਲ ਹੈ। ਭਾਰਤ ਦੀ ਕਾਮਯਾਬੀ ਇਸ ਗੱਲ ਵਿੱਚ ਹੋਵੇਗੀ ਕਿ ਉਹ ਭਾਵਨਾਵਾਂ ਦੀ ਬਜਾਏ ਠੋਸ ਰਾਸ਼ਟਰੀ ਹਿਤਾਂ ਅਤੇ ਵਿਸ਼ਵ ਸ਼ਾਂਤੀ ਦੇ ਸਾਂਝੇ ਉਦੇਸ਼ਾਂ ਨੂੰ ਮੁੱਖ ਰੱਖ ਕੇ ਫੈਸਲੇ ਕਰੇ।

-ਜਗਜੀਤ ਸਿੰਘ ਦਰਦੀ

## ਰਮਜ਼ਾਨ ਦੀਆਂ ਦੁਆਵਾਂ ਵਿਚਕਾਰ ਜੰਗ ਦੀ

# ਈਰਾਨ-ਇਜ਼ਰਾਈਲ-ਅਮਰੀਕਾ ਟਕਰਾਅ, ਵਿਸ਼ਵ ਰਾਜਨੀਤੀ ਦਾ ਨਵਾਂ ਧੁਰਾ ਅਤੇ ਮੀਡੀਆ ਦੀ ਬਣਾਈ ਹੋਈ ਸੱਚਾਈ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਮਿਡਲਈਸਟ ਅਰਥਾਤ ਮੱਧ ਪੂਰਬ ਵਿੱਚ ਜੰਗੀ ਜਹਾਜ਼ਾਂ ਦੇ ਸ਼ੋਰ ਵਿੱਚ ਧੂੰਆਂ, ਬਾਰੂਦ ਮਿਜ਼ਾਈਲਾਂ ਦੁਆਰਾ ਮਾਨਵਤਾ ਵਿੱਚ ਮੌਤ ਦਾ ਖੇਲ ਜਾਰੀ ਹੈ। ਦੁਨੀਆ ਦਾ ਇਤਿਹਾਸ ਦੱਸਦਾ ਹੈ ਕਿ ਜੰਗਾਂ ਕਦੇ ਅਚਾਨਕ ਨਹੀਂ ਹੁੰਦੀਆਂ। ਉਹ ਪਹਿਲਾਂ ਨੈਰੇਟਿਵ ਬਣਦੀਆਂ ਹਨ, ਫਿਰ ਨੀਤੀਆਂ ਬਣਦੀਆਂ ਹਨ ਅਤੇ ਆਖ਼ਰਕਾਰ ਮਿਜ਼ਾਈਲਾਂ ਬਣ ਜਾਂਦੀਆਂ ਹਨ। ਅੱਜ ਈਰਾਨ, ਇਜ਼ਰਾਇਲ ਅਤੇ ਅਮਰੀਕਾ ਵਿਚਕਾਰ ਵਧਦਾ ਟਕਰਾਅ ਵੀ ਕਿਸੇ ਇਕ ਦਿਨ ਦੀ ਘਟਨਾ ਨਹੀਂ; ਇਹ ਦਹਾਕਿਆਂ ਤੋਂ ਬਣ ਰਹੀ ਭੂ-ਰਾਜਨੀਤਿਕ ਰਣਨੀਤੀ ਦਾ ਧਮਾਕੇਦਾਰ ਨਤੀਜਾ ਹੈ।

ਅੱਜ ਰਮਜ਼ਾਨ ਦੇ ਪਵਿੱਤਰ ਮਹੀਨੇ ਵਿੱਚ ਜਦੋਂ ਦੁਨੀਆ ਭਰ ਦੇ ਮੁਸਲਮਾਨ ਰੋਜ਼ਾ, ਇਬਾਦਤ ਅਤੇ ਸਬਰ ਦੀ ਤਾਲੀਮ ਲੈ ਰਹੇ ਹਨ, ਉਸੇ ਵੇਲੇ ਮੱਧ ਪੂਰਬ ਦੇ ਆਸਮਾਨ ਵਿੱਚ ਡਰੋਨ ਅਤੇ ਮਿਜ਼ਾਈਲਾਂ ਗੂੰਜ ਰਹੀਆਂ ਹਨ। ਦੂਜੇ ਪਾਸੇ ਦੱਖਣੀ ਏਸ਼ੀਆ ਵਿੱਚ ਹੋਲੀ ਦੀ ਤਿਆਰੀ ਹੈ—ਰੰਗਾਂ ਦਾ ਤਿਉਹਾਰ। ਪਰ ਅਸਲ ਸੱਚ ਇਹ ਹੈ ਕਿ ਮਨੁੱਖਤਾ ਦਾ ਰੰਗ ਅੱਜ ਫਿਰ ਖੂਨ ਨਾਲ ਲਾਲ ਹੋ ਰਿਹਾ ਹੈ।

ਅੱਜ ਇਹ ਸਿਰਫ਼ ਜੰਗ ਨਹੀਂ। ਇਹ ਵਿਸ਼ਵਕ੍ਰਮ ਦੀ ਦੁਬਾਰਾ ਲਿਖੀ ਜਾ ਰਹੀ ਕਹਾਣੀ ਹੈ। ਜੰਗ ਦਾ ਮੂਲ ਕਾਰਨ ਸੁਰੱਖਿਆ ਨਹੀਂ, ਪ੍ਰਭੁਤਵ ਹੈ। ਅਮਰੀਕਾ ਅਤੇ ਇਜ਼ਰਾਇਲ ਵੱਲੋਂ ਈਰਾਨ ਨੂੰ "ਸੁਰੱਖਿਆ ਖਤਰਾ" ਦੱਸਣਾ ਇੱਕ ਰਾਜਨੀਤਿਕ ਵਾਕ ਹੈ। ਅਸਲ ਟਕਰਾਅ ਤਾਕਤ ਦੇ ਸੰਤੁਲਨ ਦਾ ਹੈ।

ਅੱਜ ਇਰਾਨ ਮੱਧ ਪੂਰਬ ਵਿੱਚ ਇੱਕ ਅਜਿਹਾ ਦੇਸ਼ ਹੈ ਜੋ ਪੱਛਮੀ ਸੁਰੱਖਿਆ ਢਾਂਚੇ ਦੇ ਅੰਦਰ ਨਹੀਂ ਆਉਂਦਾ। ਉਹ ਆਪਣੀ ਖੁਦ ਦੀ ਰਣਨੀਤਿਕ ਪਹਿਚਾਣ ਬਣਾਉਣਾ ਚਾਹੁੰਦਾ ਹੈ—ਚਾਹੇ ਉਹ ਨਿਊਕਲੀਅਰ ਪ੍ਰੋਗਰਾਮ ਹੋਵੇ, ਖੇਤਰੀ ਮਿਲੀਸ਼ੀਆ ਨੈੱਟਵਰਕ ਜਾਂ ਤੇਲ ਰਾਜਨੀਤੀ। ਕੀ ਇਹ ਇਜ਼ਰਾਇਲ ਲਈ ਈਰਾਨ ਦਾ ਉਭਾਰ ਅਸਤਿਤਵਕ ਖਤਰਾ ਹੈ ਤੇ ਅਮਰੀਕਾ ਲਈ ਇਹ ਗਲੋਬਲ ਪ੍ਰਭੁਤਵ ਦੀ ਚੁਣੌਤੀ ਹੈ। ਇਸ ਲਈ ਇਹ ਜੰਗ ਸਰਹੱਦਾਂ ਦੀ ਨਹੀਂ, ਪ੍ਰਭਾਵ ਖੇਤਰਾਂ ਦੀ ਹੈ।

ਅੱਜ ਇਹ ਸੰਯੁਕਤ ਰਾਸ਼ਟਰ ਦੀ ਨਾਕਾਮੀ ਹੈ ਅਤੇ ਅੰਤਰਰਾਸ਼ਟਰੀ ਕਾਨੂੰਨ ਕਿੱਥੇ ਹੈ? ਦੁਨੀਆ ਨੂੰ ਸ਼ਾਂਤੀ ਦੇਣ ਲਈ ਬਣੀ United Nations ਅੱਜ ਫਿਰ ਬੇਬਸ ਦਿਖਾਈ ਦੇ ਰਹੀ ਹੈ।

ਸੰਯੁਕਤ ਰਾਸ਼ਟਰ ਚਾਰਟਰ ਦਾ Article 2(4) ਸਪੱਸ਼ਟ ਕਹਿੰਦਾ ਹੈ ਕਿ ਕਿਸੇ ਵੀ ਦੇਸ਼ ਦੀ ਭੂਮਿਕ ਅਖੰਡਤਾ ਵਿਰੁੱਧ ਤਾਕਤ ਦੀ ਵਰਤੋਂ ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ ਹੈ।

ਪਰ ਸਵਾਲ ਇਹ ਹੈ। ਕੀ ਇਹ ਕਾਨੂੰਨ ਸਿਰਫ਼ ਕਮਜ਼ੋਰ ਦੇਸ਼ਾਂ ਲਈ ਹੈ? ਜਦੋਂ ਵੱਡੀਆਂ ਤਾਕਤਾਂ ਹਮਲੇ ਕਰਦੀਆਂ ਹਨ ਤਾਂ ਉਸਨੂੰ "ਪ੍ਰੀ-ਐਮਪਟਿਵ ਸੈਲਫ ਡਿਫੈਂਸ" ਕਿਹਾ ਜਾਂਦਾ ਹੈ। ਜਦੋਂ ਛੋਟਾ ਦੇਸ਼ ਜਵਾਬ ਦਿੰਦਾ ਹੈ ਤਾਂ ਉਸਨੂੰ "ਅਸਥਿਰਤਾ" ਕਿਹਾ ਜਾਂਦਾ ਹੈ। ਇਹ ਦੋਹਰਾ ਮਾਪਦੰਡ ਹੀ ਅੱਜ ਦੀ ਵਿਸ਼ਵ ਰਾਜਨੀਤੀ ਦਾ ਅਸਲੀ ਸੰਕਟ ਹੈ।

ਅੱਜ ਰਮਜ਼ਾਨ ਵਿੱਚ ਬੰਬਾਰੀ, ਮਨੋਵਿਗਿਆਨਕ ਜੰਗ ਹੈ। ਰਮਜ਼ਾਨ ਦੌਰਾਨ ਜੰਗ ਸਿਰਫ਼ ਸੈਨਿਕ ਕਾਰਵਾਈ ਨਹੀਂ ਰਹਿੰਦੀ; ਇਹ ਧਾਰਮਿਕ ਚੇਤਨਾ 'ਤੇ ਹਮਲਾ ਮੰਨੀ ਜਾਂਦੀ ਹੈ। ਇਸ ਨਾਲ ਮੁਸਲਿਮ ਦੁਨੀਆ ਵਿੱਚ ਤਿੰਨ ਭਾਵਨਾਵਾਂ ਤੇਜ਼ ਹੁੰਦੀਆਂ ਹਨ—ਅੱਜ ਅਪਮਾਨ, ਗੁੱਸਾ ਵਿਰੋਧੀ ਇਕਜੁੱਟਤਾ ਦਾ ਇਤਿਹਾਸ ਦੱਸਦਾ ਹੈ ਕਿ ਜਦੋਂ ਧਾਰਮਿਕ ਪਛਾਣ ਜੰਗ ਨਾਲ ਜੁੜਦੀ ਹੈ ਤਾਂ ਸੰਘਰਸ਼ ਲੰਬੇ ਹੋ ਜਾਂਦੇ ਹਨ। ਅਫਗਾਨਿਸਤਾਨ ਤੋਂ ਇਰਾਕ ਤੱਕ ਇਹੀ ਹੋਇਆ।

ਅੱਜ ਮੀਡੀਆ ਨੂੰ ਜੰਗ ਦਾ ਨਵਾਂ ਜਨਰਲ 21ਵੀਂ ਸਦੀ ਦੀ ਜੰਗ ਵਿੱਚ ਟੈਂਕਾਂ ਤੋਂ ਵੱਧ ਪ੍ਰਭਾਵ ਨਿਊਜ਼ ਸਟੂਡੀਓ ਦਾ ਹੈ। ਪੱਛਮੀ ਮੀਡੀਆ ਇਜ਼ਰਾਇਲ ਨੂੰ ਲੋਕਤੰਤਰ ਦੀ ਰੱਖਿਆ ਕਰਦਾ ਦੇਸ਼ ਦਿਖਾਉਂਦਾ ਹੈ ਮੱਧ ਪੂਰਬੀ ਮੀਡੀਆ ਇਸਨੂੰ ਕਬਜ਼ੇ ਦੀ ਰਾਜਨੀਤੀ ਦੱਸਦਾ ਹੈ। ਸੱਚ ਵਿਚਕਾਰ ਕਿਤੇ ਦੱਬ ਜਾਂਦਾ ਹੈ।

ਅੱਜ ਆਧੁਨਿਕ ਮੀਡੀਆ ਹੁਣ ਜਾਣਕਾਰੀ ਨਹੀਂ ਦਿੰਦਾ—ਉਹ ਧਾਰਨਾ ਬਣਾਉਂਦਾ ਹੈ। Embedded Journalism" ਮਾਡਲ ਨੇ ਪੱਤਰਕਾਰਤਾ ਨੂੰ ਸੁਰੱਖਿਆ ਸੰਸਥਾਵਾਂ ਦਾ ਹਿੱਸਾ ਬਣਾ ਦਿੱਤਾ ਹੈ।

TRP ਦੀ ਭੁੱਖ ਨੇ ਮਨੁੱਖੀ ਮੌਤਾਂ ਨੂੰ ਗ੍ਰਾਫਿਕਸ ਵਿੱਚ ਬਦਲ ਦਿੱਤਾ ਹੈ। ਸੋਸ਼ਲ ਮੀਡੀਆ ਅਤੇ AI ਪ੍ਰਚਾਰ ਅੱਜ ਜੰਗ ਦਾ ਸਭ ਤੋਂ ਖਤਰਨਾਕ ਹਥਿਆਰ ਡਰੋਨ ਨਹੀਂ—ਡਿਜ਼ੀਟਲ ਝੂਠ ਹੈ। AI ਬਣੀਆਂ ਵੀਡੀਓਜ਼, ਪੁਰਾਣੀਆਂ ਕਲਿੱਪਾਂ ਅਤੇ ਐਲਗੋਰਿਦਮਿਕ ਪ੍ਰਚਾਰ ਲੋਕਾਂ ਨੂੰ ਧਾਰਮਿਕ ਕੈਂਪਾਂ ਵਿੱਚ ਵੰਡ ਰਹੇ ਹਨ।

ਅੱਜ ਨਫਰਤ ਦੀ ਗਲੋਬਲਾਈਜ਼ੇਸ਼ਨ,ਤੱਥਾਂ ਦੀ ਮੌਤ ਭਾਵਨਾਤਮਕ ਰਾਜਨੀਤੀ ਇਸਲਾਮੋਫੋਬੀਆ ਦਾ ਉਭਾਰ ਅੱਜ ਹਰ ਮੱਧ ਪੂਰਬੀ ਟਕਰਾਅ ਤੋਂ ਬਾਅਦ ਯੂਰਪ ਅਤੇ ਅਮਰੀਕਾ ਵਿੱਚ ਮੁਸਲਿਮ ਵਿਰੋਧੀ ਰਾਜਨੀਤੀ ਮਜ਼ਬੂਤ ਹੁੰਦੀ ਰਹੀ ਹੈ।

9/11 ਤੋਂ ਬਾਅਦ ਬਣਿਆ ਸੁਰੱਖਿਆ ਨੈਰੇਟਿਵ ਅਜੇ ਵੀ ਜ਼ਿੰਦਾ ਹੈ। ਹੁਣ ਖਤਰਾ ਇਹ ਹੈ ਕਿ ਇਰਾਨ ਸੰਘਰਸ਼ ਨੂੰ ਪੂਰੀ ਇਸਲਾਮਿਕ ਪਹਿਚਾਣ ਨਾਲ ਜੋੜ ਦਿੱਤਾ ਜਾਵੇਗਾ। ਅੱਜ ਇਸ ਨਾਲ—ਇਮੀਗ੍ਰੇਸ਼ਨ ਸਖ਼ਤ ਨਿਗਰਾਨੀ ਵਧੇਗੀ ਸੱਭਿਆਚਾਰਕ ਟਕਰਾਅ ਵਧੇਗਾ। ਜੰਗ ਸਿਰਫ਼ ਬਾਰਡਰ ਨਹੀਂ ਤੋੜਦੀ; ਸਮਾਜ ਵੀ ਤੋੜਦੀ ਹੈ।

ਅੱਜ ਖਾੜੀ ਦੀ ਰਾਜਨੀਤੀ ਵਿੱਚ ਡਰ ਅਤੇ ਸੰਤੁਲਨ ਸਾਊਦੀ ਅਰਬ, ਯੂਏਈ ਅਤੇ ਕਤਰ ਵਰਗੇ ਦੇਸ਼ ਸਭ ਤੋਂ ਮੁਸ਼ਕਲ ਸਥਿਤੀ ਵਿੱਚ ਹਨ। ਉਹਨਾਂ ਦੀ ਸੁਰੱਖਿਆ ਅਮਰੀਕਾ ਨਾਲ ਜੁੜੀ ਹੈ ਪਰ ਭੂਗੋਲ ਇਰਾਨ ਨਾਲ। ਹੁਣ ਜੇ ਜੰਗ ਫੈਲੀ—ਹੁਰਮੁਜ਼ ਜਲਡੰਡੀ ਖਤਰੇ ਵਿੱਚ ਤੇਲ ਸਪਲਾਈ ਰੁਕ ਸਕਦੀ। ਵਿਸ਼ਵ ਮਹਿੰਗਾਈ ਧਮਾਕੇਦਾਰ ਵਧੇਗੀ ਇਹ ਸਿਰਫ਼ ਮੱਧ ਪੂਰਬ ਨਹੀਂ, ਪੂਰੀ ਦੁਨੀਆ ਦੀ ਅਰਥਵਿਵਸਥਾ ਹਿਲਾ ਸਕਦਾ ਹੈ।

ਅੱਜ ਅਮਰੀਕੀ ਰਣਨੀਤੀ ਸਿੱਧੀ ਨਹੀਂ, ਨਿਯੰਤਰਿਤ ਜੰਗ ਅਮਰੀਕਾ ਪੂਰੀ ਜੰਗ ਨਹੀਂ ਚਾਹੁੰਦਾ। ਉਹ "ਕੰਟਰੋਲਡ ਅਸਥਿਰਤਾ" ਚਾਹੁੰਦਾ ਹੈ। ਇਹ ਰਣਨੀਤੀ ਪਹਿਲਾਂ ਵੀ ਦੇਖੀ ਗਈ—ਇਰਾਕ ਸੀਰੀਆ ਲੀਬੀਆ ਲੰਬੀ ਅਸਥਿਰਤਾ ਹਥਿਆਰ ਉਦਯੋਗ ਅਤੇ ਭੂ-ਰਾਜਨੀਤਿਕ ਪ੍ਰਭਾਵ ਦੋਹਾਂ ਲਈ ਲਾਭਕਾਰੀ ਰਹਿੰਦੀ ਹੈ। ਅੱਜ ਵਿਸ਼ਵ ਅਰਥਵਿਵਸਥਾ ਅਤੇ ਤੇਲ ਰਾਜਨੀਤੀ ਜੰਗ ਦਾ ਸਭ ਤੋਂ ਪਹਿਲਾ ਪ੍ਰਭਾਵ ਤੇਲ 'ਤੇ ਪੈਂਦਾ ਹੈ। ਤੇਲ ਮਹਿੰਗਾ ਹੋਣ ਨਾਲ—ਵਿਕਾਸਸ਼ੀਲ ਦੇਸ਼ਾਂ ਦੀ ਅਰਥਵਿਵਸਥਾ ਡਗਮਗਾਉਂਦੀ ਮਹਿੰਗਾਈ ਵਧਦੀ ਸਮਾਜਿਕ ਅਸੰਤੋਸ਼ ਪੈਦਾ ਹੁੰਦਾ ਹੈ। ਜੰਗ ਕਈ ਵਾਰ ਆਰਥਿਕ ਪੁਨਰਗਠਨ ਦਾ ਸਾਧਨ ਵੀ ਬਣਦੀ ਹੈ।

ਅੱਜ ਭਾਰਤ ਲਈ ਚੇਤਾਵਨੀ ਭਾਰਤ ਲਈ ਇਹ ਸੰਘਰਸ਼ ਬਹੁਤ ਸੰਵੇਦਨਸ਼ੀਲ ਹੈ—ਖਾੜੀ ਵਿੱਚ ਭਾਰਤੀ ਮਜ਼ਦੂਰ ਊਰਜਾ ਨਿਰਭਰਤਾ ਰਣਨੀਤਿਕ ਸੰਤੁਲਨ ਅਤੇ ਭਾਰਤ ਨੂੰ ਨਾ ਪੱਛਮ ਛੱਡ ਸਕਦਾ ਹੈ, ਨਾ ਮੱਧ ਪੂਰਬ।ਇਹ 21ਵੀਂ ਸਦੀ ਦੀ ਸਭ ਤੋਂ ਮੁਸ਼ਕਲ ਡਿਪਲੋਮੈਸੀ ਹੈ।

ਅੱਜ ਮੀਡੀਆ ਦੀ ਨੈਤਿਕ ਅਸਫਲਤਾ ਅੱਜ ਦਾ ਮੀਡੀਆ ਜੰਗ ਨੂੰ ਸਮਝਾਉਣ ਦੀ ਬਜਾਏ ਭੜਕਾ ਰਿਹਾ ਹੈ। ਡਿਬੇਟਾਂ ਵਿੱਚ ਸ਼ਾਂਤੀ ਨਹੀਂ, ਚੀਖਾਂ ਹਨ। ਵਿਸ਼ਲੇਸ਼ਣ ਨਹੀਂ, ਪ੍ਰਚਾਰ ਹੈ। ਅੱਜ ਜੇ ਮੀਡੀਆ ਅੱਗ ਬਣੇਗਾ ਤਾਂ ਰਾਜਨੀਤੀ ਉਸਨੂੰ ਬੁਝਾਉਣ ਨਹੀਂ ਦੇਵੇਗੀ।

**ਅੱਜ ਨਵਾਂ ਵਿਸ਼ਵ ਕ੍ਰਮ :** ਬਹੁਧੁਰਵੀ ਦੁਨੀਆ ਇਹ ਟਕਰਾਅ ਇੱਕ ਵੱਡੀ ਤਬਦੀਲੀ ਦਾ ਸੰਕੇਤ ਹੈ—ਦੁਨੀਆ ਹੁਣ ਇਕਧੁਰਵੀ ਨਹੀਂ ਰਹੀ। ਚੀਨ, ਰੂਸ, ਗਲੋਬਲ ਸਾਊਥ ਅਤੇ ਖੇਤਰੀ ਤਾਕਤਾਂ ਨਵਾਂ ਸੰਤੁਲਨ ਬਣਾਉ ਰਹੀਆਂ ਹਨ। ਇਰਾਨ ਸੰਘਰਸ਼ ਇਸ ਬਦਲਾਅ ਨੂੰ ਤੇਜ਼ ਕਰੇਗਾ। ਅੱਜ ਮਨੁੱਖਤਾ ਦਾ ਸੰਕਟ ਸਭ ਤੋਂ ਵੱਡਾ ਸਵਾਲ—ਕੀ ਮਨੁੱਖਤਾ ਤਾਕਤ ਦੀ ਰਾਜਨੀਤੀ ਤੋਂ ਉੱਪਰ ਉਠ ਸਕੇਗੀ?

ਰਮਜ਼ਾਨ ਦੀਆਂ ਦੁਆਵਾਂ ਅਤੇ ਹੋਲੀ ਦੇ ਰੰਗ ਸਾਨੂੰ ਯਾਦ ਦਿਵਾਉਂਦੇ ਹਨ ਕਿ ਧਰਮ ਮਨੁੱਖ ਨੂੰ ਜੋੜਨ ਲਈ ਬਣੇ ਸਨ। ਪਰ ਜਦੋਂ ਰਾਜਨੀਤੀ ਧਰਮ ਨੂੰ ਹਥਿਆਰ ਬਣਾ ਲੈਂਦੀ ਹੈ ਤਾਂ ਤਿਉਹਾਰ ਵੀ ਜੰਗ ਦੇ ਸਾਏ ਹੇਠ ਆ ਜਾਂਦੇ ਹਨ।

ਅੱਜ ਆਉਣ ਵਾਲਾ ਸਮਾਂ ਇਹ ਸੰਘਰਸ਼ ਤਿੰਨ ਸੰਭਾਵਨਾਵਾਂ ਵੱਲ ਲੈ ਜਾ ਸਕਦਾ ਹੈ—ਸੀਮਿਤ ਖੇਤਰੀ ਜੰਗ ਵਿਸ਼ਵ ਆਰਥਿਕ ਸੰਕਟ ਸਭ ਤੋਂ ਵੱਡਾ ਖਤਰਾ—ਗਲਤ ਫੈਸਲਾ।

ਇਤਿਹਾਸ ਦੱਸਦਾ ਹੈ ਕਿ ਵਿਸ਼ਵ ਜੰਗਾਂ ਹਮੇਸ਼ਾ ਛੋਟੇ ਟਕਰਾਅ ਤੋਂ ਸ਼ੁਰੂ ਹੋਈਆਂ। ਅੱਜ ਇਰਾਨ ਵਿੱਚ ਡਿੱਗਦਾ ਹਰ ਬੰਬ ਸਿਰਫ਼ ਇੱਕ ਸ਼ਹਿਰ ਨਹੀਂ ਤਬਾਹ ਕਰ ਰਿਹਾ—ਉਹ ਵਿਸ਼ਵ ਵਿਵਸਥਾ ਨੂੰ ਦੁਬਾਰਾ ਲਿਖ ਰਿਹਾ ਹੈ। ਜੇ ਦੁਨੀਆ ਨੇ ਹੁਣ ਵੀ ਸੰਵਾਦ ਨਹੀਂ ਚੁਣਿਆ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਤਰੱਕੀਸ਼ੀਲ ਸਭਿਆਚਾਰ ਨਹੀਂ, ਜੰਗੀ ਯੁੱਗ ਦੀ ਸ਼ੁਰੂਆਤ ਕਰਨ ਵਾਲੀ ਪੀੜ੍ਹੀ ਵਜੋਂ ਯਾਦ ਕਰਨਗੀਆਂ।

## ਲੋਥਲ ਦਾ ਰਾਸ਼ਟਰੀ ਸਮੁੰਦਰੀ ਵਿਰਾਸਤ ਸੰਕੁਲ

# ਇਤਿਹਾਸ ਦੀਆਂ ਲਹਿਰਾਂ ਤੋਂ ਉਭਰਦਾ ਭਾਰਤ ਦਾ ਨਵਾਂ ਸਮੁੰਦਰੀ ਸੁਪਨਾ



ਵਿੰਕਲਜੀਤ ਸਿੰਘ ਸਰਾ
9501477889

**ਇੱਕ ਇਤਿਹਾਸਕ ਸਫ਼ਰ ਅਤੇ ਮੀਡੀਆ ਡੈਲੀਗੇਸ਼ਨ ਦਾ ਅਨੁਭਵ :** ਸਮਾਂ ਅਨੰਤ ਹੈ ਪਰ ਇਤਿਹਾਸ ਦੀਆਂ ਕੁਝ ਕੜੀਆਂ ਅਜਿਹੀਆਂ ਹੁੰਦੀਆਂ ਹਨ ਜੋ ਸਦੀਆਂ ਬਾਅਦ ਵੀ ਮਨੁੱਖੀ ਸਭਿਅਤਾ ਨੂੰ ਪ੍ਰੇਰਿਤ ਕਰਦੀਆਂ ਰਹਿੰਦੀਆਂ ਹਨ। ਗੁਜਰਾਤ ਦੇ ਭਾਲ ਖੇਤਰ ਵਿੱਚ ਸਥਿਤ 'ਲੋਥਲ' ਸਿਰਫ਼ ਇੱਕ ਪੁਰਾਤੱਤਵ ਸਥਾਨ ਨਹੀਂ ਹੈ ਸਗੋਂ ਇਹ ਭਾਰਤ ਦੇ ਉਸ ਗੌਰਵਮਈ ਅਤੀਤ ਦਾ ਪ੍ਰਤੀਕ ਹੈ ਜਦੋਂ ਸਾਡੇ ਪੂਰਵਜਾਂ ਨੇ ਸਮੁੰਦਰ ਦੀਆਂ ਬੇਕਾਬੂ ਲਹਿਰਾਂ ਨੂੰ ਵਪਾਰ ਅਤੇ ਤਰੱਕੀ ਦਾ ਰਸਤਾ ਬਣਾਇਆ ਸੀ। ਪ੍ਰੈਸ ਇਨਫਾਰਮੇਸ਼ਨ ਬਿਊਰੋ (PIB) ਜਲੰਧਰ ਵੱਲੋਂ ਪੰਜਾਬ ਅਤੇ ਚੰਡੀਗੜ੍ਹ ਦੇ ਮੀਡੀਆ ਡੈਲੀਗੇਸ਼ਨ ਲਈ ਆਯੋਜਿਤ ਕੀਤੇ ਗਏ ਵਿਸ਼ੇਸ਼ ਦੌਰੇ ਦੌਰਾਨ ਮੈਨੂੰ ਇਸ ਪਵਿੱਤਰ ਅਤੇ ਇਤਿਹਾਸਕ ਧਰਤੀ ਦੇ ਦਰਸ਼ਨ ਕਰਨ ਦਾ ਅਦੁੱਤੀ ਅਨੁਭਵ ਪ੍ਰਾਪਤ ਹੋਇਆ। ਇੱਕ ਪੱਤਰਕਾਰ ਵਜੋਂ ਮੇਰਾ ਮਕਸਦ ਜਾਣਕਾਰੀ ਇਕੱਠੀ ਕਰਨਾ ਸੀ ਪਰ ਉੱਥੇ ਪਹੁੰਚ ਕੇ ਮਹਿਸੂਸ ਹੋਇਆ ਕਿ ਇਹ ਸਿਰਫ਼ ਇੱਕ ਮੀਡੀਆ ਟੂਰ ਨਹੀਂ ਸਗੋਂ ਭਾਰਤ ਦੀ 'ਸਮੁੰਦਰੀ ਆਤਮਾ' ਨਾਲ ਇੱਕ ਅਧਿਆਤਮਿਕ ਮੁਲਾਕਾਤ ਹੈ। ਅਹਿਮਦਾਬਾਦ ਤੋਂ ਜਦੋਂ ਸਾਡਾ ਕਾਫ਼ਲਾ ਲੋਥਲ ਵੱਲ ਵਧਿਆ ਤਾਂ ਰਸਤੇ ਵਿੱਚ ਫੈਲੀ ਕੁਦਰਤੀ ਸੁੰਦਰਤਾ ਅਤੇ ਨਿਰਮਾਣ ਅਧੀਨ ਵਿਸ਼ਾਲ ਢਾਂਚੇ ਇਸ ਗੱਲ ਦੀ ਗਵਾਹੀ ਦੇ ਰਹੇ ਸਨ ਕਿ ਇੱਥੇ ਭਾਰਤ ਦਾ ਇੱਕ ਨਵਾਂ ਅਧਿਆਇ ਲਿਖਿਆ ਜਾ ਰਿਹਾ ਹੈ। ਸੂਰਜ ਦੀ ਰੌਸ਼ਨੀ ਵਿੱਚ ਚਮਕਦੀ ਉਹ ਧਰਤੀ ਜਿੱਥੇ ਕਦੇ ਦੁਨੀਆਂ ਦੇ ਵੱਡੇ ਜਹਾਜ਼ ਆ ਕੇ ਰੁਕਦੇ ਸਨ, ਅੱਜ ਮੁੜ ਆਪਣੇ ਪੁਰਾਣੇ ਰੂਪ ਵਿੱਚ ਪਰਤਣ ਲਈ ਤਿਆਰ ਹੈ।

**ਲੋਥਲ ਦੀ ਪ੍ਰਾਚੀਨ ਮਹਾਨਤਾ ਅਤੇ ਵਿਸ਼ਵ ਦਾ ਪਹਿਲਾ ਡੌਕਯਾਰਡ :** ਲੋਥਲ ਦਾ ਇਤਿਹਾਸ ਸਾਨੂੰ 4500 ਸਾਲ ਪੁਰਾਣੇ ਉਸ ਦੌਰ ਵਿੱਚ ਲੈ ਜਾਂਦਾ ਹੈ ਜਦੋਂ ਸਿੰਧੂ ਘਾਟੀ ਸਭਿਅਤਾ ਆਪਣੇ ਸਿਖਰ 'ਤੇ ਸੀ। ਲੋਥਲ ਦਾ ਅਰਥ ਗੁਜਰਾਤੀ ਵਿੱਚ 'ਮ੍ਰਿਤਕਾਂ ਦਾ ਟੀਲਾ' ਹੈ, ਪਰ ਇਸ ਦੇ ਅਵਸ਼ੇਸ਼ ਸਾਨੂੰ ਇੱਕ ਬਹੁਤ ਹੀ ਜਿਉਂਦੀ-ਜਾਗਦੀ ਅਤੇ ਵਿਕਸਤ ਸਭਿਅਤਾ ਬਾਰੇ ਦੱਸਦੇ ਹਨ। ਇੱਥੋਂ ਦਾ ਸਭ ਤੋਂ ਵੱਡਾ ਆਕਰਸ਼ਣ ਉਹ ਪ੍ਰਾਚੀਨ ਡੌਕਯਾਰਡ (Dockyard) ਹੈ, ਜਿਸ ਨੂੰ ਦੁਨੀਆਂ ਦਾ ਸਭ ਤੋਂ ਪੁਰਾਣੇ ਮਨੁੱਖ ਦੁਆਰਾ ਬਣਾਇਆ ਗਿਆ ਬੰਦਰਗਾਹ ਮੰਨਿਆ ਜਾਂਦਾ ਹੈ। ਉਸ ਸਮੇਂ ਦੇ ਇੰਜੀਨੀਅਰਾਂ ਨੇ ਸਮੁੰਦਰੀ ਜਵਾਰਭਾਟੇ ਦੀ ਗਤੀ ਨੂੰ ਇੰਨੀ ਬਾਰੀਕੀ ਨਾਲ ਸਮਝ ਲਿਆ ਸੀ ਕਿ ਉਨ੍ਹਾਂ ਨੇ ਇੱਟਾਂ ਨਾਲ ਇੱਕ ਅਜਿਹਾ ਜਲਾਸ਼ਯ ਤਿਆਰ ਕੀਤਾ, ਜਿਸ ਵਿੱਚ ਜਹਾਜ਼ ਸੁਰੱਖਿਅਤ ਰੂਪ ਵਿੱਚ ਆ ਕੇ ਖੜ੍ਹ ਸਕਦੇ ਸਨ। ਇਹ ਦੇਖ ਕੇ ਮਨ ਹੈਰਾਨੀ ਨਾਲ ਭਰ ਜਾਂਦਾ ਹੈ ਕਿ ਜਦੋਂ ਦੁਨੀਆ ਦੇ ਬਹੁਤੇ ਹਿੱਸੇ ਅਜੇ ਸਭਿਅਤਾ ਦੇ ਸ਼ੁਰੂਆਤੀ ਪੜਾਅ ਵਿੱਚ ਸਨ, ਉਸ ਵੇਲੇ ਲੋਥਲ ਦੇ ਵਪਾਰੀ ਮੇਸੋਪੋਟਾਮੀਆ ਅਤੇ ਮਿਸਰ ਵਰਗੇ ਦੂਰ-ਦੁਰਾਡੇ ਮੁਲਕਾਂ ਨਾਲ ਸਮੁੰਦਰੀ ਰਸਤਿਆਂ ਰਾਹੀਂ ਮਣਕੇ, ਹਾਥੀ ਦੰਦ ਅਤੇ ਹੋਰ ਕੀਮਤੀ ਵਸਤੂਆਂ ਦਾ ਵਪਾਰ ਕਰ ਰਹੇ ਸਨ। ਇੱਥੋਂ ਦੀ ਨਗਰ ਨਿਯੋਜਨ ਪ੍ਰਣਾਲੀ ਵੀ ਅੱਜ ਦੇ ਆਧੁਨਿਕ ਸ਼ਹਿਰਾਂ ਵਾਂਗ ਵਿਉਂਤਬੱਧ ਸੀ, ਜਿੱਥੇ ਸਿੱਧੀਆਂ ਸੜਕਾਂ ਅਤੇ ਪੱਕੀਆਂ ਨਾਲੀਆਂ ਦਾ ਪ੍ਰਬੰਧ ਸੀ, ਜੋ ਸਾਡੇ ਪੂਰਵਜਾਂ ਦੀ ਉੱਨਤ ਸੋਚ ਦਾ ਪ੍ਰਤੀਕ ਹੈ।

**ਰਾਸ਼ਟਰੀ ਸਮੁੰਦਰੀ ਵਿਰਾਸਤ ਸੰਕੁਲ ਦੀ ਵਿਸ਼ਾਲ ਦ੍ਰਿਸ਼ਟੀ :** ਭਾਰਤ ਸਰਕਾਰ ਦੇ ਬੰਦਰਗਾਹ, ਜਹਾਜ਼ਰਾਨੀ ਅਤੇ ਜਲਮਾਰਗ ਮੰਤਰਾਲੇ ਵੱਲੋਂ ਚਲਾਇਆ ਜਾ ਰਿਹਾ ਰਾਸ਼ਟਰੀ ਸਮੁੰਦਰੀ ਵਿਰਾਸਤ ਸੰਕੁਲ (NMHC) ਪ੍ਰੋਜੈਕਟ 'ਸਾਗਰਮਾਲਾ' ਯੋਜਨਾ ਦਾ ਇੱਕ ਬਹੁਤ ਹੀ ਮਹੱਤਵਾਕਾਂਖਸ਼ੀ ਹਿੱਸਾ ਹੈ। ਲਗਭਗ 400 ਏਕੜ ਵਿੱਚ ਫੈਲਿਆ ਇਹ ਸੰਕੁਲ 4500 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਤਿਆਰ ਕੀਤਾ ਜਾ ਰਿਹਾ ਹੈ ਜਿਸਦਾ ਉਦੇਸ਼ ਭਾਰਤ ਦੀ 5000 ਸਾਲ ਪੁਰਾਣੀ ਸਮੁੰਦਰੀ ਯਾਤਰਾ ਨੂੰ ਇੱਕੋ ਛੱਤ ਹੇਠ ਲਿਆਉਣਾ ਹੈ। ਇਹ ਸਿਰਫ਼ ਇੱਕ ਅਜਾਇਬ ਘਰ ਨਹੀਂ ਹੈ ਸਗੋਂ ਇਹ ਇੱਕ ਵਿਸ਼ਵ-ਪੱਧਰੀ ਸਿੱਖਿਆ ਅਤੇ ਸੈਰ-ਸਪਾਟਾ ਕੇਂਦਰ ਹੋਵੇਗਾ ਜੋ ਦੁਨੀਆ ਭਰ ਦੇ ਲੋਕਾਂ ਨੂੰ ਭਾਰਤ ਦੇ ਸਮੁੰਦਰੀ ਇਤਿਹਾਸ ਤੋਂ ਜਾਣੂੰ ਕਰਵਾਏਗਾ। ਜਦੋਂ ਅਸੀਂ ਇਸ ਪ੍ਰੋਜੈਕਟ ਦੇ ਮਾਸਟਰ ਪਲਾਨ ਨੂੰ ਦੇਖਦੇ ਹਾਂ ਤਾਂ ਇਸ ਵਿੱਚ ਬਣਾਏ ਜਾ ਰਹੇ ਵੱਖ-ਵੱਖ ਹਿੱਸੇ ਜਿਵੇਂ ਕਿ ਰਾਸ਼ਟਰੀ ਸਮੁੰਦਰੀ ਅਜਾਇਬ ਘਰ, ਲਾਈਟਹਾਊਸ ਮਿਊਜ਼ੀਅਮ, ਹੈਰੀਟੇਜ ਥੀਮ ਪਾਰਕ ਅਤੇ ਰਾਜ ਪੈਵੀਲੀਅਨ ਇਸ ਦੀ ਵਿਲੱਖਣਤਾ ਨੂੰ ਦਰਸਾਉਂਦੇ ਹਨ। ਇਹ ਸੰਕੁਲ ਭਵਿੱਖ ਵਿੱਚ ਭਾਰਤ ਦੀ 'ਬਲੂ ਇਕਾਨਮੀ' (Blue Economy) ਲਈ ਇੱਕ ਮੀਲ ਪੱਥਰ ਸਾਬਤ ਹੋਵੇਗਾ ਅਤੇ ਖੇਤਰੀ ਵਿਕਾਸ ਦੇ ਨਾਲ-ਨਾਲ ਦੇਸ਼ ਦੇ ਮਾਣ ਵਿੱਚ ਵੀ ਵਾਧਾ ਕਰੇਗਾ।

**ਅਜਾਇਬ ਘਰ ਦੀਆਂ 14 ਗੈਲਰੀਆਂ ਅਤੇ ਤਕਨਾਲੋਜੀ ਦਾ ਸੁਮੇਲ :** ਇਸ ਵਿਸ਼ਾਲ ਸੰਕੁਲ ਦਾ ਮੁੱਖ ਆਕਰਸ਼ਣ ਰਾਸ਼ਟਰੀ ਸਮੁੰਦਰੀ ਅਜਾਇਬ ਘਰ ਹੋਵੇਗਾ ਜਿਸ ਵਿੱਚ 14 ਵਿਸ਼ੇਸ਼ ਗੈਲਰੀਆਂ ਬਣਾਈਆਂ ਜਾ ਰਹੀਆਂ ਹਨ। ਹਰ ਗੈਲਰੀ ਨੂੰ ਇਤਿਹਾਸ ਦੇ ਇੱਕ ਖ਼ਾਸ ਦੌਰ ਅਨੁਸਾਰ ਡਿਜ਼ਾਈਨ ਕੀਤਾ ਗਿਆ ਹੈ ਜੋ ਸੈਲਾਨੀਆਂ ਨੂੰ ਸਿੰਧੂ ਘਾਟੀ ਤੋਂ ਲੈ ਕੇ ਆਧੁਨਿਕ ਭਾਰਤੀ ਜਲ ਸੈਨਾ ਤੱਕ ਦੀ ਯਾਤਰਾ ਕਰਵਾਏਗੀ। ਇਸ ਵਿੱਚ ਹੜੱਪਾ ਦੇ ਸਮੁੰਦਰੀ ਯਾਤਰੀਆਂ ਦੀਆਂ ਕਹਾਣੀਆਂ, ਚੋਲ ਰਾਜਵੰਸ਼ ਦੀ ਸਮੁੰਦਰੀ ਸ਼ਕਤੀ, ਮਰਾਠਾ ਨੇਵੀ ਦੀ ਬਹਾਦਰੀ ਅਤੇ ਆਜ਼ਾਦੀ ਤੋਂ ਬਾਅਦ ਭਾਰਤੀ ਜਹਾਜ਼ਰਾਨੀ ਦੇ ਵਿਕਾਸ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾਵੇਗਾ। ਇਸ ਅਜਾਇਬ ਘਰ ਨੂੰ ਆਧੁਨਿਕ ਤਕਨਾਲੋਜੀ ਜਿਵੇਂ ਕਿ ਆਗਮੈਂਟਡ ਰਿਐਲਿਟੀ (AR), ਵਰਚੁਅਲ ਰਿਐਲਿਟੀ (VR) ਅਤੇ 34 ਪ੍ਰੋਜੈਕਸ਼ਨ ਮੈਪਿੰਗ ਨਾਲ ਲੈਸ ਕੀਤਾ ਜਾ ਰਿਹਾ ਹੈ ਤਾਂ ਜੋ ਸੈਲਾਨੀ ਸਿਰਫ਼ ਇਤਿਹਾਸ ਨੂੰ ਦੇਖਣ ਹੀ ਨਾ ਸਗੋਂ ਉਸ ਨੂੰ ਮਹਿਸੂਸ ਵੀ ਕਰ ਸਕਣ। ਬੱਚਿਆਂ ਲਈ ਖ਼ਾਸ ਤੌਰ 'ਤੇ ਡਿਜ਼ੀਟਲ ਜਹਾਜ਼ ਚਲਾਉਣ ਦੇ ਸਿਮੂਲੇਟਰ ਲਗਾਏ ਜਾ ਰਹੇ ਹਨ ਜੋ ਸਿੱਖਿਆ ਅਤੇ ਮਨੋਰੰਜਨ ਦਾ ਇੱਕ ਬਿਹਤਰੀਨ ਸੰਗਮ ਹੋਵੇਗਾ।

**ਲਾਈਟਹਾਊਸ ਮਿਊਜ਼ੀਅਮ ਅਤੇ ਰਾਜ ਪੈਵੀਲੀਅਨ ਦਾ ਆਕਰਸ਼ਣ :** ਇਸ ਸੰਕੁਲ ਦੀ ਸਭ ਤੋਂ ਉੱਚੀ ਪਹਿਚਾਣ 75 ਮੀਟਰ ਉੱਚਾ ਆਈਕਾਨਿਕ ਲਾਈਟਹਾਊਸ ਮਿਊਜ਼ੀਅਮ ਹੋਵੇਗਾ ਜੋ ਕਿ ਦੁਨੀਆ ਦੇ ਸਭ ਤੋਂ ਉੱਚੇ ਲਾਈਟਹਾਊਸ ਅਜਾਇਬ ਘਰਾਂ ਵਿੱਚੋਂ ਇੱਕ ਹੋਵੇਗਾ। ਇਹ ਟਾਵਰ ਭਾਰਤ ਦੇ ਸਮੁੰਦਰੀ ਕਿਨਾਰਿਆਂ 'ਤੇ ਲੱਗੇ ਲਾਈਟਹਾਊਸਾਂ ਦੇ ਇਤਿਹਾਸ ਅਤੇ ਸਮੁੰਦਰੀ ਸੁਰੱਖਿਆ ਪ੍ਰਣਾਲੀ ਨੂੰ ਬਹੁਤ ਸੁੰਦਰਤਾ ਨਾਲ ਦਰਸਾਏਗਾ। ਇਸ ਦੇ ਉੱਪਰਲੇ ਹਿੱਸੇ ਤੋਂ ਜਦੋਂ ਸੈਲਾਨੀ ਪੂਰੇ ਲੋਥਲ ਅਤੇ ਸੰਕੁਲ ਦਾ ਨਜ਼ਾਰਾ ਦੇਖਣਗੇ ਤਾਂ ਉਹ ਦ੍ਰਿਸ਼ ਉਨ੍ਹਾਂ ਦੀਆਂ ਯਾਦਾਂ ਵਿੱਚ ਹਮੇਸ਼ਾ ਲਈ ਵਸ ਜਾਵੇਗਾ। ਇਸ ਦੇ ਨਾਲ ਹੀ ਭਾਰਤ ਦੇ ਸਾਰੇ ਤੱਟੀ ਰਾਜਾਂ ਦੇ ਪੈਵੀਲੀਅਨ ਬਣਾਏ ਜਾ ਰਹੇ ਹਨ, ਜੋ 'ਏਕ ਭਾਰਤ ਸ੍ਰੇਸ਼ਠ ਭਾਰਤ' ਦੀ ਅਸਲ ਤਸਵੀਰ ਪੇਸ਼ ਕਰਨਗੇ। ਹਰ ਪੈਵੀਲੀਅਨ ਵਿੱਚ ਉਸ ਰਾਜ ਦੀ ਵਿਲੱਖਣ ਸਮੁੰਦਰੀ ਸੰਸਕ੍ਰਿਤੀ, ਕਲਾ, ਪਹਿਰਾਵੇ ਅਤੇ ਖਾਣ-ਪੀਣ ਦੀਆਂ ਵਸਤੂਆਂ ਦਾ ਪ੍ਰਦਰਸ਼ਨ ਹੋਵੇਗਾ। ਇਹ ਸੈਲਾਨੀਆਂ ਲਈ ਇੱਕੋ ਥਾਂ 'ਤੇ ਪੂਰੇ ਭਾਰਤ ਦੇ ਸਮੁੰਦਰੀ ਸੱਭਿਆਚਾਰ ਨੂੰ ਜਾਨਣ ਅਤੇ ਸਮਝਣ ਦਾ ਇੱਕ ਬਹੁਤ ਵੱਡਾ ਮੌਕਾ ਹੋਵੇਗਾ।

**ਥੀਮ ਪਾਰਕ ਅਤੇ ਭਵਿੱਖ ਦੀਆਂ ਸਹੂਲਤਾਂ :** ਸੈਲਾਨੀਆਂ ਦੇ ਅਨੁਭਵ ਨੂੰ ਹੋਰ ਵੀ ਯਾਦਗਾਰ ਬਣਾਉਣ ਲਈ ਇੱਥੇ ਵੱਖ-ਵੱਖ ਤਰ੍ਹਾਂ ਦੇ ਥੀਮ ਪਾਰਕ ਵਿਕਸਤ ਕੀਤੇ ਜਾ ਰਹੇ ਹਨ। ਨੇਵਲ ਥੀਮ ਪਾਰਕ ਵਿੱਚ ਭਾਰਤੀ ਜਲ ਸੈਨਾ ਦੇ ਇਤਿਹਾਸਕ ਜਹਾਜ਼ਾਂ ਅਤੇ ਪਣਡੁੱਬੀਆਂ ਦੇ ਮਾਡਲ ਰੱਖੇ ਜਾਣਗੇ, ਜਿਸ ਨਾਲ ਨਵੀਂ ਪੀੜ੍ਹੀ ਨੂੰ ਸਾਡੀ ਫ਼ੌਜੀ ਤਾਕਤ ਬਾਰੇ ਜਾਣਕਾਰੀ ਮਿਲੇਗੀ। ਕਲਾਈਮੇਟ ਚੇਂਜ ਥੀਮ ਪਾਰਕ ਵਾਤਾਵਰਣ ਦੀਆਂ ਚੁਣੌਤੀਆਂ ਅਤੇ ਸਮੁੰਦਰੀ ਸੁਰੱਖਿਆ ਪ੍ਰਤੀ ਜਾਗਰੂਕਤਾ ਪੈਦਾ ਕਰੇਗਾ। ਇਸ ਤੋਂ ਇਲਾਵਾ ਐਡਵੈਂਚਰ ਅਤੇ ਅਮਿਊਜ਼ਮੈਂਟ ਪਾਰਕ ਪਰਿਵਾਰਾਂ ਲਈ ਮਨੋਰੰਜਨ ਦਾ ਕੇਂਦਰ ਹੋਣਗੇ। ਸੈਲਾਨੀਆਂ ਦੇ ਰਹਿਣ ਲਈ ਇੱਥੇ ਈਕੋ ਰਿਸੋਰਟ ਅਤੇ ਮਿਊਜ਼ਿਓਟਲ (ਮਿਊਜ਼ੀਅਮ ਹੋਟਲ) ਬਣਾਏ ਜਾ ਰਹੇ ਹਨ, ਜਿੱਥੇ ਆਧੁਨਿਕ ਸਹੂਲਤਾਂ ਦੇ ਨਾਲ-ਨਾਲ ਇਤਿਹਾਸਕ ਮਾਹੌਲ ਦਾ ਆਨੰਦ ਲਿਆ ਜਾ ਸਕੇਗਾ। ਇਹ ਸਾਰੀਆਂ ਸਹੂਲਤਾਂ ਮਿਲ ਕੇ ਲੋਥਲ ਨੂੰ ਦੁਨੀਆ ਦੇ ਨਕਸ਼ੇ 'ਤੇ ਇੱਕ ਪ੍ਰਮੁੱਖ ਸੈਰ-ਸਪਾਟਾ ਕੇਂਦਰ ਵਜੋਂ ਸਥਾਪਤ ਕਰਨਗੀਆਂ।

**ਆਰਥਿਕ ਪ੍ਰਭਾਵ ਅਤੇ ਪੰਜਾਬੀ ਮੀਡੀਆ ਦਾ ਨਜ਼ਰੀਆ :** ਪੰਜਾਬ ਅਤੇ ਚੰਡੀਗੜ੍ਹ ਦੇ ਮੀਡੀਆ ਡੈਲੀਗੇਸ਼ਨ ਦੀ ਇਸ ਯਾਤਰਾ ਨੇ ਸਾਨੂੰ ਇਹ ਅਹਿਸਾਸ ਕਰਵਾਇਆ ਕਿ ਦੇਸ਼ ਦੇ ਵਿਕਾਸ ਵਿੱਚ ਸਾਡੀ ਵਿਰਾਸਤ ਦਾ ਕਿੰਨਾ ਵੱਡਾ ਯੋਗਦਾਨ ਹੈ। ਭਾਵੇਂ ਪੰਜਾਬ ਸਮੁੰਦਰ ਤੋਂ ਦੂਰ ਹੈ ਪਰ ਸਿੰਧੂ ਘਾਟੀ ਸਭਿਅਤਾ ਨਾਲ ਸਾਡੀ ਸਾਂਝ ਬਹੁਤ ਪੁਰਾਣੀ ਹੈ। ਲੋਥਲ ਦਾ ਇਹ ਸੰਕੁਲ ਸਿਰਫ਼ ਗੁਜਰਾਤ ਲਈ ਹੀ ਨਹੀਂ ਸਗੋਂ ਪੂਰੇ ਭਾਰਤ ਲਈ ਆਰਥਿਕ ਤਰੱਕੀ ਦਾ ਰਸਤਾ ਖੋਲ੍ਹੇਗਾ। ਇਸ ਪ੍ਰੋਜੈਕਟ ਨਾਲ ਹਜ਼ਾਰਾਂ ਲੋਕਾਂ ਨੂੰ ਰੁਜ਼ਗਾਰ ਮਿਲੇਗਾ ਅਤੇ ਸਥਾਨਕ ਕਲਾਕਾਰਾਂ ਨੂੰ ਆਪਣੀ ਕਲਾ ਦੁਨੀਆ ਦੇ ਸਾਹਮਣੇ ਪੇਸ਼ ਕਰਨ ਦਾ ਮੌਕਾ ਮਿਲੇਗਾ। ਭਾਰਤ ਦੀ 'ਬਲੂ ਇਕਾਨਮੀ' ਰਣਨੀਤੀ ਵਿੱਚ ਇਹ ਸੰਕੁਲ ਇੱਕ ਰੀੜ੍ਹ ਦੀ ਹੱਡੀ ਵਾਂਗ ਕੰਮ ਕਰੇਗਾ ਜੋ ਸਮੁੰਦਰੀ ਵਪਾਰ, ਸੁਰੱਖਿਆ ਅਤੇ ਸੈਰ-ਸਪਾਟੇ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾਵੇਗਾ। ਸਾਡੇ ਡੈਲੀਗੇਸ਼ਨ ਨੇ ਉੱਥੇ ਕੰਮ ਕਰ ਰਹੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਮਹਿਸੂਸ ਕੀਤਾ ਕਿ ਇਹ ਪ੍ਰੋਜੈਕਟ ਭਾਰਤ ਦੇ ਆਤਮ-ਨਿਰਭਰ ਬਣਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੈ।

**ਇੱਕ ਨਵੀਂ ਸਵੇਰ ਦੀ ਉਮੀਦ :** ਜਦੋਂ ਅਸੀਂ ਆਪਣੀ ਵਾਪਸੀ ਦੀ ਤਿਆਰੀ ਕਰ ਰਹੇ ਸੀ ਤਾਂ ਮਨ ਵਿੱਚ ਇੱਕ ਗਹਿਰਾ ਸੰਤੋਖ ਸੀ ਕਿ ਅਸੀਂ ਭਾਰਤ ਦੇ ਇੱਕ ਅਜਿਹੇ ਇਤਿਹਾਸਕ ਪਲ ਦੇ ਗਵਾਹ ਬਣੇ ਹਾਂ ਜੋ ਆਉਣ ਵਾਲੀਆਂ ਸਦੀਆਂ ਤੱਕ ਯਾਦ ਰੱਖਿਆ ਜਾਵੇਗਾ। ਲੋਥਲ ਦਾ ਰਾਸ਼ਟਰੀ ਸਮੁੰਦਰੀ ਵਿਰਾਸਤ ਸੰਕੁਲ ਸਿਰਫ਼ ਇੱਕ ਉਸਾਰੀ ਪ੍ਰੋਜੈਕਟ ਨਹੀਂ ਸਗੋਂ ਇਹ ਭਾਰਤ ਦੇ ਗੌਰਵਮਈ ਅਤੀਤ ਅਤੇ ਉਜਵਲ ਭਵਿੱਖ ਦਾ ਸੰਗਮ ਹੈ। ਇਹ ਥਾਂ ਦੁਨੀਆਂ ਨੂੰ ਦੱਸੇਗੀ ਕਿ ਭਾਰਤ ਕਦੇ ਸਮੁੰਦਰਾਂ ਦਾ ਰਾਜਾ ਸੀ ਅਤੇ ਅੱਜ ਮੁੜ ਆਪਣੀ ਉਸੇ ਪਹਿਚਾਣ ਨੂੰ ਪ੍ਰਾਪਤ ਕਰਨ ਵੱਲ ਵਧ ਰਿਹਾ ਹੈ। ਮੈਨੂੰ ਇਹ ਮਹਿਸੂਸ ਹੋਇਆ ਕਿ ਅਜਿਹੇ ਪ੍ਰੋਜੈਕਟ ਦੇਸ਼ ਨੂੰ ਇੱਕ ਸੂਤਰ ਵਿੱਚ ਪਰੋਣ ਦਾ ਕੰਮ ਕਰਦੇ ਹਨ। ਇਹ ਸੰਕੁਲ ਆਉਣ ਵਾਲੇ ਸਮੇਂ ਵਿੱਚ ਗਿਆਨ, ਵਿਗਿਆਨ ਅਤੇ ਸੱਭਿਆਚਾਰ ਦਾ ਇੱਕ ਅਜਿਹਾ ਕੇਂਦਰ ਬਣੇਗਾ, ਜਿੱਥੇ ਹਰ ਭਾਰਤੀ ਆਪਣੀ ਵਿਰਾਸਤ 'ਤੇ ਮਾਣ ਮਹਿਸੂਸ ਕਰ ਸਕੇਗਾ। ਇਹ ਇਤਿਹਾਸ ਦੀਆਂ ਲਹਿਰਾਂ ਤੋਂ ਉਭਰਦਾ ਇੱਕ ਅਜਿਹਾ ਨਵਾਂ ਭਾਰਤ ਹੈ ਜੋ ਆਪਣੀਆਂ ਜੜ੍ਹਾਂ ਨਾਲ ਜੁੜਿਆ ਹੋਇਆ ਵੀ ਹੈ ਅਤੇ ਆਕਾਸ਼ ਨੂੰ ਛੂਹਣ ਦਾ ਹੌਸਲਾ ਵੀ ਰੱਖਦਾ ਹੈ।

ਕਮਲਜੀਤ ਸਿੰਘ ਬਨਵੈਤ
98147 34035



# ਰਾਹੁਲ ਨੂੰ ਪੰਜਾਬ ਨਾਲ ਪਿਆਰ, ਪਰ ਰੈਲੀ 'ਚੋਂ ਮਨਫੀ

- ਰਾਹੁਲ ਗਾਂਧੀ ਨੇ ਬਰਨਾਲਾ ਰੈਲੀ ਵਿੱਚ ਦਿੱਤੇ ਭਾਸ਼ਣ ਵੇਲੇ ਅਕਾਲੀ ਦਲ ਦਾ ਨਾਂ ਤੱਕ ਨਹੀਂ ਲਿਆ, ਭਾਜਪਾ ਨੂੰ ਰਗੜੇ ਲਾਏ, ਆਪ ਪ੍ਰਤੀ ਸੁਰ ਨਰਮ ਰਹੀ
- ਆਪਣੇ ਸੰਬੋਧਨ ਵਿੱਚ ਉਹ ਸਾਬਕਾ ਮੰਤਰੀਆਂ ਰਾਣਾ ਗੁਰਜੀਤ ਸਿੰਘ, ਪ੍ਰਗਟ ਸਿੰਘ, ਤ੍ਰਿਪਤਜੀਤ ਸਿੰਘ ਬਾਜਵਾ ਉਥੇ ਰਾਣਾ ਕੇ.ਪੀ. ਸਮੇਤ ਹੋਰ ਪੰਜਾਂ ਦੇ ਨਾਂ ਛੱਡ ਗਏ
- ਜਲਾਲਾਬਾਦ ਦੀ ਰੈਲੀ ਤੋਂ ਬਾਅਦ ਬਰਨਾਲਾ ਵਿੱਚ ਵੀ ਸਾਬਕਾ ਮੰਤਰੀ ਚੰਨੀ ਨੇ ਲੁੱਟ ਲਿਆ ਮੇਲਾ
- ਰਾਹੁਲ ਨੇ ਆਪਣੇ ਭਾਸ਼ਣ ਵਿੱਚ ਪਾਰਟੀ ਦੇ ਲੀਡਰਾਂ ਨੂੰ ਜਨਤਕ ਤੌਰ 'ਤੇ ਤਾੜਿਆ, ਇੱਕ ਤਰ੍ਹਾਂ ਨਾਲ ਵਰਕਰਾਂ ਹੱਥ ਫੜਾਈ ਲੀਡਰਾਂ ਦੀ ਲਗਾਮ

ਕਾਂਗਰਸ ਦੀ ਬਰਨਾਲਾ ਰੈਲੀ ਦਾ ਕੱਪੜਛਾਣ ਕਰਨਾ ਏਨਾ ਸੌਖਾ ਨਹੀਂ ਹੈ। ਰੈਲੀ ਵਿੱਚ ਪਾਰਟੀ ਦੇ ਸੀਨੀਅਰ ਨੇਤਾ ਅਤੇ ਪਾਰਲੀਮੈਂਟ ਅੰਦਰ ਵਿਰੋਧੀ ਧਿਰ ਦੇ ਲੀਡਰ ਰਾਹੁਲ ਗਾਂਧੀ ਦੇ ਭਾਸ਼ਣ ਦੀ ਚੀਰਫਾੜ ਕਰਦਿਆਂ ਵੱਖ ਵੱਖ ਪੱਖਾਂ ਨੂੰ ਕਲਾਵੇ ਵਿੱਚ ਲੈ ਕੇ ਗੱਲ ਕਰਨੀ ਆਸਾਨ ਨਹੀਂ ਹੈ। ਰਾਹੁਲ ਗਾਂਧੀ ਪੰਜਾਬ ਨਾਲ ਪਿਆਰ ਜਤਾਉਂਦੇ ਹਨ ਪਰ ਭਾਸ਼ਣ ਦਾ ਵੱਡਾ ਹਿੱਸਾ ਮੁਲਕ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉੱਤੇ ਕੇਂਦਰਿਤ ਰਿਹਾ। ਉਹ ਮਨਰੇਗਾ ਬਾਰੇ ਵੀ ਜ਼ਿਆਦਾ ਗੱਲ ਨਹੀਂ ਕਰਦੇ। ਅਮਰੀਕਾ ਨਾਲ ਵਪਾਰ ਸਮਝੌਤੇ ਬਾਰੇ ਵੱਧ ਬੋਲਦੇ ਹਨ। ਸ਼ਾਇਦ ਉਹਨਾਂ ਨੂੰ ਪਾਰਲੀਮੈਂਟ ਵਿੱਚ ਵਿਰੋਧੀ ਧਿਰ ਦੇ ਨੇਤਾ ਹੁੰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉੱਤੇ ਨਿਸ਼ਾਨਾ ਸਾਧਣ ਦੀ ਆਦਤ ਹੈ। ਹੁਣ ਜਦੋਂ ਚੋਣਾਂ ਵਿੱਚ ਮਹੀਨੇ ਰਹਿ ਗਏ ਹਨ ਤਾਂ ਉਹਨਾਂ ਨੂੰ ਪੰਜਾਬ ਨਾਲ ਸਬੰਧਤ ਮੁੱਦਿਆਂ ਬਾਰੇ ਜ਼ਿਆਦਾ ਗੱਲ ਕਰਨੀ ਚਾਹੀਦੀ ਸੀ। ਆਲ ਇੰਡੀਆ ਕਾਂਗਰਸ ਦੇ ਪ੍ਰਧਾਨ ਮਾਲਕ ਅਰਜੁਨ ਖੜਗੇ ਆਪਣੇ ਭਾਸ਼ਣ ਵਿੱਚ ਪੰਜਾਬ ਦੀ ਗੱਲ ਵੀ ਕਰਦੇ ਹਨ ਅਤੇ ਕਾਫ਼ੀ ਹੱਦ ਤੱਕ ਵਿਰੋਧੀਆਂ ਨੂੰ ਰਗੜੇ ਵੀ ਲਾਉਂਦੇ ਹਨ।

ਉਹਨਾਂ ਦੇ ਲੈਕਚਰ ਦੇ ਹੋਰ ਪੱਖ ਬਾਰੇ ਵੀ ਗੱਲ ਕਰਨੀ ਬਣਦੀ ਹੈ। ਉਹ ਸਟੇਜ ਤੋਂ ਪੰਜਾਬ ਕਾਂਗਰਸ ਦੇ ਲੀਡਰਾਂ ਨੂੰ ਟੀਮ ਦੇ ਰੂਪ ਵਿੱਚ ਕੰਮ ਕਰਨ ਦੀ ਤਾੜਨਾ ਕਰਦਿਆਂ ਆਪਸ ਵਿੱਚ ਬਿਠਾਉਣ ਦੀ ਧਮਕੀ ਦੇ ਦਿੰਦੇ ਹਨ। ਰਾਹੁਲ ਗਾਂਧੀ ਦੇ ਸਟੇਟਸ ਦੇ ਕਿਸੇ ਵੀ ਲੀਡਰ ਵਾਸਤੇ ਬੰਦ ਕਮਰੇ ਵਿੱਚ ਅਜਿਹੀ ਤਾੜਨਾ ਕਰਨੀ ਬਣਦੀ ਸੀ। ਇਸ ਦਾ ਦੂਜਾ ਪੱਖ ਇਹ ਵੀ ਹੋ ਸਕਦਾ ਹੈ ਕਿ ਉਹ ਪੰਜਾਬ ਦੇ ਲੀਡਰਾਂ ਨੂੰ ਬੰਦ ਕਮਰੇ ਵਿੱਚ ਸਮਝਾ ਸਮਝਾ ਕੇ ਥੱਕ ਗਏ ਹੋਣ ਅਤੇ ਹੁਣ ਪਬਲਿਕ ਦੀ ਹਾਜ਼ਰੀ ਵਿੱਚ ਤਾੜਨ ਦਾ ਰਸਤਾ ਲੱਭਿਆ ਹੋਵੇ। ਜਦੋਂ ਉਹ ਪੰਜਾਬ ਨਾਲ ਪਿਆਰ ਕਰਨ ਦੀ ਗੱਲ ਕਰਦੇ ਹਨ ਤਾਂ ਉਹਨਾਂ ਦੇ ਸ਼ਬਦਾਂ ਵਿੱਚੋਂ ਬੜੀ ਵਾਰੀ ਮੁਲਕ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸ਼ਬਦਾਂ ਦਾ ਝਲਕਾਰਾ ਪੈਂਦਾ ਹੈ। 1984 ਦੇ ਸਿੱਖ ਕਤਲੇਆਮ ਲਈ ਮੁਆਫ਼ੀ ਮੰਗਣ ਤੋਂ ਅੱਗੇ ਜਾ ਕੇ ਉਹ ਹਰਿਮੰਦਰ ਸਾਹਿਬ ਵਿੱਚ ਦੋ ਦਿਨ ਲਈ ਸੇਵਾ ਕਰਕੇ ਪਸ਼ਚਾਤਾਪ ਕਰ ਚੁੱਕੇ ਹਨ। ਉਹਨਾਂ ਦੇ ਭਾਸ਼ਣ ਅੰਦਰਲੀ ਇੱਕ ਹੋਰ ਗੱਲ ਨੋਟ ਕਰਨ ਵਾਲੀ ਸੀ ਕਿ ਉਹਨਾਂ ਨੇ ਭਾਰਤੀ ਜਨਤਾ ਪਾਰਟੀ ਤੋਂ ਬਾਅਦ ਆਮ ਆਦਮੀ ਪਾਰਟੀ ਉੱਤੇ ਹਲਕੇ ਹਮਲੇ ਕੀਤੇ ਪਰ ਸ਼੍ਰੋਮਣੀ ਅਕਾਲੀ ਦਲ ਦਾ ਨਾਂ ਤੱਕ ਨਹੀਂ ਲਿਆ। ਉਹ ਰੈਲੀ ਵਿੱਚ ਲੀਡਰਾਂ ਦੀ ਕਿਸਮਤ ਦੀ ਡੋਰ ਇੱਕ ਤਰ੍ਹਾਂ ਨਾਲ ਪੰਜਾਬ ਦੇ ਲੋਕਾਂ ਦੇ ਹੱਥ ਫੜਾ ਗਏ ਹਨ। ਰਾਹੁਲ ਗਾਂਧੀ ਨੇ ਆਪਣੇ ਭਾਸ਼ਣ ਵਿੱਚ ਸਭ ਤੋਂ ਪਹਿਲਾਂ ਬਣਦੀ ਪ੍ਰੋਟੋਕਾਲ ਮੁਤਾਬਕ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਰਾਜਾ ਅਮਰਿੰਦਰ ਸਿੰਘ ਵੜਿੰਗ, ਉਸ ਤੋਂ ਬਾਅਦ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦਾ ਨਾਂ ਲਿਆ। ਆਪਣੇ ਸੰਬੋਧਨ ਵਿੱਚ ਤੀਜੇ ਨੰਬਰ 'ਤੇ ਚਰਨਜੀਤ ਸਿੰਘ ਚੰਨੀ ਨੂੰ ਰੱਖਦੇ ਹਨ। ਸੰਗਰੂਰ ਤੋਂ ਸਥਾਨਕ ਲੀਡਰ ਵਿਜੇ ਇੰਦਰ ਸਿੰਗਲਾ ਦਾ ਨਾਂ ਚੌਥੇ ਥਾਂ ਲੈਂਦੇ ਹਨ। ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ ਨੂੰ ਕੋਈ ਕੰਮ ਕਰਨ ਸੁਖਵਿੰਦਰ ਸਿੰਘ ਰੰਧਾਵਾ ਕਹਿ ਜਾਂਦੇ ਹਨ ।ਪੰਜਾਬ ਦੇ ਦੋ ਵੱਡੇ ਲੀਡਰਾਂ ਅਤੇ ਸਾਬਕਾ ਮੰਤਰੀਆਂ ਰਾਣਾ ਗੁਰਜੀਤ ਸਿੰਘ ਅਤੇ ਪ੍ਰਗਟ ਸਿੰਘ ਦਾ ਨਾਂ ਲੈਣਾ ਛੱਡ ਦਿੰਦੇ ਹਨ। ਰਾਣਾ ਕੇ ਪੀ ਜਿਹੇ ਲੀਡਰਾਂ ਦਾ ਨਾਂ ਲੈਣ ਤੋਂ ਵੀ ਰਹਿ ਜਾਂਦਾ ਹੈ। ਰਾਹੁਲ ਨੇ ਵੜਿੰਗ ਅਤੇ ਬਾਜਵਾ ਦਾ ਨਾਂ ਪਹਿਲਾਂ ਰੱਖਿਆ ਪਰ ਮੇਲਾ ਸਾਬਕਾ ਮੰਤਰੀ ਚਰਨਜੀਤ ਸਿੰਘ ਚੰਨੀ ਲੁੱਟ ਕੇ ਲੈ ਗਏ। ਉਹਨਾਂ ਦੀ ਆਮਦ ਵੇਲੇ ਤਾਲੀਆਂ ਦੀ ਆਵਾਜ਼ ਭਦੌੜ ਤੱਕ ਗਈ ਹੋਵੇਗੀ ਜਿੱਥੋਂ ਉਹ 2022 ਦੀ ਵਿਧਾਨ ਸਭਾ ਚੋਣ ਹਾਰ ਗਏ ਸਨ। ਕਾਂਗਰਸ ਦੀ ਜਲਾਲਾਬਾਦ ਰੈਲੀ ਵਿੱਚ ਵੀ ਮੇਲਾ ਚਰਨਜੀਤ ਸਿੰਘ ਚੰਨੀ ਦੇ ਨਾਂ ਹੋ ਗਿਆ ਸੀ। ਰਾਹੁਲ ਕਹਿੰਦੇ ਹਨ ਕਿ ਚਿਹਰਾ ਲੋਕਾਂ ਨੇ ਚੁਣਨਾ ਹੈ। ਸਭ ਤੋਂ ਪਹਿਲਾਂ ਭੁਪੇਸ਼ ਬਘੇਲ ਵੀ ਕਹਿ ਚੁੱਕੇ ਹਨ ਕਿ ਪੰਜਾਬ ਲਈ ਮੁੱਖ ਮੰਤਰੀ ਦਾ ਚਿਹਰਾ ਕੋਈ ਨਹੀਂ ਜਦ ਕਿ ਪਾਰਟੀ ਕੋਲ ਰਾਹੁਲ ਗਾਂਧੀ ਅਤੇ ਮਾਲਕ ਅਰਜੁਨ ਖੜਗੇ ਦੋ ਚਿਹਰੇ ਹਨ। ਅੱਧ ਪਚੱਧਾ ਮੱਤ ਹੈ ਕਿ ਉਹ ਪੰਜਾਬ ਦੇ ਲੀਡਰਾਂ ਨੂੰ ਸਟੇਜ ਤੋਂ ਤਾੜਨ ਦੀ ਥਾਂ ਜੇ ਸਭ ਦੇ ਹੱਥ ਖੜੇ ਕਰਾਕੇ ਦਾ ਸਬੂਤ ਦੇ ਜਾਂਦੇ ਤਾਂ ਸ਼ਾਇਦ ਰਣਨੀਤੀ ਜ਼ਿਆਦਾ ਕਾਰਗਰ ਰਹਿੰਦੀ। ਪੰਜਾਬ ਕਾਂਗਰਸ ਦੇ ਪਿਛਲੇ ਕੁਝ ਸਾਲਾਂ ਦੇ ਇਤਿਹਾਸ ਅਤੇ ਕੱਲ ਦੀ ਰੈਲੀ 'ਤੇ ਝਾਤ ਮਾਰੀਏ ਤਾਂ ਕਾਂਗਰਸੀ ਲੀਡਰਾਂ ਨੇ ਕੋਈ ਸਬਕ ਨਹੀਂ ਸਿੱਖਿਆ ਲੱਗਦਾ ਹੈ। ਅਜਿਹੀ ਕੋਈ ਉਮੀਦ ਰੱਖਣੀ ਵੀ ਨਹੀਂ ਬਣਦੀ ਹੈ।

ਆਮ ਆਦਮੀ ਪਾਰਟੀ ਵੱਲੋਂ ਜਦੋਂ ਕਿੱਲੀ ਚਾਹਲਾਂ ਤੋਂ ਇੱਕ ਵੱਡੀ ਰੈਲੀ ਕਰਕੇ ਚੋਣ ਬਿਗਲ ਵਜਾ ਦਿੱਤਾ ਗਿਆ ਹੈ। ਭਾਰਤੀ ਜਨਤਾ ਪਾਰਟੀ ਦੇ ਚਾਣਕਿਆ ਅਤੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ 14 ਮਾਰਚ ਨੂੰ ਪੰਜਾਬ ਦਾ ਗੇੜਾ ਲਾਉਣ ਆ ਰਹੇ ਹਨ ਤਾਂ ਕਾਂਗਰਸ ਦੀ ਰੈਲੀ ਟੱਕਰ ਦਿੰਦੀ ਨਹੀਂ ਦਿਸਦੀ ਹੈ। ਭਾਰਤੀ ਜਨਤਾ ਪਾਰਟੀ ਨੇ 14 ਮਾਰਚ ਦੀ ਰੈਲੀ ਨੂੰ ਕਾਮਯਾਬ ਬਣਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਾ ਰੱਖਿਆ ਹੈ। ਭਾਜਪਾ ਪੰਜਾਬ ਵਿੱਚ ਪੈਰ ਜਮਾਉਣ ਲਈ ਵੀ ਪੱਬਾਂ ਭਾਰ ਹੈ। ਪਤਾ ਲੱਗਾ ਹੈ ਕਿ ਮਾਲਵਾ ਤੋਂ ਬਾਅਦ ਕਾਂਗਰਸ ਦੁਆਬਾ ਵਿੱਚ ਰੈਲੀ ਕਰਨ ਦੀ ਤਿਆਰੀ ਵਿੱਚ ਹੈ ਕਿਉਂਕਿ ਕਾਂਗਰਸ ਨੂੰ ਸੱਤਾ 'ਤੇ ਬਿਠਾਉਣ ਵਿੱਚ ਦੁਆਬੇ ਦਾ ਅਹਿਮ ਯੋਗਦਾਨ ਹੈ। ਉਂਝ ਕਾਂਗਰਸ ਮਾਲਵੇ ਉੱਤੇ ਜ਼ਿਆਦਾ ਫੋਕਸ ਕਰਨਾ ਚਾਹ ਰਹੀ ਹੈ। ਆਪ ਅਤੇ ਭਾਜਪਾ ਦੀਆਂ ਨਜ਼ਰਾਂ ਵੀ ਮਾਲਵਾ ਉੱਤੇ ਹਨ। ਆਸ ਪਾਸ ਤੋਂ ਕੰਨੀ ਪੈ ਰਹੀਆਂ ਕਨਸੋਆਂ ਹਨ ਕਿ 2027 ਦੇ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਨੇ ਤਿਆਰੀ ਸ਼ੁਰੂ ਕਰ ਦਿੱਤੀ ਹੈ। ਪਾਰਟੀ ਇਸ ਵਾਰ ਦਲਿਤ ਵੋਟ ਬੈਂਕ ਦੇ ਸਹਾਰੇ ਚੋਣ ਜਿੱਤਣੀ ਚਾਹੁੰਦੀ ਹੈ। ਹਿੰਦੂ ਵੋਟ ਉੱਤੇ ਵੀ ਇੱਕ ਸਮੇਂ ਤੱਕ ਕਾਂਗਰਸ ਦਾ ਕਬਜ਼ਾ ਰਿਹਾ ਹੈ। ਉਸ ਵੇਲੇ ਪੰਜਾਬ ਵਿੱਚ ਕਾਂਗਰਸ ਤੇ ਅਕਾਲੀ ਉੱਤਰ ਕਾਟੋ ਦੀ ਖੇਡ ਖੇਡਦੇ ਹੁੰਦੇ ਸਨ। ਸਾਡੀ ਜਾਣਕਾਰੀ ਮੁਤਾਬਕ ਕਾਂਗਰਸ ਨੇ ਪਿਛਲੇ 15 ਸਾਲਾਂ ਦੇ ਵਿਧਾਨ ਸਭਾ ਨਤੀਜਿਆਂ ਦਾ ਵਿਸ਼ਲੇਸ਼ਣ ਸ਼ੁਰੂ ਕਰ ਦਿੱਤਾ ਹੈ ਕਿ ਕਿਸ ਖੇਤਰ ਵਿੱਚ ਕਿਸ ਨੇਤਾ ਨੂੰ ਕਿੰਨੇ ਵੋਟ ਮਿਲੇ ਸਨ ਕਿਸ ਸੀਟ ਉੱਤੇ ਹਾਰ ਜਿੱਤ ਵਿੱਚ ਕਿੰਨੇ ਦਾ ਅੰਤਰ ਸੀ। ਇਹ ਵੀ ਦੇਖਿਆ ਜਾ ਰਿਹਾ ਹੈ ਕਿ ਕਿਸ ਵਰਗ ਦਾ ਕਿਸ ਪਾਰਟੀ ਵੱਲ ਝੁਕਾ ਰਿਹਾ। ਹਾਲਾਤਾਂ ਦਾ ਜਾਇਜ਼ਾ ਲੈਣ ਤੋਂ ਬਾਅਦ ਹੀ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ। ਸੂਬੇ ਵਿੱਚ ਦਲਿਤਾਂ ਦੀ ਆਬਾਦੀ 20 ਫ਼ੀਸਦੀ ਹੈ ਅਤੇ ਇਸ ਵਿੱਚੋਂ ਜ਼ਿਆਦਾਤਰ ਦੁਆਬੇ ਦੇ ਵਿੱਚ ਹਨ। ਦੁਆਬੇ ਵਿੱਚ ਧਾਰਮਿਕ ਡੇਰਿਆਂ ਦਾ ਵੀ ਕਾਫੀ ਪ੍ਰਭਾਵ ਹੈ। ਕੰਨੀ ਪੈ ਰਹੀਆਂ ਕਨਸੋਆਂ ਮੁਤਾਬਿਕ ਕਾਂਗਰਸ ਨੇ ਪਿਛਲੇ 15 ਸਾਲਾਂ ਦੇ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਦੀ ਛਾਣਬੀਨ ਕਰਨੀ ਸ਼ੁਰੂ ਕਰ ਦਿੱਤੀ ਹੈ। ਪਿਛਲੀਆਂ ਦੋ ਵਾਰ ਦੀਆਂ ਚੋਣਾਂ ਵਿੱਚ ਕਾਂਗਰਸ ਦੀ ਆਪਸੀ ਪਾਟੋ ਧਾੜ ਨੇ ਵੱਡਾ ਨੁਕਸਾਨ ਕੀਤਾ ਹੈ ਇਸੇ ਕਰਕੇ ਰਾਹੁਲ ਗਾਂਧੀ ਨੇ ਪੰਜਾਬ ਦੇ ਕਾਂਗਰਸੀ ਲੀਡਰਾਂ ਨੂੰ ਕਿਹਾ ਹੈ ਕਿ ਜਾਂ ਤਾਂ ਰਲ ਕੇ ਕੰਮ ਕਰੋ ਨਹੀਂ ਤੁਹਾਨੂੰ ਘਰ ਬਿਠਾ ਦਿੱਤਾ ਜਾਵੇਗਾ। ਉਹ ਕਹਿੰਦੇ ਹਨ ਕਿ ਇਹ ਉਨ੍ਹਾਂ ਦਾ ਅਤੇ ਖੜਗੇ ਦਾ ਸਾਂਝਾ ਸੁਨੇਹਾ ਹੈ। ਉਹਨਾਂ ਨੇ ਵਰਕਰਾਂ ਦੀ ਹਾਜ਼ਰੀ ਵਿੱਚ ਵਰਕਰਾਂ ਦਾ ਸਤਿਕਾਰ ਕਰਨ ਦੀ ਨਸੀਹਤ ਇਹ ਕਹਿੰਦਿਆਂ ਦਿੱਤੀ ਕਿ ਉਹ ਹੀ ਪਾਰਟੀ ਦੀ ਅਸਲੀ ਤਾਕਤ ਹਨ।

ਇੱਕ ਸਮਾਂ ਸੀ ਜਦੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੁੰਦਿਆਂ ਹੀ ਕਾਂਗਰਸ ਲਈ ਮੁੜ ਸੱਤਾ ਹਾਸਲ ਕਰਨ ਦੀ ਹਵਾ ਚੱਲ ਪਈ ਸੀ। ਕਾਂਗਰਸੀਆਂ ਦੀ ਹਉਮੈ ਅਤੇ ਸੁਆਰਥ ਕਰਕੇ ਹਵਾ ਦਾ ਰੁਖ ਮੁੜ ਗਿਆ। ਕਾਂਗਰਸੀਆਂ ਨੂੰ ਹਾਲੇ ਵੀ ਪਛਤਾਵਾ ਨਹੀਂ ਲੱਗਦਾ ਹੈ। ਸੁਖਬੀਰ ਸਿੰਘ ਬਾਦਲ ਸੱਤਾ ਨੂੰ ਹੱਥ ਪਾਉਣ ਲਈ ਤੀਂਗੜ ਰਹੇ ਹਨ। ਭਾਰਤੀ ਜਨਤਾ ਪਾਰਟੀ ਪੰਜਾਬ ਉਤੇ ਰਾਜ ਕਰਨ ਲਈ ਪੂਰਾ ਤਾਣ ਲਾ ਰਹੀ ਹੈ। ਆਮ ਆਦਮੀ ਪਾਰਟੀ ਪੰਜਾਬੀਆਂ ਦੀ ਨਿਰਾਸ਼ਾ ਨੂੰ ਮੁੜ ਉਮੀਦ ਵਿੱਚ ਬਦਲਣ ਲਈ ਤਰਲੋਮੱਛੀ ਹੈ। ਇੱਕ ਕਾਂਗਰਸ ਹੀ ਹੈ ਜਿਹੜੀ ਕਿਸੇ ਕਰਿਸ਼ਮੇ ਦੀ ਉਡੀਕ ਵਿੱਚ ਹੈ। ਪੰਜਾਬੀ ਹਾਲੇ ਤੱਕ ਤਾਂ ਚਾਰੇ ਪਾਸੇ ਤੋਂ ਨਾਖ਼ੁਸ਼ ਦਿਸਦੇ ਹਨ। ਪੰਜਾਬੀਆਂ ਦੀ ਖ਼ਾਸੀਅਤ ਹੈ ਉਹਨਾਂ ਨੇ ਕਦੇ ਉਮੀਦ ਨਹੀਂ ਛੱਡੀ। ਹਿੰਮਤ ਨਹੀਂ ਹਾਰੀ। ਰੱਬ ਭਲੀ ਕਰੇ।

## ਸ਼੍ਰੋਮਣੀ ਅਕਾਲੀ ਦਲ ਦੇ ਵਪਾਰ ਅਤੇ ਉਦਯੋਗ ਵਿੰਗ ਦੇ ਸੀਨੀ. ਵਾਈਸ ਪ੍ਰਧਾਨ ਬਣੇ ਰਜਿੰਦਰ ਸਿੰਘ ਮਰਵਾਹਾ



ਅੰਮਿਤਸਰ, 1 ਮਾਰਚ ( ਬਬਲੂ ਮਹਾਜਨ) : ਰਜਿੰਦਰ ਸਿੰਘ ਮਰਵਾਹਾ, ਨੂੰ ਸ਼੍ਰੋਮਣੀ ਅਕਾਲੀ ਦਲ ਦੇ ਵਪਾਰ ਅਤੇ ਉਦਯਗ ਵਿੰਗ ਦਾ ਸੀਨੀਅਰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ।ਸ਼੍ਰੋਮਣੀ ਅਕਾਲੀ ਦਲ ਦੇ ਵਫ਼ਾਦਾਰ, ਸੁਹਿਰਦ ਅਤੇ ਇਮਾਨਦਾਰੀ ਨਾਲ ਕਾਰਜਸ਼ੀਲ ਵਪਾਰੀ ਆਗੂ ਰਜਿੰਦਰ ਸਿੰਘ ਮਰਵਾਹਾ ਨੂੰ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਪਾਰ ਅਤੇ ਉਦਯਗ ਵਿੰਗ ਦੇ ਪ੍ਰਧਾਨ ਸ਼੍ਰੀ ਐਨ. ਕੇ. ਸ਼ਰਮਾ ਨੇ ਸੀਨੀਅਰ ਵਾਈਸ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਮਹੱਤਵਪੂਰਨ ਨਿਯੁਕਤੀ ਸਬੰਧੀ ਐਲਾਨ ਕਰਦਿਆਂ ਹੋਇਆਂ ਐਨ.ਕੇ. ਸ਼ਰਮਾ ਨੇ ਕਿਹਾ ਕਿ ਰਜਿੰਦਰ ਸਿੰਘ ਮਰਵਾਹਾ ਸ਼੍ਰੋਮਣੀ ਅਕਾਲੀ ਦਲ ਦੇ ਅਣਥੱਕ ਅਤੇ ਮਿਹਨਤੀ ਸ਼ਖ਼ਸੀਅਤ ਹਨ ਜਿਨ੍ਹਾਂ ਦਾ ਮਾਝਾ ਖੇਤਰ ਵਿਸ਼ੇਸ਼ ਕਰਕੇ ਅੰਮ੍ਰਿਤਸਰ ਦੇ ਵਪਾਰੀਆਂ, ਕਾਰੋਬਾਰੀਆਂ ਅਤੇ ਉਦਯੋਗਪਤੀਆਂ ਵਿੱਚ ਪ੍ਰਸੰਸਾਯੋਗ ਵਕਾਰ ਅਤੇ ਰਸੂਖ ਹੈ। ਸ਼੍ਰੋਮਣੀ ਅਕਾਲੀ ਦਲ ਪ੍ਰਤੀ ਉਨ੍ਹਾਂ ਦੀਆਂ ਸੇਵਾਵਾਂ ਦੀ ਕਦਰ ਕਰਦਿਆਂ ਹੋਇਆਂ ਉਨਾਂ ਨੂੰ ਜ਼ਿੰਮੇਵਾਰੀ ਵਾਲੇ ਰੁਤਬੇ ਤੇ ਸੁਸ਼ੋਭਿਤ ਕੀਤਾ ਗਿਆ ਹੈ। ਇਹ ਖ਼ਬਰ ਮਿਲਦਿਆਂ ਹੀ ਗੁਰੂ ਨਗਰੀ ਅੰਮ੍ਰਿਤਸਰ ਦੇ ਵਪਾਰੀਆਂ ਕਾਰੋਬਾਰੀਆਂ ਅਤੇ ਉਦਯੋਗਪਤੀਆਂ ਵਿੱਚ ਖੁਸ਼ੀ ਦਾ ਮਾਹੌਲ ਪੈਦਾ ਹੋ ਗਿਆ ਤੇ ਵਧਾਈਆਂ ਦੇਣ ਵਾਲਿਆਂ ਨੇ ਖੁਸ਼ੀ ਦਿ ਹਾਰਦਿਕ ਇਜ਼ਹਾਰ ਕੀਤਾ। ਚਰਨਜੀਤ ਸਿੰਘ ਪੂਜੀ, ਹਰਪਾਲ ਸਿੰਘ ਆਹਲੂਵਾਲੀਆ, ਸੁਖਵਿੰਦਰ ਸਿੰਘ ਕੋਹਲੀ, ਮਨਦੀਪ ਸਿੰਘ, ਤੇਗ਼ ਬ੍ਰਦਰਜ਼, ਹਰਪ੍ਰੀਤ ਸਿੰਘ ਭਾਟੀਆ, ਤਜਿੰਦਰ ਪਾਲ ਸਿੰਘ ਬੌਬੀ ਬਾਦਸ਼ਾਹ, ਅਮਰਜੀਤ ਸਿੰਘ ਨਾਰੰਗ, ਡਾਕਟਰ ਅਮਰਜੀਤ ਸਿੰਘ ਸਚਦੇਵਾ ਅਤੇ ਹੋਰ ਸ਼ਹਿਰ ਵਾਸੀਆਂ ਨੇ ਸ੍ਰ. ਮਰਵਾਹਾ ਦੀ ਨਿਯੁਕਤੀ ਤੇ ਖੁਸ਼ੀ ਪ੍ਰਗਟਾਈ ਤੇ ਮਰਵਾਹਾ ਜੀ ਨੂੰ ਹਰ ਖੇਤਰ ਵਿੱਚ ਹਰ ਤਰ੍ਹਾਂ ਦੇ ਸਹਿਯੋਗ ਦਾ ਯਕੀਨ ਦਿੱਤਾ।

## ਨਿਆਂਪਾਲਿਕਾ ਦੇ ਫੈਸਲੇ ਨੇ ਸ੍ਰੀ ਕੇਜਰੀਵਾਲ ਦੀ ਕੱਟੜ ਇਮਾਨਦਾਰ ਰਾਜਨੀਤੀ 'ਤੇ ਲਾਈ ਮੋਹਰ: ਧਾਲੀਵਾਲ



ਅਜਨਾਲਾ,1 ਮਾਰਚ (ਸੁਖਦੇਵ ਸਿੰਘ ਖਾਲਸਾ) : ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਮੁਨੀਸ਼ ਸਿਸੋਦੀਆ ਨਾਲ ਮੁਲਾਕਾਤ ਕੀਤੀ ਅਤੇ ਮੁਲਾਕਾਤ ਦੌਰਾਨ ਦਿੱਲੀ ਦੀ ਇੱਕ ਅਦਾਲਤ ਦੇ ਸੀ ਬੀ ਆਈ ਵੱਲੋਂ ਦਰਜ ਬੇਬੁਨਿਆਦ ਮਾਮਲੇ 'ਚ ਆਏ ਬਾਇੱਜ਼ਤ ਬਰੀ ਹੋਣ ਦੇ ਫੈਸਲੇ ਦਾ ਬੁੱਕੇ ਭੇਟ ਕਰਕੇ ਸਵਾਗਤ ਕੀਤਾ ਤੇ ਆਪ ਪੰਜਾਬ ਇਕਾਈ ਵੱਲੋਂ ਵਧਾਈ ਦਿੰਦਿਆਂ ਕਿਹਾ ਕਿ ਅਦਾਲਤ ਵਲੋਂ ਉਨ੍ਹਾਂ ਦੀ ਕੱਟੜ ਇਮਾਨਦਾਰ ਰਾਜਨੀਤੀ 'ਤੇ ਮੋਹਰ ਲਗਾਏ ਜਾਣ ਨਾਲ ਜਿੱਥੇ ਪੰਜਾਬ 'ਚ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਸਵੱਛ ਪ੍ਰਸ਼ਾਸਨ, ਬਹੁ ਵਿਕਾਸ, ਰੁਜ਼ਗਾਰ ਤੇ ਲੋਕ ਸਹੂਲਤਾਂ ਸਕੀਮਾਂ ਸਮੇਤ ਪੰਜਾਬ 'ਚ ਯੁੱਧ ਨਸ਼ਿਆਂ ਵਿਰੁੱਧ ਤੇ ਗੈਂਗਸਟਰਾਂ ਵਿਰੁੱਧ ਅਪ੍ਰੇਸ਼ਨ ਪਰਹਾਰ ਨੂੰ ਪਹਿਲਾਂ ਨਾਲੋਂ ਵੱਧ ਮਜ਼ਬੂਤੀ ਮਿਲੇਗੀ, ਮੁਲਾਕਾਤ ਉਪਰੰਤ ਗੱਲਬਾਤ ਦੌਰਾਨ ਉਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸ. ਧਾਲੀਵਾਲ ਨੇ ਇਹ ਵੀ ਕਿਹਾ ਕਿ ਸ੍ਰੀ ਕੇਜਰੀਵਾਲ ਤੇ ਸਿਸੋਦੀਆ ਨੂੰ ਅਦਾਲਤ ਵੱਲੋਂ ਬਾਇੱਜ਼ਤ ਬਰੀ ਕੀਤੇ ਜਾਣ ਨਾਲ ਆਮ ਆਦਮੀ ਪਾਰਟੀ ਦੀ ਕੱਟੜ ਇਮਾਨਦਾਰ ਰਾਜਨੀਤੀ ਨੂੰ ਇੱਕ ਗਿਣੀ ਮਿੱਥੀ ਸਾਜ਼ਿਸ਼ ਤਹਿਤ ਕੌਮੀ ਪੱਧਰ 'ਤੇ ਸਵਾਲੀਆ ਚਿੰਨ੍ਹ ਲਾਉਂਦਿਆਂ ਬਦਨਾਮ ਕੀਤੇ ਜਾਣ ਦੇ ਪ੍ਰਚਾਰ 'ਚ ਭਾਜਪਾ ਨੂੰ ਬੁਰੀ ਤਰ੍ਹਾਂ ਮੂੰਹ ਦੀ ਖਾਣੀ ਪਈ ਹੈ। ਸ. ਧਾਲੀਵਾਲ ਨੇ ਸ੍ਰੀ ਕੇਜਰੀਵਾਲ ਤੇ ਸ੍ਰੀ ਸਿਸੋਦੀਆ ਨੂੰ ਅਦਾਲਤ ਵੱਲੋਂ ਬਾਇੱਜ਼ਤ ਬਰੀ ਕੀਤੇ ਜਾਣ ਲਈ ਦਿੱਤੇ ਸਨਮਾਨਜਨਕ ਫੈਸਲੇ ਨੂੰ ਅਧਾਰ ਬਣਾ ਕੇ ਕਾਂਗਰਸ,ਭਾਜਪਾ ਤੇ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਵੱਖਰੇ-ਵੱਖਰੇ ਤੌਰ 'ਤੇ ਕੀਤੀ ਜਾ ਰਹੀ ਬੇਲੋੜੀ ਨੁਕਤਾਚੀਨੀ ਨੂੰ ਆੜੇ ਹੱਥੀ ਲਿਆ ਅਤੇ ਕਿਹਾ ਅਸਲ 'ਚ ਅਦਾਲਤ ਦੇ 'ਆਪ' ਦੀ ਸੀਨੀਅਰ ਲੀਡਰਸ਼ਿਪ ਦੇ ਹੱਕ 'ਚ ਇਤਿਹਾਸਿਕ ਫੈਸਲੇ ਨਾਲ ਅਗਲੇ ਸਾਲ 2027 'ਚ ਹੋਣ ਜਾ ਰਹੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਚ ਇਨ੍ਹਾਂ ਵਿਰੋਧੀ ਰਾਜਸੀ ਧਿਰਾਂ ਨੂੰ ਆਪਣੀ ਬੁਰੀ ਤਰ੍ਹਾਂ ਹਾਰ ਨੂੰ ਵੇਖਕੇ ਬੁਖਲਾਹਟ ਖਾਹ ਰਹੀ ਹੈ। ਸ. ਧਾਲੀਵਾਲ ਨੇ ਕੇਜਰੀਵਾਲ ਤੇ ਸਿਸੋਦੀਆ ਦੇ ਹੱਕ 'ਚ ਨਿਆਂ ਦੇ ਆਏ ਇਸ ਫੈਸਲੇ ਨੂੰ 100 ਫ਼ੀਸਦ ਖ਼ਰਾ ਕਰਾਰ ਦਿੱਤਾ ਅਤੇ ਕਿਹਾ ਕਿ ਸੱਚ ਨੂੰ ਪ੍ਰੇਸ਼ਾਨ ਤਾਂ ਕੀਤਾ ਜਾ ਸਕਦਾ ਹੈ ਪਰ ਹਰਾਇਆ ਨਹੀਂ ਜਾ ਸਕਦਾ।

## ਰਵੀ ਮੇਹਰਾ ਦੀ ਅਗਵਾਈ ਹੇਠ ਮਾਨਵ ਕਲਿਆਣ ਸੇਵਕ ਨੇ ਲੰਗਰ ਲਗਾਇਆ



ਅੰਮ੍ਰਿਤਸਰ, 1 ਮਾਰਚ ( ਬਬਲੂ ਮਹਾਜਨ ) :ਮਾਨਵ ਕਲਿਆਣ ਸੇਵਕ ਵੱਲੋਂ ਸਾਹਮਣੇ ਗੁਰਦੁਆਰਾ ਪਿੱਪਲੀ ਸਾਹਿਬ ਰਵੀ ਮੇਹਰਾ ਦੀ ਅਗਵਾਈ ਹੇਠ ਸ਼ਿਵ ਰਾਤਰੀ ਦੇ ਸੰਬੰਧ ਵਿੱਚ ਲੰਗਰ ਲਗਾਇਆ ਗਿਆ ਜਿਸ ਵਿਚ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਐਸੀ ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਅਤੇ ਸਾਹਿਬ ਸਿੰਘ ਵੀ ਪਹੁੰਚੇ ਅਤੇ ਉਨ੍ਹਾਂ ਨੂੰ ਸਭਾ ਵਲੋਂ ਸਨਮਾਨਿਤ ਕੀਤਾ ਗਿਆ ਇਸ ਮੌਕੇ ਡਾਕਟਰ ਇੰਦਰ ਪਾਲ ਨੇ ਇਸ ਮੌਕੇ ਲੋਕਾਂ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਅਮਰ ਸਿੰਘ ਧਰਮਿੰਦਰ ਸੁਨੀਲ ਭਾਨੂੰ ਰਕੇਸ਼ ਮਲੁਕ ਸਿੰਘ ਸੁਰਿੰਦਰ ਸਿੰਘ ਸੰਨੀ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਸਮੀਖਿਆ ਪਟੀਸ਼ਨ ਪਾ ਕੇ ਟੈੱਟ ਦੀ ਪ੍ਰੀਖਿਆ ਮੁਲਤਵੀ ਕਰੇ ਸਰਕਾਰ: ਬਾਜਵਾ



ਦਸੂਹਾ, 1 ਮਾਰਚ (ਰਾਜਿੰਦਰ ਸਿੰਘ ਦਸੂਹਾ ) :ਦੇਸ਼ ਦੀ ਸੁਪਰੀਮ ਕੋਰਟ ਵੱਲੋਂ ਨੌਕਰੀ ਕਰ ਰਹੇ ਅਧਿਆਪਕਾਂ ਲਈ ਅਧਿਆਪਕ ਯੋਗਤਾ ਪ੍ਰੀਖਿਆਵਾਂ ਪਾਸ ਕਰਨ ਸਬੰਧੀ ਜੋ ਫੈਸਲਾ ਦਿੱਤਾ ਗਿਆ ਹੈ ਇਹ ਫੈਸਲਾ ਕਿਸੇ ਵੀ ਪਹਿਲੂ ਤੋਂ ਨਿਆ ਸੰਗਤ ਅਤੇ ਸਹੀ ਨਹੀਂ ਹੈ। ਇਹ ਫੈਸਲਾ ਲਗਭਗ ਪੱਚੀ-ਤੀਹ ਸਾਲ ਤੋਂ ਨੌਕਰੀਆਂ ਕਰ ਰਹੇ ਦੇਸ਼ ਦੇ ਲਗਭਗ 25 ਤੋਂ 30 ਲੱਖ ਅਧਿਆਪਕਾਂ ਨਾਲ ਅਤੇ ਪੰਜਾਬ ਦੇ ਲਗਭਗ ਸਵਾ ਦੋ ਲੱਖ ਅਧਿਆਪਕਾਂ ਨਾਲ ਬੇਇਨਸਾਫੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਐਲੀਮੈਂਟਰੀ ਟੀਚਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਗੁਰਮੁਖ ਸਿੰਘ ਬਾਜਵਾ ਨੇ ਕਿਹਾ ਕਿ ਟੈੱਟ ਦੀ ਪ੍ਰੀਖਿਆ ਸਿੱਖਿਆ ਦਾ ਅਧਿਕਾਰ ਐਕਟ ਲਾਗੂ ਹੋਣ ਤੋਂ ਬਾਅਦ 2011 ਤੋਂ ਲਾਜ਼ਮੀ ਕੀਤੀ ਗਈ ਸੀ ਪਰ ਉਸ ਤੋਂ ਪਹਿਲਾਂ ਨਿਯੁਕਤ ਹੋਏ ਅਧਿਆਪਕ ਆਪਣੇ ਆਪਣੇ ਸਮਿਆਂ ਦੇ ਨਿਰਧਾਰਿਤ ਮਾਪਦੰਡ ਪੂਰੇ ਕਰਕੇ ਭਾਵ ਕਠਿਨ ਦਾਖਲਾ ਪ੍ਰੀਖਿਆਵਾਂ ਪਾਸ ਕਰਕੇ ਅਤੇ ਈਟੀਟੀ, ਬੀਐਡ ਦੀਆਂ ਡਿਗਰੀਆਂ ਹਾਸਿਲ ਕਰਕੇ ਨੌਕਰੀਆਂ ਵਿੱਚ ਆਏ ਹਨ ਪਰ ਅਦਾਲਤ ਵਿੱਚ ਇਸ ਗੱਲ ਨੂੰ ਵਿਚਾਰਿਆ ਨਹੀਂ ਗਿਆ। ਇਹ ਸਪੱਸ਼ਟ ਗੱਲ ਹੈ ਕਿ ਜੋ ਅਧਿਆਪਕ ਦਾਖਲਾ ਪ੍ਰੀਖਿਆਵਾਂ ਪਾਸ ਕਰਕੇ ਉਸ ਸਮੇਂ ਦੇ ਸਾਰੇ ਮਾਪਦੰਡ ਪੂਰੇ ਕਰਕੇ ਨੌਕਰੀਆਂ ਵਿੱਚ ਆਏ ਸਨ ਉਹਨਾਂ ਦੀ ਦੁਬਾਰਾ ਪ੍ਰੀਖਿਆ ਲੈਣ ਦੀ ਕੋਈ ਤੁਕ ਨਹੀਂ ਬਣਦੀ, ਕਿਉਂਕਿ ਟੈੱਟ ਦੀ ਪ੍ਰੀਖਿਆ ਬਿਨਾਂ ਕਿਸੇ ਪ੍ਰਕਿਰਿਆ 'ਚੋਂ ਲੰਘੇ ਈਟੀਟੀ ਜਾਂ ਬੀਐਡ ਦੀਆਂ ਡਿਗਰੀਆਂ ਹਾਸਿਲ ਕਰਕੇ ਉਮੀਦਵਾਰ ਬਣੇ ਬੱਚਿਆਂ ਲਈ ਰੱਖਿਆ ਗਿਆ ਸੀ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਮੀਖਿਆ ਪਟੀਸ਼ਨ ਦੀ ਗੱਲ ਤਾਂ ਕੀਤੀ ਜਾ ਰਹੀ ਹੈ ਪਰ ਅਧਿਆਪਕ ਜਥੇਬੰਦੀਆਂ ਨੂੰ ਵਾਰ ਵਾਰ ਸਮਾਂ ਦੇ ਕੇ ਵੀ ਮੀਟਿੰਗ ਨਹੀਂ ਕੀਤੀ ਜਾ ਰਹੀ ਅਤੇ 15 ਮਾਰਚ ਨੂੰ ਟੈਟ ਦੀ ਪ੍ਰੀਖਿਆ ਦਾ ਵੀ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਕਾਰਨ ਸਰਕਾਰ ਦੀ ਨੀਅਤ ਵਿੱਚ ਖੋਟ ਨਜ਼ਰ ਆ ਰਹੀ ਹੈ ਕਿਉਂਕਿ ਦੇਸ਼ ਦੇ ਕਾਫੀ ਸੂਬਿਆਂ ਵੱਲੋਂ ਅਤੇ ਪ੍ਰਭਾਵਿਤ ਅਧਿਆਪਕਾਂ ਵੱਲੋਂ ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਪਾਈ ਜਾ ਚੁਕੀ ਹੈ ਅਤੇ ਇਸ ਦੇ ਫੈਸਲੇ ਦੀ ਉਡੀਕ ਕਰਨੀ ਬਣਦੀ ਸੀ।

## ਪੰਜਾਬ ਸਰਕਾਰ ਸਿੱਖਿਆ ਦੇ ਖੇਤਰ 'ਚ ਨਵੇਂ ਮਿਆਰ ਕਾਇਮ ਕਰਨ ਲਈ ਵਚਨਬੱਧ : ਵਿਧਾਇਕ ਰੰਧਾਵਾ



ਡੇਰਾ ਬਾਬਾ ਨਾਨਕ/ ਗੁਰਦਾਸਪੁਰ, 1 ਮਾਰਚ (ਹੈਪੀ ਕੋਟਲੀ ) : ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਰਮ ਪੂਜਨੀਏ ਮਹੰਤ ਸ੍ਰੀ ਗੋਪਾਲ ਦਾਸ ਜੀ ਮਹਾਰਾਜ, ਧਿਆਨਪੁਰ ਮੰਦਰ ਜੀ ਦੀ ਮੌਜੂਦਗੀ ਵਿੱਚ ਸ੍ਰੀ ਬਾਵਾ ਲਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਿਆਨਪੁਰ ਵਿੱਚ ਨਵੀਂ ਤਿਆਰ ਹੋਣ ਵਾਲੀ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ, ਤਾਂ ਜੋ ਬੱਚਿਆਂ ਨੂੰ ਪੜ੍ਹਾਈ ਦੌਰਾਨ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ । ਇਸ ਮੌਕੇ ਕਰਵਾਏ ਸਮਾਗਮ ਦੌਰਾਨ ਬੱਚਿਆਂ ਨੂੰ ਇਨਾਮ ਵੀ ਵੰਡੇ ਗਏ ਅਤੇ ਉਨ੍ਹਾਂ ਦਾ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿਵਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੇ ਮੰਤਵ ਨਾਲ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਕੂਲਾਂ ਵਿੱਚ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ, ਜਿਸ ਨਾਲ ਜ਼ਿਲ੍ਹੇ ਦੇ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ ਮਿਲਿਆ ਹੈ।ਇਨ੍ਹਾਂ ਵਿਕਾਸ ਕਾਰਜਾਂ ਵਿੱਚ ਮੁੱਖ ਤੌਰ 'ਤੇ ਸਮਾਰਟ ਕਲਾਸ ਰੂਮਜ਼, ਚਾਰਦਿਵਾਰੀ, ਕਲੱਸਟਰ ਰੂਮ, ਪਖਾਨੇ ਆਦਿ ਦੇ ਕੰਮ ਸ਼ਾਮਲ ਹਨ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਸਿਹਤ ਅਤੇ ਸਿੱਖਿਆ ਪ੍ਰਣਾਲੀ ਨੂੰ ਸੁਰਜੀਤ ਕਰਨ ਲਈ ਠੋਸ ਯਤਨ ਕੀਤੇ ਗਏ ਹਨ। ਉਨ੍ਹਾਂ ਨੇ ਕਿਹਾ, ਹੁਣ ਤੱਕ ਆਪਣੇ ਬੱਚੇ ਨੂੰ ਸਰਕਾਰੀ ਸਕੂਲ ਭੇਜਣਾ ਆਮ ਆਦਮੀ ਦੀ ਮਜਬੂਰੀ ਸੀ ਪਰ ਹੁਣ ਸਿੱਖਿਆ ਪ੍ਰਣਾਲੀ ਨੂੰ ਨਵਾਂ ਰੂਪ ਦੇਣ ਨਾਲ ਹੁਣ ਮਾਪਿਆਂ ਵਿੱਚ ਇੱਛਾ ਪੈਦਾ ਹੋਈ ਹੈ ਕਿ ਉਨ੍ਹਾਂ ਦਾ ਬੱਚਾ ਸਰਕਾਰੀ ਸਕੂਲ ਵਿੱਚੋਂ ਤਾਲੀਮ ਹਾਸਲ ਕਰੇ।ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸੂਬਾ ਭਰ ਵਿੱਚ 'ਸਕੂਲ ਆਫ ਐਮੀਨੈਂਸ' ਸਥਾਪਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਿਦਿਆਰਥੀਆਂ ਨੂੰ ਵੱਖ-ਵੱਖ ਮੁਕਾਬਲਿਆਂ ਲਈ ਤਿਆਰ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਵਿਦਿਆਰਥੀ ਸਿੱਖਿਆ ਦੇ ਖੇਤਰ ਵਿੱਚ ਸਾਨਦਾਰ ਪ੍ਰਦਰਸ਼ਨ ਕਰ ਰਹੇ ਹਨ।

## ਖ਼ਾਲਸਾ ਯੂਨੀਵਰਸਿਟੀ ਵੱਲੋਂ ਦੇਬੀ ਮਖਸੂਸਪੁਰੀ ਦਾ ਸ਼ੋਅ ਕਰਵਾਇਆ



ਅੰਮ੍ਰਿਤਸਰ, 1 ਮਾਰਚ ( ਬਬਲੂ ਮਹਾਜਨ) :ਖਾਲਸਾ ਯੂਨੀਵਰਸਿਟੀ ਵੱਲੋਂ ਆਪਣੀਆਂ ਪ੍ਰਭਾਵਸ਼ਾਲੀ ਕਵਿਤਾਵਾਂ ਅਤੇ ਗੀਤਾਂ ਰਾਹੀਂ ਪਿਆਰ, ਦਿਲ ਟੁੱਟਣ, ਤਾਂਘ, ਅਧਿਆਤਮਿਕਤਾ ਅਤੇ ਸਮਾਜਿਕ ਮੁੱਦਿਆਂ ਦੇ ਵਿਸ਼ਿਆਂ ਨੂੰ ਪਾਠਕਾਂ ਨਾਲ ਭਾਵਨਾਤਮਕ ਪੱਧਰ 'ਤੇ ਜੋੜਨ ਵਾਲੇ ਨਾਮਵਰ ਪੰਜਾਬੀ ਗੀਤਕਾਰ ਦੇਬੀ ਮਕਸੂਸਪੁਰੀ ਦਾ ਰੰਗਾਰੰਗ ਲਾਈਵ ਸ਼ੋ ਕਰਵਾਇਆ ਗਿਆ। 'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ, ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਸਹਿਯੋਗ ਨਾਲ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਦੇ ਯਤਨਾਂ ਸਦਕਾ ਕਰਵਾਏ ਉਕਤ ਸ਼ੋਅ ਦੌਰਾਨ ਗਾਇਕ ਮਕਸੂਸਪੁਰੀ ਨੇ ਆਪਣੇ ਪ੍ਰਸਿੱਧ ਗੀਤਾਂ ਰਾਹੀਂ ਦਰਸ਼ਕਾਂ ਦਾ ਦਿਲ ਜਿੱਤ ਲਿਆ।ਇਸ ਮੌਕੇ ਮਕਸੂਸਪੁਰੀ ਨੇ 'ਝੂਠੀਏ ਨੀ ਲਾਰੇ ਤੇਰੇ ਨਹੀਂ ਮੁਕਣੇ, ਕਈ ਗੱਲਾਂ ਤੇਰੇ ਨਾਲ ਕਰਨੀਆਂ, ਕਿਤੇ ਭੁੱਲ ਨਾ ਜਾਵੇ, ਮਿੱਤਰ ਹੁਣ ਤੇਰੀਆਂ ਗੱਲਾਂ ਪੁੱਛੀ ਜਾਂਦੇ ਨੇ' ਆਦਿ ਪ੍ਰਸਿੱਧ ਗੀਤਾਂ ਰਾਹੀਂ ਆਪਣੀ ਸੁਰੀਲੀ ਆਵਾਜ਼ ਅਤੇ ਰੂਹਾਨੀ ਅੰਦਾਜ਼ ਨਾਲ ਸਮਾਗਮ ਨੂੰ ਯਾਦਗਾਰ ਬਣਾਉਂਦਿਆਂ ਦਰਸ਼ਕਾਂ ਦਾ ਮਨੋਰੰਜਨ ਕੀਤਾ।ਇਸ ਦੌਰਾਨ ਮਕਸੂਸਪੁਰੀ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਉਹ ਮਾਣ ਮਹਿਸੂਸ ਕਰ ਰਹੇ ਹਨ ਅੱਜ ਉਹ ਖਾਲਸਾ ਯੂਨੀਵਰਸਿਟੀ ਵਿਖੇ ਪਹਿਲੀ ਵਾਰ ਆਪਣਾ ਸ਼ੋ ਕਰਨ ਲਈ ਪੁੱਜੇ।ਉਨ੍ਹਾਂ ਕਿਹਾ ਕਿ ਖਾਲਸਾ ਸੰਸਥਾਵਾਂ ਦੇ ਮਾਣਮੱਤੇ ਇਤਿਹਾਸ ਤੋਂ ਹਰੇਕ ਵਰਗ ਜਾਣੂੰ ਹੈ ਅਤੇ ਇੱਥੋਂ ਪੜ੍ਹ—ਲਿਖ ਕੇ ਦੁਨੀਆ ਦੇ ਹਰੇਕ ਕੋਨੇ 'ਚ ਬੈਠੇ ਵਿਦਿਆਰਥੀ ਇਸ ਵਿੱਦਿਅਕ ਅਦਾਰੇ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਆਪਣੀ ਸੰਸਕ੍ਰਿਤੀ ਅਤੇ ਵਿਰਾਸਤ ਨਾਲ ਜੁੜੇ ਰਹਿਣਾ ਚਾਹੀਦਾ ਹੈ ਅਤੇ ਸੰਗੀਤ ਇਕ ਅਜਿਹੀ ਤਾਕਤ ਹੈ ਜੋ ਇਨਸਾਨ ਨੂੰ ਜੋੜਦੀ ਹੈ।ਇਸ ਦੌਰਾਨ ਉਨ੍ਹਾਂ ਆਪਣੇ ਜੀਵਨ ਦੇ ਸਫਰ ਸਬੰਧੀ ਕਿਹਾ ਕਿ ਸਾਹਿਰ ਲੁਧਿਆਣਵੀ, ਡਾ. ਜਗਤਾਰ, ਸ਼ਿਵ ਕੁਮਾਰ ਬਟਾਲਵੀ, ਡਾ. ਸੁਰਜੀਤ ਪਾਤਰ ਵਰਗੇ ਨਾਮਵਰ ਪੰਜਾਬੀ ਸ਼ਾਇਰਾਂ ਤੋਂ ਪ੍ਰਭਾਵਿਤ ਹੋਏ ਅਤੇ 20 ਸਾਲ ਦੀ ਉਮਰ 'ਚ ਲਿਖਿਆ ਹੋਇਆ ਪਹਿਲਾ ਗਾਣਾ ਸ੍ਰੀ ਕੁਲਦੀਪ ਮਾਣਕ ਨੇ ਗਾਇਆ।ਉਨ੍ਹਾਂ ਕਿਹਾ ਕਿ ਪੜ੍ਹਾਅ ਦਰ ਪੜ੍ਹਾਅ ਗੀਤਕਾਰ ਮਨਮੋਹਨ ਵਾਰਿਸ, ਕਮਲ ਹੀਰ, ਸਰਦੂਲ ਸਿਕੰਦਰ ਅਤੇ ਹੰਸ ਰਾਜ ਹੰਸ ਵਰਗੇ ਪੰਜਾਬੀ ਕਲਾਕਾਰਾਂ ਲਈ ਵੀ ਗੀਤ ਲਿਖੇ ਹਨ।ਸ੍ਰੀ ਮਕਸੂਸਪੁਰੀ ਨੇ ਕਿਹਾ ਕਿ ਸਾਲ—1994 'ਚ ਆਪਣੀ ਪਹਿਲੀ ਐਲਬਮ 'ਜਦ ਮਾਂ ਨਹੀਂ ਰਹਿੰਦੀ ਨਾਲ' ਆਪਣੀ ਗਾਇਕੀ ਦੀ ਸ਼ੁਰੂਆਤ ਕੀਤੀ।ਇਸ ਸਮਾਗਮ ਦੀ ਸ਼ੁਰੂਆਤ ਤੋਂ ਪਹਿਲਾ ਡਾ. ਸੁਰਿੰਦਰ ਕੌਰ ਵੱਲੋਂ ਸ੍ਰੀ ਮਕਸੂਸਪੁਰੀ ਨੂੰ ਸ਼ਾਲ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।ਉਪਰੰਤ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਸ੍ਰੀ ਮਕਸੂਸਪੁਰੀ ਇਕ ਪੰਜਾਬੀ ਗੀਤਕਾਰ, ਸ਼ਾਇਰ ਅਤੇ ਕਵੀ ਹਨ, ਜਿਨ੍ਹਾਂ ਨੇ ਸਮਾਜਿਕ ਅਤੇ ਮਨੁੱਖੀ ਜੀਵਨ ਦੇ ਹਰੇਕ ਪਹਿਲੂਆਂ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਆਪਣੀ ਸ਼ਾਇਰੀ ਅਤੇ ਗੀਤਾਂ ਰਾਹੀਂ ਉਜਾਗਰ ਕੀਤਾ।ਉਨ੍ਹਾਂ ਕਿਹਾ ਕਿ ਅਜਿਹੇ ਸੱਭਿਆਚਾਰਕ ਪ੍ਰੋਗਰਾਮ ਵਿਦਿਆਰਥੀਆਂ ਦੀ ਸ਼ਖਸੀਅਤ ਦੇ ਵਿਕਾਸ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਨਾਲ—ਨਾਲ ਇਹੋ ਜਿਹੀਆਂ ਗਤੀਵਿਧੀਆਂ ਵੀ ਜ਼ਰੂਰੀ ਹਨ, ਜੋ ਵਿਦਿਆਰਥੀਆਂ 'ਚ ਆਤਮ—ਵਿਸ਼ਵਾਸ ਅਤੇ ਰਚਨਾਤਮਕਤਾ ਨੂੰ ਵਧਾਉਂਦੀਆਂ ਹਨ।ਖਾਲਸਾ ਯੂਨੀਵਰਸਿਟੀ ਵੱਲੋਂ ਖਾਲਸਾ ਕਾਲਜ ਫਾਰ ਵੂਮੈਨ ਵਿਖੇ ਕਰਵਾਏ ਗਏ ਉਕਤ ਲਾਈਵ ਸ਼ੋ ਦੌਰਾਨ ਸੁਰੱਖਿਆ ਅਤੇ ਪ੍ਰਬੰਧਕੀ ਪ੍ਰਬੰਧ ਬਹੁਤ ਸੁਚੱਜੇ ਢੰਗ ਨਾਲ ਕੀਤੇ ਗਏ ਸਨ, ਜਿਸ ਨਾਲ ਹਰੇਕ ਦਰਸ਼ਕ ਨੇ ਪ੍ਰੋਗਰਾਮ ਦਾ ਪੂਰਾ ਆਨੰਦ ਮਾਣਿਆ। ਇਹ ਲਾਈਵ ਸ਼ੋ ਖਾਲਸਾ ਯੂਨੀਵਰਸਿਟੀ ਦੇ ਇਤਿਹਾਸ 'ਚ ਵਿਸ਼ੇਸ਼ ਪਲ ਵਜੋਂ ਦਰਜ ਹੋਇਆ।

## ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

ਤਲਵਾੜਾ, 1 ਮਾਰਚ(ਜਗਮੋਹਨ ਸ਼ਰਮਾ) :ਨੀਮ ਪਹਾੜੀ ਕਸਬਾ ਕਮਾਹੀ ਦੇਵੀ ਅਧੀਨ ਆਉਂਦੇ ਪਿੰਡ ਰੇਡੂਪੱਤੀ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ ਤੇ ਬਤੌਰ ਵਿਸ਼ੇਸ਼ ਮਹਿਮਾਨ ਜੀਟੀਯੂ ਦੇ ਸਾਬਕਾ ਸੂਬਾ ਜਨ ਸਕੱਤਰ ਸ਼ਿਵ ਕੁਮਾਰ ਸ਼ਾਮਲ ਹੋਏ। ਸਕੂਲ ਮੁਖੀ ਜਸਵੀਰ ਸਿੰਘ ਨੇ ਸਲਾਨਾ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਦਸਿਆ ਕਿ ਸਕੂਲ ਦੇ ਪੰਜ ਵਿਦਿਆਰਥੀ ਨਵੋਦਿਆ ਵਿਦਿਆਲਿਆ ਲਈ ਚੁਣੇ ਗਏ, ਸਕੂਲ ਦੀ ਖੋ-ਖੋ ਟੀਮ ਨੇ ਜ਼ਿਲ੍ਹਾ ਅਤੇ ਰਾਜ ਪੱਧਰੀ ਖੇਡ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸ਼ਾਨਦਾਰ ਨਤੀਜਿਆਂ ਅਤੇ ਸਹਿ ਵਿਦਿਅਕ ਗਤੀਵਿਧੀਆਂ 'ਚ ਵਿਦਿਆਰਥੀਆਂ ਦੀ ਸ਼ਲਾਘਾ ਯੋਗ ਕਾਰਗੁਜ਼ਾਰੀ ਸਦਕਾ ਹਰ ਸਾਲ ਸਕੂਲ 'ਚ ਦਾਖਲਾ ਵਧ ਰਿਹਾ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ ਨੇ ਕਿਹਾ ਕਿ ਪਿੰਡ ਰੇਡੂਪੱਤੀ ਦੇ ਸਰਕਾਰੀ ਸਕੂਲ ਨੂੰ ਇਲਾਕੇ 'ਚ ਹੀ ਨਹੀਂ ਸਗੋਂ ਪੰਜਾਬ ਦੇ ਵਧੀਆ ਸਕੂਲਾਂ ਵਿੱਚ ਗਿਣਿਆ ਜਾਂਦਾ ਹੈ। ਸਿੱਖਿਆ ਵਿਭਾਗ ਵੱਲੋਂ ਵੀ ਉੱਤਮ ਕਾਰਗੁਜ਼ਾਰੀ ਲਈ ਰੇਡੂਪੱਤੀ ਸਕੂਲ ਨੂੰ ਸਨਮਾਨਿਤ ਕੀਤਾ ਗਿਆ ਹੈ। ਪਿੰਡ ਵਾਸੀਆਂ ਨੂੰ ਆਪਣੇ ਪਿੰਡ ਦੇ ਸਕੂਲ 'ਤੇ ਮਾਣ ਕਰਨਾ ਚਾਹੀਦਾ ਹੈ। ਸ਼੍ਰੀ ਸ਼ਰਮਾ ਨੇ ਕਿਹਾ ਕਿ ਸਰਕਾਰੀ ਸਕੂਲ ਬੱਚਿਆਂ ਨੂੰ ਉੱਤਮ ਤੇ ਮਿਆਰੀ ਸਿੱਖਿਆ ਦੇ ਰਹੇ ਹਨ। ਉਨ੍ਹਾਂ ਲੋਕਾਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ 'ਚ ਦਾਖਲ ਕਰਵਾਉਣ ਲਈ ਅਪੀਲ ਕੀਤੀ। ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਕੌਰਿਓਗ੍ਰਾਫੀ, ਸੋਲੋ ਡਾਂਸ, ਨੁੱਕੜ ਨਾਟਕ ਧਰਤੀ ਕਰੇ ਪੁਕਾਰ, ਪੰਜਾਬੀ ਲੋਕ ਨਾਚ ਗਿੱਧਾ ਦੀ ਸ਼ਾਨਦਾਰ ਪੇਸ਼ਕਾਰੀ ਕਰਕੇ ਆਏ ਹੋਏ ਮਹਿਮਾਨਾਂ ਦਾ ਸਮਾਂ ਬੰਨ੍ਹਿਆ। ਜੀਟੀਯੂ ਦੇ ਸਾਬਕਾ ਸੂਬਾ ਜਨਰਲ ਸਕੱਤਰ ਸ਼ਿਵ ਕੁਮਾਰ, ਪ੍ਰਿੰਸੀਪਲ ਰਾਜੇਸ਼ ਸਿੰਘ, ਬੀਐਨਓ ਅਮਿਤ ਰਾਣਾ, ਸਰਵਜੀਤਪਾਲ ਸਿੰਘ, ਰਾਮ ਪ੍ਰਸ਼ਾਦ, ਚੇਅਰਪਰਸਨ ਅੰਜਨਾ ਦੇਵੀ, ਆਦਿ ਨੇ ਸਕੂਲ ਦੀ ਵਧੀਆ ਕਾਰਗੁਜ਼ਾਰੀ ਲਈ ਸਟਾਫ਼ ਦੀ ਪ੍ਰਸ਼ੰਸਾ ਕੀਤੀ।

## ਵਿੱਦਿਅਕ ਸੰਸਥਾ ਡੀ.ਡੀ.ਆਈ ਸਕੂਲ ਦੇ ਵੈਨ ਡਰਾਈਵਰਾਂ ਵੱਲੋਂ ਨਸ਼ਾ ਮੁਕਤ ਰੈਲੀ



ਫਤਿਹਗੜ੍ਹ ਚੂੜੀਆਂ,1 ਮਾਰਚ (ਰਾਜਨ ਸ਼ਰਮਾ ) : ਪਿੰਡ ਪਿੰਡੀ ਦੀ ਵਿੱਦਿਅਕ ਸੰਸਥਾ ਡੀ.ਡੀ.ਆਈ ਸਕੂਲ ਦੇ ਵੈਨ ਡਰਾਈਵਰਾਂ ਵੱਲੋਂ ਨਸ਼ਾ ਮੁਕਤ ਰੈਲੀ ਸਕੂਲ ਐੱਮ.ਡੀ ਇੰਦਰਜੀਤ ਸਿੰਘ ਭਾਟੀਆ ਦੇ ਦਿਸ਼ਾ-ਨਿਰਦੇਸ਼ਾਂ 'ਤੇ ਚਲਦਿਆਂ ਸਕੂਲ ਪ੍ਰਿੰਸੀਪਲ ਮੈਡਮ ਸਵਲੀਨ ਭਾਟੀਆ ਦੀ ਰਹਿਨੁਮਾਈ ਹੇਠ ਕੱਢੀ ਗਈ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਐੱਸ.ਡੀ.ਐੱਮ ਮੈਡਮ ਡਾ. ਨਵਜੋਤ ਸ਼ਰਮਾ ਆਰ.ਟੀ.ਓ ਗੁਰਦਾਸਪੁਰ, ਡਾ. ਅਰਸ਼ਦੀਪ ਸਿੰਘ ਸਮੇਤ ਐੱਮ.ਡੀ ਭਾਟੀਆ ਤੇ ਪ੍ਰਿੰਸੀਪਲ. ਮੈਡਮ ਸਵਲੀਨ ਵਲੋਂ ਸਾਂਝੇ ਤੌਰ 'ਤੇ ਇਸ ਨਸ਼ਾ ਮੁਕਤ ਰੈਲੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਹ ਰੈਲੀ ਫਤਿਹਗੜ੍ਹ ਚੂੜੀਆਂ ਦੇ ਡੀ.ਡੀ.ਆਈ ਸਕੂਲ ਤੋਂ ਸ਼ੁਰੂ ਹੋ ਕੇ ਪੁਰਾਣਾ ਬੱਸ ਸਟੈਂਡ, ਡੇਰਾ ਬਾਬਾ ਨਾਨਕ ਰੋਡ, ਪਿੰਡ ਢਾਂਡੇ, ਲਾਲੇਨੰਗਲ, ਡੋਗਰ, ਮਾਲੇਵਾਲ, ਤਲਵੰਡੀ, ਨਿੱਕੋਸਰਾਂ ਤੇ ਸ਼ਾਹਪੁਰ ਜਾਜਨ ਰਾਹੀਂ ਹੁੰਦੀ ਹੋਈ ਜ਼ਿਲਾ ਅੰਮ੍ਰਿਸਰ ਦੇ ਵੱਖ-ਵੱਖ ਪਿੰਡਾਂ ਝੰਗੀ, ਸਹਿਜ਼ਾਦਾ, ਰਾਮਪੁਰ, ਰਮਦਾਸ ਵਿਚੋਂ ਹੋ ਕੇ ਵਾਪਸ ਡੀ.ਡੀ.ਆਈ ਸਕੂਲ ਵਿਖੇ ਪਹੁੰਚੀ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਮੁੱਖ ਮਹਿਮਾਨ ਐੱਸ.ਡੀ.ਐੱਮ ਮੈਡਮ ਡਾ. ਨਵਜੋਤ ਅਤੇ ਡਾ. ਅਰਸ਼ਦੀਪ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਡੀ.ਡੀ.ਆਈ ਸਕੂਲ ਵੱਲੋਂ ਜੋ ਇਹ ਉਪਰਾਲਾ ਕੀਤਾ ਗਿਆ ਹੈ, ਉਹ ਬਹੁਤ ਹੀ ਵਧੀਆ ਤੇ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਉਹ ਉਮੀਦ ਕਰਦੇ ਹਨ ਕਿ ਇਸ ਸਕੂਲ ਵਲੋਂ ਭਵਿੱਖ ਵਿਚ ਅਜਿਹੇ ਪ੍ਰੋਗਰਾਮ ਤੇ ਰੈਲੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ।ਇਸ ਦੌਰਾਨ ਐੱਮ.ਡੀ ਭਾਟੀਆ ਅਤੇ ਪ੍ਰਿੰਸੀਪਲ ਮੈਡਮ ਸਵਲੀਨ ਵਲੋਂ ਐੱਸ.ਡੀ.ਐੱਮ ਮੈਡਮ ਡਾ. ਨਵਜੋਤ ਸ਼ਰਮਾ ਦਾ ਤਹਿ ਦਿਲੋਂ ਧੰਨਵਾਦ ਕਿਹਾ ਕਿ ਉਹ ਧੰਨਵਾਦੀ ਹਨ ਕਿ ਮੈਡਮ ਡਾ. ਸ਼ਰਮਾ ਦੇ, ਜਿਨ੍ਹਾਂ ਨੇ ਆਪਣਾ ਕੀਮਤੀ ਸਮਾਂ ਸਾਡੇ ਇਸ ਪ੍ਰੋਗਰਾਮ ਲਈ ਕੱਢਿਆ ਹੈ। ਉਨ੍ਹਾਂ ਕਿਹਾ ਕਿ ਵੈਨ ਡਰਾਈਵਰਾਂ ਨੇ ਇਹ ਰੈਲੀ ਕੱਢ ਕੇ ਸਾਬਤ ਕਰ ਦਿੱਤਾ ਹੈ ਕਿ ਉਹ ਆਪਣੇ ਚੌਗਿਰਦੇ ਨੂੰ ਨਸ਼ਾ ਮੁਕਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਮੌਕੇ ਅਲੀਵਾਲ ਦੇ ਐੱਸ.ਐੱਚ ਓ ਲਖਵਿੰਦਰ ਸਿੰਘ, ਚੌਂਕੀ ਇੰਚਾਰਜ ਘਣੀਆਂ ਕੇ ਬਾਂਗਰ ਦੇ ਏ.ਐੱਸ.ਆਈ ਚਰਨਜੀਤ ਸਿੰਘ, ਆਪ ਆਗੂ ਨਿਵੇਸ਼ ਨੰਦਾ ਮਾਧਵ ਬੇਦੀ ਵੀ ਹਾਜ਼ਰ ਸਨ।

## ਹੋਲੇ ਮਹੱਲੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਇਆ



ਚੋਗਾਵਾਂ, 1 ਮਾਰਚ (ਸੁਬੇਗ ਸਿੰਘ ਸੋਨਾ) : ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਹੋਲੇ ਮਹੱਲੇ ਨੂੰ ਸਮਰਪਿਤ ਪਿੰਡ ਜਸਰਾਊਰ ਪੱਤੀ ਮੁਹਾਰ ਦੀ ਸਮੂਹ ਸਾਧ ਸੰਗਤ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ 15ਵਾਂ ਸਾਲਾਨਾ ਦੋ ਦਿਨਾਂ ਦਾ ਮਹਾਨ ਗੁਰਮਤਿ ਸਮਾਗਮ ਸੰਤ ਮਹਾਂਪੁਰਸ਼ਾਂ ਦੇ ਅਸ਼ੀਰਵਾਦ ਸਦਕਾ ਬੜੀ ਸ਼ਰਧਾ ਭਾਵਨਾ ਨਾਲ ਸਮੂਹ ਨਗਰ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਤੇ ਪਾਠ ਦੇ ਪਾਏ ਗਏ। ਉਪਰੰਤ ਸੱਜੇ ਸੁੰਦਰ ਦੀਵਾਨ ਵਿੱਚ ਕਥਾਵਾਚਕ ਭਾਈ ਕਾਬਲ ਸਿੰਘ, ਕਵੀਸ਼ਰ ਭਾਈ ਭਗਵੰਤ ਸਿੰਘ ਸੁਰਵਿੰਡ ਦਾ ਜਥਾ, ਗੁਰ ਪ੍ਰਤਾਪ ਸਿੰਘ ਪਦਮ ਦਾ ਢਾਡੀ ਜਥਾ, ਕਥਾਵਾਚਕ ਭਾਈ ਮਨਦੀਪ ਸਿੰਘ ਮੁਰੀਦ, ਭਾਈ ਪ੍ਰਿਤਪਾਲ ਸਿੰਘ ਗੁਰਿੰਦਰ ਸਿੰਘ ਬੈਂਸ ਦਾ ਢਾਡੀ ਜਥਾ, ਗਿਆਨੀ ਤਰਲੋਚਨ ਸਿੰਘ ਭੁਮੱਦੀ ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜਥੇ ਨੇ ਕਥਾ ਕੀਰਤਨ ਤੇ ਗੁਰਬਾਣੀ ਦੀ ਛਹਿਬਰ ਲਗਾ ਕੇ ਹਜ਼ਾਰਾਂ ਦੀ ਗਿਣਤੀ ਚ ਜੁੜੀਆਂ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਸਮਾਗਮ ਵਿੱਚ ਸੰਤ ਮਹਾਂਪੁਰਸ਼ ਬਾਬਾ ਸਤਨਾਮ ਸਿੰਘ ਗੁਰੂ ਕੇ ਬਾਗ, ਬਾਬਾ ਜਗੀਰ ਸਿੰਘ ਗੁਰ ਕੇ ਬਾਗ, ਬਾਬਾ ਨਰਿੰਦਰ ਸਿੰਘ, ਬਾਬਾ ਬਲਵਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲੇ, ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਜਥੇਦਾਰ ਬਾਬਾ ਜੋਗਾ ਸਿੰਘ,ਬਾਬਾ ਸਤਨਾਮ ਸਿੰਘ ਕਿਲਾ ਸ੍ਰੀ ਅਨੰਦਗੜ੍ਹ ਸਾਹਿਬ ਵਾਲੇ ( ਸ੍ਰੀ ਅਨੰਦਪੁਰ ਸਾਹਿਬ), ਬਾਬਾ ਦਿਲਬਾਗ ਸਿੰਘ ਲੋਹ ਲੰਗਰ, ਸ੍ਰੀ ਅਨੰਦਪੁਰ ਸਾਹਿਬ, ਬਾਬਾ ਗੁਰਮੀਤ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲੇ, ਬਾਬਾ ਕੁਲਬੀਰ ਸਿੰਘ ਗੁਰੂ ਕੇ ਬਾਗ, ਬਾਬਾ ਜੋਗਿੰਦਰ ਸਿੰਘ ਲੋਪੋਕੇ, ਬਾਬਾ ਮੁਖਤਾਰ ਸਿੰਘ ਗੁਰੂ ਕਾ ਬਾਗ, ਬਾਬਾ ਮੇਜਰ ਸਿੰਘ ਸੋਢੀ ਦਸ਼ਮੇਸ਼ ਤਰਨਾ ਦਲ ਨੇ ਉਚੇਚੇ ਤੌਰ ਤੇ ਹਾਜ਼ਰੀ ਭਰੀ। ਪ੍ਰਬੰਧਕਾਂ ਵੱਲੋਂ ਆਏ ਹੋਏ ਜਥਿਆਂ ਤੇ ਸੰਤ ਮਹਾਂਪੁਰਸ਼ਾਂ ਨੂੰ ਗੁਰੂ ਘਰ ਦੀ ਬਖ਼ਸ਼ੀਸ਼ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚਾਹ, ਪਕੌੜੇ, ਜਲੇਬੀਆਂ ਸਮੇਤ ਅਨੇਕਾਂ ਸੁਆਦੀ ਪਕਵਾਨਾਂ ਦੇ ਲੰਗਰ ਅਤੁੱਟ ਵਰਤੇ। ਇਸ ਮੌਕੇ ਪ੍ਰਧਾਨ ਬਲਬੀਰ ਸਿੰਘ, ਮਨਬੀਰ ਸਿੰਘ, ਸਰਵਣ ਸਿੰਘ ਜਗਬੀਰ ਸਿੰਘ ਪੀਟਰ, ਕੁਲਵਿੰਦਰ ਸਿੰਘ, ਸਰਪੰਚ ਕਵਲਜੀਤ ਸਿੰਘ, ਮਿੱਠੂ ਰਾਣਾ, ਜਿੰਦਾ ਰਾਣਾ, ਗੁਰਲਾਲ ਸਿੰਘ ਰਾਣਾ, ਸੇਵਾਦਾਰ ਸਕੱਤਰ ਸਿੰਘ ਮਿੱਠੂ, ਸੇਵਾਦਾਰ ਅਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਆਸ ਪਾਸ ਦੀਆਂ ਪਿੰਡਾਂ ਤੋਂ ਇਲਾਵਾ ਪਿੰਡ ਦੀਆਂ ਸੰਗਤਾਂ ਨੇ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਇਸ ਮੌਕੇ ਪ੍ਰਧਾਨ ਬਲਬੀਰ ਸਿੰਘ, ਮਨਬੀਰ ਸਿੰਘ, ਸਰਵਣ ਸਿੰਘ ਜਗਬੀਰ ਸਿੰਘ ਪੀਟਰ, ਕੁਲਵਿੰਦਰ ਸਿੰਘ, ਸਰਪੰਚ ਕਵਲਜੀਤ ਸਿੰਘ, ਮਿੱਠੂ ਰਾਣਾ, ਜਿੰਦਾ ਰਾਣਾ, ਗੁਰਲਾਲ ਸਿੰਘ ਰਾਣਾ, ਸੇਵਾਦਾਰ ਸਕੱਤਰ ਸਿੰਘ ਮਿੱਠੂ, ਸੇਵਾਦਾਰ ਅਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਆਸ ਪਾਸ ਦੀਆਂ ਪਿੰਡਾਂ ਤੋਂ ਇਲਾਵਾ ਪਿੰਡ ਦੀਆਂ ਸੰਗਤਾਂ ਨੇ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

## ਸ੍ਰੀ ਦਰਬਾਰ ਸਾਹਿਬ ਨਤਮਸਤਕ ਹੋਏ ਸੂਫੀ ਗਾਇਕ ਹੰਸ ਰਾਜ ਹੰਸ

### ਰਾਜਨੀਤੀ ਤੋਂ ਦੂਰੀ ਅਤੇ ਸੰਗੀਤਕ ਸਫ਼ਰ ਬਾਰੇ ਖੁੱਲ੍ਹ ਕੇ ਕੀਤੀਆਂ ਗੱਲਾਂ



ਅੰਮ੍ਰਿਤਸਰ, 1 ਮਾਰਚ (ਬਬਲੂ ਮਹਾਜਨ) :ਪ੍ਰਸਿੱਧ ਪੰਜਾਬੀ ਸੂਫੀ ਗਾਇਕ ਹੰਸ ਰਾਜ ਹੰਸ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੇ। ਗੁਰੂ ਘਰ ਵਿਖੇ ਮੱਥਾ ਟੇਕਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਆਪਣੀ ਰੂਹਾਨੀ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਇੱਥੇ ਆ ਕੇ ਜੋ ਸਕੂਨ ਮਿਲਦਾ ਹੈ, ਉਸ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਅਸੰਭਵ ਹੈ। ਉਨ੍ਹਾਂ ਉਦਾਹਰਨ ਦਿੰਦਿਆਂ ਕਿਹਾ, ਜਿਵੇਂ ਗੂੰਗਾ ਗੁੜ ਖਾ ਕੇ ਉਸ ਦਾ ਸਵਾਦ ਨਹੀਂ ਦੱਸ ਸਕਦਾ, ਉਸੇ ਤਰ੍ਹਾਂ ਇੱਥੋਂ ਮਿਲਣ ਵਾਲੀ ਇਲਾਹੀ ਬਖਸ਼ਿਸ਼ ਬਾਰੇ ਕੁਝ ਵੀ ਕਹਿਣਾ ਮੁਸ਼ਕਿਲ ਹੈ।ਰਾਜਨੀਤੀ ਬਾਰੇ ਪੁੱਛੇ ਗਏ ਸਵਾਲਾਂ ਦਾ ਜਵਾਬ ਦਿੰਦਿਆਂ ਉਨ੍ਹਾਂ ਬੜੀ ਨਿਮਰਤਾ ਨਾਲ ਕਿਹਾ ਕਿ ਉਹ ਕਦੇ ਸਿਆਸਤਦਾਨ ਰਹੇ ਹੀ ਨਹੀਂ, ਇਹ ਤਾਂ ਮਹਿਜ਼ ਇੱਕ ਕਰਮ ਚੱਕਰ ਸੀ ਜੋ ਹੁਣ ਪਿੱਛੇ ਰਹਿ ਗਿਆ ਹੈ। ਉਨ੍ਹਾਂ ਕਿਹਾ ਕਿ ਮੈਂ ਹੁਣ ਸਭ ਕੁਝ ਪ੍ਰਮਾਤਮਾ ਅਤੇ ਸੰਗਤ ਅੱਗੇ ਸਰੈਂਡਰ (ਆਤਮ-ਸਮਰਪਣ) ਕਰ ਦਿੱਤਾ ਹੈ। ਹੁਣ ਮਾਲਕ ਦੀ ਰਜ਼ਾ ਹੀ ਸਭ ਕੁਝ ਹੈ।ਆਪਣੇ ਸੰਗੀਤਕ ਸਫ਼ਰ ਬਾਰੇ ਚਰਚਾ ਕਰਦਿਆਂ ਹੰਸ ਰਾਜ ਹੰਸ ਨੇ ਕਿਹਾ ਕਿ ਸੰਗੀਤ ਹੀ ਉਨ੍ਹਾਂ ਦੀ ਜ਼ਿੰਦਗੀ ਹੈ। ਉਨ੍ਹਾਂ ਸਰੋਤਿਆਂ ਨੂੰ ਪੁਰਾਤਨ ਕੀਰਤਨ ਅਤੇ ਸੁਰ ਵਾਲਾ ਸੰਗੀਤ ਸੁਣਨ ਦੀ ਸਲਾਹ ਦਿੱਤੀ, ਜੋ ਮਨ ਨੂੰ ਸ਼ਾਂਤੀ ਦਿੰਦਾ ਹੈ। ਫ਼ਿਲਮਾਂ ਵਿੱਚ ਵਾਪਸੀ ਬਾਰੇ ਉਨ੍ਹਾਂ ਮੁਸਕਰਾਉਂਦੇ ਹੋਏ ਕਿਹਾ ਕਿ ਜੇਕਰ ਉਮਰ ਦੇ ਹਿਸਾਬ ਨਾਲ ਕੋਈ ਚੰਗੀ ਪੇਸ਼ਕਸ਼ ਆਈ ਤਾਂ ਉਹ ਜ਼ਰੂਰ ਪਰਦੇ 'ਤੇ ਦਿਖਾਈ ਦੇਣਗੇ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਬਾਲੀਵੁੱਡ ਤੋਂ ਉਹ ਕਦੇ ਦੂਰ ਨਹੀਂ ਹੋਏ ਸਨ, ਬੱਸ ਕੁਝ ਹੋਰ ਰੁਝੇਵਿਆਂ ਕਾਰਨ ਗੈਪ ਪੈ ਗਿਆ ਸੀ।ਉਨ੍ਹਾਂ ਅੱਜ ਦੀ ਨੌਜਵਾਨ ਪੀੜ੍ਹੀ ਅਤੇ ਉੱਭਰ ਰਹੇ ਗਾਇਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਵਰਜ਼ਿਸ਼ (ਕਸਰਤ) ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਅੰਮ੍ਰਿਤਸਰ ਦੀ ਧਰਤੀ ਨੂੰ ਯਾਦ ਕਰਦਿਆਂ ਕਿਹਾ ਕਿ ਇਹ ਉਹ ਧਰਤੀ ਹੈ ਜਿੱਥੇ ਦਾਰਾ ਸਿੰਘ ਵਰਗੇ ਪਹਿਲਵਾਨ ਪੈਦਾ ਹੋਏ ਹਨ, ਇਸ ਲਈ ਨੌਜਵਾਨਾਂ ਨੂੰ ਆਪਣੀ ਸਿਹਤ ਅਤੇ ਵਿਰਸੇ ਪ੍ਰਤੀ ਸੁਚੇਤ ਰਹਿਣਾ ਚਾਹੀਦਾ ਹੈ।

## ਪੰਜਾਬ ਸਟੇਟ 100 ਮੀਟਰ ਰਿਲੇ ਦੌੜ ਵਿੱਚ ਤੇਜਾ ਸਿੰਘ ਭੁੱਚਰ ਲਾਇਬ੍ਰੇਰੀ ਦੀਆਂ ਵਿਦਿਆਰਥਣਾਂ ਦਾ ਪਹਿਲਾ ਸਥਾਨ



ਅੰਮ੍ਰਿਤਸਰ, 1 ਮਾਰਚ (ਬਬਲੂ ਮਹਾਜਨ ) :ਗੁਰਦੁਆਰਾ ਸੁਧਾਰ ਲਹਿਰ ਅਤੇ ਅਕਾਲੀ ਲਹਿਰ ਦੇ ਮੋਢੀ ਜਥੇਦਾਰ ਤੇਜਾ ਸਿੰਘ ਭੁੱਚਰ ਦੀ ਯਾਦ ਵਿੱਚ ਸਥਾਪਿਤ ਕੀਤੀ ਗਈ ਲਾਇਬ੍ਰੇਰੀ ਦੀਆਂ ਵਿਦਿਆਰਥਣਾਂ ਨੇ ਪੰਜਾਬ ਸਟੇਟ 100 ਮੀਟਰ ਰਿਲੇ ਦੌੜ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਲ ਕਰਕੇ ਪਿੰਡ ਅਤੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਇਸ ਮੁਕਾਬਲੇ ਵਿੱਚ ਕਰਤਾਰ ਕੌਰ ਅਤੇ ਅਮਨਦੀਪ ਕੌਰ ਨੇ ਬਿਹਤਰੀਨ ਦੌੜ ਦਿਖਾਈ ਅਤੇ ਇਨਾਮ ਜਿੱਤਿਆ। ਉਨ੍ਹਾਂ ਦੀ ਇਸ ਉਪਲੱਬਧੀ ਨਾਲ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਮੌਕੇ ਤੇਜਾ ਸਿੰਘ ਪੁੱਤਰ ਯਾਦਗਾਰੀ ਕਮੇਟੀ ਵੱਲੋਂ ਜੇਤੂ ਵਿਦਿਆਰਥਣਾਂ ਦਾ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਕਮੇਟੀ ਦੇ ਮੁੱਖ ਸੇਵਾਦਾਰ ਪਵਨਦੀਪ ਸਿੰਘ ਨੇ ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪਿੰਡ ਦੀਆਂ ਧੀਆਂ ਵੱਲੋਂ ਖੇਡ ਮੈਦਾਨ ਵਿੱਚ ਹਾਸਲ ਕੀਤੀਆਂ ਕਾਮਯਾਬੀਆਂ ਹੋਰ ਬੱਚਿਆਂ ਲਈ ਪ੍ਰੇਰਣਾ ਸਰੋਤ ਹਨ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਖੇਡਾਂ ਅਤੇ ਸਿੱਖਿਆ ਖੇਤਰ ਵਿੱਚ ਅੱਗੇ ਵਧਣ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।ਸਨਮਾਨ ਸਮਾਰੋਹ ਦੌਰਾਨ ਸੁਰਜੀਤ ਸਿੰਘ ਛੱਬਾ, ਗੁਰਵਿੰਦਰ ਸਿੰਘ ਫੌਜੀ, ਰਣਜੀਤ ਸਿੰਘ ਦੁਬਈ, ਦਵਿੰਦਰ ਸਿੰਘ ਪੈਚ, ਗੁਰਵੇਲ ਸਿੰਘ, ਸੋਨਾ ਸਿੰਘ, ਸੁਖਦੇਵ ਸਿੰਘ, ਹਰਪ੍ਰੀਤ ਸਿੰਘ, ਗੁਰਸਾਹਿਬ ਸਿੰਘ, ਲਾਲ ਸਿੰਘ, ਮਨਿੰਦਰ ਸਿੰਘ ਲਾਇਬ੍ਰੇਰੀ ਵਿੱਚ ਬੱਚਿਆਂ ਨੂੰ ਪੜ੍ਹਾਉਣ ਵਾਲੀਆਂ ਲੜਕੀਆਂ ਕੋਮਲਪ੍ਰੀਤ ਕੌਰ ਦੀਪਿਕਾ ਕੌਰ ਅਤੇ ਪਿੰਡ ਦੇ ਹੋਰ ਮਾਣਯੋਗ ਆਗੂ ਵੀ ਹਾਜ਼ਰ ਸਨ। ਸਮੂਹ ਹਾਜ਼ਰੀਨ ਨੇ ਜੇਤੂ ਬੱਚਿਆਂ ਨੂੰ ਸ਼ਾਬਾਸ਼ੀ ਦਿੰਦਿਆਂ ਉਨ੍ਹਾਂ ਦੇ ਚਮਕਦਾਰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਪਿੰਡ ਵਾਸੀਆਂ ਨੇ ਕਿਹਾ ਕਿ ਇਹ ਉਪਲਬਧੀ ਸਿਰਫ਼ ਪਰਿਵਾਰ ਜਾਂ ਸਕੂਲ ਦੀ ਨਹੀਂ, ਸਗੋਂ ਪੂਰੇ ਇਲਾਕੇ ਲਈ ਮਾਣ ਵਾਲੀ ਗੱਲ ਹੈ। ਸਮਾਗਮ ਦੇ ਅੰਤ ਵਿੱਚ ਸਭ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਉਨ੍ਹਾਂ ਨੂੰ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

SHRIRAM Finance

**ਸ਼੍ਰੀਰਾਮ ਫਾਈਨੈਂਸ ਲਿਮਟਿਡ**

ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051

ਸ਼ਾਖਾ ਦਫ਼ਤਰ: ਬੀਐਸਐਨਐਲ ਪਾਰਕ ਸੰਗਰੂਰ ਦੇ ਨੇੜੇ ਗਰਾਊਂਡ ਫਲੋਰ 'ਤੇ ਸ਼ਾਖਾ ਦਫ਼ਤਰ ਪਿੰਨ ਕੋਡ 148001 ਪੰਜਾਬ

(ਨਿਯਮ 8(1) ਵੇਖੋ) ਭੌਤਿਕ ਕਬਜ਼ਾ ਸੂਚਨਾ (ਅਚੱਲ ਜਾਇਦਾਦ ਲਈ)

ਜਦੋਂ ਕਿ, ਹੇਠਾਂ ਹਸਤਾਖਰ ਕਰਨ ਵਾਲਾ ਮੈਸਰਜ਼ ਸ਼੍ਰੀਰਾਮ ਫਾਈਨੈਂਸ ਲਿਮਟਿਡ (ਪਹਿਲਾਂ ਸ਼੍ਰੀਰਾਮ ਸਿਟੀ ਯੂਨੀਅਨ ਫਾਈਨੈਂਸ ਲਿਮਟਿਡ ਵਜੋਂ ਜਾਣਿਆ ਜਾਂਦਾ ਸੀ) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਵਿੱਤੀ ਸੰਪਤੀਆਂ ਅਤੇ ਸੁਰੱਖਿਆ ਵਿਆਜ ਨੂੰ ਲਾਗੂ ਕਰਨ ਵਾਲੇ ਐਕਟ, 2002 (2002 ਦਾ 54) ਦੇ ਸੁਰੱਖਿਆਕਰਨ ਅਤੇ ਪੁਨਰ ਨਿਰਮਾਣ ਦੇ ਅਧੀਨ ਅਤੇ ਸੁਰੱਖਿਆ ਹਿੱਤ (ਲਾਗੂ ਕਰਨ) ਨਿਯਮ 2002 ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਮਿਤੀ 13.12.2023 ਨੂੰ ਮੰਗ ਨੋਟਿਸ ਜਾਰੀ ਕੀਤਾ ਗਿਆ ਹੈ ਜਿਸ ਵਿੱਚ ਕਰਜ਼ਦਾਰਾਂ ਨੂੰ ਬੁਲਾਇਆ ਗਿਆ ਹੈ, 1. ਮੈਸਰਜ਼ ਫੋਨਿਜ਼ਮ, ਪ੍ਰਤੀਨਿਧੀ ਇਸਦੇ ਮਾਲਕ ਸ਼੍ਰੀ ਯਸ਼ਪਾਲ ਪੁੱਤਰ ਸ਼੍ਰੀ ਬਲਦੇਵ ਕ੍ਰਿਸ਼ਨ, ਮੈਸਰਜ਼ ਫੋਨਿਜ਼ਮ, ਡੀ.ਸੀ. ਦਫ਼ਤਰ ਦੇ ਸਾਹਮਣੇ, ਪ੍ਰੇਮ ਬਸਤੀ ਰੋਡ, ਸੰਗਰੂਰ, ਪਿਨ.148001, ਪੰਜਾਬ, (ਕਰਜ਼ਦਾਰ) ਇਸ ਤੋਂ ਇਲਾਵਾ ਸ਼੍ਰੀ ਯਸ਼ਪਾਲ ਪੁੱਤਰ ਸ਼੍ਰੀ ਬਲਦੇਵ ਕ੍ਰਿਸ਼ਨ, ਵਾਸੀ ਨੰਬਰ 342, ਮੈਗਜ਼ੀਨ ਸਟਰੀਟ, ਸੰਗਰੂਰ, ਪਿੰਨ ਨੰਬਰ 148001, ਪੰਜਾਬ, (ਕਰਜ਼ਦਾਰ) 2. ਸ਼੍ਰੀਮਤੀ ਸ਼ਿਫਾਲੀ ਪੁਤਰੀ ਸ਼੍ਰੀ ਯਸ਼ਪਾਲ, ਵਾਸੀ # 342, ਮੈਗਜ਼ੀਨ ਸਟ੍ਰੀਟ, ਸੰਗਰੂਰ, ਪਿੰਨ ਨੰਬਰ 148001, ਪੰਜਾਬ, (ਜ਼ਾਮਨ) 3. ਸ਼੍ਰੀਮਤੀ ਮਧੂਬਾਲਾ ਪਤਨੀ ਸ਼੍ਰੀ ਯਸ਼ਪਾਲ, ਰਿਹਾਇਸ਼ #342, ਮੈਗਜ਼ੀਨ ਸਟਰੀਟ, ਸੰਗਰੂਰ, ਪਿੰਨ ਨੰ. 148001 (ਜ਼ਾਮਨ) ਇਸ ਨੋਟਿਸ ਵਿੱਚ ਦੱਸੀ ਗਈ ਰਕਮ 3338021/- (ਰੁਪਏ ਤੇਤੀ ਲੱਖ ਅਠੱਤੀ ਹਜ਼ਾਰ ਇੱਕੀ ਕੇਵਲ) ਹੋਰ ਵਿਆਜ ਅਤੇ ਹੋਰ ਇਕਰਾਰਨਾਮੇ ਦੇ ਖਰਚਿਆਂ ਸਮੇਤ ਜੁਰਮਾਨੇ ਸਮੇਤ ਵਾਪਸ ਕਰਨ ਲਈ ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ। ਕਰਜ਼ਦਾਰ ਆਪਣੀਆਂ ਦੇਣਦਾਰੀਆਂ ਨੂੰ ਪੂਰੀ ਤਰ੍ਹਾਂ ਨਿਭਾਉਣ ਵਿੱਚ ਅਸਫਲ ਰਿਹਾ ਹੈ, ਇਸ ਲਈ ਉਹਨਾਂ ਨੂੰ ਖਾਸ ਤੌਰ 'ਤੇ ਅਤੇ ਆਮ ਤੌਰ 'ਤੇ ਜਨਤਕ ਤੌਰ 'ਤੇ ਨੋਟਿਸ ਦਿੱਤਾ ਜਾਂਦਾ ਹੈ ਕਿ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ, ਹੇਠਾਂ ਦੱਸੀ ਗਈ ਜਾਇਦਾਦ ਦਾ ਭੌਤਿਕ ਕਬਜ਼ਾ ਲੈ ਲਿਆ ਹੈ, ਧਾਰਾ ਦੇ ਅਧੀਨ। ਉਕਤ [ਐਕਟ] ਦੇ 13(4), ਜ਼ਿਲ੍ਹਾ ਮੈਜਿਸਟ੍ਰੇਟ, ਸੰਗਰੂਰ ਦੁਆਰਾ 15-07-2024 ਦੇ ਕੇਸ ਨੰਬਰ 78 ਵਿੱਚ ਪਾਸ ਕੀਤੇ ਗਏ ਹੁਕਮ ਦੇ ਅਨੁਸਾਰ, ਇਸ 26.02.2026 'ਤੇ ਉਕਤ ਨਿਯਮਾਂ ਦੇ ਨਿਯਮ 9 ਦੇ ਨਾਲ ਪੜ੍ਹੇ ਗਏ ਉਕਤ [ਐਕਟ] ਦੀ ਧਾਰਾ 14 ਦੇ ਤਹਿਤ। ਖਾਸ ਕਰਕੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਕਰਨ 'ਤੇ ਸ਼੍ਰੀਰਾਮ ਫਾਇਨਾਂਸ ਲਿਮਟਿਡ ਵੱਲੋਂ 3338021/- (ਰੁਪਏ ਤੇਤੀ ਲੱਖ ਅਠੱਤੀ ਹਜ਼ਾਰ ਇੱਕੀ ਕੇਵਲ) ਦੀ ਰਕਮ ਲਈ ਹੋਰ ਵਿਆਜ ਅਤੇ ਹੋਰ ਇਕਰਾਰਨਾਮੇ ਦੇ ਖਰਚੇ ਅਤੇ ਜੁਰਮਾਨੇ ਦੇ ਨਾਲ ਅੱਜ ਤੱਕ ਹੋਰ ਵਿਆਜ ਅਤੇ ਹੋਰ ਲਾਗਤਾਂ,

ਵਿੱਤੀ ਸੰਸਥਾ ਨੂੰ ਗਿਰਵੀ ਰੱਖੀ ਗਈ ਅਚੱਲ ਜਾਇਦਾਦ ਦੇ ਵੇਰਵੇ

ਉਹ ਜਾਇਦਾਦ ਮਕਾਨ. 342 79.16 ਵਰਗ ਗਜ਼ ਮੈਗਜ਼ੀਨ ਮੁਹੱਲਾ ਸੰਗਰੂਰ ਵਿਖੇ ਸਥਿਤ ਹੈ ਜੋ ਕਿ ਟ੍ਰਾਂਸਫਰ ਡੀਡ ਨੰਬਰ 2020/21/121/1/3690 ਮਿਤੀ: 10.02.2021 ਅਨੁਸਾਰ ਸ਼ਿਫਾਲੀ ਪੁੱਤਰੀ ਯਸ਼ਪਾਲ ਪੁੱਤਰ ਬਲਦੇਵ ਕ੍ਰਿਸ਼ਨ ਦੁਆਰਾ ਯਸ਼ਪਾਲ ਪੁੱਤਰ ਬਲਦੇਵ ਕ੍ਰਿਸ਼ਨ ਪੁੱਤਰ ਸ਼ਾਦੀ ਰਾਮ ਨਿਵਾਸੀ ਮਕਾਨ ਨੰ. 342, ਮੈਗਜ਼ੀਨ ਸਟਰੀਟ, ਸੰਗਰੂਰ ਦੇ ਹੱਕ ਵਿੱਚ ਚਲਾਇਆ ਗਿਆ ਹੈ ਅਤੇ ਇਸ ਤਰ੍ਹਾਂ ਹੱਦਬੰਦੀ: ਪੂਰਬ ਵੱਲ: ਦੁਰਗਾ ਦਾਸ ਦੀ ਜਾਇਦਾਦ, ਪੱਛਮ ਵੱਲ: ਗਲੀ, ਉੱਤਰ ਵੱਲ: ਤਰਸੇਮ ਸਿੰਗਲਾ ਦੀ ਜਾਇਦਾਦ, ਦੱਖਣ ਵੱਲ: ਗਲੀ

ਮਿਤੀ: 26.02.2026 ਸਥਾਨ: ਸੰਗਰੂਰ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

# ਸੱਚ ਦੀ ਜਿੱਤ ਨੇ ਵਿਰੋਧੀਆਂ ਦੇ ਮੂੰਹ ਕੀਤੇ ਬੰਦ: ਡਾ. ਹਰਮਿੰਦਰ ਬਖਸ਼ੀ

ਗੜ੍ਹਸ਼ੰਕਰ, 1 ਮਾਰਚ (ਅਜਮੇਰ ਸਿੰਘ ਭਨੋਟ): ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਜਿੱਥੇ ਪੁਰਾਣੇ ਕੇਸ ਵਿੱਚ ਬਰੀ ਹੋਣ ਦੇ ਨਾਲ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ, ਉਥੇ ਹੀ ਇਸ ਸਬੰਧ ਵਿੱਚ ਆਮ ਆਦਮੀ ਪਾਰਟੀ ਦੇ ਪੰਜਾਬ ਇੰਡਸਟਰੀ ਬੋਰਡ ਦੇ ਵਾਈਸ ਚੇਅਰਮੈਨ ਡਾ. ਹਰਮਿੰਦਰ ਬਖਸ਼ੀ ਨੇ ਬੋਲਦਿਆਂ ਕਿਹਾ ਕਿ ਆਖਿਰਕਾਰ ਸੱਚਾਈ ਦੀ ਜਿੱਤ ਹੀ ਹੋਈ ਹੈ। ਇਸ ਜਿੱਤ ਨੇ ਵਿਰੋਧੀਆਂ ਦੇ ਮੂੰਹ ਬੰਦ ਕੀਤੇ ਹਨ, ਜੋ ਲਗਾਤਾਰ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮਿਨੀਸ਼ ਸਿਸੋਦੀਆ ਉਤੇ ਤੰਜ ਕੱਸਦੇ ਸਨ, ਮਾਣਯੋਗ ਅਦਾਲਤ ਨੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਉਪ-ਮੁੱਖ ਮੰਤਰੀ ਮਨੀਸ਼ ਸਿਸੋਦੀਆ



ਸਮੇਤ ਕੁਲ 23 ਮੁਲਾਜ਼ਮਾਂ ਨੂੰ ਬਾਇੱਜ਼ਤ ਬਰੀ ਕਰ ਦਿੱਤਾ ਹੈ। ਅਦਾਲਤ ਨੇ ਸੀਬੀਆਈ ਵੱਲੋਂ ਕੀਤੀ ਗਈ ਦਾਇਰ ਚਾਰਜਸ਼ੀਟ ਵਿੱਚ ਕੋਈ ਵੀ ਠੋਸ ਸਬੂਤ ਨਾ ਹੋਣ 'ਤੇ ਇਹ ਫੈਸਲਾ ਸੁਣਾਇਆ ਹੈ। ਅਦਾਲਤ ਨੇ ਸੀਬੀਆਈ ਦੀ ਜਾਂਚ 'ਤੇ ਸਖਤ ਟਿੱਪਣੀ ਕਰਦਿਆਂ ਕਿਹਾ ਕਿ ਚਾਰਜਸ਼ੀਟ ਵਿੱਚ ਬਹੁਤ ਸਾਰੀਆਂ ਕਮੀਆਂ ਹਨ ਤੇ ਗਵਾਹਾਂ ਜਾਂ ਬਿਆਨਾਂ ਨਾਲ ਕੋਈ ਵੀ ਸਮਰਥਨ ਨਹੀਂ ਮਿਲਦਾ।ਆਮ ਆਦਮੀ ਪਾਰਟੀ ਦੇ ਪੰਜਾਬ ਇੰਡਸਟਰੀ ਬੋਰਡ ਦੇ ਵਾਈਸ ਚੇਅਰਮੈਨ ਡਾ. ਹਰਮਿੰਦਰ ਬਖਸ਼ੀ ਨੇ ਕਿਹਾ ਕਿ ਜਿਹੜੇ ਵਿਰੋਧੀ ਘੁਟਾਲਿਆਂ ਦੀ ਗੱਲ ਕਰਦੇ ਸਨ, ਅੱਜ ਇਸ ਅਦਾਲਤ ਦੇ ਫੈਸਲੇ ਨੇ ਵਿਰੋਧੀਆਂ ਦੀ ਬੋਲਤੀ ਬੰਦ ਕਰ ਦਿੱਤੀ ਹੈ, ਆਖਰਕਾਰ ਸੱਚਾਈ ਦੀ ਜਿੱਤ ਹੋਈ ਹੈ।

# ਵਿਧਾਇਕ ਅਮਰਪਾਲ ਸਿੰਘ ਦੀ ਅਗਵਾਈ ਹੇਠ ਸ਼ਮਸ਼ਾਨ ਘਾਟ ਵਿਖੇ ਲੱਖਾਂ ਦੀ ਲਾਗਤ ਨਾਲ ਫਰਸ਼ ਪਾਉਣ ਦਾ ਕੰਮ ਸ਼ੁਰੂ

ਬਟਾਲਾ, 1 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਹਲਕੇ ਅੰਦਰ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਪਿੰਡ ਪੰਜਗਰਾਈਆਂ ਦੇ ਸ਼ਮਸ਼ਾਨਘਾਟ ਵਿਖੇ ਲੱਖਾਂ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਫਰਸ਼ ਪਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਹੈ। ਨਗਰ ਦੇ ਸਰਪੰਚ ਗੁਰਦੀਪ ਸਿੰਘ ਹੇਅਰ ਨੇ ਦੱਸਿਆ ਕਿ ਪਿੰਡ ਵਾਸੀਆਂ ਤੇ ਪੰਚਾਇਤ ਮੈਂਬਰਾਂ ਦੀ ਮੌਜੂਦਗੀ ਵਿੱਚ ਵਿਕਾਸ ਕਾਰਜ ਲਗਾਤਾਰ ਚੱਲ ਰਹੇ ਹਨ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਕਈ ਸਫਲ ਉਪਰਾਲੇ ਕੀਤੇ ਹਨ, ਜਿਸ ਦੇ ਚੱਲਦਿਆਂ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਨਿਰਮਾਣ ਕਾਰਜਾਂ ਸਮੇਤ ਵੱਖ-ਵੱਖ ਵਿਕਾਸ ਕੰਮ



ਕਰਵਾਏ ਗਏ ਹਨ ਤੇ ਰਹਿੰਦੇ ਕੰਮ ਕਰਵਾਏ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਦੀ ਅਗਵਾਈ ਹੇਠ ਇਤਿਹਾਸਕ ਤੇ ਧਾਰਮਿਕ ਹਲਕੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ।ਪਿੰਡਾਂ ਦੇ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ। ਹਲਕੇ ਦੇ ਕਈ ਪਿੰਡਾਂ ਵਿੱਚ ਸ਼ਾਨਦਾਰ ਪਾਰਕਾਂ ਦੀ ਉਸਾਰੀ ਕੀਤੀ ਗਈ ਹੈ। ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਪਾਏ ਜਾ ਰਹੇ ਹਨ। ਪਿੰਡਾਂ ਦੇ ਆਲੇ-ਦੁਆਲੇ ਦੀਆਂ ਫਿਰਨੀਆਂ ਨੂੰ ਪੱਕਿਆਂ ਕੀਤਾ ਗਿਆ ਹੈ ਤੇ ਇੱਕ-ਦੂਜੇ ਪਿੰਡ ਨੂੰ ਜੋੜਨ ਵਾਲੀਆਂ ਲਿੰਕ ਸੜਕਾਂ ਤੇ ਨਿਰਮਾਣ ਕਾਰਜ ਵੀ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੇ ਹਨ। ਇਸ ਮੌਕੇ ਸਰਪੰਚ ਗੁਰਦੀਪ ਸਿੰਘ ਹੇਅਰ ਤੋਂ ਇਲਾਵਾ ਪੰਚ ਸਤਨਾਮ ਸਿੰਘ, ਜੀਤ ਬਾਈ, ਪੰਚ ਹਜ਼ਾਰਾ ਰਾਮ, ਪੰਚ ਕਰਮਜੀਤ ਸਿੰਘ, ਪੰਚ ਸੁਖਦੀਪ ਸਿੰਘ ਸੁੱਖਾ, ਪੰਚ ਗੁਰਦੇਵ ਸਿੰਘ, ਠੇਕੇਦਾਰ ਹਾਜ਼ਰ ਸਨ।

# ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ 'ਚ ਗਲੀਆਂ ਦੇ ਨਿਰਮਾਣ ਦੀ ਸ਼ੁਰੂਆਤ ਕਰਵਾਈ

ਹੁਸ਼ਿਆਰਪੁਰ, 1 ਮਾਰਚ (ਦੀਪਕ ਅਗਨੀਹੋਤਰੀ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਵਾਰਡ ਨੰਬਰ 13 ਵਿੱਚ ਲਗਭਗ 12 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਗਲੀਆਂ ਵਿੱਚ ਬਲਾਕ ਟਾਇਲਾਂ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ।ਇਸ ਮੌਕੇ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਲਾਕੇ ਦੇ ਸਮੁੱਚੇ ਵਿਕਾਸ ਲਈ ਵਚਨਬੱਧ ਹੈ ਤੇ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਪਹਿਲ ਦੇ ਆਧਾਰ 'ਤੇ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਵਿਧਾਇਕ ਜਿੰਪਾ ਨੇ ਕਿਹਾ ਕਿ ਲੰਬੇ ਸਮੇਂ ਤੋਂ ਵਾਰਡ ਨੰਬਰ 13 ਵਿੱਚ ਬਹੁਤ ਸਾਰੀਆਂ ਗਲੀਆਂ ਖਸਤਾ ਹਾਲਤ ਵਿੱਚ ਸਨ, ਜਿਸ ਕਾਰਨ ਸਥਾਨਕ ਨਿਵਾਸੀਆਂ ਨੂੰ ਆਉਣ-ਜਾਣ ਵਿੱਚ ਮੁਸ਼ਕਿਲਾਂ ਆ ਰਹੀਆਂ ਸਨ। ਬਲਾਕ ਟਾਇਲਾਂ ਲਗਾਉਣ ਨਾਲ ਨਾ ਸਿਰਫ਼ ਗਲੀਆਂ ਮਜ਼ਬੂਤ ਤੇ ਸੁੰਦਰ ਹੋਣਗੀਆਂ ਸਗੋਂ ਡਰੇਨੇਜ਼ ਦੀਆਂ ਸਮੱਸਿਆਵਾਂ ਵੀ ਦੂਰ ਹੋਣਗੀਆਂ। ਉਨ੍ਹਾਂ ਕਿਹਾ ਕਿ ਵਿਕਾਸ



ਕਾਰਜਾਂ ਵਿੱਚ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਤੇ ਕੰਮ ਨਿਰਧਾਰਿਤ ਸਮਾਂ ਸੀਮਾ ਦੇ ਅੰਦਰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸ਼ਹਿਰੀ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ। ਹਰੇਕ ਵਾਰਡ ਵਿੱਚ ਲੋਕਾਂ ਦੀਆਂ ਜ਼ਰੂਰਤਾਂ ਦੇ ਆਧਾਰ 'ਤੇ ਵਿਕਾਸ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਮਿਲ ਸਕਣ। ਵਿਧਾਇਕ ਜਿੰਪਾ ਨੇ ਸਥਾਨਕ ਨਿਵਾਸੀਆਂ ਨੂੰ ਭਰੋਸਾ ਦਿੱਤਾ ਕਿ ਵਾਰਡ ਨੰਬਰ 13 ਸਮੇਤ ਪੂਰੇ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜ ਇਸੇ ਤਰ੍ਹਾਂ ਜਾਰੀ ਰਹਿਣਗੇ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਕੌਂਸਲਰ ਜਤਿੰਦਰ ਕੌਰ ਪਿੰਕੀ, ਕੌਂਸਲਰ ਚੰਦਰਵਤੀ ਦੇਵੀ, ਨਵੀਨ, ਗੰਗਾ ਪ੍ਰਸਾਦ, ਅਜੀਤ ਸਿੰਘ ਲੱਕੀ ਤੇ ਕਰਨੈਲ ਸਿੰਘ ਵੀ ਮੌਜੂਦ ਸਨ। ਮੌਜੂਦ ਪਤਵੰਤਿਆਂ ਨੇ ਇਸ ਪਹਿਲਕਦਮੀ ਲਈ ਵਿਧਾਇਕ ਜਿੰਪਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਇਲਾਕੇ ਦੇ ਨਿਵਾਸੀਆਂ ਨੂੰ ਸਿੱਧਾ ਲਾਭ ਹੋਵੇਗਾ।

# ਟਿੱਪਰ ਹਾਦਸੇ 'ਚ ਮਾਰੇ ਸਾਬਕਾ ਫ਼ੌਜੀ ਲਈ ਨਿਮਿਸ਼ਾ ਮਹਿਤਾ ਨੇ ਮ੍ਰਿਤਕ ਦੇ ਪਰਿਵਾਰ ਨਾਲ ਰਲ ਕੇ ਧਰਨਾ ਲਗਾਇਆ



ਹੁਸ਼ਿਆਰਪੁਰ, 1 ਮਾਰਚ (ਦੀਪਕ ਅਗਨੀਹੋਤਰੀ): ਬੀਤੀ ਰਾਤ ਪਿੰਡ ਕੋਕੋਵਾਲ ਮਜਾਰੀ ਵਿੱਚ ਟਿੱਪਰ ਨਾਲ ਹੋਏ ਸੜਕ ਹਾਦਸੇ ਵਿੱਚ ਮਾਰੇ ਗਏ ਗੜ੍ਹੀਮਨਸੋਵਾਲ ਦੇ ਸਾਬਕਾ ਫ਼ੌਜੀ ਕਾਬਲ ਸਿੰਘ ਦੇ ਪਰਿਵਾਰ ਨਾਲ ਪੁਲਿਸ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ ਖ਼ਿਲਾਫ਼ ਭਾਜਪਾ ਦੀ ਗੜ੍ਹਸ਼ੰਕਰ ਹਲਕਾ ਇੰਚਾਰਜ ਨਿਮਿਸ਼ਾ ਮਹਿਤਾ ਨੇ ਮ੍ਰਿਤਕ ਦੇ ਪਰਿਵਾਰ ਨਾਲ ਮਿਲ ਕੇ ਬੰਗਾ ਚੌਂਕ ਵਿੱਚ ਧਰਨਾ ਲਗਾਇਆ। ਮ੍ਰਿਤਕ ਦੇ ਪਰਿਵਾਰ ਨੇ ਸਾਬਕਾ ਫ਼ੌਜੀ ਦੀ ਲਾਸ਼ ਦਾ ਪੋਸਟਮਾਰਟਮ ਕਰਵਾਉਣ ਤੋਂ ਪੁਲਿਸ ਨੂੰ ਮਨਾ ਕਰ ਦਿੱਤਾ ਤੇ ਕਿਹਾ ਕਿ ਪਹਿਲਾਂ ਪੁਲਿਸ ਟਿੱਪਰ ਡਰਾਈਵਰ ਜਾਂ ਟਿੱਪਰ ਕੰਪਨੀ ਦੇ ਮਾਲਕ ਨੂੰ ਫੜੇ ਫਿਰ ਹੀ ਮ੍ਰਿਤਕ ਦਾ ਅੰਤਿਮ ਸਸਕਾਰ ਉਹ ਕਰਨਗੇ। ਜਿਸ 'ਤੇ ਪੁਲਿਸ ਨੇ ਉਨ੍ਹਾਂ 'ਤੇ ਲਾਸ਼ ਦਾ ਪੋਸਟਮਾਰਟਮ ਕਰਵਾਉਣ ਦਾ ਦਬਾਅ ਬਣਾਉਣਾ ਸ਼ੁਰੂ ਕਰ ਦਿੱਤਾ ਤੇ ਪਰਿਵਾਰ ਸਿਵਲ ਹਸਪਤਾਲ ਵਿਚੋਂ ਬਾਹਰ ਆ ਕੇ ਨੰਗਲ ਚੌਂਕ ਧਰਨੇ 'ਤੇ ਬੈਠਣ ਲੱਗਾ ਤਾਂ ਫਿਰ ਗੜ੍ਹਸ਼ੰਕਰ ਪੁਲਿਸ ਮੁਲਾਜ਼ਮਾਂ ਨੇ ਪਰਿਵਾਰ ਨੂੰ ਦਬਕੇ ਮਾਰਨੇ ਸ਼ੁਰੂ ਕਰ ਦਿੱਤੇ।ਇਸ 'ਤੇ ਪਰਿਵਾਰ ਨੇ ਭਾਜਪਾ ਆਗੂ ਨਿਮਿਸ਼ਾ ਮਹਿਤਾ ਨੂੰ ਮਦਦ ਦੀ ਗੁਹਾਰ ਲਗਾਈ। ਪਰਿਵਾਰ ਤੇ ਪਿੰਡ ਵਾਸੀਆਂ ਦੀ ਪੁਕਾਰ 'ਤੇ ਨਿਮਿਸ਼ਾ ਮਹਿਤਾ ਨੰਗਲ ਚੌਂਕ ਵਿਖੇ ਮ੍ਰਿਤਕ ਦੇ ਪਰਿਵਾਰ ਕੋਲ ਪਹੁੰਚੇ, ਜਿੱਥੋਂ ਉਨ੍ਹਾਂ ਕਾਫ਼ਿਲੇ ਨੂੰ ਨਾਲ ਲੈ ਕੇ ਪੰਜਾਬ ਸਰਕਾਰ, ਪੰਜਾਬ ਪੁਲਿਸ ਤੇ ਮਾਈਨਿੰਗ ਮਾਫ਼ੀਆ ਖ਼ਿਲਾਫ਼ ਨਾਅਰੇ ਮਾਰਦਿਆਂ ਰੋਸ ਮਾਰਚ ਸ਼ੁਰੂ ਕੀਤਾ ਤੇ ਕਾਫ਼ਿਲੇ ਨੇ ਬੰਗਾ ਚੌਂਕ ਪਹੁੰਚ ਕੇ ਧਰਨਾ ਲਗਾਇਆ। ਇਹ ਧਰਨਾ ਕਰੀਬ ਡੇਢ ਘੰਟਾ ਲੱਗਾ ਰਿਹਾ, ਜਿਸ ਨਾਲ ਬੰਗਾ ਚੌਂਕ ਵਿੱਚ ਆਵਾਜਾਈ ਠੱਪ ਰਹੀ ਤੇ ਲੰਬੇ ਜਾਮ ਲੱਗ ਗਏ। ਪੁਲਿਸ ਮੁਲਾਜ਼ਮਾਂ ਨੇ ਆ ਕੇ ਧਰਨਾਕਾਰੀਆਂ ਨਾਲ ਗੱਲਬਾਤ ਕੀਤੀ। ਪੁਲਿਸ ਮੁਲਾਜ਼ਮਾਂ ਨੇ ਹੌਲੇ-ਮਹੱਲੇ ਦੀ ਸੰਗਤ ਦੇ ਲਾਂਘੇ ਲਈ ਅਪੀਲ ਕਰਦੇ ਕਿਹਾ ਕਿ 5 ਦਿਨਾਂ ਵਿੱਚ ਟਿੱਪਰ ਕੰਪਨੀ ਦੇ ਡਰਾਈਵਰ ਜਾਂ ਟਿੱਪਰ ਕੰਪਨੀ ਦੇ ਮਾਲਕ ਨੂੰ ਫੜ੍ਹਣਗੇ, ਜਿਸ 'ਤੇ ਨਿਮਿਸ਼ਾ ਮਹਿਤਾ ਨੇ ਬਾਕੀ ਧਰਨਾਕਾਰੀਆਂ ਨਾਲ ਸਲਾਹ ਕਰਕੇ ਪੁਲਿਸ ਨੂੰ ਤਿੰਨ ਦਿਨਾਂ ਅੰਦਰ ਇਹ ਕੰਮ ਕਰਕੇ ਦੇਣ ਲਈ ਕਿਹਾ ਤੇ ਨਾਲ ਹੀ ਚਿਤਾਵਨੀ ਦਿੱਤੀ ਕਿ ਜੇਕਰ ਗੜ੍ਹਸ਼ੰਕਰ ਪੁਲਿਸ ਵੱਲੋਂ ਤਿੰਨ ਦਿਨਾਂ ਅੰਦਰ ਟਿੱਪਰ ਕੰਪਨੀ ਦਾ ਮਾਲਕ ਜਾਂ ਡਰਾਈਵਰ ਨਾ ਫੜਿਆ ਗਿਆ ਤਾਂ ਇਸੇ ਬੰਗਾ ਚੌਂਕ ਵਿੱਚ ਦੋਬਾਰਾ ਧਰਨਾ ਲਗਾਇਆ ਜਾਵੇਗਾ।

# ਕਿਸਾਨ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪਿੰਡ ਨਾਸਰਕੇ-ਸਾਰਚੂਰ 'ਚ ਮੀਟਿੰਗ, ਨਵ-ਨਿਯੁਕਤ ਕਮੇਟੀ ਦਾ ਗਠਨ



ਬਟਾਲਾ, 1 ਮਾਰਚ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਨਾਸਰਕੇ ਵਿੱਚ ਕਿਸ਼ਾਨ ਸੰਘਰਸ਼ ਕਮੇਟੀ ਪੰਜਾਬ ਵੱਲੋਂ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਜਗਪ੍ਰੀਤ ਸਿੰਘ ਤੇ ਜ਼ਿਲ੍ਹਾ ਗੁਰਦਾਸਪੁਰ ਦੇ ਬਲਾਕ ਪ੍ਰਧਾਨ ਹਰਜੀਤ ਸਿੰਘ ਪਰਵਾਨਾ ਦੀ ਅਗਵਾਈ ਵਿੱਚ ਮੀਟਿੰਗ ਹੋਈ, ਜਿਸ ਵਿੱਚ ਕਿਸਾਨਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਉਪਰੰਤ ਨਵ-ਨਿਯੁਕਤ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਇਕਾਈ ਦੇ ਪ੍ਰਧਾਨ ਜੁਗਰਾਜ ਸਿੰਘ ਜਰਨਲ ਸਕੱਤਰ ਤੇ ਖਜ਼ਾਨਚੀ ਰਣਬੀਰ ਸਿੰਘ, ਗੁਰਮੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਮੀਤ ਪ੍ਰਧਾਨ ਬਲਵਿੰਦਰ ਸਿੰਘ ਮੀਤ ਪ੍ਰਧਾਨ ਪਲਵਿੰਦਰ ਸਿੰਘ ਸਕੱਤਰ ਲਵਪ੍ਰੀਤ ਸਿੰਘ ਸਹਾਇਕ ਸਕੱਤਰ ਮਾਸਟਰ ਬਲਕਾਰ ਸਿੰਘ ਸਲਾਹਕਾਰ ਸਿੰਘ ਸੰਧੂ ਨੂੰ ਪ੍ਰੈਸ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਨਵ-ਨਿਯੁਕਤ ਬਣੀ ਕਮੇਟੀ ਦਾ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਜਰਨਲ ਸਕੱਤਰ ਗੁਰਦੇਵ ਸਿੰਘ ਵਰਪਾਲ ਨੇ ਆਏ ਕਿਸਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਿਲਾਂ ਬਾਰੇ ਜਾਗਰੂਕ ਕਰਾਇਆ। ਇਸ ਮੌਕੇ ਹਰਮੀਤ ਸਿੰਘ, ਸਤਪਾਲ ਸਿੰਘ, ਜਗਤਾਰ ਸਿੰਘ, ਜਸਬੀਰ ਸਿੰਘ, ਸੁਖਚੈਨ ਸਿੰਘ, ਸਤਨਾਮ ਸਿੰਘ, ਅਮਰਜੀਤ ਸਿੰਘ, ਨਿਰਮਲ ਸਿੰਘ, ਬਖਸ਼ੀਸ਼ ਸਿੰਘ ਤੋਂ ਇਲਾਵਾ ਹੋਰ ਬਹੁਤ ਸਾਰੇ ਕਿਸਾਨ ਵੀਰ ਹਾਜ਼ਰ ਸਨ।

# ਕੇਜਰੀਵਾਲ ਤੇ ਸਿਸੋਦੀਆ ਦਾ ਬਾਇੱਜ਼ਤ ਬਰੀ ਹੋਣਾ ਸਚਾਈ ਦੀ ਜਿੱਤ: ਰੰਧਾਵਾ

ਫਤਹਿਗੜ੍ਹ ਚੂੜੀਆਂ, 1 ਮਾਰਚ (ਰਾਜਨ ਸ਼ਰਮਾ): ਰਾਊਜ਼ ਐਵੇਨਿਊ ਅਦਾਲਤ ਨੇ ਦਿੱਲੀ ਆਬਕਾਰੀ ਨੀਤੀ 2021-22 ਨਾਲ ਜੁੜੇ ਕਥਿਤ ਘੁਟਾਲੇ ਵਿੱਚ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਤੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਸਾਬਕਾ ਉਪ-ਮੁੱਖ ਮੰਤਰੀ ਮਨੀਸ਼ ਸਿਸੋਦੀਆ ਸਮੇਤ ਕੁੱਲ 23 ਮੁਲਜ਼ਮਾਂ ਨੂੰ ਬਾਇੱਜ਼ਤ ਬਰੀ ਕਰ ਦਿੱਤਾ ਹੈ। ਅਦਾਲਤ ਨੇ ਸੀਬੀਆਈ ਵੱਲੋਂ ਦਾਇਰ ਚਾਰਜਸ਼ੀਟ ਵਿੱਚ ਕੋਈ ਠੋਸ ਸਬੂਤ ਨਾ ਹੋਣ ਤੇ ਕਥਿਤ ਸਾਜਿਸ਼ ਜਾਂ ਅਪਰਾਧਿਕ ਇਰਾਦੇ ਦੀ ਗੈਰ-ਹਾਜ਼ਰੀ ਨੂੰ ਆਧਾਰ ਬਣਾਉਂਦਿਆਂ ਇਹ ਫੈਸਲਾ ਸੁਣਾਇਆ। ਅਦਾਲਤ ਨੇ ਸੀਬੀਆਈ ਦੀ ਜਾਂਚ 'ਤੇ ਸਖ਼ਤ ਟਿੱਪਣੀ ਕਰਦਿਆਂ ਕਿਹਾ ਕਿ ਚਾਰਜਸ਼ੀਟ ਵਿੱਚ ਬਹੁਤ ਸਾਰੀਆਂ ਕਮੀਆਂ ਹਨ ਤੇ ਗਵਾਹਾਂ ਜਾਂ ਬਿਆਨਾਂ ਨਾਲ ਕੋਈ ਸਮਰਥਨ ਨਹੀਂ ਮਿਲਦਾ।



ਅਦਾਲਤ ਨੇ ਕਿਹਾ ਕਿ ਇਸ ਨੀਤੀ ਵਿੱਚ ਕੋਈ ਵੱਡੀ ਸਾਜਿਸ਼ ਜਾਂ ਅਪਰਾਧਿਕ ਇਰਾਦਾ ਸਾਬਤ ਨਹੀਂ ਹੋਇਆ। ਇਸ ਫੈਸਲੇ ਤੋਂ ਬਾਅਦ ਅਰਵਿੰਦ ਕੇਜਰੀਵਾਲ ਭਾਵੁਕ ਹੋ ਗਏ ਤੇ ਉਨ੍ਹਾਂ ਨੇ ਕਿਹਾ ਕਿ ਪ੍ਰਮਾਤਮਾ ਸਾਡੇ ਨਾਲ ਹੈ ਤੇ ਉਹ ਕੱਟੜ ਇਮਾਨਦਾਰ ਹਨ। ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਗੁਰਪ੍ਰੀਤ ਸਿੰਘ ਰੰਧਾਵਾ ਖੋਦੇ ਬਾਂਗਰ ਨੇ ਇਸ ਫੈਸਲੇ ਨੂੰ ਸੱਚਾਈ ਦੀ ਜਿੱਤ ਦੱਸਿਆ। ਉਨ੍ਹਾਂ ਕਿਹਾ ਕਿ ਆਪ ਨੇ ਹਮੇਸ਼ਾ ਇਹ ਕਿਹਾ ਸੀ ਕਿ ਸ਼ਰਾਬ ਘੁਟਾਲਾ ਬਿਲਕੁਲ ਫਰਜ਼ੀ ਸੀ। ਸੋ ਆਖਰ ਵਿੱਚ ਸੱਚਾਈ ਦੀ ਹੀ ਜਿੱਤ ਹੋਈ ਹੈ।

# ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਨ ਨਾਲ ਖਿਡਾਰੀ ਅੱਗੇ ਵੱਧਦੇ ਨੇ: ਆੜ੍ਹਤੀ ਤੂਰ ਬ੍ਰਦਰਜ਼



ਕੋਟ ਈਸੇ ਖਾਂ, 1 ਮਾਰਚ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਜੇਕਰ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ ਜਾਵੇ ਤਾਂ ਖਿਡਾਰੀ ਬਹੁਤ ਅੱਗੇ ਵੱਧ ਜਾਂਦੇ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਖੋਸਾ ਕੋਟਲਾ ਵਿਖੇ ਹੋਏ ਕਬੱਡੀ ਕੱਪ ਦੌਰਾਨ ਪਿੰਡ ਖੋਸਾ ਕੋਟਲਾ ਦੇ ਆੜ੍ਹਤੀ ਬੂਟਾ ਸਿੰਘ ਤੂਰ ਤੇ ਨੇਕ ਸਿੰਘ ਤੂਰ ਨੇ ਕਬੱਡੀ ਖਿਡਾਰੀ ਵਿੱਕੀ ਗਗੜਾ ਨੂੰ 21000 ਰੁਪਿਆ ਨਗਦ ਦੇ ਕੇ ਸਨਮਾਨਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਮੂਹ ਪੰਜਾਬੀਆਂ ਤੇ ਖਾਸਕਰ ਐਨਆਰਆਈ ਭਰਾਵਾਂ ਵੱਲੋਂ ਲੋੜਵੰਦ ਖਿਡਾਰੀਆਂ ਦੀ ਮਦਦ ਜ਼ਰੂਰ ਕਰਨੀ ਚਾਹੀਦੀ ਹੈ ਤਾਂ ਜੋ ਇਹ ਖਿਡਾਰੀ ਆਪਣੀ ਚੰਗੀ ਖੇਡ ਦੁਆਰਾ ਆਪਣੇ ਪਿੰਡ ਦਾ ਨਾਂ ਰੋਸ਼ਨ ਕਰ ਸਕਣ। ਇਸ ਮੌਕੇ ਸ਼ਹੀਦ ਗੁਰਦਰਸ਼ਨ ਸਿੰਘ ਸਪੋਰਟਸ ਕਲੱਬ ਦੇ ਪ੍ਰਧਾਨ ਨਿਰਮਲ ਸਿੰਘ ਤੇ ਡਾ. ਕੁਲਵੰਤ ਸਿੰਘ ਸੰਧੂ ਮੁਦਕੀ ਵਾਲੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਕਬੱਡੀ ਖਿਡਾਰੀ ਮੀਤਾ ਖੋਸਾ ਕੋਟਲਾ ਬੁਲਟ ਮੋਟਰ ਸਾਈਕਲ ਨਾਲ ਸਨਮਾਨਤ



ਕੋਟ ਈਸੇ ਖਾਂ, 1 ਮਾਰਚ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਸ਼ਹੀਦ ਗੁਰਦਰਸ਼ਨ ਸਿੰਘ ਸਪੋਰਟਸ ਕਲੱਬ ਵੱਲੋਂ ਕਰਵਾਏ ਗਏ ਕਬੱਡੀ ਕੱਪ ਦੌਰਾਨ ਪਿੰਡ ਖੋਸਾ ਕੋਟਲਾ ਦੇ ਹੋਣਹਾਰ ਕਬੱਡੀ ਖਿਡਾਰੀ ਮੀਤਾ ਨੂੰ ਇੰਦਰ ਸਪੇਨ, ਗੁਰਵਿੰਦਰ ਕੈਨੇਡਾ, ਜੋਤੀ ਸਪੇਨ, ਸਤਨਾਮ ਸਿੰਘ ਨੌਂਸਲੇ, ਮੰਨਾ ਸੰਧੂ ਸ਼ਾਹਵਾਲਾ ਕੈਨੇਡਾ, ਦਿਲਬਾਗ ਕੈਨੇਡਾ, ਯਾਦਵਿੰਦਰ ਕੈਨੇਡਾ ਤੇ ਇੰਦਰਜੀਤ ਕੰਗ ਕੈਨੇਡਾ ਵੱਲੋਂ ਬੁਲਟ ਮੋਟਰਸਾਈਕਲ ਦੇ ਕੇ ਸਨਮਾਨਤ ਕੀਤਾ ਗਿਆ। ਆਪਣੇ ਇਸ ਸਨਮਾਨ ਲਈ ਇਨ੍ਹਾਂ ਸ਼ਖਸੀਅਤਾਂ ਦਾ ਧੰਨਵਾਦ ਕਰਦਿਆਂ ਕਬੱਡੀ ਖਿਡਾਰੀ ਨੇਤਾ ਨੇ ਕਿਹਾ ਕਿ ਤੁਹਾਡੇ ਵੱਲੋਂ ਦਿੱਤੇ ਗਏ ਇਸ ਸ਼ਾਨਦਾਰ ਇਨਾਮ ਦੀ ਬਦੌਲਤ ਮੈਂ ਆਪਣੀ ਖੇਡ ਵਿੱਚ ਹੋਰ ਸੁਧਾਰ ਲਿਆ ਕੇ ਪਿੰਡ ਦਾ ਨਾਂ ਰੋਸ਼ਨ ਕਰਾਂਗਾ। ਇਸ ਮੌਕੇ ਕਲੱਬ ਪ੍ਰਧਾਨ ਨਿਰਮਲ ਸਿੰਘ, ਸਰਪੰਚ ਗੁਰਸੇਵਕ ਸਿੰਘ, ਡਾ. ਕੁਲਵੰਤ ਸਿੰਘ ਸੰਧੂ ਮੁਦਕੀ ਵਾਲੇ, ਆੜ੍ਹਤੀ ਸਤਨਾਮ ਸਿੰਘ ਤੂਰ, ਰਾਜਵਿੰਦਰ ਸਿੰਘ ਰਾਜੂ ਤੇ ਹੋਰ ਹਾਜ਼ਰ ਸਨ।

# ਸਮਾਜਸੇਵਕ ਸੋਹਨ ਲਾਲ ਨੇ ਵਿਧਵਾ ਮਹਿਲਾ ਲਈ ਬਾਥਰੂਮ ਦੀ ਸੇਵਾ ਕੀਤੀ

ਤਲਵਾੜਾ, 1 ਮਾਰਚ (ਜਗਮੋਹਨ ਸ਼ਰਮਾ): ਪਿੰਡ ਜੁਗਿਆਲ ਵਿੱਚ ਸਮਾਜਸੇਵਾ ਦੀ ਇੱਕ ਪ੍ਰੇਰਨਾਦਾਇਕ ਮਿਸਾਲ ਸਾਹਮਣੇ ਆਈ ਹੈ। ਪਿੰਡ ਦੀ



ਵਿਧਵਾ ਮਹਿਲਾ ਰਣਜੀਤ ਕੌਰ, ਜੋ ਕਾਫੀ ਸਮੇਂ ਤੋਂ ਆਰਥਿਕ ਤੰਗੀ ਤੇ ਘਰੇਲੂ ਸਮੱਸਿਆਵਾਂ ਨਾਲ ਜੂਝ ਰਹੀ ਸੀ, ਉਸ ਦੀ ਮਦਦ ਲਈ ਪ੍ਰਸਿੱਧ ਸਮਾਜਸੇਵਕ ਸੋਹਨ ਲਾਲ ਅੱਗੇ ਆਏ। ਉਨ੍ਹਾਂ ਨੇ ਆਪਣੇ ਨਿੱਜੀ ਯਤਨਾਂ ਤੇ ਸਹਿਯੋਗੀਆਂ ਦੀ ਮਦਦ ਨਾਲ ਰਣਜੀਤ ਕੌਰ ਦੇ ਘਰ ਵਿੱਚ ਨਵਾਂ ਬਾਥਰੂਮ ਤਿਆਰ ਕਰਵਾ ਕੇ ਮਨੁੱਖਤਾ ਦੀ ਮਿਸਾਲ ਕਾਇਮ ਕੀਤੀ ਹੈ। ਜਾਣਕਾਰੀ ਅਨੁਸਾਰ ਰਣਜੀਤ ਕੌਰ ਕਾਫੀ ਸਮੇਂ ਤੋਂ ਬਿਨਾਂ ਢੰਗ ਦੇ ਬਾਥਰੂਮ ਦੇ ਜੀਵਨ ਬਿਤਾ ਰਹੀ ਸੀ। ਇਸ ਕਾਰਨ ਉਸਨੂੰ ਰੋਜ਼ਾਨਾ ਜੀਵਨ ਵਿੱਚ ਕਈ ਤਕਲੀਫਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਖ਼ਾਸ ਕਰਕੇ ਇੱਕ ਮਹਿਲਾ ਲਈ ਇਸ ਤਰ੍ਹਾਂ ਦੀ ਸਹੂਲਤ ਦੀ ਕਮੀ ਵੱਡੀ ਸਮੱਸਿਆ ਬਣੀ ਹੋਈ ਸੀ। ਜਦੋਂ ਇਹ ਗੱਲ ਸਮਾਜਸੇਵਕ ਸੋਹਨ ਲਾਲ ਦੇ ਧਿਆਨ ਵਿੱਚ ਆਈ ਤਾਂ ਉਨ੍ਹਾਂ ਨੇ ਤੁਰੰਤ ਮੌਕੇ ਦਾ ਦੌਰਾ ਕਰਕੇ ਹਾਲਾਤਾਂ ਦਾ ਜਾਇਜ਼ਾ ਲਿਆ ਤੇ ਬਾਥਰੂਮ ਬਣਵਾਉਣ ਦਾ ਭਰੋਸਾ ਦਿੱਤਾ। ਸੋਹਨ ਲਾਲ ਨੇ ਕਿਹਾ ਕਿ ਸਮਾਜ ਦੇ ਹਰੇਕ ਸਮਰੱਥ ਵਿਅਕਤੀ ਦਾ ਫਰਜ਼ ਬਣਦਾ ਹੈ ਕਿ ਉਹ ਲੋੜਵੰਦਾਂ ਦੀ ਸਹਾਇਤਾ ਲਈ ਅੱਗੇ ਆਏ। ਉਨ੍ਹਾਂ ਨੇ ਹੋਰ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਆਪਣੇ ਆਲੇ-ਦੁਆਲੇ ਕੋਈ ਲੋੜਵੰਦ ਮਿਲੇ ਤਾਂ ਉਹ ਉਸ ਦੀ ਮਦਦ ਕਰਨ ਤੋਂ ਹਿਚਕਿਚਾਉਣ ਨਾ। ਪਿੰਡ ਵਾਸੀਆਂ ਨੇ ਵੀ ਸੋਹਨ ਲਾਲ ਦੇ ਇਸ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ।

# ਖੇਤਾਂ ਦੀਆਂ ਮੋਟਰਾਂ ਚੋਰੀ ਕਰਨ ਵਾਲੇ ਗਿਰੋਹ ਖ਼ਿਲਾਫ਼ ਮੁਕੱਦਮਾ ਦਰਜ, 1 ਗ੍ਰਿਫ਼ਤਾਰ



ਰਾਹੋਂ, 1 ਮਾਰਚ (ਸੰਜੀਵ ਕੁਮਾਰ ਬੌਬੀ): ਰਾਹੋਂ ਪੁਲਿਸ ਵੱਲੋਂ ਜਿੱਥੇ ਨਸ਼ਿਆਂ ਨੂੰ ਠੱਲ੍ਹ ਪਾਉਣ 'ਚ ਅਹਿਮ ਰੋਲ ਅਦਾ ਕਰ ਰਹੀ ਹੈ, ਉਥੇ ਹੀ ਉਹ ਅਜਿਹੇ ਗਿਰੋਹਾਂ ਨੂੰ ਫੜਨ 'ਚ ਕਾਮਯਾਬ ਹੋ ਰਹੀ ਹੈ, ਜਿਹੜੇ ਆਏ ਦਿਨ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦੇ ਹਨ। ਅਜਿਹਾ ਹੀ ਮਾਮਲਾ ਸਾਹਮਣੇ ਆਇਆ ਹੈ। ਇਸ ਬਾਬਤ ਪੂਰਨ ਜਾਣਕਾਰੀ ਦਿੰਦੇ ਹੋਏ ਰਾਹੋਂ ਦੇ ਥਾਣਾ ਮੁਖੀ ਚੌਧਰੀ ਵਰਿੰਦਰ ਕੁਮਾਰ ਨੇ ਮੀਡੀਆ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਕੁਝ ਚਿਰਾਂ ਤੋਂ ਰਾਹੋਂ ਅਧੀਨ ਪੈਂਦੇ ਖੇਤਾਂ 'ਚ ਖੇਤੀਬਾੜੀ ਸਬੰਧਤ ਖੇਤਾਂ ਦੀਆਂ ਮੋਟਰਾਂ ਤੇ ਹੋਰ ਸਮਾਨ ਚੋਰੀ ਹੁੰਦਾ ਆਇਆ ਹੈ, ਜਿਸ 'ਤੇ ਚੌਕਸੀ ਰੱਖਦੇ ਹੋਏ ਪੁਲਿਸ ਪਾਰਟੀ ਵੱਲੋਂ ਖੇਤਾਂ ਦੀਆਂ ਮੋਟਰਾਂ ਚੋਰੀ ਕਰਨ ਵਾਲੇ ਗਿਰੋਹ ਨੂੰ ਕਾਬੂ ਕਰ ਲਿਆ ਹੈ,। ਗ੍ਰਿਫਤਾਰ ਕੀਤੇ ਮੁਲਜ਼ਮ ਦੀ ਪਹਿਚਾਣ ਬਲਜੀਤ ਸਿੰਘ ਪੁੱਤਰ ਸਰਵਣ ਸਿੰਘ ਵਾਸੀ ਕਾਹਲੋਂ, ਥਾਣਾ ਰਾਹੋਂ ਵਜੋਂ ਹੋਈ ਹੈ। ਥਾਣਾ ਮੁਖੀ ਨੇ ਆਖਿਆ ਕਿ ਬਲਜੀਤ ਸਿੰਘ ਦੇ ਸਾਥੀ ਜੋ ਇਸ ਗਿਰੋਹ 'ਚ ਸ਼ਾਮਲ ਹਨ, ਉਹ ਵੀ ਜਲਦੀ ਹੀ ਗ੍ਰਿਫ਼ਤਾਰ ਕਰ ਲਏ ਜਾਣਗੇ।

# ਅਨਮੋਲ ਵੈਲਫੇਅਰ ਕਲੱਬ ਵੱਲੋਂ ਸਮਾਜ ਸੇਵਾ ਦੇ ਖੇਤਰ 'ਚ ਕੀਤੇ ਜਾ ਰਹੇ ਸਮਾਜ ਸੇਵਾ ਪ੍ਰੋਜੈਕਟ ਸ਼ਲਾਘਾਯੋਗ: ਸੈਣੀ



ਮੋਗਾ, 1 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਅਨਮੋਲ ਵੈਲਫੇਅਰ ਕਲੱਬ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਸਮਾਜ ਸੇਵਾ ਪ੍ਰੋਜੈਕਟ ਇੱਕ ਸ਼ਲਾਘਾਯੋਗ ਕਦਮ ਹਨ ਤੇ ਸ਼ਹਿਰ ਵਾਸੀਆਂ ਨੂੰ ਵੀ ਅਜਿਹੇ ਧਾਰਮਿਕ ਸਮਾਗਮ ਜਾਰੀ ਰੱਖਣੇ ਚਾਹੀਦੇ ਹਨ। ਜੋ ਸਾਨੂੰ ਆਪਣੇ ਧਾਰਮਿਕ ਸੱਭਿਆਚਾਰ ਨਾਲ ਜੁੜਨ ਲਈ ਮਾਰਗਦਰਸ਼ਨ ਕਰਦੇ ਹਨ।ਉਪਰੋਕਤ ਵਿਚਾਰ ਬਲੂਮਿੰਗ ਬਡਸ ਸਕੂਲ ਦੇ ਚੇਅਰਮੈਨ ਡਾ. ਸੰਜੀਵ ਕੁਮਾਰ ਸੈਣੀ ਨੇ 5 ਅਪ੍ਰੈਲ ਨੂੰ ਧਵਨ ਪੈਲੇਸ ਮੋਗਾ ਵਿਖੇ ਅਨਮੋਲ ਵੈਲਫੇਅਰ ਕਲੱਬ ਵੱਲੋਂ ਕਰਵਾਏ ਜਾ ਰਹੇ ਭਾਈਚਾਰਕ ਲੜਕੀਆਂ ਦੇ ਇਕੱਠ ਦਾ ਸੱਦਾ ਪੱਤਰ ਜਾਰੀ ਕਰਨ ਤੇ ਕਲੱਬ ਦੇ ਸਥਾਪਨਾ ਦਿਵਸ 'ਤੇ ਕੇਕ ਕੱਟਣ ਸਮਾਰੋਹ ਮੌਕੇ ਪ੍ਰਗਟ ਕੀਤੇ। ਇਸ ਮੌਕੇ ਕਲੱਬ ਦੇ ਪ੍ਰਧਾਨ ਰਾਜੇਸ਼ ਅਰੋੜਾ, ਸਰਪ੍ਰਸਤ ਹਰੀ ਚੰਦ ਸਿੰਗਲਾ, ਸਕੱਤਰ ਵਿਵੇਕ ਮਜੀਠੀਆ, ਅਕਸ਼ੈ ਗੁਲਾਟੀ, ਦੀਪਕ ਸ਼ਰਮਾ, ਰਾਜੇਸ਼ ਧੀਮਾਨ, ਜਗਚਨਨ ਸਿੰਘ ਜੱਗੀ, ਗੌਰਵ ਜਿੰਦਲ, ਚਮਨ ਲਾਲ ਮਿੱਤਲ, ਰਮੀਕਾਂਤ ਜੈਨ, ਰਾਹੁਲ ਗਰੋਵਰ, ਗਗਨ ਮਿੱਤਲ, ਅਜੇ ਕਥੂਰੀਆ, ਹਰਪ੍ਰੀਤ ਸਿੰਘ, ਸੰਨੀ ਕਪੂਰ, ਸੁਸ਼ਾਂਤ ਮਜੀਠੀਆ, ਜਗਜੀਵ ਧੀਰ, ਅਸ਼ਵਨੀ ਆਹੂਜਾ ਤੇ ਹੋਰ ਮੈਂਬਰ ਮੌਜੂਦ ਸਨ। ਇਸ ਮੌਕੇ ਡਾ. ਸੰਜੀਵ ਕੁਮਾਰ ਸੈਣੀ ਨੇ ਅਨਮੋਲ ਵੈਲਫੇਅਰ ਕਲੱਬ ਨੂੰ ਇਸਦੇ 38ਵੇਂ ਸਥਾਪਨਾ ਦਿਵਸ ਤੇ ਸਮੂਹਿਕ ਕੰਨਿਆਦਾਨ ਸਮਾਰੋਹ ਦੇ ਸਫਲ ਆਯੋਜਨ 'ਤੇ ਵਧਾਈ ਦਿੱਤੀ ਤੇ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਕਲੱਬ ਦੇ ਪ੍ਰਧਾਨ ਰਾਜੇਸ਼ ਅਰੋੜਾ ਨੇ ਕਿਹਾ ਕਿ ਕਲੱਬ ਵੱਲੋਂ ਕਰਵਾਏ ਜਾ ਰਹੇ ਸਮੂਹਿਕ ਕੰਨਿਆਦਾਨ ਸਮਾਰੋਹ ਵਿੱਚ ਲੋੜਵੰਦ ਨਵ-ਵਿਆਹੇ ਜੋੜਿਆਂ ਨੂੰ ਘਰੇਲੂ ਸਮਾਨ ਦਿੱਤਾ ਜਾਵੇਗਾ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਸਮਾਰੋਹ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

# ਛੋਟੇਪੁਰ ਵੱਲੋਂ ਵੱਖ-ਵੱਖ ਪਰਿਵਾਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ

ਕਲਾਨੌਰ, 1 ਮਾਰਚ (ਕਮਲਜੀਤ ਸਿੰਘ/ਇਕਬਾਲ ਵਾਲੀਆ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ ਵੱਲੋਂ ਬਲਾਕ ਕਲਾਨੌਰ ਅਧੀਨ ਆਉਂਦੇ ਪਿੰਡ ਵਡਾਲਾ ਬਾਂਗਰ, ਸਹਾਰੀ, ਚੰਦੂ ਵਡਾਲਾ ਤੇ ਕਲਾਨੌਰ 'ਚ ਪੰਥਕ ਆਗੂ ਮਰਹੂਮ ਨਰਾਇਣ ਸਿੰਘ ਆਰੇ ਵਾਲਿਆਂ ਦੀ ਨੂੰਹ ਜੋਗਿੰਦਰ ਕੌਰ ਤੇ ਬਾਬਾ ਬਲਕਾਰ ਸਿੰਘ ਦੇ ਭਰਾ ਅਵਤਾਰ ਸਿੰਘ ਦਾ ਅਮਰੀਕਾ ਵਿੱਚ ਅਣਪਛਾਤਿਆਂ ਵੱਲੋਂ ਕਤਲ ਕਰਨ 'ਤੇ ਪਰਿਵਾਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ 'ਤੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਵੱਲੋਂ ਬੀਬੀ ਜੋਗਿੰਦਰ ਕੌਰ ਦੀ ਮੌਤ 'ਤੇ ਉਨ੍ਹਾਂ ਦੇ ਪੁੱਤਰ ਪਰਮਜੀਤ ਤੇ ਦਿਓਰ ਸਾਬਕਾ ਸਰਪੰਚ ਗੁਰਦੇਵ ਸਿੰਘ, ਦਵਿੰਦਰ ਸਿੰਘ ਤੇ ਸਮੂਹ ਰੇਨੂ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਹੋਇਆਂ ਕਿਹਾ ਕਿ ਰੇਨੂ ਪਰਿਵਾਰ ਨੂੰ ਥੋੜ੍ਹਿਆਂ ਦਿਨਾਂ ਵਿੱਚ ਦੋ ਵੱਡੇ ਦੁੱਖ ਵੇਖਣ ਨੂੰ ਮਿਲੇ ਹਨ। ਉਨ੍ਹਾਂ ਕਿਹਾ ਕਿ ਕਰੀਬ 20 ਦਿਨ ਪਹਿਲਾਂ ਬੀਬੀ ਜੋਗਿੰਦਰ ਕੌਰ ਦੇ ਪਤੀ ਗੁਰਮੀਤ ਸਿੰਘ ਰੇਨੂ ਦਾ ਦੇਹਾਂਤ ਹੋ ਗਿਆ ਸੀ। ਇਸ ਮੌਕੇ 'ਤੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਵੱਲੋਂ ਪਿੰਡ ਸਹਾਰੀ ਦੇ ਸਾਬਕਾ ਸੰਮਤੀ ਮੈਂਬਰ ਤੇ ਨੰਬਰਦਾਰ ਦਵਿੰਦਰ ਸਿੰਘ ਸਹਾਰੀ ਦੀ ਪਤਨੀ ਤੇ ਐਡਵੋਕੇਟ ਪ੍ਰਭਜੋਤ ਸਿੰਘ ਦੀ ਮਾਂ ਬੀਬੀ ਗੁਰਜਿੰਦਰ ਕੌਰ ਦੀ ਬੇਵਕਤੀ ਮੌਤ 'ਤੇ ਜਥੇਦਾਰ ਛੋਟੇਪੁਰ ਵੱਲੋਂ ਸਮੂਹ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ। ਇਸ ਉਪਰੰਤ ਵਡਾਲਾ ਬਾਂਗਰ ਦੇ ਭਾਰਤ ਪਾਕਿਸਤਾਨ ਦੇ ਬਟਵਾਰੇ ਨੂੰ ਆਪਣੀਆਂ ਅੱਖਾਂ ਨਾਲ ਵੇਖਣ ਵਾਲੇ ਬਾਪੂ ਜਰਨੈਲ ਸਿੰਘ (90) ਦੀ ਮੌਤ 'ਤੇ ਉਨ੍ਹਾਂ ਦੇ ਪੁੱਤਰ ਸੇਵਾ ਮੁਕਤ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਹਰਦੀਪ ਸਿੰਘ, ਡੀਟੀਐਫ ਦੇ ਸੂਬਾਈ ਆਗੂ ਹਰਜਿੰਦਰ ਸਿੰਘ, ਸੇਵਾ ਮੁਕਤ ਐਕਸੀਅਨ ਕੁਲਦੀਪ ਸਿੰਘ ਤੇ ਮਾਸਟਰ ਸਤਨਾਮ ਸਿੰਘ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ 'ਤੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਵੱਲੋਂ ਕਸਬਾ ਕਲਾਨੌਰ ਦੇ ਇਤਿਹਾਸਿਕ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਦੇ ਮੁੱਖ ਗ੍ਰੰਥੀ ਵਜੋਂ ਸੇਵਾਵਾਂ ਨਿਭਾ ਚੁੱਕੇ ਬਾਬਾ ਬਲਕਾਰ ਸਿੰਘ ਦੇ ਛੋਟੇ ਭਰਾ ਅਵਤਾਰ ਸਿੰਘ ਜਿਸ ਦਾ ਬੀਤੇ ਦਿਨੀਂ ਅਮਰੀਕਾ ਦੇ ਟਰੇਸੀ ਸ਼ਹਿਰ ਵਿੱਚ ਦਮਦਮੀ ਟਕਸਾਲ ਦੇ ਗੁਰਦੁਆਰਾ ਗੁਰ ਪ੍ਰਕਾਸ਼ ਤੋਂ ਅਗਵਾਹ ਕਰਨ ਤੋਂ ਬਾਅਦ ਕਤਲ ਕਰ ਦਿੱਤਾ ਗਿਆ, ਜਿਸ ਤਹਿਤ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਵੱਲੋਂ ਸਮੂਹ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਇਸ ਉਪਰੰਤ ਸਰਹੱਦੀ ਪਿੰਡ ਚੰਦੂ ਵਡਾਲਾ ਦੇ ਸੇਵਾ ਮੁਕਤ ਕੈਪਟਨ ਬਲਵਿੰਦਰ ਸਿੰਘ ਦੀ ਪਤਨੀ ਸੁਖਵਿੰਦਰ ਕੌਰ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਏ ਜਥੇਦਾਰ ਛੋਟੇਪੁਰ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਕੋਟ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਲੱਖਾ ਸਿੰਘ ਮੀਰਕਚਾਣਾ, ਹਰਭਜਨ ਸਿੰਘ ਪਕੀਵਾਂ, ਭੁਪਿੰਦਰ ਸਿੰਘ ਧਰਮੀ ਫੌਜੀ, ਹਰਜੀਤ ਸਿੰਘ ਬਰੀਲਾ, ਅਤਿੰਦਰ ਪਾਲ ਸਿੰਘ ਪ੍ਰੀਤ ਕਲਾਨੌਰ, ਰਘਬੀਰ ਸਿੰਘ ਜੌੜਾ, ਸੁਰਜੀਤ ਸਿੰਘ ਕੁੱਕੂ, ਵਡਾਲਾ ਬਾਂਗਰ, ਗਗਨਦੀਪ ਸਿੰਘ ਗੱਗੂ, ਕਰਨ ਰੇਨੂ, ਪ੍ਰਵੀਨ ਤੁਲੀ, ਸੇਵਾ ਮੁਕਤ ਇੰਸਪੈਕਟਰ ਸੁਰਿੰਦਰ ਸਿੰਘ ਕਾਹਲੋਂ, ਕੁਲਬੀਰ ਸਿੰਘ ਖਾਸਾ, ਕੁਲਵਿੰਦਰ ਸਿੰਘ, ਜੋਗਿੰਦਰ ਸਿੰਘ, ਜਗਦੀਸ਼ ਸਿੰਘ, ਹਰਜੀਤ ਸਿੰਘ ਹਾਜ਼ਰ ਸਨ।

# ਸ੍ਰੀ ਚੋਲਾ ਸਾਹਿਬ ਜੀ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਮੈਡੀਕਲ ਕੈਂਪ ਅੱਜ: ਡਾ. ਕੇਜੇ ਸਿੰਘ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 1 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਚੋਲਾ ਸਾਹਿਬ ਦੇ ਸਾਲਾਨਾ ਜੋੜ



ਮੇਲੇ ਨੂੰ ਸਮਰਪਿਤ ਕੇਜੇ ਕਲੀਨਿਕ ਘੁਮਾਣ, ਕਲਸੀ ਕੇਜੇ ਹਸਪਤਾਲ ਬਟਾਲਾ, ਅਕਾਸ਼ ਹਸਪਤਾਲ ਬਟਾਲਾ, ਬਾਜਵਾ ਹਸਪਤਾਲ ਤੇ ਗ੍ਰਾਮ ਪੰਚਾਇਤ ਹਰਚੋਵਾਲ ਦੇ ਸਹਿਯੋਗ ਨਾਲ ਮੁਫ਼ਤ ਮੈਗਾ ਮੈਡੀਕਲ ਕੈਂਪ ਮਿਤੀ 2 ਮਾਰਚ ਦਿਨ ਸੋਮਵਾਰ ਸਵੇਰੇ 11 ਵਜੇ ਤੋਂ 3 ਵਜੇ ਤੱਕ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਵੱਖ-ਵੱਖ ਮਾਹਿਰ ਡਾਕਟਰਾਂ ਸਾਹਿਬਾਨਾਂ ਦੀ ਟੀਮ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕੈਂਪ ਕੀਤਾ ਜਾਵੇਗਾ ਤੇ ਲੋੜ ਅਨੁਸਾਰ ਦਵਾਈਆਂ ਵੀ ਦਿੱਤੀਆਂ ਜਾਣਗੀਆਂ, ਨਾਲ ਹੀ ਡਾ. ਕਮਲਜੀਤ ਸਿੰਘ ਕੇ.ਜੇ ਸਾਬਕਾ ਆਬਜ਼ਰਵਰ ਤੇ ਸੀਨੀਅਰ ਆਗੂ ਆਮ ਆਦਮੀ ਪਾਰਟੀ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਕਿਹਾ ਕਿ ਮੈਡੀਕਲ ਕੈਂਪ ਲਗਾਉਣ ਦਾ ਮੁੱਖ ਉਦੇਸ਼ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਹੈ, ਨਾਲ ਹੀ ਖੰਡਿਆਲਾ ਸੈਣੀਆਂ ਤੱਕ ਪੈਦਲ ਸੰਗ ਰੂਪ ਵਿੱਚ ਆ ਰਹੀਆਂ ਦਰਿਆ ਭੇਟ ਪੱਤਣ ਰਾਹੀਂ ਆ ਰਹੀ ਆ ਸੰਗਤਾਂ ਦਾ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਵੱਖ-ਵੱਖ ਪਿੰਡਾਂ ਵਿੱਚ ਪਹੁੰਚਣ 'ਤੇ ਨਿੱਘਾ ਜੀ ਆਇਆਂ ਨੂੰ ਨਾਲ ਹੀ ਸਾਨੂੰ ਸਭ ਨੂੰ ਗੁਰੂ ਨਾਨਕ ਦੇਵ ਜੀ ਦੇ ਦਿੱਤੇ ਸਿਧਾਂਤਾਂ 'ਤੇ ਚੱਲਣਾ ਚਾਹੀਦਾ ਹੈ।

# ਚੋਰਾਂ ਨੇ ਘਰ ਨੂੰ ਬਣਾਇਆ ਨਿਸ਼ਾਨਾ ਨਕਦੀ ਤੇ ਸੋਨੇ ਦੇ ਗਹਿਣੇ ਕੀਤੇ ਚੋਰੀ

ਟਾਂਡਾ ਉੜਮੁੜ, 1 ਮਾਰਚ (ਅਰਜੁਨ ਜੈਨ): ਚੋਰਾਂ ਨੇ ਵਾਰਡ



ਨੰਬਰ-6 ਮੁਹੱਲਾ ਸੰਤਪੁਰਾ ਟਾਂਡਾ ਵਿੱਚ ਅੱਜ ਦਿਨ-ਦਿਹਾੜੇ ਇੱਕ ਘਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਨਕਦੀ ਸੋਨੇ ਦੇ ਗਹਿਣੇ ਤੇ ਹੋਰ ਸਮਾਨ ਚੋਰੀ ਕਰ ਲਿਆ। ਚੋਰੀ ਦਾ ਸ਼ਿਕਾਰ ਹੋਈ ਔਰਤ ਆਸ਼ਾ ਰਾਣੀ ਪਤਨੀ ਰਵੀ ਨੇ ਦੱਸਿਆ ਕਿ ਉਹ ਰਿਸ਼ਤੇਦਾਰਾਂ ਨੂੰ ਮਿਲਣ ਗਈ ਹੋਈ ਸੀ ਤੇ ਦੋਨੋਂ ਪੁੱਤਰ ਕੰਮ 'ਤੇ ਗਏ ਹੋਏ ਸਨ। ਇਸ ਦੌਰਾਨ ਚੋਰ ਘਰ 'ਚੋਂ ਸੋਨੇ ਦੇ ਗਹਿਣੇ, 30 ਹਜ਼ਾਰ ਰੁਪਏ ਦੀ ਨਕਦੀ, ਹੋਰ ਸਮਾਨ ਚੋਰੀ ਕਰਨ ਦੇ ਨਾਲ-ਨਾਲ ਰਸੋਈ ਤੇ ਬਾਥਰੂਮ 'ਚੋਂ ਟੂਟੀਆਂ ਤੱਕ ਲਾਹ ਕੇ ਲੈ ਗਏ ਹਨ। ਜਦੋਂ ਉਹ ਸ਼ਾਮ 4 ਵਜੇ ਦੇ ਕਰੀਬ ਘਰ ਆਈ ਤਾਂ ਚੋਰੀ ਹੋ ਚੁੱਕੀ ਸੀ। ਇਸ ਬਾਰੇ ਟਾਂਡਾ ਪੁਲਿਸ ਨੂੰ ਸੂਚਨਾ ਦੇ ਦਿੱਤੀ ਗਈ ਹੈ।ਪੁਲਿਸ ਦੀ ਟੀਮ ਜਾਂਚ ਕਰ ਰਹੀ ਹੈ।

# ਪ੍ਰਜਾਪਤ ਘੁਮਿਆਰ ਸਭਾ ਵੱਲੋਂ ਧੰਨ-ਧੰਨ ਭਗਤ ਗੋਰਾ ਜੀ ਦਾ ਪਿੰਡ ਡੱਡਵਾ ਵਿਖੇ ਜਨਮ ਦਿਹਾੜਾ ਮਨਾਇਆ

ਧਾਰੀਵਾਲ, 1 ਮਾਰਚ (ਅਸ਼ੋਕ ਕੁਮਾਰ): ਪ੍ਰਜਾਪਤ ਘੁਮਿਆਰ ਸਭਾ ਵੱਲੋਂ ਧੰਨ-ਧੰਨ ਭਗਤ ਗੋਰਾ ਜੀ ਦਾ ਪਾਵਨ ਜਨਮ ਦਿਹਾੜਾ ਪ੍ਰਧਾਨ ਸੁਖਵਿੰਦਰ ਸਿੰਘ ਬਲ ਦੀ ਅਗਵਾਈ



ਹੇਠ ਸਮੂਹ ਪ੍ਰਜਾਪਤ ਸੰਗਤ ਦੇ ਸਹਿਯੋਗ ਨਾਲ ਪਿੰਡ ਡੱਡਵਾ ਵਿਖੇ ਧੂਮਧਾਮ ਤੇ ਸ਼ਰਧਾ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਭਗਤ ਗੋਰਾ ਜੀ ਦੀ ਜੀਵਨੀ ਤੇ ਉਨ੍ਹਾਂ ਦੇ ਉਚੇ ਆਦਰਸ਼ਾਂ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਦੱਸਿਆ ਕਿ ਭਗਤ ਜੀ ਦਾ ਜੀਵਨ ਸਾਦਗੀ, ਮਿਹਨਤ ਤੇ ਪ੍ਰਭੂ ਪ੍ਰੇਮ ਦਾ ਪ੍ਰਤੀਕ ਸੀ। ਉਨ੍ਹਾਂ ਦੀ ਸਿੱਖਿਆ ਸਾਨੂੰ ਸੱਚ ਦੇ ਰਾਹ 'ਤੇ ਚੱਲਣ ਤੇ ਮਨੁੱਖਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੀ ਹੈ।ਪ੍ਰਧਾਨ ਸੁਖਵਿੰਦਰ ਸਿੰਘ ਨੇ ਸਮੂਹ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਸਾਨੂੰ ਆਪਣੇ ਮਹਾਨ ਪੁਰਖਾਂ ਦੀ ਵਿਰਾਸਤ ਨਾਲ ਜੋੜਦੇ ਹਨ ਤੇ ਸਮਾਜ ਵਿੱਚ ਏਕਤਾ ਤੇ ਭਾਈਚਾਰੇ ਦੀ ਭਾਵਨਾ ਮਜ਼ਬੂਤ ਕਰਦੇ ਹਨ। ਇਸ ਮੌਕੇ ਸਰਪੰਚ ਕਰਨੈਲ ਸਿੰਘ, ਪ੍ਰੀਤਮ ਸਿੰਘ, ਸੁਰਿੰਦਰ ਸਿੰਘ, ਸੁਖਵਿੰਦਰ ਜੰਬਾ, ਸਾਬਕਾ ਪ੍ਰਧਾਨ ਤਿਲਕ ਰਾਜ ਡੂਡਾਂ, ਖਰੈਤੀ ਲਾਲ, ਮਾਸਟਰ ਪਰਮਜੀਤ ਸਿੰਘ ਪੰਨਾ, ਚਰਨ ਦਾਸ, ਬਲਕਾਰ ਸਿੰਘ, ਕੁਲਦੀਪ ਸਿੰਘ ਤੇ ਸਭਾ ਮੈਂਬਰ ਮੌਜੂਦ ਸਨ। ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਹਿੱਸਾ ਲਿਆ। ਪਿੰਡ ਡੱਡਵਾ ਵਿਖੇ ਮਨਾਇਆ ਗਿਆ, ਇਹ ਜਨਮ ਦਿਹਾੜਾ ਯਾਦਗਾਰ ਬਣ ਗਿਆ।

# ਸ਼ਰਮਾ ਅਕਾਲੀ ਦਲ ਦੇ ਸ਼ਹਿਰੀ ਪ੍ਰਧਾਨ ਥਾਪੇ

ਲੋਹੀਆਂ ਖਾਸ, 1 ਮਾਰਚ (ਸਬਪ੍ਰੀਤ ਸਿੰਘ): ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਤਰਫੋਂ ਲੋਹੀਆਂ ਨਿਵਾਸੀਆਂ ਨੂੰ ਇੱਕ ਪ੍ਰਭਾਵਸ਼ਾਲੀ ਰੁਤਬਾ ਪ੍ਰਦਾਨ ਕਰਨ ਦੀ ਖਬਰ ਸਾਹਮਣੇ ਆਈ। ਜਿਸ ਦੇ ਇਵਜ਼ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਲੋਹੀਆਂ ਦੀਆਂ ਕਈ ਸੰਸਥਾਵਾਂ ਦੇ ਸੰਸਥਾਪਕ ਤੇ ਸਮਾਜ ਸੇਵਕ ਕੁਲਵੰਤ ਰਾਏ ਸ਼ਰਮਾ ਨੂੰ ਸ਼ਹਿਰੀ ਪ੍ਰਧਾਨ ਥਾਪਿਆ ਗਿਆ। ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦੇ ਹੋਏ ਬਾਦਲ ਵੱਲੋਂ ਪੰਜਾਬ ਅੰਦਰ ਕਈ ਵੱਖ-ਵੱਖ ਅਹੁਦੇਦਾਰੀਆਂ ਜੋ ਥਾਪੀਆਂ ਗਈਆਂ ਹਨ, ਉਨ੍ਹਾਂ ਵਿੱਚ ਲੋਹੀਆਂ ਦੇ ਸ਼ਹਿਰੀ ਪ੍ਰਧਾਨ ਦੀ ਨਿਯੁਕਤੀ ਵੀ ਪ੍ਰਮੁੱਖ ਹੈ। ਹਿੰਦੂ ਸਿੱਖ ਏਕਤਾ ਦੇ ਹਾਮੀ ਭਰਨ ਵਾਲੇ ਹਰ ਵਰਗ ਨੂੰ ਆਪਣੇ ਨਾਲ ਲੈ ਕੇ ਚੱਲਣ ਦੀ ਸਮਰੱਥਾ ਰੱਖਣ ਵਾਲੀ ਕੁਲਵੰਤ



ਰਾਏ ਸ਼ਰਮਾ ਇੱਕ ਸਾਂਝੀ ਸੋਚ ਦੇ ਭਾਈਵਾਲ ਹਨ।ਜਿਨ੍ਹਾਂ ਨੇ 28 ਸਾਲ ਪਹਿਲਾਂ ਨਵਾਂ ਸ਼ਿਵ ਮੰਦਰ ਵਿਖੇ ਸ਼ਿਵਰਾਤਰੀ ਸ਼ੋਭਾ ਯਾਤਰਾ ਦੀ ਨੀਂਵ ਰੱਖੀ ਸੀ, ਜੋ ਅੱਜ ਵੀ ਨਿਰੰਤਰ ਜਾਰੀ ਹੈ। ਜੋ ਕਿ ਲੰਬੇ ਸਮੇਂ ਤੋਂ ਨਿਰੰਤਰ ਵਪਾਰ ਮੰਡਲ ਲੋਹੀਆਂ ਦੀ ਸਰਪ੍ਰਸਤੀ ਵੀ ਨਿਭਾਉਂਦੇ ਚਲੇ ਆ ਰਹੇ ਹਨ। ਇਸ ਤੋਂ ਇਲਾਵਾ ਲਗਭਗ ਡੇਢ ਦਹਾਕੇ ਤੋਂ ਜੈ ਮਾਤਾ ਚਿੰਤਪੂਰਨੀ ਜਾਗਰਨ ਤੇ ਲੰਗਰ ਕਮੇਟੀ ਦੀ ਪ੍ਰਧਾਨਗੀ ਨਿਭਾਉਂਦੇ ਆ ਰਹੇ ਹਨ। ਜਦਕਿ ਦੋ ਦਹਾਕੇ ਪਹਿਲਾਂ ਗੋਕਲ ਧਾਮ ਗਊਸ਼ਾਲਾ ਲੋਹੀਆਂ ਦੀ ਸਥਾਪਨਾ ਵਿੱਚ ਵੀ ਅਹਿਮ ਰੋਲ ਨਿਭਾ ਚੁੱਕੇ ਹਨ। ਸਮਾਜਿਕ ਤੇ ਧਾਰਮਿਕ ਖੇਤਰ ਵਿੱਚ ਵੱਖਰੀ ਤੇ ਨਿਰਪੱਖ ਸੋਚ ਰੱਖਣ ਵਾਲੇ ਸ਼ਰਮਾ ਨੂੰ ਅਕਾਲੀ ਦਲ ਸ਼ਹਿਰੀ ਪ੍ਰਧਾਨ ਥਾਪਿਆ ਜਾਣਾ ਸੁਭਾਗਾ ਵਾਲੀ ਗੱਲ ਹੈ। ਸ਼੍ਰੋਮਣੀ ਅਕਾਲੀ ਦਲ ਲੋਹੀਆਂ ਦੇ ਬਾਬਾ ਬੋਹੜ ਜਾਣੇ ਜਾਣ ਵਾਲੇ ਸਰਪੰਚ ਜਸਬੀਰ ਸਿੰਘ ਛਾਪੜਾ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦੇ ਹੋਏ ਸ਼ਹਿਰੀ ਪ੍ਰਧਾਨ ਕੁਲਵੰਤ ਰਾਏ ਸ਼ਰਮਾ ਨੂੰ ਵਧਾਈ ਦਿੱਤੀ ਹੈ।

## ਡੇਰਾ ਭੂਮੇਲੀ ਵਾਲਿਆਂ ਵਿਖੇ ਹੋਲੇ-ਮਹੱਲੇ ਦੇ ਸਾਰੇ ਪ੍ਰਬੰਧ ਮੁਕੰਮਲ

### ☛ਨਗਰ ਕੀਰਤਨ ਦਾ ਹੋਵੇਗਾ ਭਰਵਾਂ ਸਵਾਗਤ: ਬਾਬਾ ਪ੍ਰੀਤਮ ਸਿੰਘ



ਸ੍ਰੀ ਅਨੰਦਪੁਰ ਸਾਹਿਬ, 1 ਮਾਰਚ (ਤਰਲੋਚਨ ਸਿੰਘ/ਹਰਪ੍ਰੀਤ ਸਿੰਘ): ਸੰਤ ਬਾਬਾ ਪ੍ਰੀਤਮ ਸਿੰਘ ਭੂਮੇਲੀ ਵਾਲਿਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਡੇਰਾ ਭੂਮੇਲੀ ਵਾਲਿਆਂ ਚੱਕ ਹੋਲਗੜ੍ਹ ਵਿਖੇ ਹੋਲਾ-ਮਹੱਲੇ ਦੀਆਂ ਸੰਗਤਾਂ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਧਾਰਮਿਕ ਸਮਾਗਮਾਂ ਦੀ ਸ਼ੁਰੂਆਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੀ ਆਰੰਭਤਾ ਨਾਲ ਹੋਵੇਗੀ।ਜਿਸ ਦੀ ਸੰਪੂਰਨਤਾ 5 ਮਾਰਚ ਦਿਨ ਵੀਰਵਾਰ ਨੂੰ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨਾਂ 'ਚ ਪੰਥ ਪ੍ਰਸਿੱਧ ਕੀਰਤਨੀ, ਢਾਡੀ, ਕਵਿਸ਼ਰੀ ਜਥਿਆਂ ਤੇ ਹੋਰ ਸ਼ਖਸੀਅਤਾਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਸ਼ਬਦ ਕੀਰਤਨ, ਸਿੱਖ ਇਤਿਹਾਸ ਤੇ ਕਥਾ ਵਿਚਾਰਾਂ ਨਾਲ ਨਿਹਾਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ 'ਚ ਆਉਂਦੀਆਂ ਸੰਗਤਾਂ ਲਈ ਰਿਹਾਇਸ਼ਾਂ, ਲੰਗਰਾਂ ਆਦਿ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਸੰਗਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਹੀਂ ਆਵੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਸਾਲ ਗੁਰਦੁਆਰਾ ਟਿੱਬਾ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਵੇਗਾ, ਜਿਸ ਦਾ ਡੇਰਾ ਭੂਮੇਲੀ ਵਾਲਿਆਂ ਵਿਖੇ ਪਹੁੰਚਣ 'ਤੇ ਨਿਰਮਲ ਭੇਖ ਦੇ ਸਮੂਹ ਮਹਾਂਪੁਰਸ਼ਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ।

## ਹੋਲਾ-ਮਹੱਲਾ 'ਤੇ ਬਾਬਾ ਸ੍ਰੀ ਚੰਦ ਸੇਵਾ ਸੁਸਾਇਟੀ ਵੱਲੋਂ ਗੁਰੂ ਕੇ ਲੰਗਰਾਂ ਦੀ ਸੇਵਾ ਆਰੰਭ



ਸ੍ਰੀ ਅਨੰਦਪੁਰ ਸਾਹਿਬ, 1 ਮਾਰਚ (ਤਰਲੋਚਨ ਸਿੰਘ/ਹਰਪ੍ਰੀਤ ਸਿੰਘ): ਬਾਬਾ ਸ੍ਰੀ ਚੰਦ ਜੀ ਸੇਵਾ ਸੁਸਾਇਟੀ (ਰਜਿ:) ਜੋਤੀ ਸਰੂਪ, ਫਤਹਿਗੜ੍ਹ ਸਾਹਿਬ ਤੇ ਬਾਬਾ ਗਾਜੀਦਾਸ ਕਲੱਬ ਰੋਡ ਮਾਜਰਾ ਚੱਕਲਾਂ ਵੱਲੋਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਦੇ ਸਹਿਯੋਗ ਨਾਲ ਹੋਲਾ-ਮਹੱਲਾ ਮੌਕੇ ਗੁ. ਗੁਰੂ ਕਾ ਬਾਗ ਛਾਉਣੀ ਨਿਹੰਗ ਸਿੰਘ ਵਿਖੇ ਅੱਜ ਤੋਂ ਗੁਰੂ ਕੇ ਲੰਗਰ ਦਾ ਸੇਵਾ ਤੇ ਮੈਡੀਕਲ ਕੈਂਪ ਆਰੰਭ ਕੀਤੇ ਗਏ ਹਨ ਤੇ 2 ਤੇ 3 ਮਾਰਚ ਤੱਕ ਹੋਣ ਵਾਲੇ ਗੱਤਕਾ ਮੁਕਾਬਲਿਆਂ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈ ਹਨ।ਇਹ ਜਾਣਕਾਰੀ ਅੱਜ ਇਥੇ ਬਾਬਾ ਸ੍ਰੀ ਚੰਦ ਜੀ ਸੇਵਾ ਸੁਸਾਇਟੀ ਜੋਤੀ ਸਰੂਪ ਤੇ ਬਾਬਾ ਗਾਜੀਦਾਸ ਕਲੱਬ ਰੋਡ ਮਾਜਰਾ ਚੱਕਲਾਂ ਦੇ ਪ੍ਰਧਾਨ ਤੇ ਖੇਡ ਪ੍ਰਮੋਟਰ ਦਵਿੰਦਰ ਸਿੰਘ ਬਾਜਵਾ ਨੇ ਪੱਤਰਕਾਰਾਂ ਨੂੰ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਮੌਕੇ ਲਗਾਏ ਲੰਗਰਾਂ ਦੌਰਾਨ 2 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ, ਜਿਨ੍ਹਾਂ ਦੇ ਭੋਗ 4 ਮਾਰਚ ਨੂੰ ਪਾਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਸ਼੍ਰੋਮਣੀ ਪੰਥ ਆਕਲੀ ਬੁੱਢਾ ਦਲ ਵੱਲੋਂ 2 ਤੇ 3 ਮਾਰਚ ਨੂੰ ਖ਼ਾਲਸਾ ਪੰਥ ਦੀ ਜੰਗਜੂ ਖੇਡ ਗੱਤਕਾਬਾਜ਼ੀ ਦੇ ਅੰਤਰਰਾਸ਼ਟਰੀ ਮੁਕਾਬਲੇ ਵੀ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਲੰਗਰ ਦੇ ਨਾਲ-ਨਾਲ ਸ਼ਰਧਾਲੂਆਂ ਦੀ ਸਹੂਲਤ ਲਈ ਮੈਡੀਕਲ ਡਿਸਪੈਂਸਰੀ ਵੀ ਖੋਲ੍ਹੀ ਜਾਵੇਗੀ। ਜਿਥੇ ਦਵਾਈਆਂ ਆਦਿ ਵੀ ਦਿੱਤੀਆਂ ਜਾ ਰਹੀਆਂ ਹਨ। ਬਾਜਵਾ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਸੰਗਤਾਂ ਦੀ ਸਹੂਲਤ ਲਈ ਧਾਰਮਿਕ ਤੇ ਸਮਾਜ ਸੇਵੀ ਸਭਾ ਸੁਸਾਇਟੀਆਂ ਵੱਲੋਂ ਲਗਾਏ ਜਾਣ ਵਾਲੇ ਲੰਗਰਾਂ ਆਦਿ ਲਈ ਰਸਦਾਂ ਤੇ ਹੋਰ ਸਮਾਨ ਲੈ ਕੇ ਆਉਣ ਵਾਲੇ ਵਾਹਨਾਂ 'ਤੇ ਕਿਸੇ ਵੀ ਤਰ੍ਹਾਂ ਦੀ ਰੋਕ ਨਾ ਲਗਾਈ ਜਾਵੇ ਤੇ ਮੇਲੇ ਦੌਰਾਨ ਆਵਾਜਾਈ, ਸੁਰੱਖਿਆ, ਸਾਫ-ਸਫਾਈ, ਪੀਣ ਵਾਲੇ ਪਾਣੀ ਆਦਿ ਦੇ ਸੰਗਤਾਂ ਲਈ ਪ੍ਰਬੰਧ ਕੀਤੇ ਜਾਣ। ਇਸ ਮੌਕੇ ਉਨ੍ਹਾਂ ਦੇ ਨਾਲ ਬਾਬਾ ਸੁੱਖਾ ਸਿੰਘ, ਨੰਬਰਦਾਰ ਅਮਰਾਓ ਸਿੰਘ, ਬਲਵਿੰਦਰ ਸਿੰਘ ਚੱਕਲਾਂ, ਬਿੱਟੂ ਬਾਜਵਾ, ਮੇਜਰ ਸਿੰਘ, ਸੁਰਿੰਦਰ ਸਿੰਘ, ਜੈ ਸਿੰਘ, ਮਨਮੋਹਨ ਸਿੰਘ, ਕੁਲਵੰਤ ਸਿੰਘ, ਨਿੱਕਾ ਸਿੰਘ, ਅਮਰਨਪ੍ਰੀਤ ਸਿੰਘ, ਗੁਰਦੀਪ ਸਿੰਘ, ਬਾਬਾ ਵੀਰਾ ਸਿੰਘ ਹਾਜ਼ਰ ਸਨ।

## ਡਾ. ਅਮਨਦੀਪ ਕੌਰ ਅਰੋੜਾ ਨੇ ਸਲੀਨਾ ਪਿੰਡ 'ਚ 75 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ

### ☛ਪਿੰਡ 'ਚ ਵਿਕਾਸ ਕਾਰਜਾਂ ਨੇ ਨਵੀਂ ਗਤੀ ਫੜੀ: ਵਿਧਾਇਕ



ਮੋਗਾ, 1 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਨਾ): ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪੰਚਾਇਤ ਦੇ ਸਹਿਯੋਗ ਨਾਲ ਮੋਗਾ ਜ਼ਿਲ੍ਹੇ ਦੇ ਪਿੰਡ ਸਲੀਨਾ ਵਿੱਚ 75 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਪਿੰਡ ਵਾਸੀਆਂ ਵੱਲੋਂ ਡਾ. ਅਮਨਦੀਪ ਕੌਰ ਅਰੋੜਾ ਦਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਐਲਾਨ ਕੀਤਾ ਕਿ ਸਲੀਨਾ ਪਿੰਡ ਵਿੱਚ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ, ਜਿਨ੍ਹਾਂ ਵਿੱਚ 25 ਲੱਖ ਰੁਪਏ ਦੀ ਲਾਗਤ ਵਾਲਾ ਖੇਡ ਮੈਦਾਨ, 25 ਲੱਖ ਰੁਪਏ ਦਾ ਥਾਪ ਮਾਡਲ ਛੱਪਰ ਤੇ 25 ਲੱਖ ਰੁਪਏ ਦੀ ਲਾਗਤ ਵਾਲਾ ਕਮਿਊਨਿਟੀ ਹਾਲ (ਕੁੱਲ 75 ਲੱਖ ਰੁਪਏ) ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਪਿੰਡ ਦੇ ਨੌਜਵਾਨਾਂ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ, ਵਾਤਾਵਰਨ ਸੁਰੱਖਿਆ ਤੇ ਪਾਣੀ ਪ੍ਰਬੰਧਨ ਨੂੰ ਮਜ਼ਬੂਤ ਕਰਨ ਤੇ ਸਮਾਜਿਕ ਪ੍ਰੋਗਰਾਮਾਂ ਲਈ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਅਸੀਂ ਹਮੇਸ਼ਾ ਪਿੰਡ ਦੀ ਤਰੱਕੀ ਤੇ ਸਰਵਪੱਖੀ ਵਿਕਾਸ ਲਈ ਯਤਨਸ਼ੀਲ ਹਾਂ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਜਿਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਸਰਪੰਚ ਅਜੇ ਸਿੰਘ, ਬਲਜੀਤ ਸਿੰਘ ਗੋਪੀ, ਰਾਜੂ, ਰਾਜਵਿੰਦਰ ਸਿੰਘ, ਸਰਪੰਚ ਬਲਕਾਰ ਸਿੰਘ, ਸਰਪੰਚ ਨਿਰਮਲ ਸਿੰਘ ਰੱਤੀਆਂ ਸਮੇਤ ਕਈ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।

## ਕੇਜਰੀਵਾਲ ਦਾ ਸ਼ਰਾਬ ਘੁਟਾਲੇ, ਕੁਰਪਸ਼ਨ ਕੇਸਾਂ 'ਚੋਂ ਬਰੀ ਹੋਣਾ ਸੱਚ ਦੀ ਜਿੱਤ: ਲਿਬੜਾ, ਰਾਏ, ਹੈਪੀ, ਰਾਜਾ, ਢਿੱਲੋਂ



ਸ੍ਰੀ ਫਤਹਿਗੜ੍ਹ ਸਾਹਿਬ, 1 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਪਿਛਲੇ ਤਿੰਨ ਸਾਲਾਂ ਤੋਂ ਜੋ ਬੀ.ਜੇ.ਪੀ. ਵੱਲੋਂ ਸ਼ਰਾਬ ਘੁਟਾਲੇ ਵਿੱਚ ਕੁਰਪਸ਼ਨ ਚਾਰਜ ਲਗਾਏ ਗਏ ਸਨ, ਉਸ ਵਿੱਚ ਅਰਵਿੰਦ ਕੇਜਰੀਵਾਲ ਨੂੰ ਮਾਣਯੋਗ ਅਦਾਲਤ ਵੱਲੋਂ ਬਾਇੱਜ਼ਤ ਬਰੀ ਕਰ ਕੀਤੇ ਜਾਣ ਦੀ ਖੁਸ਼ੀ ਵਿੱਚ ਆਮ ਆਦਮੀ ਪਾਰਟੀ ਦਫਤਰ ਨਵੀਂ ਅਨਾਜ ਮੰਡੀ ਵਿਖੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਸਿੰਘ ਲਿਬੜਾ ਦੀ ਅਗਵਾਈ ਵਿੱਚ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਇਸ ਮੌਕੇ 'ਤੇ ਹਲਕਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਹਲਕਾ ਬੱਸੀ ਪਠਾਨਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ, ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਚਨਾਰਥਲ ਦੇ ਚੇਅਰਮੈਨ ਰਸਪਿੰਦਰ ਸਿੰਘ ਰਾਜਾ, ਟਰੇਡ ਵਿੰਗ ਦਾ ਪ੍ਰਧਾਨ ਅਸ਼ੀਸ਼ ਅਤਰੀ, ਪਾਰਟੀ ਦੇ ਮਹਿਲਾ ਵਿੰਗ ਦੇ ਪ੍ਰਧਾਨ ਰੀਨਾ ਰਾਣੀ, ਪਾਵੇਲ ਹਾਂਡਾ, ਬਹਾਦਰ ਜਲਾਲ, ਰਾਜਵੰਤ ਸਿੰਘ ਰਾਜੂ, ਮੱਖਣ ਸਹੋਤਾ, ਕੇਐਸ ਉਪਲ ਬਾਡੀ ਬਿਲਡਰ, ਬਲਵਿੰਦਰ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਗੁਰਵਿੰਦਰ ਸਿੰਘ ਗੋਗੀ, ਪ੍ਰਿਤਪਾਲ ਸਿੰਘ ਜੱਸੀ, ਬਲਵੀਰ ਸਿੰਘ ਸੋਢੀ ਤੇ ਪਾਰਟੀ ਦੇ ਹੋਰ ਆਗੂ ਵੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਬੀਜੇਪੀ ਵੱਲੋਂ ਰਾਜਨੀਤੀ ਬਦਲਾਖੋਰੀ ਦੇ ਤਹਿਤ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮਾਮਲੇ ਦਰਜ ਕਰਵਾਏ ਗਏ ਸਨ ਪ੍ਰੰਤੂ ਹੁਣ ਮਾਣਯੋਗ ਅਦਾਲਤ ਵੱਲੋਂ ਅਰਵਿੰਦ ਕੇਜਰੀਵਾਲ ਨੂੰ ਤੇ ਇਸ ਵਿੱਚੋਂ ਬਰੀ ਕੀਤੇ ਜਾਣ ਨਾਲ ਸੱਚ ਦੀ ਜਿੱਤ ਹੋਈ ਹੈ।

## ਅਕਾਲੀ ਦਲ ਦੀ 25 ਦੀ ਹਲਕਾ ਅਮਲੋਹ ਦੀ ਪੰਜਾਬ ਬਚਾਓ ਰੈਲੀ ਪ੍ਰਤੀ ਵਰਕਰਾਂ 'ਚ ਭਾਰੀ ਉਤਸ਼ਾਹ: ਰਾਜੂ ਖੰਨਾ

### ☛ਰੈਲੀ ਦੇ ਪ੍ਰਬੰਧਾਂ ਤੇ ਸ਼ਹਿਰ ਦੀ ਜਥੇਬੰਦੀ ਦੇ ਵਿਸਥਾਰ ਲਈ ਮੀਟਿੰਗ



ਅਮਲੋਹ, 1 ਮਾਰਚ (ਜਸਵੰਤ ਸਿੰਘ): ਪੰਜਾਬ ਦੇ ਮੌਜੂਦਾ ਹਾਲਾਤਾਂ ਨੂੰ ਲੈ ਕੇ ਪੰਜਾਬ ਨੂੰ ਮੁੜ ਲੀਹਾਂ 'ਤੇ ਲਿਆਉਣ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਸੂਬੇ ਦੇ ਹਰ ਹਲਕੇ ਵਿੱਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਵਿਸ਼ਾਲ ਪੰਜਾਬ ਬਚਾਓ ਰੈਲੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਤਹਿਤ ਹਲਕਾ ਅਮਲੋਹ ਅੰਦਰ 25 ਮਾਰਚ ਨੂੰ ਕੀਤੀ ਜਾਣ ਵਾਲੀ ਰੈਲੀ ਪ੍ਰਤੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਅਮਲੋਹ ਸ਼ਹਿਰ ਦੇ ਸਮੁੱਚੇ ਵਰਕਰਾਂ ਤੇ ਸੀਨੀਅਰ ਲੀਡਰਸ਼ਿਪ ਨਾਲ ਪਾਰਟੀ ਦਫ਼ਤਰ ਅਮਲੋਹ ਵਿਖੇ ਮੀਟਿੰਗ ਸਮੇਂ ਕੀਤਾ। ਪੰਜਾਬ ਦੇ ਮੁਲਾਜ਼ਮ, ਪੈਨਸ਼ਨਰ, ਕਿਸਾਨ ਤੇ ਮਜ਼ਦੂਰਾਂ ਸਮੇਤ ਹਰ ਵਰਗ ਸੰਘਰਸ਼ ਲਈ ਮਜਬੂਰ ਹੋ ਰਿਹਾ ਹੈ। ਪੰਜਾਬ ਵਿੱਚ ਅਮਨ-ਕਾਨੂੰਨ ਦੀ ਤਰਸਯੋਗ ਹਾਲਤ ਹੈ ਜਿਸ ਕਾਰਨ ਲੋਕ ਪਿਛਲੀ ਅਕਾਲੀ ਦਲ ਦੀ ਸਰਕਾਰ ਨੂੰ ਯਾਦ ਕਰ ਰਹੇ ਹਨ। ਉਨ੍ਹਾਂ ਹਲਕੇ ਦੇ ਵਰਕਰਾਂ ਤੇ ਆਗੂਆਂ ਨੂੰ 25 ਮਾਰਚ ਦੀ ਰੈਲੀ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਮੀਟਿੰਗ ਨੂੰ ਸੀਨੀਅਰ ਆਗੂ ਕਰਮਜੀਤ ਸਿੰਘ ਭਗੜਾਣਾ, ਕੈਪਟਨ ਜਸਵੰਤ ਸਿੰਘ ਬਾਜਵਾ, ਯੂਥ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਕੰਵਲਜੀਤ ਸਿੰਘ ਗਿੱਲ, ਸ਼ਹਿਰੀ ਪ੍ਰਧਾਨ ਰਾਕੇਸ਼ ਕੁਮਾਰ ਸ਼ਾਹੀ, ਸੁਖਵਿੰਦਰ ਸਿੰਘ ਕਾਲਾ ਅਰੋੜਾ, ਪਰਮਿੰਦਰ ਸਿੰਘ ਨੀਟਾ ਸੰਧੂ, ਹਲਕਾ ਪ੍ਰਧਾਨ ਡਾ. ਅਰੁਜਨ ਸਿੰਘ ਅਮਲੋਹ, ਮਿੰਟੂ ਅਰੋੜਾ, ਗੁਰਦੀਪ ਸਿੰਘ ਮੰਡੋਫਲ, ਗੁਰਦੀਪ ਸਿੰਘ ਬੱਬੀ, ਬਲਵੰਤ ਸਿੰਘ ਮਾਨ, ਬਲਤੇਜ ਸਿੰਘ ਸਾਬਕਾ ਕੌਂਸਲਰ, ਮਨਜੀਤ ਸਿੰਘ ਕੈਂਥ, ਸੁਰਿੰਦਰ ਸਿੰਘ ਜੇਈ, ਗੁਰਪ੍ਰੀਤ ਸਿੰਘ ਗੁਰੀ ਤੇ ਗੁਰਮੇਲ ਸਿੰਘ ਅਮਲੋਹ ਮੌਜੂਦ ਸਨ।

## ਪੁਲਿਸ ਨੇ ਹਾਈਵੇ ਲੁਟੇਰਾ ਗਿਰੋਹ ਨੂੰ ਕੁੱਝ ਹੀ ਘੰਟਿਆਂ 'ਚ ਕੀਤਾ ਕਾਬੂ



ਫਾਜ਼ਿਲਕਾ, 1 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਫ਼ਾਜ਼ਿਲਕਾ ਪੁਲਿਸ ਨੇ ਹਾਈਵੇ ਲੁਟੇਰਾ ਗਿਰੋਹ ਨੂੰ ਕੁਝ ਹੀ ਘੰਟਿਆਂ ਵਿੱਚ ਕਾਬੂ ਕਰਕੇ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਐਸ.ਐਸ.ਪੀ. ਗੁਰਮੀਤ ਸਿੰਘ ਨੇ ਸੱਦੀ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਿਕਾਇਤਕਰਤਾ ਸੁਸ਼ੀਲ ਕੁਮਾਰ ਪੁੱਤਰ ਬਾਬੂ ਲਾਲ ਵਾਸੀ ਗੁਰੂ ਨਾਨਕ ਨਗਰ, ਸਿਰਸਾ ਨੇ ਪੁਲਿਸ ਥਾਣੇ ਪਹੁੰਚ ਕੇ ਇਤਲਾਹ ਦਿੱਤੀ ਕਿ ਉਹ ਆਪਣੀ ਕਾਰ ਵੈਗਨਰ ਨੰਬਰ HR-BF-AP-4848 ਰਾਹੀਂ ਆਪਣੇ ਰਿਸ਼ਤੇਦਾਰ ਨੂੰ ਮਿਲਣ ਲਈ ਸਿਰਸਾ ਤੋਂ ਅਬੋਹਰ ਆ ਰਿਹਾ ਸੀ।ਰਾਤ ਕਰੀਬ 10 ਵਜੇ, ਸੀਤੋ-ਅਬੋਹਰ ਹਾਈਵੇ 'ਤੇ ਪਿੰਡ ਸੁਖਚੈਨ ਦੇ ਨੇੜੇ ਪੰਜ ਨਾਮਾਲੂਮ ਵਿਅਕਤੀਆਂ ਨੇ ਤੇਜ਼ਧਾਰ ਹਥਿਆਰਾਂ ਨਾਲ ਉਨ੍ਹਾਂ 'ਤੇ ਹਮਲਾ ਕਰ ਦਿੱਤਾ। ਦੋਸ਼ੀਆਂ ਨੇ ਉਨ੍ਹਾਂ ਦੀ ਵੈਗਨਰ ਕਾਰ ਤੇ ਮੋਬਾਈਲ ਫੋਨ ਖੋਹ ਲਏ ਤੇ ਧਮਕੀ ਦਿੱਤੀ ਕਿ ਜੇਕਰ ਪੁਲਿਸ ਨੂੰ ਸੂਚਨਾ ਦਿੱਤੀ ਤਾਂ ਉਸ ਨੂੰ ਜਾਨੋਂ ਮਾਰ ਦਿੱਤਾ ਜਾਵੇਗਾ।ਇਸ ਸੂਚਨਾ ਦੇ ਆਧਾਰ 'ਤੇ ਥਾਣਾ ਸਿਟੀ ਫਾਜ਼ਿਲਕਾ ਵਿੱਚ ਮਾਮਲਾ ਦਰਜ ਕਰਕੇ ਤੁਰੰਤ ਜਾਂਚ ਸ਼ੁਰੂ ਕੀਤੀ ਗਈ। ਪੁਲਿਸ ਨੇ ਤਕਨੀਕੀ ਸਹਾਇਤਾ ਤੇ ਵੱਖ-ਵੱਖ ਟੀਮਾਂ ਦੀ ਮਦਦ ਨਾਲ ਮੁਸਤੈਦੀ ਨਾਲ ਕਾਰਵਾਈ ਕਰਦਿਆਂ ਕੁਝ ਹੀ ਘੰਟਿਆਂ ਵਿੱਚ ਵਾਰਦਾਤ ਨੂੰ ਅੰਜਾਮ ਦੇਣ ਵਾਲੇ 5 ਦੋਸ਼ੀਆਂ ਨੂੰ ਕਾਬੂ ਕਰ ਲਿਆ।

## ਪੰਜਾਬ ਸਖੀ ਸ਼ਕਤੀ ਮੇਲੇ ਦੇ ਦੂਜੇ ਦਿਨ ਦੀ ਸ਼ਾਮ ਸੂਫੀਆਨਾ ਅੰਦਾਜ਼ 'ਚ ਰਹੀ

### ☛ਸੂਫ਼ੀ ਕਲਾਕਾਰ ਰਘੂਨੰਦਨ ਸ਼ਰਮਾ ਤੇ ਸਾਨੀਆ ਨੇ ਆਪਣੀ ਸੂਫੀ ਗਾਇਕੀ ਨਾਲ ਸੁਰਾਂ ਦਾ ਜਲਵਾ ਵਿਖੇਰਿਆ



ਫਾਜ਼ਿਲਕਾ, 1 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਵੱਲੋਂ ਫਾਜ਼ਿਲਕਾ ਦੇ ਪ੍ਰਤਾਪ ਬਾਗ ਵਿਖੇ ਲਗਾਏ ਜਾ ਰਹੇ ਪੰਜਾਬ ਸਖੀ ਸ਼ਕਤੀ ਮੇਲੇ ਦੇ ਦੂਜੇ ਦਿਨ ਦੀ ਸ਼ਾਮ ਸੂਫੀਆਨਾ ਅੰਦਾਜ਼ 'ਚ ਬੀਤੀ। ਸੂਫ਼ੀ ਕਲਾਕਾਰ ਰਘੂਨੰਦਨ ਸ਼ਰਮਾ ਤੇ ਸਾਨੀਆ ਨੇ ਆਪਣੀ ਸੂਫੀ ਗਾਇਕੀ ਨਾਲ ਸੁਰਾਂ ਦਾ ਜਲਵਾ ਵਿਖੇਰਿਆ ਤੇ ਹਰ ਕੋਈ ਸੂਫੀ ਗਾਇਕੀ ਤੋਂ ਮੋਹਿਤ ਹੋ ਗਿਆ। ਗਾਇਕਾਂ ਦੇ ਗੀਤਾਂ ਸਾਂਸੋਂ ਕੀ ਮਾਲਾ ਪੇ ਸਿਮਰੂ ਮੈਂ ਤੇਰਾ ਨਾਮ, ਮੈ ਲਾਜਪਾਲਾ ਦੇ ਲੜ ਲਗੀਆ, ਆਓਗੇ ਜਬ ਤੁਮ ਓ ਸੱਜਣਾ, ਜੇ ਤੂੰ ਅੱਖੀਆਂ ਦੇ ਸਾਹਮਣੇ ਨਹੀਂ ਰਹਿਣਾ ਆਦਿ ਗੀਤਾਂ ਨੇ ਦਰਸ਼ਕਾਂ ਨੂੰ ਆਪਣੇ ਨਾਲ ਜੋੜੀ ਰੱਖਿਆ ਤੇ ਖੂਬ ਵਾਹ-ਵਾਹ ਬਟੋਰੀ। ਦੋਨੋਂ ਸੂਫ਼ੀ ਗਾਇਕਾਂ ਨੇ ਸ਼ਾਮ ਦਾ ਰੰਗ ਬੰਨ੍ਹਦਿਆਂ ਹਰ ਇੱਕ ਦੀਆਂ ਰੂਹਾਂ ਨੂੰ ਸੂਫੀਆਨਾ ਅੰਦਾਜ਼ 'ਚ ਛੂਹ ਲਿਆ। ਇਸ ਸੂਫੀਆਨਾ ਸ਼ਾਮ ਨੂੰ ਸਫਲ ਬਣਾਉਣ ਵਿੱਚ ਰਿੰਕੂ, ਰਾਜਨ, ਵੀਰਪਾਲ, ਪ੍ਰਣਵ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਐਚ.ਆਈ.ਵੀ./ਏਡਜ਼ ਵਿਸ਼ੇ 'ਤੇ ਲੈਕਚਰ ਤੇ ਸਲੋਗਨ-ਪੋਸਟਰ ਪ੍ਰਸਤੁਤੀ ਮੁਕਾਬਲਾ



ਸ੍ਰੀ ਫਤਹਿਗੜ੍ਹ ਸਾਹਿਬ, 1 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਰੈਡ ਰਿਬਨ ਕਲੱਬ, ਵਿਭਾਗ ਫਿਜ਼ੀਓਥੈਰੇਪੀ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਵੱਲੋਂ ਐਚ.ਆਈ.ਵੀ./ਏਡਜ਼ ਪ੍ਰਤੀ ਜਾਗਰੂਕਤਾ ਪੈਦਾ ਕਰਨ ਤੇ ਵਿਦਿਆਰਥੀਆਂ ਨੂੰ ਸੰਵੇਦਨਸ਼ੀਲ ਬਣਾਉਣ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਲੈਕਚਰ ਤੇ ਸਲੋਗਨ-ਪੋਸਟਰ ਪ੍ਰਸਤੁਤੀ ਮੁਕਾਬਲਾ ਸੁਚੱਜੇ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਵਰ੍ਹੇ ਦਾ ਕੇਂਦਰੀ ਵਿਸ਼ਾ ਏਡਜ਼ ਦਾ ਅੰਤ: ਨੌਜਵਾਨਾਂ, ਸਿੱਖਿਆ ਤੇ ਹੈਲਥਕੇਅਰ ਪ੍ਰੋਫੈਸ਼ਨਲਜ਼ ਦੀ ਭੂਮਿਕਾ ਰਿਹਾ।ਇਹ ਕਾਰਜਕ੍ਰਮ ਡਾ. ਪੰਕਜਪ੍ਰੀਤ ਸਿੰਘ, ਡੀਨ, ਫੈਕਲਟੀ ਆਫ ਮੈਡੀਕਲ ਸਾਇੰਸਜ਼, ਤੇ ਡਾ. ਸੁਪ੍ਰੀਤ ਬਿੰਦਰਾ, ਐਸੋਸੀਏਟ ਪ੍ਰੋਫੈਸਰ ਤੇ ਮੁਖੀ, ਵਿਭਾਗ ਫਿਜ਼ੀਓਥੈਰੇਪੀ, ਦੀ ਦੂਰਦਰਸ਼ੀ ਨੇਤ੍ਰਿਤਾ ਤੇ ਸਤਿਕਾਰਯੋਗ ਮਾਰਗਦਰਸ਼ਨ ਹੇਠ ਆਯੋਜਿਤ ਕੀਤਾ ਗਿਆ। ਮੁੱਖ ਵਕਤਾ ਡਾ. ਮਨਜਿੰਦਰ ਸਿੰਘ ਮਾਨ, ਐਮ.ਡੀ. (ਮੈਡਿਸਨ), ਐਸੋਸੀਏਟ ਪ੍ਰੋਫੈਸਰ, ਵਿਭਾਗ ਮੈਡਿਸਨ, ਸਰਕਾਰੀ ਮੈਡੀਕਲ ਕਾਲਜ ਤੇ ਰਾਜਿੰਦਰਾ ਹਸਪਤਾਲ, ਪਟਿਆਲਾ ਨੇ ਆਪਣੇ ਵਿਸ਼ੇਸ਼ ਲੈਕਚਰ ਵਿੱਚ ਐਚ.ਆਈ.ਵੀ./ਏਡਜ਼ ਦੀ ਰਾਸ਼ਟਰੀ 'ਤੇ ਵਿਸ਼ਵ ਪੱਧਰੀ ਸਥਿਤੀ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਨੇ ਰੋਗ ਤੋਂ ਬਚਾਅ ਦੀਆਂ ਰਣਨੀਤੀਆਂ, ਸਮੇਂ-ਸਿਰ ਨਿਰਧਾਰਨ, ਸਮਾਜਿਕ ਧੱਬੇ ਨੂੰ ਘਟਾਉਣ ਤੇ ਏਡਜ਼ ਖ਼ਾਤਮਾ ਮੁਹਿੰਮ ਵਿੱਚ ਨੌਜਵਾਨਾਂ, ਅਧਿਆਪਕਾਂ ਤੇ ਹੈਲਥਕੇਅਰ ਪ੍ਰੋਫੈਸ਼ਨਲਜ਼ ਦੀ ਕੇਂਦਰੀ ਭੂਮਿਕਾ 'ਤੇ ਵਿਸਥਾਰਪੂਰਵਕ ਚਰਚਾ ਕੀਤੀ। ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ ਤੇ ਇਸ ਸੈਸ਼ਨ ਤੋਂ ਮਹੱਤਵਪੂਰਨ ਗਿਆਨ ਪ੍ਰਾਪਤ ਕੀਤਾ। ਇਸ ਮੌਕੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਹਾਜ਼ਰੀ ਭਰ ਦਿੰਦਿਆਂ ਰੈਡ ਰਿਬਨ ਕਲੱਬ ਤੇ ਵਿਭਾਗ ਫਿਜ਼ੀਓਥੈਰੇਪੀ ਦੁਆਰਾ ਆਯੋਜਿਤ ਇਸ ਸਮਾਜਿਕ ਮਹੱਤਤਾ ਵਾਲੇ ਕਾਰਜਕ੍ਰਮ ਦੀ ਪ੍ਰਸ਼ੰਸਾ ਕੀਤੀ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਤੇ ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਨੇ ਵੀ ਵਿਭਾਗ ਤੇ ਰੈਡ ਰਿਬਨ ਕਲੱਬ ਵੱਲੋਂ ਕੀਤੇ ਜਾਗਰੂਕਤਾ ਯਤਨਾਂ ਦੀ ਸਰਾਹਨਾ ਕੀਤੀ।

## ਰਾਜ ਸਿੱਖਿਆ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਵੱਲੋਂ ਪ੍ਰਿੰਸੀਪਲ ਰਾਕੇਸ਼ ਸ਼ਰਮਾ ਸਨਮਾਨਤ



ਜ਼ੀਰਾ, 1 ਮਾਰਚ (ਦੀਪਕ ਭਾਰਗੋ): ਸ਼ਹੀਦ ਗੁਰਦਾਸ ਰਾਮ ਮੈਮੋਰੀਅਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜ਼ੀਰਾ ਦੇ ਪ੍ਰਿੰਸੀਪਲ ਰਾਕੇਸ਼ ਸ਼ਰਮਾ ਨੂੰ ਸਕੂਲ ਵੱਲੋਂ ਪੰਜਾਬ ਰਾਜ ਪ੍ਰਤਿਭਾ ਖੋਜ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਰਾਜ ਪੱਧਰ 'ਤੇ ਰਾਜ ਸਿੱਖਿਆ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਡਾਇਰੈਕਟਰ ਕਿਰਨ ਸ਼ਰਮਾ, ਅਸਿਸਟੈਂਟ ਡਾਇਰੈਕਟਰ ਸੀਮਾ ਖੇਰਾ ਤੇ ਸਟੇਟ ਨੋਡਲ ਸ੍ਰੀ ਅਸ਼ੋਕ ਕੁਮਾਰ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸਟੇਟ ਨੋਡਲ ਅਸ਼ੋਕ ਕੁਮਾਰ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਇਹ ਸਰਟੀਫਿਕੇਟ ਪੰਜਾਬ ਰਾਜ ਦੇ ਉਨ੍ਹਾਂ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ ਨੂੰ ਪ੍ਰਦਾਨ ਕੀਤਾ ਗਿਆ ਹੈ ਜਿਨ੍ਹਾਂ ਦੇ ਵਿਦਿਆਰਥੀਆਂ ਨੇ ਪੰਜਾਬ ਰਾਜ ਪ੍ਰਤਿਭਾ ਖੋਜ ਪ੍ਰੀਖਿਆ ਵਿੱਚ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਲ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਪ੍ਰਿੰਸੀਪਲ ਰਾਕੇਸ਼ ਸ਼ਰਮਾ ਨੂੰ ਇਹ ਸਨਮਾਨ ਉਨ੍ਹਾਂ ਦੇ ਸਕੂਲ ਦੀਆਂ ਵਿਦਿਆਰਥਣਾਂ ਕੋਮਲਪ੍ਰੀਤ ਕੌਰ ਤੇ ਨਵਜੋਤ ਕੌਰ ਜਿਨ੍ਹਾਂ ਨੇ ਪੰਜਾਬ ਭਰ ਵਿੱਚ ਦੂਜਾ ਤੇ ਤੀਜਾ ਰੈਂਕ ਪ੍ਰਾਪਤ ਕਰਨ ਲਈ ਦਿੱਤਾ ਗਿਆ ਹੈ। ਸਕੂਲ ਦੀ ਇਸ ਵਿਸ਼ੇਸ਼ ਪ੍ਰਾਪਤੀ ਲਈ ਜ਼ਿਲ੍ਹਾ ਸਿੱਖਿਆ ਅਫਸਰ ਫਿਰੋਜ਼ਪੁਰ ਮੁਨੀਲਾ ਅਰੋੜਾ, ਉਪ ਜ਼ਿਲ੍ਹਾ ਸਿੱਖਿਆ ਅਫਸਰ ਸਤਿੰਦਰ ਸਿੰਘ, ਬਲਾਕ ਨੋਡਲ ਅਫਸਰ ਕਰਮਜੀਤ ਸਿੰਘ ਨੇ ਵਧਾਈ ਦਿੰਦਿਆਂ ਖੁਸ਼ੀ ਦਾ ਪ੍ਰਗਟਾਵਾ ਕੀਤਾ। ਪ੍ਰਿੰਸੀਪਲ ਰਾਕੇਸ਼ ਸ਼ਰਮਾ ਨੇ ਇਸ ਸਨਮਾਨ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦੇ 29 ਵਿਦਿਆਰਥੀਆਂ ਨੇ ਇਹ ਪ੍ਰੀਖਿਆ ਪਾਸ ਕੀਤੀ ਸੀ ਜਿਨ੍ਹਾਂ ਵਿੱਚੋਂ ਦੋ ਵਿਦਿਆਰਥੀਆਂ ਨੇ ਪੰਜਾਬ ਭਰ ਵਿੱਚ ਦੂਜਾ ਤੇ ਤੀਜਾ ਰੈਂਕ ਪ੍ਰਾਪਤ ਕਰਕੇ ਸਕੂਲ ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਸੀ। ਉਨ੍ਹਾਂ ਨੇ ਇਸ ਵਿਸ਼ੇਸ਼ ਸਨਮਾਨ ਲਈ ਰਾਜ ਸਿੱਖਿਆ ਖੋਜ ਤੇ ਸਿਖਲਾਈ ਪ੍ਰੀਸ਼ਦ ਦੇ ਡਾਇਰੈਕਟਰ ਕਿਰਨ ਸ਼ਰਮਾ, ਅਸਿਸਟੈਂਟ ਡਾਇਰੈਕਟਰ ਸੀਮਾ ਖੇਰਾ ਤੇ ਸਟੇਟ ਨੋਡਲ ਅਸ਼ੋਕ ਕੁਮਾਰ ਦਾ ਧੰਨਵਾਦ ਕੀਤਾ।

## ਪੰਜਾਬ ਸਰਕਾਰ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ: ਵਿਧਾਇਕ ਰਣਬੀਰ ਭੁੱਲਰ



ਫਿਰੋਜ਼ਪੁਰ, 1 ਮਾਰਚ (ਤਿਵਾੜੀ): ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰੀਆਂ ਪਹਿਲਵਾਨ ਦੇ ਵਿਦਿਆਰਥੀਆਂ ਦਾ ਇਤਿਹਾਸਕ ਸ਼ਹਿਰ ਜੈਪੁਰ ਲਈ ਆਯੋਜਿਤ ਹਵਾਈ ਵਿਦਿਅਕ ਟੂਰ ਸਫਲਤਾਪੂਰਵਕ ਸੰਪੰਨ ਹੋਣ ਉਪਰੰਤ ਵਿਦਿਆਰਥੀ ਸੁਰੱਖਿਅਤ ਤੌਰ 'ਤੇ ਸਕੂਲ ਵਾਪਸ ਪਹੁੰਚ ਗਏ।ਵਿਦਿਆਰਥੀਆਂ ਦੀ ਵਾਪਸੀ ਮੌਕੇ ਆਯੋਜਿਤ ਇੱਕ ਸੰਖੇਪ ਸਮਾਗਮ ਵਿੱਚ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਵਿੱਦਿਅਕ ਟੂਰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਲਾਭਕਾਰੀ ਹੁੰਦੇ ਹਨ ਤੇ ਉਨ੍ਹਾਂ ਵਿੱਚ ਆਤਮ-ਵਿਸ਼ਵਾਸ ਤੇ ਸਮਾਜਿਕ ਸਮਝ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਡੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਤੇ ਮਿਆਰੀ ਸਿੱਖਿਆ ਉਪਲਬਧ ਕਰਵਾਉਣ ਲਈ ਵਚਨਬੱਧ ਹੈ। ਵਿਦਿਆਰਥੀਆਂ ਨੇ ਵਿਧਾਇਕ ਤੇ ਹੋਰਾਂ ਨਾਲ ਆਪਣੇ ਇਸ ਵਿੱਦਿਅਕ ਟੂਰ ਦੇ ਅਨੁਭਵ ਸਾਂਝੇ ਕੀਤੇ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਸਕੂਲ ਪਹੁੰਚਣ 'ਤੇ ਵਿਦਿਆਰਥੀਆਂ ਦਾ ਪ੍ਰਿੰਸੀਪਲ ਸਾਹਿਬ, ਸਮੂਹ ਸਟਾਫ ਤੇ ਮਾਪਿਆਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਵਿਧਾਇਕ ਭੁੱਲਰ ਨੇ ਕਿਹਾ ਕਿ ਇਸ ਵਿੱਦਿਅਕ ਟੂਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਇਤਿਹਾਸਕ ਵਿਰਾਸਤ, ਸੱਭਿਆਚਾਰਕ ਧਰੋਹਰ ਤੇ ਆਧੁਨਿਕ ਵਿਕਾਸ ਬਾਰੇ ਜਾਣੂੰ ਕਰਵਾਉਣਾ ਸੀ। ਦੌਰੇ ਦੌਰਾਨ ਵਿਦਿਆਰਥੀਆਂ ਨੇ ਜੈਪੁਰ ਦੇ ਪ੍ਰਸਿੱਧ ਇਤਿਹਾਸਕ ਸਥਾਨਾਂ ਦਾ ਦਰਸ਼ਨ ਕੀਤਾ ਤੇ ਉਥੋਂ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ ਨਾਲ ਰੂਬਰੂ ਹੋਏ। ਇਸ ਯਾਤਰਾ ਨੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਸੋਚ ਤੇ ਦ੍ਰਿਸ਼ਟੀਕੋਣ ਨੂੰ ਵੀ ਵਿਸਤਾਰ ਦਿੱਤਾ। ਇਸ ਮੌਕੇ ਰਾਜ ਬਹਾਦਰ ਸਿੰਘ, ਅਮਰਿੰਦਰ ਸਿੰਘ ਬਰਾੜ, ਗੁਰਭੇਜ ਸਿੰਘ ਸਮੇਤ ਹੋਰ ਪਤਵੰਤੇ, ਸਕੂਲ ਦਾ ਸਟਾਫ ਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

## ਰਾਮ ਮੰਦਰ ਕਮੇਟੀ ਵੱਲੋਂ ਮਨਪ੍ਰੀਤ ਸਿੰਘ ਹੈਪੀ ਦਾ ਸਨਮਾਨ



ਸ੍ਰੀ ਫ਼ਤਹਿਗੜ੍ਹ ਸਾਹਿਬ, 1 ਮਾਰਚ (ਰੂਪਲ ਸੂਦ): ਪ੍ਰਾਚੀਨ ਸ੍ਰੀ ਰਾਮ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਰਾਮ ਮੰਦਰ ਵਿਖੇ ਸ੍ਰੀ ਨਵਗ੍ਰਹਿ ਤੇ ਸ਼ਨੀਦੇਵ ਮੰਦਰ ਦੇ 20ਵੇਂ ਪ੍ਰਤਿਸ਼ਟਾ ਦਿਵਸ ਮੌਕੇ ਕਰਵਾਏ ਗਏ ਸਾਲਾਨਾ ਸਮਾਗਮ ਦੌਰਾਨ ਪ੍ਰਧਾਨ ਸੁਰਜੀਤ ਸਿੰਗਲਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਕੌਂਸਲਰ ਤੇ ਉਘੇ ਸਮਾਜ ਸੇਵੀ ਮਨਪ੍ਰੀਤ ਸਿੰਘ ਹੈਪੀ ਨੂੰ ਸ੍ਰੀ ਬਾਲਾ ਜੀ ਦੀ ਫੋਟੋ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਸੁਰਜੀਤ ਸਿੰਗਲਾ ਨੇ ਕਿਹਾ ਕਿ ਮਨਪ੍ਰੀਤ ਸਿੰਘ ਹੈਪੀ ਵੱਲੋਂ ਸਮਾਜ ਸੇਵੀ ਕੰਮਾਂ ਦੇ ਨਾਲ-ਨਾਲ ਮੰਦਰ 'ਚ ਕਰਵਾਏ ਜਾਂਦੇ ਹਰ ਧਾਰਮਿਕ ਪ੍ਰੋਗਰਾਮ ਵਿੱਚ ਜੋੜੇ ਘਰ ਦੀ ਸੇਵਾ ਨਿਭਾਈ ਜਾਂਦੀ ਹੈ। ਜੋ ਕਿ ਬਹੁਤ ਹੀ ਸ਼ਲਾਘਾਯੋਗ ਕਾਰਜ ਹੈ। ਮਨਪ੍ਰੀਤ ਸਿੰਘ ਹੈਪੀ ਨੇ ਮੰਦਰ ਕਮੇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਮਾਣ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਤੇ ਸਮਾਜਿਕ ਕਾਰਜਾਂ ਵਿੱਚ ਸੇਵਾ ਕਰਨਾ ਹਰ ਵਿਅਕਤੀ ਦਾ ਫਰਜ਼ ਹੈ ਤੇ ਉਹ ਭਵਿੱਖ ਵਿੱਚ ਵੀ ਇਲਾਕੇ ਦੇ ਲੋਕਾਂ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿਣਗੇ। ਉਨ੍ਹਾਂ ਕਿਹਾ ਕਿ ਮੰਦਰ ਕਮੇਟੀ ਵੱਲੋਂ ਸਮੇਂ-ਸਮੇਂ 'ਤੇ ਕਰਵਾਏ ਜਾਂਦੇ ਧਾਰਮਿਕ ਸਮਾਗਮ ਸਮਾਜ ਵਿੱਚ ਏਕਤਾ ਤੇ ਭਾਈਚਾਰੇ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਕਮੇਟੀ ਆਉਣ ਵਾਲੇ ਸਮੇਂ ਵਿੱਚ ਵੀ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਸੱਭਿਆਚਾਰ ਤੇ ਸੰਸਕਾਰਾਂ ਨਾਲ ਜੋੜਦੀ ਰਹੇਗੀ। ਮਨਪ੍ਰੀਤ ਹੈਪੀ ਨੇ ਮੰਦਰ ਦੇ ਵਿਕਾਸ ਤੇ ਸਮਾਜ ਭਲਾਈ ਦੇ ਕੰਮਾਂ ਵਿੱਚ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਪ੍ਰਧਾਨ ਸੁਰਜੀਤ ਸਿੰਗਲਾ, ਜਨਰਲ ਸਕੱਤਰ ਓਮ ਪ੍ਰਕਾਸ਼ ਗੌਤਮ, ਮੰਦਰ ਦੇ ਮੁੱਖ ਪੁਜਾਰੀ ਪੰਡਿਤ ਸੇਵਕ ਰਾਮ ਸ਼ਰਮਾ, ਮੀਤ ਪ੍ਰਧਾਨ ਹੇਮਿੰਦਰ ਦਲਾਲ, ਮਾਰੂਤ ਮਲਹੋਤਰਾ, ਕਮੇਟੀ ਦੇ ਸਲਾਹਕਾਰ ਐਡਵੋਕੇਟ ਅੰਕੁਸ਼ ਖੱਤਰੀ, ਦੀਵਾਲ ਕੁਮਾਰ ਹੈਰੀ, ਰਿਸ਼ੀ ਸਿੰਗਲਾ, ਅਮਿਤ ਜਿੰਦਲ, ਅੰਕੁਸ਼ ਸਿੰਗਲਾ ਮੌਜੂਦ ਸਨ।

## ਕੇਜਰੀਵਾਲ ਤੇ ਸਿਸੋਦੀਆ ਨੂੰ ਅਦਾਲਤ ਨੇ ਬਰੀ ਕਰਕੇ ਸੱਚ ਸਾਹਮਣੇ ਲਿਆਂਦਾ: ਜਗਦੀਪ ਸਿੰਘ



ਮੰਡੀ ਗੋਬਿੰਦਗੜ੍ਹ, 1 ਮਾਰਚ (ਸੂਦ): ਮਾਰਕੀਟ ਕਮੇਟੀ ਮੰਡੀ ਗੋਬਿੰਦਗੜ੍ਹ ਦੇ ਚੇਅਰਮੈਨ ਜਗਦੀਪ ਸਿੰਘ ਦੀਪ ਜੱਸੜਾਂ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਮਨੀਸ਼ ਸਿਸੋਦੀਆ ਸਮੇਤ ਹੋਰ ਆਗੂਆਂ ਨੂੰ ਦਿੱਲੀ ਦੀ ਮਾਣਯੋਗ ਅਦਾਲਤ ਵੱਲੋਂ ਆਬਕਾਰੀ ਨੀਤੀ ਮਾਮਲੇ ਵਿੱਚ ਬਾਇੱਜ਼ਤ ਬਰੀ ਕਰਨ ਦੇ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਫੈਸਲਾ ਸੱਚ ਦੀ ਜਿੱਤ ਹੈ ਤੇ ਮਾਣਯੋਗ ਅਦਾਲਤ ਦੇ ਇਸ ਫ਼ੈਸਲੇ ਨਾਲ ਸੱਚ ਸਾਹਮਣੇ ਆਉਣ 'ਤੇ ਵਿਰੋਧੀ ਪਾਰਟੀਆਂ ਦੀਆਂ ਸਾਜਿਸ਼ਾਂ ਬੇਨਕਾਬ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਲੋਕਾਂ ਦਾ ਅਦਾਲਤ ਤੇ ਕਾਨੂੰਨ 'ਤੇ ਭਰੋਸਾ ਵਧਿਆ ਹੈ। ਇਸ ਮਾਮਲੇ ਨੂੰ ਲੈ ਕੇ ਕਾਫ਼ੀ ਸਮੇਂ ਤੋਂ ਸਿਆਸੀ ਪਾਰਟੀਆਂ ਵੱਲੋਂ ਰਾਜਨੀਤੀ ਕੀਤੀ ਜਾ ਰਹੀ ਸੀ ਪ੍ਰੰਤੂ ਹੁਣ ਇਸ ਫ਼ੈਸਲੇ ਨੇ ਉਨ੍ਹਾਂ ਦੀਆਂ ਚਾਲਾਂ ਫ਼ੇਲ੍ਹ ਕਰ ਦਿਤੀਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵਿਰੁੱਧ ਰਚਿਆ ਗਿਆ ਸ਼ਰਾਬ ਘੁਟਾਲਾ ਸਿਆਸੀ ਸਾਜਿਸ਼ ਸੀ ਤੇ ਕੇਂਦਰ ਦੀ ਭਾਜਪਾ ਸਰਕਾਰ ਨੇ ਪਾਰਟੀ ਦੀ ਛਵੀ ਖਰਾਬ ਕਰਨ ਦੀ ਚਾਲ ਕਾਰਨ ਇਹ ਸਾਰਾ ਕੁਝ ਕੀਤਾ ਸੀ। ਉਨ੍ਹਾਂ ਕਿਹਾ ਕਿ ਇਸ ਫ਼ੈਸਲੇ ਨਾਲ ਪਾਰਟੀ ਦਾ ਅਕਸ਼ ਲੋਕਾਂ ਸਾਹਮਣੇ ਹੋਰ ਸਾਫ਼ ਹੋ ਗਿਆ ਤੇ 2027 ਦੀਆਂ ਚੋਣਾਂ ਵਿੱਚ ਲੋਕ ਮੁੜ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਉਣਗੇ ਤੇ ਕੇਂਦਰ ਵਿੱਚ ਵੀ ਪਾਰਟੀ ਦਾ ਝੰਡਾ ਬੁਲੰਦ ਕਰਨਗੇ।

## ਕਿਸਾਨ ਕਣਕ ਦੀ ਫਸਲ ਨੂੰ ਵੱਧਦੇ ਤਾਪਮਾਨ ਤੋਂ ਬਚਾਉਣ ਲਈ ਪੋਟਾਸ਼ੀਅਮ ਨਾਈਟ੍ਰੇਟ ਦੀ ਸਪਰੇਅ ਕਰਨ: ਮੁੱਖ ਖੇਤੀਬਾੜੀ ਅਫ਼ਸਰ



ਸ੍ਰੀ ਫਤਹਿਗੜ੍ਹ ਸਾਹਿਬ, 1 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਮੁੱਖ ਖੇਤੀਬਾੜੀ ਅਫਸਰ ਡਾ. ਜਗਦੇਵ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੌਜੂਦਾ ਸਮੇਂ ਦੌਰਾਨ ਜ਼ਿਲ੍ਹੇ ਵਿੱਚ ਲਗਭਗ 84700 ਹੈਕਟੇਅਰ ਰਕਬੇ ਵਿੱਚ ਕਣਕ ਦੀ ਫਸਲ ਦੀ ਬਿਜਾਈ ਕੀਤੀ ਗਈ ਹੈ।ਕਣਕ ਦੀ ਫਸਲ ਦਾ ਚੰਗਾ ਝਾੜ ਅਨਾਜ ਉਤਪਾਦਨ ਵਿੱਚ ਵਾਧਾ ਕਰਦਾ ਹੈ ਤੇ ਕਿਸਾਨਾਂ ਦੀ ਆਰਥਿਕ ਹਾਲਤ ਵਿੱਚ ਸੁਧਾਰ ਆਉਂਦਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਤਾਪਮਾਨ ਵਿੱਚ ਵਾਧਾ ਵੇਖਣ ਵਿੱਚ ਆਇਆ ਹੈ ਤੇ ਕਣਕ ਦੇ ਦਾਣੇ ਭਰਨ ਸਮੇਂ ਵੱਧ ਰਹੇ ਤਾਪਮਾਨ ਤੋਂ ਫਸਲਾਂ ਨੂੰ ਨੁਕਸਾਨ ਹੋਣ ਤੋਂ ਬਚਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਫਸਲ ਜਦੋਂ ਗੋਭ ਅਵਸਥਾ ਵਿੱਚ ਹੋਵੇ ਤਾਂ ਗਰਮ ਤਾਪਮਾਨ ਤੋਂ ਬਚਾਉਣ ਲਈ 2 ਫੀਸਦੀ ਪੋਟਾਸ਼ੀਅਮ ਨਾਈਟ੍ਰੇਟ ਦੀ ਸਪਰੇਅ ਕਣਕ ਦੀ ਫਸਲ 'ਤੇ ਕੀਤਾ ਜਾ ਸਕਦਾ ਭਾਵ 4 ਕਿੱਲੋ ਪੋਟਾਸ਼ੀਅਮ ਨਾਈਟ੍ਰੇਟ ਨੂੰ 200 ਲੀਟਰ ਪਾਣੀ ਵਿੱਚ ਘੋਲ ਕੇ ਪਹਿਲਾ ਸਪਰੇਅ ਗੋਭ ਵਾਲਾ ਪੱਤਾ ਨਿਕਲਣ ਸਮੇਂ ਤੇ ਦੂਜਾ ਬੂਰ ਪੈਣ ਸਮੇਂ ਕੀਤਾ ਜਾ ਸਕਦਾ ਹੈ, ਜਿਸ ਨਾਲ ਕਣਕ ਦੇ ਝਾੜ ਤੇ ਤਾਪਮਾਨ ਦਾ ਅਸਰ ਘੱਟ ਹੋਵੇਗਾ ਤੇ ਫਸਲ ਦੀ ਉਪਜ ਵਧੀਆ ਹੋਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫਸਲਾਂ ਸਬੰਧੀ ਕਿਸੇ ਤਰ੍ਹਾਂ ਦੀ ਮੁਸ਼ਕਿਲ ਆਉਂਦੀ ਹੈ ਤਾਂ ਉਹ ਜ਼ਿਲ੍ਹੇ ਅੰਦਰ ਤਾਇਨਾਤ ਬਲਾਕ ਖੇਤੀਬਾੜੀ ਦਫਤਰਾਂ ਅਮਲੋਹ, ਸਰਹਿੰਦ, ਬੱਸੀ ਪਠਾਨਾ, ਖੇੜਾ, ਖਮਾਣੋਂ ਨਾਲ ਸੰਪਰਕ ਕਰ ਸਕਦੇ ਹਨ।

## ਪਿੰਡ ਹਜ਼ਾਰਾ ਸਿੰਘ ਵਾਲਾ ਵਿਖੇ ਮੈਡੀਕਲ ਕੈਂਪ ਲਗਾ ਕੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਨੇ ਸਿਹਤ ਸਹੂਲਤਾਂ

ਫਿਰੋਜ਼ਪੁਰ, 1 ਮਾਰਚ (ਤਿਵਾੜੀ): ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਵਿ) ਕ੍ਰਿਸ਼ਨਾ ਪਾਲ ਰਾਜਪੂਤ ਤੇ ਐਸ.ਡੀ.ਐਮ. ਲਿੰਦਿਯਾ ਵੱਲੋਂ ਮਮਦੋਟ ਦੇ ਪਿੰਡ ਹਜ਼ਾਰਾ ਸਿੰਘ ਵਾਲਾ ਦਾ ਦੌਰਾ ਕਰਕੇ ਦੂਸ਼ਿਤ ਪਾਣੀ ਪੀਣ ਕਾਰਨ ਬਿਮਾਰ ਹੋਏ ਲੋਕਾਂ ਦਾ ਹਾਲ-ਚਾਲ ਜਾਣਿਆ ਗਿਆ। ਉਨ੍ਹਾਂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤੇ ਸਿਹਤ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਤੇ ਹੋਰ ਸੁਵਿਧਾਵਾਂ ਦਾ ਜਾਇਜ਼ਾ ਵੀ ਲਿਆ ਗਿਆ। ਐਸ.ਡੀ.ਐਮ. ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵੱਲੋਂ ਵਿਸ਼ੇਸ਼ ਮੀਟਿੰਗ ਕਰਕੇ ਸਬੰਧਤ ਵਿਭਾਗਾਂ ਨੂੰ ਪਿੰਡ ਵਾਸੀਆਂ ਦੀ ਹਰ ਸੰਭਵ ਮਦਦ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਡਿਪਟੀ ਕਮਿਸ਼ਨਰ ਦੇ ਹੁਕਮਾਂ ਅਨੁਸਾਰ ਪ੍ਰਸ਼ਾਸਨ ਤੇ ਸਿਹਤ ਵਿਭਾਗ ਵੱਲੋਂ ਪਿੰਡ ਵਿੱਚ ਲਗਾਤਾਰ ਮੈਡੀਕਲ ਕੈਂਪ ਲਗਾ ਕੇ ਲੋਕਾਂ ਨੂੰ ਇਲਾਜ ਤੇ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਸਿਵਲ ਹਸਪਤਾਲ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਸਿਹਤ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਪ੍ਰਭਾਵਿਤ ਲੋਕਾਂ ਨੂੰ ਇਲਾਜ ਮੁਹੱਈਆ ਕੀਤਾ ਜਾ ਸਕੇ। ਇਸ ਤੋਂ ਇਲਾਵਾ ਪੀਣ ਵਾਲੇ ਸਾਫ ਪਾਣੀ ਦਾ ਪ੍ਰਬੰਧ ਕੀਤਾ ਗਿਆ ਹੈ ਤੇ ਛੱਪੜ ਦੀ ਸਫ਼ਾਈ ਕਾਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਟੈਂਕਰਾਂ ਰਾਹੀਂ ਪੀਣ ਵਾਲੇ ਪਾਣੀ ਦੀ ਵਿਵਸਥਾ ਕੀਤੀ ਗਈ ਹੈ। ਲੋਕਾਂ ਨੂੰ ਲੋੜੀਂਦੀਆਂ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਪਬਲਿਕ ਹੈਲਥ ਵਿਭਾਗ ਨੂੰ ਸਖ਼ਤ ਹੁਕਮ ਜਾਰੀ ਕੀਤੇ ਗਏ ਹਨ ਕਿ ਦੂਸ਼ਿਤ ਪਾਣੀ ਦੇ ਸਰੋਤ ਦੀ ਤੁਰੰਤ ਪਛਾਣ ਕਰਕੇ ਉਸ ਨੂੰ ਬੰਦ ਕੀਤਾ ਜਾਵੇ ਤੇ ਜਲ ਸਪਲਾਈ ਨੂੰ ਜਲਦ ਤੋਂ ਜਲਦ ਬਹਾਲ ਕੀਤਾ ਜਾਵੇ। ਮੈਡੀਕਲ ਕੈਂਪ ਦੌਰਾਨ ਹੁਣ ਤੱਕ 576 ਲੋਕਾਂ ਦੀ ਜਾਂਚ ਕੀਤੀ ਗਈ ਹੈ ਤੇ 367 ਲੋਕਾਂ ਦੇ ਟੈਸਟ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਗਠਿਤ ਕੀਤੀਆਂ 30 ਟੀਮਾਂ ਵੱਲੋਂ ਘਰ-ਘਰ ਜਾ ਕੇ ਸਰਵੇ ਕੀਤਾ ਜਾ ਰਿਹਾ ਹੈ ਤੇ ਸਾਫ਼ ਪਾਣੀ ਲਈ 9 ਹਜ਼ਾਰ ਕਲੋਰੀਨ ਦੀਆਂ ਗੋਲੀਆਂ ਤੇ 400 ਓ.ਆਰ.ਐਸ. ਦੇ ਪੈਕੇਟ ਵੰਡੇ ਗਏ। ਸਿਵਲ ਸਰਜਨ ਡਾ. ਰਾਜੀਵ ਪਰਾਸ਼ਰ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਲਗਾਤਾਰ ਸਥਿਤੀ 'ਤੇ ਨਿਗਰਾਨੀ ਕਰ ਰਹੀਆਂ ਹਨ।

## ਦੋ ਦਿਨਾਂ ਟ੍ਰੇਨਿੰਗ ਕੈਂਪ ਦੌਰਾਨ ਸੈਨੀਟੇਸ਼ਨ ਵਰਕਰਾਂ ਨੂੰ ਵੱਖ-ਵੱਖ ਪਹਿਲੂਆਂ 'ਤੇ ਸਿਖਲਾਈ ਦਿੱਤੀ



ਫਿਰੋਜ਼ਪੁਰ, 1 ਮਾਰਚ (ਤਿਵਾੜੀ): ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਫਿਰੋਜ਼ਪੁਰ ਦੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਡਾ. ਅਮਨਦੀਪ ਕੌਰ ਦੀ ਅਗਵਾਈ ਹੇਠ ਨਗਰ ਕੌਂਸਲ ਸਫ਼ਾਈ ਕਰਮਚਾਰੀਆਂ ਦੀ ਸੁਰੱਖਿਆ, ਸਿਹਤ ਤੇ ਹੁਨਰ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਰੈਕਿਟ ਦੇ ਅਧੀਨ, ਇਸ ਦੇ ਇੰਪਲੀਮੈਂਟੇਸ਼ਨ ਭਾਗੀਦਾਰ ਜਾਗਰਣ ਪਹਿਲ ਤੇ ਗ੍ਰੀਨ ਸਪਰਸ਼ ਫਾਊਂਡੇਸ਼ਨ ਦੇ ਸਹਿਯੋਗ ਨਾਲ ਹਾਰਪਿਕ ਵਰਲਡ ਟਾਇਲਟ ਕਾਲਜ ਪਟਿਆਲਾ ਦੇ ਅਧੀਨ ਨਗਰ ਕੌਂਸਲ ਫਿਰੋਜ਼ਪੁਰ ਦੇ ਸਮੂਹ ਸਫ਼ਾਈ ਕਰਮਚਾਰੀਆਂ ਲਈ ਦੋ ਦਿਨਾਂ ਦੀ ਵਿਸ਼ੇਸ਼ ਵਰਕਸ਼ਾਪ ਆਯੋਜਿਤ ਕੀਤੀ ਗਈ।ਟ੍ਰੇਨਿੰਗ ਦਾ ਮੁੱਖ ਉਦੇਸ਼ ਸਫ਼ਾਈ ਕਰਮਚਾਰੀਆਂ ਨੂੰ ਪੇਸ਼ਾਵਰ ਸੁਰੱਖਿਆ, ਨਿੱਜੀ ਤੇ ਕਾਰਜਕਾਰੀ ਸਿਹਤ, ਸੁਰੱਖਿਆ ਉਪਕਰਨਾਂ ਦੀ ਸਹੀ ਵਰਤੋਂ, ਕਚਰਾ ਪ੍ਰਬੰਧਨ, ਉਚਿੱਤ ਵਿਹਾਰ ਤੇ ਸਾਫਟ ਸਕਿਲਜ਼ ਬਾਰੇ ਵਿਸਥਾਰਪੂਰਕ ਜਾਣਕਾਰੀ ਪ੍ਰਦਾਨ ਕਰਨਾ ਸੀ।ਇਸ ਦੋ ਦਿਨਾਂ ਦੇ ਕਾਰਜਕ੍ਰਮ ਵਿੱਚ ਸਵੀਪਰ, ਕਚਰਾ ਇਕੱਠਾ ਕਰਨ ਵਾਲੇ ਕਰਮਚਾਰੀ, ਸਿਵਰ ਤੇ ਨਾਲਿਆਂ ਵਿੱਚ ਕੰਮ ਕਰਨ ਵਾਲੇ ਕਰਮਚਾਰੀ, ਟੋਆਇਲਟ ਸਾਫ਼ ਕਰਨ ਵਾਲੇ ਕਰਮਚਾਰੀ ਤੇ ਦੇਖਭਾਲ ਕਰਤਾ ਸ਼ਾਮਲ ਹੋਏ।ਟ੍ਰੇਨਿੰਗ ਦੌਰਾਨ ਭਾਗ ਲੈਣ ਵਾਲੇ ਸਫ਼ਾਈ ਕਰਮਚਾਰੀਆਂ ਨੂੰ ਸਫ਼ਾਈ ਮਿੱਤਰ ਪਾਸਪੋਰਟ, ਟ੍ਰੇਨਿੰਗ ਸਫਲਤਾਪੂਰਵਕ ਪੂਰੀ ਕਰਨ 'ਤੇ ਸਰਟੀਫਿਕੇਟ ਤੇ ਸੁਰੱਖਿਆ ਕਿੱਟ (ਦਸਤਾਨੇ, ਪਾਣੀ ਦੀ ਬੋਤਲ ਤੇ ਰਿਫਲੈਕਟਿਵ ਜੈਕਟ) ਪ੍ਰਦਾਨ ਕੀਤੀ ਗਈ। ਇਸਦੇ ਨਾਲ ਹੀ ਉਨ੍ਹਾਂ ਨੂੰ ਵੱਖ-ਵੱਖ ਸਰਕਾਰੀ ਕਲਿਆਣ ਯੋਜਨਾਵਾਂ ਨਾਲ ਜੋੜਨ ਬਾਰੇ ਵੀ ਜਾਣਕਾਰੀ ਤੇ ਸਹੂਲਤ ਦਿੱਤੀ ਗਈ ਤਾਂ ਜੋ ਉਨ੍ਹਾਂ ਦੀ ਲੰਬੇ ਸਮੇਂ ਦੀ ਸਮਾਜਿਕ ਤੇ ਆਰਥਿਕ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਇਸ ਮੌਕੇ 'ਤੇ ਸੈਂਟਰ ਇੰਸਪੈਕਟਰ ਰੁਸਤਮ ਸ਼ੇਰ ਸੋਢੀ ਤੋਂ ਇਲਾਵਾ ਸੈਨੇਟਰੀ ਮੇਟ ਅਮਰ ਭੱਟੀ, ਰਾਜ ਕੁਮਾਰ, ਰਾਮ ਚਰਨ, ਰਜੇਸ਼ ਕੁਮਾਰ ਤੋਂ ਇਲਾਵਾ ਪ੍ਰੋਗਰਾਮ ਕੋਆਰਡੀਨੇਟਰ ਸਿਮਰਨਜੀਤ ਸਿੰਘ, ਗੁਰਦੇਵ ਸਿੰਘ, ਸੁਮਨ ਰਾਣੀ ਤੇ ਸਮੂਹ ਕਰਮਚਾਰੀ ਮੋਟੀਵੇਟਰ ਮੌਜੂਦ ਸਨ।

# ਸਵਦੇਸ਼ੀ ਮੇਲੇ ਵਿੱਚ ਔਰਤਾਂ ਦਾ ਸਨਮਾਨ ਭਾਰਤ ਵੱਲੋਂ ਤੇਜ਼ੀ ਨਾਲ ਵਿਕਸਿਤ ਹੋਣ ਦੀ ਨਿਸ਼ਾਨੀ : ਟਿੱਕਾ



ਲੁਧਿਆਣਾ, 1 ਮਾਰਚ (ਰਵਿੰਦਰ ਸਿੰਘ ਨਿੱਝਰ): ਸਥਾਨਕ ਪੀਏਯੂ ਗਰਾਊਂਡ ਵਿੱਚ ਲਗਾਇਆ ਗਿਆ ਸਵਦੇਸ਼ੀ ਮੇਲਾ ਦੇਸ਼ ਵਿਦੇਸ਼ ਵਿੱਚ ਵੱਸਦੇ ਪੰਜਾਬੀਆਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਬਣਿਆ। ਇਸ ਮੇਲੇ ਵਿੱਚ ਬਤੌਰ ਵਿਸ਼ੇਸ਼ ਮਹਿਮਾਨ ਪਹੁੰਚੇ ਭਾਜਪਾ ਦੀ ਪੰਜਾਬ ਕਾਰਜਕਾਰਨੀ ਦੇ ਮੈਂਬਰ ਤੇ ਪੰਜਾਬ ਮੀਡੀਅਮ ਉਦਯੋਗ ਵਿਕਾਸ ਬੋਰਡ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਟਿੱਕਾ ਨੇ ਆਖਿਆ ਕਿ ਅੱਜ ਔਰਤਾਂ ਮਰਦਾਂ ਨਾਲੋਂ ਵੀ ਕਈ ਖੇਤਰਾਂ ਵਿੱਚ ਤਾਂ ਵੱਧ ਤਰੱਕੀ ਕਰ ਰਹੀਆਂ ਹਨ, ਪਰ ਹਰੇਕ ਖੇਤਰ ਵਿੱਚ ਔਰਤਾਂ ਆਪਣੀ ਪਰਫਾਰਮੈਂਸ ਮਰਦਾਂ ਦੇ ਬਰਾਬਰ ਤਾਂ ਜਰੂਰ ਦਿਖਾ ਰਹੀਆਂ ਹਨ, ਜਿਸ ਦੇ ਸਿਰ 'ਤੇ ਉਹਨਾਂ ਦੇ ਕੰਮਾਂ ਨੂੰ ਦੁਨੀਆਂ ਭਰ ਵਿੱਚ ਵਸਦੇ ਲੋਕਾਂ ਲਈ ਇੱਕ ਮਿਸਾਲ ਵਜੋਂ ਦੇਖਿਆ ਜਾ ਰਿਹਾ ਹੈ। ਸ ਟਿੱਕਾ ਨੇ ਆਖਿਆ ਕਿ ਸਾਨੂੰ ਬੇਹੱਦ ਮਾਣ ਹੈ ਕਿ ਸਾਡੀਆਂ ਭੈਣਾਂ ਤੇ ਧੀਆਂ ਦੇਸ਼ ਵਿਦੇਸ਼ ਵਿੱਚ ਫੌਜ, ਡਾਕਟਰੀ, ਵਕਾਲਤ, ਵਪਾਰ ਅਤੇ ਹੋਰ ਕਿੱਤਿਆਂ ਵਿੱਚ ਬੜੇ ਮਾਣ ਨਾਲ ਵਿਚਰਦਿਆਂ ਹੋਇਆਂ ਵੱਡਾ ਨਾਮਣਾ ਖੱਟ ਰਹੀਆਂ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਹੋਰ ਵੀ ਤਨ ਦੇਹੀ ਨਾਲ ਮਿਹਨਤ ਕਰਕੇ ਵੱਡੀਆਂ ਵੱਡੀਆਂ ਮੰਜ਼ਿਲਾਂ ਸਰ ਕਰਨਗੀਆਂ। ਗੁਰਦੀਪ ਸਿੰਘ ਗੋਸ਼ਾ ਦੀ ਦੇਖਰੇਖ ਹੇਠ ਲਗਾਏ ਗਏ ਸਵਦੇਸ਼ੀ ਮੇਲੇ ਵਿੱਚ ਸਪਰਿੰਗ ਡੇਲ ਪਬਲਿਕ ਸਕੂਲ ਦੀ ਚੇਅਰਪਰਸਨ ਸ੍ਰੀਮਤੀ ਅਵਿਨਾਸ਼ ਕੌਰ ਵਾਲੀਆ, ਮਾਲਵਿਕਾ ਸੂਦ, ਰਜਨੀ ਵੈਂਕਟਰ, ਫਿਲਮੀ ਅਦਾਕਾਰਾ ਨਿਰਮਲ ਰਿਸ਼ੀ ਅਤੇ ਵਿਮੈਨ ਕਮਿਸ਼ਨ ਦੀ ਚੇਅਰਪਰਸਨ ਸਮੇਤ ਅਨੇਕਾਂ ਔਰਤਾਂ ਨੂੰ ਉਹਨਾਂ ਦੀਆਂ ਪ੍ਰਾਪਤੀਆਂ ਬਦਲੇ ਉਚੇਚੇ ਤੌਰ 'ਤੇ ਸਨਮਾਨਿਤ ਕੀਤਾ ਗਿਆ।

# ਸਾਂਝੇ ਮੋਰਚੇ ਵੱਲੋਂ ਉਲੀਕੇ ਐਕਸ਼ਨ ਵਿੱਚ ਸਪੈਟਾ ਡੱਟ ਕੇ ਸ਼ਮੂਲੀਅਤ ਕਰੇਗੀ : ਸਵੱਦੀ



ਲੁਧਿਆਣਾ, 1 ਮਾਰਚ (ਰਵਿੰਦਰ ਸਿੰਘ ਨਿੱਝਰ): ਸਰਕਾਰੀ ਪ੍ਰਾਇਮਰੀ ਐਲੀਮੈਂਟਰੀ ਟੀਚਰਜ਼ ਐਸੋਸੀਏਸ਼ਨ ਪੰਜਾਬ (ਸਪੈਟਾ) ਦੀ ਹੰਗਾਮੀ ਮੀਟਿੰਗ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਪ੍ਰਭਦਿਆਲ ਸਿੰਘ ਹਨੀ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਸ਼ਾਮਲ ਹੋਏ ਜਥੇਬੰਦੀ ਦੇ ਸਰਪ੍ਰਸਤ ਧੰਨਾ ਸਿੰਘ ਸਵੱਦੀ ਨੇ ਬੋਲਦਿਆਂ ਕਿਹਾ ਪੰਜਾਬ ਸਰਕਾਰ ਸਮੁੱਚੇ ਮੁਲਾਜ਼ਮ ਵਰਗ ਨਾਲ ਸਰਾਸਰ ਧੱਕਾ ਕਰ ਰਹੀ ਹੈ। ਸਿੱਖਿਆ ਕ੍ਰਾਂਤੀ ਦਾ ਝੂਠਾ ਢਡੋਰਾ ਪਿੱਟਣ ਵਾਲੀ ਸਰਕਾਰ ਅਧਿਆਪਕਾਂ ਦੇ ਹੱਕਾਂ 'ਤੇ ਆਰੀ ਚਲਾ ਰਹੀ ਹੈ।ਉਹਨਾਂ ਦੱਸਿਆ ਕਿ ਲੱਗਪਗ 20-25 ਸਾਲ ਦੀਆਂ ਸੇਵਾਵਾਂ ਨਿਭਾਉਣ ਵਾਲੇ ਅਧਿਆਪਕਾਂ ਤੇ ਜਬਰੀ ਟੈਟ ਦੀ ਸ਼ਰਤ ਲਗਾ ਕੇ ਉਹਨਾਂ ਨੂੰ ਤਰੱਕੀਆਂ ਦੇ ਹੱਕ ਤੋਂ ਵਾਂਝਾ ਕੀਤਾ ਜਾ ਰਿਹਾ ਹੈ। ਇਸ ਦੇ ਰੋਸ ਵਜੋਂ 22 ਫਰਵਰੀ ਨੂੰ ਸਾਂਝੇ ਮੋਰਚੇ ਵੱਲੋਂ ਸਿੱਖਿਆ ਮੰਤਰੀ ਦੇ ਹਲਕੇ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਰੋਸ ਮਾਰਚ ਕੀਤਾ ਗਿਆ ਸੀ। ਪੰਜਾਬ ਦੇ ਅਧਿਆਪਕਾਂ ਦੇ ਭਾਰੀ ਰੋਹ ਨੂੰ ਦੇਖਦੇ ਹੋਏ ਪ੍ਰਸ਼ਾਸਨ ਵੱਲੋਂ 27 ਫਰਵਰੀ ਨੂੰ ਸਿੱਖਿਆ ਮੰਤਰੀ ਨਾਲ ਮੀਟਿੰਗ ਦਾ ਲਿਖਤੀ ਭਰੋਸਾ ਦਿੱਤਾ ਸੀ, ਪ੍ਰੰਤੂ ਸਿੱਖਿਆ ਮੰਤਰੀ ਵੱਲੋਂ ਵਾਅਦਾ ਖਿਲਾਫ਼ੀ ਕਰਕੇ ਇਹ ਤਰੀਕ ਅੱਗੇ ਪਾ ਦਿੱਤੀ। ਇਸ ਵਾਅਦਾ ਖ਼ਿਲਾਫ਼ੀ ਦੇ ਰੋਸ ਵਜੋਂ ਸਾਂਝੇ ਮੋਰਚੇ ਵਲੋਂ 2 ਮਾਰਚ ਨੂੰ ਜ਼ਿਲ੍ਹਾ ਪੱਧਰ ਦੇ ਐਕਸ਼ਨ ਵਿੱਚ ਮੰਤਰੀਆਂ ਦੇ ਘਰਾਂ ਦਾ ਘਿਰਾਓ ਕਰਨ ਦਾ ਫ਼ੈਸਲਾ ਕੀਤਾ ਹੈ। ਸਪੈਟਾ ਜਥੇਬੰਦੀ ਵੱਲੋਂ ਇਸ ਐਕਸ਼ਨ ਵਿੱਚ ਵੱਧ ਚੜ੍ਹ ਕੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਅੱਜ ਮੀਟਿੰਗ ਦੌਰਾਨ ਸਰਬਜੀਤ ਸਿੰਘ ਚੌਕੀਮਾਨ, ਮੇਲਾ ਸਿੰਘ ਜੋਧਾਂ, ਕੁਲਦੀਪ ਸਿੰਘ ਮਾਹੌਲ਼ੀ, ਕਮਲਜੀਤ ਸਿੰਘ ਲਾਇਲ, ਤੇਜਪਾਲ ਕਲੇਰ, ਦਵਿੰਦਰ ਸਿੰਘ ਖਾਨਪੁਰ, ਕੁਲਦੀਪ ਸਿੰਘ ਹਸਨਪੁਰ, ਸਤਵੰਤ ਸਿੰਘ ਲੁਹਾਰਾ, ਪ੍ਰਕਾਸ਼ਵਿੰਦਰ ਵੜੈਚ, ਜਸਵਿੰਦਰਪਾਲ ਕੰਗ, ਰਾਜਿੰਦਰ ਕੁਮਾਰ ਲਾਦੀਆਂ, ਮਨਬੀਰ ਸਿੰਘ, ਅਨੁਰਾਗ ਭੰਡਾਰੀ, ਬਿੱਕਰ ਸਿੰਘ, ਕੁਲਵਿੰਦਰ ਆਜ਼ਾਦ, ਸੰਦੀਪ ਕੁਮਾਰ ਆਦਿ ਅਧਿਆਪਕ ਆਗੂ ਹਾਜ਼ਰ ਹੋਏ।

# ਪ੍ਰਵਾਸੀ ਸਭਾ ਸੂਬੇ ਦੇ ਵਿਕਾਸ ਲਈ ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਅਤੇ ਪੰਜਾਬ ਸਰਕਾਰ ਵਿਚਕਾਰ ਇੱਕ ਮਜ਼ਬੂਤ ਪੁਲ ਬਣ ਸਕਦੀ ਹੈ : ਪੀਟਰ ਸੰਧੂ



ਲੁਧਿਆਣਾ, 1 ਮਾਰਚ ( ਰਵਿੰਦਰ ਸਿੰਘ ਨਿੱਝਰ): ਐਡਮਿੰਟਨ (ਕੈਨੇਡਾ) ਤੋਂ ਦੋ ਵਾਰ ਵਿਧਾਇਕ ਰਹੇ ਪੀਟਰ ਸੰਧੂ ਨੇ ਕਿਹਾ ਹੈ ਕਿ ਪਰਵਾਸੀ ਸਭਾ, ਜਲੰਧਰ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀਆਂ ਅਤੇ ਪੰਜਾਬ ਸਰਕਾਰ ਵਿਚਕਾਰ ਇੱਕ ਮਜ਼ਬੂਤ ਪੁਲ ਬਣ ਸਕਦੀ ਹੈ, ਜਿਸ ਲਈ ਦੂਰਦਰਸ਼ੀ ਅਤੇ ਦੂਰਅੰਦੇਸ਼ੀ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਰਵਾਸੀ ਸਭਾ ਦੇ ਜ਼ਿਆਦਾਤਰ ਮੁੱਦੇ ਉਨ੍ਹਾਂ ਦੀ ਜਾਇਦਾਦ ਅਤੇ ਘਰ ਵਾਪਸੀ ਦੇ ਰਿਸ਼ਤੇ ਟੁੱਟਣ ਨਾਲ ਸਬੰਧਤ ਹਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਕਾਨੂੰਨੀ ਪੇਚੀਦਗੀਆਂ ਵਿੱਚ ਫਸੇ ਹੋਏ ਹਨ, ਜਦੋਂ ਕਿ ਪਰਵਾਸੀ ਸਭਾ ਰਾਹੀਂ ਸਮਾਜਿਕ ਦਬਾਅ ਬਣਾ ਕੇ ਇਨ੍ਹਾਂ ਨੂੰ ਹੱਲ ਕੀਤਾ ਜਾ ਸਕਦਾ ਹੈ। ਸੰਧੂ ਅੱਜ ਪ੍ਰੋ. ਗੁਰਭਜਨ ਸਿੰਘ ਗਿੱਲ ਨਾਲ ਨਿੱਜੀ ਮੁਲਾਕਾਤ ਅਤੇ ਵਿਚਾਰ-ਵਟਾਂਦਰੇ ਲਈ ਆਏ ਸਨ। ਸੰਧੂ ਨੇ ਕਿਹਾ ਕਿ ਉਹ ਕੈਨੇਡਾ ਤੋਂ ਪ੍ਰਵਾਸੀਆਂ ਨੂੰ ਸੰਗਠਿਤ ਕਰਨ ਅਤੇ ਇਸ ਪਰਵਾਸੀ ਸਭਾ ਨੂੰ ਸਰਗਰਮ ਕਰਨ ਲਈ ਆਏ ਸਨ ਅਤੇ ਉਨ੍ਹਾਂ ਨੂੰ ਹਮੇਸ਼ਾ ਲੇਖਕਾਂ, ਮੀਡੀਆ ਕਰਮਚਾਰੀਆਂ ਅਤੇ ਗੈਰ-ਸਰਕਾਰੀ ਸੰਗਠਨਾਂ ਦੇ ਸੁਝਾਵਾਂ ਅਤੇ ਸਹਿਯੋਗ ਦੀ ਲੋੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਉਹ ਆਪਣੇ ਗ੍ਰਹਿ ਰਾਜ ਨੂੰ ਪਿਆਰ ਕਰਦੇ ਹਨ। ਸ੍ਰੀ ਸੰਧੂ ਨੇ ਵੀ ਪੂਰੇ ਪੰਜਾਬ ਵਿੱਚ ਪ੍ਰਵਾਸੀ ਜਾਗਰੂਕਤਾ ਦੌਰਾ ਕਰਨ ਦਾ ਫੈਸਲਾ ਕੀਤਾ ਹੈ ਤਾਂ ਜੋ ਸਮੱਸਿਆਵਾਂ ਨੂੰ ਜ਼ਮੀਨੀ ਪੱਧਰ 'ਤੇ ਸਮਝਿਆ ਜਾ ਸਕੇ। ਉਨ੍ਹਾਂ ਪੰਜਾਬ ਸਰਕਾਰ ਨੂੰ ਤੁਰੰਤ ਪ੍ਰਵਾਸੀ ਸਭਾ ਦੀਆਂ ਚੋਣਾਂ ਕਰਵਾਉਣ ਦੀ ਅਪੀਲ ਵੀ ਕੀਤੀ।ਇਸ ਮੌਕੇ ਬੋਲਦਿਆਂ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਪ੍ਰਵਾਸੀਆਂ ਦੇ ਜਾਇਦਾਦ ਅਤੇ ਉਨ੍ਹਾਂ ਦੇ ਭੈਣ-ਭਰਾਵਾਂ ਨਾਲ ਸਬੰਧਾਂ ਨਾਲ ਸਬੰਧਤ ਮੁੱਦਿਆਂ ਲਈ ਪਰਵਾਸੀ ਸਭਾ ਵਧੇਰੇ ਪ੍ਰਭਾਵਸ਼ਾਲੀ ਸਕਾਰਾਤਮਕ ਭੂਮਿਕਾ ਨਿਭਾ ਸਕਦੀ ਹੈ। ਇਸ ਮੌਕੇ ਕੈਨੇਡਾ ਤੋਂ ਭੁਪਿੰਦਰ ਸਿੰਘ ਨਾਟ ਅਤੇ ਰਾਜਵਿੰਦਰ ਸਿੰਘ ਨਾਟ ਵੀ ਮੌਜੂਦ ਸਨ।

# ਤੰਤੀ ਸਾਜ਼ਾਂ ਨਾਲ ਬਸੰਤ ਰਾਗ ਕੀਰਤਨ ਦਰਬਾਰ ਕਰਵਾਇਆ



ਲੁਧਿਆਣਾ, 1 ਮਾਰਚ ( ਰਵਿੰਦਰ ਸਿੰਘ ਨਿੱਝਰ): ਬਸੰਤ ਰੁੱਤ ਦੀ ਆਮਦ ਨੂੰ ਸਮਰਪਿਤ ਸਿੱਖ ਸਕੂਲ ਆਫ਼ ਮਿਊਜ਼ਿਕ ਲੁਧਿਆਣਾ ਵੱਲੋਂ ਬੀਤੀ ਰਾਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਨਸ਼ਨ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਆਯੋਜਿਤ ਕੀਤੇ ਗਏ ਪਹਿਲੇ ਤੰਤੀ ਸਾਜਾਂ ਦੇ ਨਾਲ ਵਿਸ਼ੇਸ਼ ਬਸੰਤ ਰਾਗ ਕੀਰਤਨ ਦਰਬਾਰ ਅੰਦਰ ਸੰਗਤਾਂ ਦੇ ਨਾਲ ਆਪਣੇ ਵਿਚਾਰਾਂ ਦੀ ਸਾਂਝ ਕਰਦਿਆਂ ਹੋਇਆ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋ ਬਖਸ਼ੀ ਗੁਰਮਤਿ ਸੰਗੀਤ ਕਲਾ ਅਤੇ ਵਿਰਾਸਤੀ ਤੰਤੀ ਸਾਜ਼ਾਂ ਦੇ ਰਾਹੀਂ ਨਿਰਧਾਰਿਤ ਰਾਗਾਂ ਵਿੱਚ ਗੁਰਬਾਣੀ ਕੀਰਤਨ ਕਰਨ ਦੀ ਪੱਧਤੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਗੁਰਮਤਿ ਸੰਗੀਤ ਕਲਾ ਨੂੰ ਸੰਸਾਰ ਪੱਧਰ ਤੇ ਹੋਰ ਉਤਸ਼ਾਹਿਤ ਕਰਨ ਦੀ ਵੱਡੀ ਲੋੜ ਹੈ। ਉਹਨਾਂ ਸਮਾਗਮ ਲਈ ਪ੍ਰੋ ਗੁਰਸ਼ਰਨ ਸਿੰਘ ਜਵੱਦੀ ਤੇ ਗਿਆਨੀ ਦਵਿੰਦਰਪਾਲ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਭੁਪਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਇੰਦਰਮੋਹਨ ਸਿੰਘ ਆਸਟ੍ਰੇਲੀਆ ਵਾਲੇ, ਭਾਈ ਜਗਪ੍ਰੀਤ ਸਿੰਘ ਲੁਧਿਆਣੇ ਵਾਲੇ, ਭਾਈ ਅਰਸ਼ਪ੍ਰੀਤ ਸਿੰਘ ਧਰਮਗੜ੍ਹ ਵਾਲੇ, ਭਾਈ ਗੁਰਸ਼ਰਨ ਸਿੰਘ, ਬੀਬੀ ਗੁਰਸਿਮਰਨ ਕੌਰ,ਬੀਬੀ ਕਿਰਪਾ ਕੌਰ ਤੇ ਬੀਬੀ ਹਰਮਨਪ੍ਰੀਤ ਕੌਰ ਦੇ ਕੀਰਤਨੀ ਜੱਥਿਆਂ ਸਮੇਤ ਕੀਰਤਨੀ ਜੱਥਿਆਂ ਨੇ ਕੀਰਤਨ ਕਰਕੇ ਸੰਗਤਾਂ ਨੂੰ ਮੰਤਰ ਮੁੰਗਧ ਕੀਤਾ। ਸਟੇਜ ਸੈਕਟਰੀ ਦੀ ਸੇਵਾ ਗਿਆਨੀ ਦਵਿੰਦਰਪਾਲ ਸਿੰਘ ਨੇ ਨਿਭਾਈ। ਮਹਿੰਦਰ ਸਿੰਘ ਡੰਗ, ਬਲਬੀਰ ਸਿੰਘ ਭਾਟੀਆ, ਅਤਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਭੁਪਿੰਦਰ ਸਿੰਘ ਅਰੋੜਾ, ਹਰਪਾਲ ਸਿੰਘ ਖਾਲਸਾ, ਬਲਬੀਰ ਸਿੰਘ ਭਾਟੀਆ, ਗੁਰਦੀਪ ਸਿੰਘ ਡੀਮਾਰਟੇ, ਨਰਿੰਦਰਪਾਲ ਸਿੰਘ ਕਥੂਰੀਆਂ, ਸੁਰਿੰਦਰਪਾਲ ਸਿੰਘ ਭੁਟੀਆਨੀ, ਭੂਪਿੰਦਰ ਸਿੰਘ ਜੁਨੇਜਾ, ਹਰਮਿੰਦਰ ਸਿੰਘ ਕੋਹਲੀ,ਪਰਮਜੀਤ ਸਿੰਘ ਸੇਠੀ,ਅਵਤਾਰ ਸਿੰਘ ਬੀ. ਕੇ,ਹਰਮੀਤ ਸਿੰਘ ਡੰਗ ਅਤੇ ਅਵਤਾਰ ਸਿੰਘ ਮਿੱਡਾ ਆਦਿ ਨੇ ਵੀ ਸਮਾਗਮ ਵਿੱਚ ਹਾਜ਼ਰੀ ਭਰੀ।

# ਅੰਮ੍ਰਿਤ ਸਾਗਰ ਪ੍ਰੀਵਾਰ ਨੇ ਹੋਲਾ-ਮਹੱਲਾ ਨੂੰ ਸਮਰਪਿਤ ਲੰਗਰ ਲਗਾਇਆ



ਲੁਧਿਆਣਾ, 1 ਮਾਰਚ (ਰਵਿੰਦਰ ਸਿੰਘ ਨਿੱਝਰ) : ਸੰਸਾਰ ਭਰ ਵਿੱਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਜੋੜਨ ਦਾ ਨਿੱਘਾ ਉਪਰਾਲਾ ਕਰ ਰਹੀ ਪ੍ਰਮੁੱਖ ਮਿਉਜ਼ਿਕ ਕੰਪਨੀ ਅੰਮ੍ਰਿਤ ਸਾਗਰ ਦੇ ਪ੍ਰੀਵਾਰ ਵੱਲੋਂ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਸੇਵਾ ਦੇ ਸੰਕਲਪ ਤੇ ਪੂਰੀ ਦ੍ਰਿੜਤਾ ਨਾਲ ਪਹਿਰਾ ਦੇਂਦਿਆਂ ਹੋਇਆਂ ਹਰ ਮਹੀਨੇ ਦੀ ਪਹਿਲੀ ਤਾਰੀਖ਼ ਨੂੰ ਸੰਗਤਾਂ ਤੇ ਲੋੜਵੰਦਾਂ ਲਈ ਅਟੁੱਟ ਲੰਗਰ ਲਗਾਉਣ ਦੀ ਆਰੰਭ ਕੀਤੀ ਗਈ ਸੇਵਾ ਦਾ ਕਾਰਜ ਇੱਕ ਉੱਦਮੀ ਉਪਰਾਲਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗਿਆਨੀ ਗਗਨਦੀਪ ਸਿੰਘ ਨੇ ਅੱਜ ਲੰਗਰ ਵਰਤਾਉਣ ਤੋਂ ਪਹਿਲਾਂ ਅਰਦਾਸ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਕੰਪਨੀ ਦੇ ਡਾਇਰੈਕਟਰ ਬਲਬੀਰ ਸਿੰਘ ਭਾਟੀਆ,.ਕਰਨਪ੍ਰੀਤ ਸਿੰਘ ਭਾਟੀਆ ਅਤੇ ਉਨ੍ਹਾਂ ਦੇ ਪ੍ਰੀਵਾਰਕ ਮੈਬਰਾਂ ਵੱਲੋਂ ਪੂਰੀ ਸੇਵਾ ਭਾਵਨਾ ਦੇ ਨਾਲ ਆਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢ ਕੇ ਲੋੜਵੰਦਾਂ ਲਈ ਹਰ ਮਹੀਨੇ ਲੰਗਰ ਲਗਾਉਣ ਦੀ ਸੇਵਾ ਕਰਨਾ, ਸੇਵਾ ਦੇ ਸੰਕਲਪ ਨਾਲ ਜੁੜਨ ਦੀ ਪ੍ਰਤੱਖ ਮਿਸਾਲ ਹੈ। ਭਾਟੀਆ ਨੇ ਦੱਸਿਆ ਕਿ ਅੰਮ੍ਰਿਤ ਸਾਗਰ ਪ੍ਰੀਵਾਰ ਵੱਲੋਂ ਲੋੜਵੰਦਾਂ ਦੀ ਮੱਦਦ ਲਈ ਹਰ ਮਹੀਨੇ ਗੁਰੂ ਦਾ ਅਟੁੱਟ ਲੰਗਰ ਲਗਾਇਆ ਜਾਂਦਾ ਹੈ। ਅਰਦਾਸ ਮੌਕੇ ਇੰਦਰਬੀਰ ਸਿੰਘ ਬੱਤਰਾ, ਸ਼ਰਨਜੀਤ ਸਿੰਘ, ਗਗਨਪ੍ਰੀਤ ਸਿੰਘ ਸੇਠੀ, ਅਰਸ਼ਦੀਪ ਸਿੰਘ, ਜਾਸਮੀਨ ਕੌਰ, ਦਲਜੀਤ ਕੌਰ, ਰਮਨਪ੍ਰੀਤ ਕੌਰ ਸੇਠੀ, ਗੁਰਲੀਨ ਕੌਰ, ਸਵਨੀਤ ਕੌਰ, ਗਜਜੋਤ ਸਿੰਘ, ਜਗਤਾਰ ਸਿੰਘ, ਰਤਨ ਜੋਤ ਸਿੰਘ ਅਤੇ ਪਰਮ ਗਾਖਰ ਆਦਿ ਵੀ ਹਾਜ਼ਰ ਸਨ।

# ਸ੍ਰੀ ਰਾਧਾ ਕ੍ਰਿਸ਼ਨ ਵਰਿੰਦਾਵਨ ਲੰਗਰ ਕਮੇਟੀ ਵੱਲੋਂ 16ਵਾਂ ਭੰਡਾਰਾ ਰਵਾਨਾ

## ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਨੇ ਦਿਖਾਈ ਹਰੀ ਝੰਡੀ



ਜਗਰਾਓਂ, 1 ਮਾਰਚ ( ਵਿਸ਼ਾਲ ਅੱਤਰੇ/ਆਰੀਅਨ ਅੱਤਰੇ): ਹੋਲੀ ਦੇ ਪਵਿੱਤਰ ਦਿਹਾੜੇ ਮੌਕੇ ਜਗਰਾਓਂ ਦੀ ਧਾਰਮਿਕ ਸੰਸਥਾ ਸ੍ਰੀ ਰਾਧਾ ਕ੍ਰਿਸ਼ਨਾ ਵਰਿੰਦਾਵਨ ਲੰਗਰ ਕਮੇਟੀ ਵੱਲੋਂ ਸ਼ਰਧਾਲੂਆਂ ਲਈ ਹਰ ਸਾਲ ਵਰਿੰਦਾਵਨ ਵਿਖੇ ਲੰਗਰ ਦਾ ਆਯੋਜਨ ਕੀਤਾ ਜਾਂਦਾ ਹੈ। ਇਸ ਸਾਲ ਸੰਸਥਾ ਵੱਲੋਂ ਇਹ 16ਵਾਂ ਭੰਡਾਰਾ ਲਗਾਇਆ ਜਾ ਰਿਹਾ ਹੈ। ਭੰਡਾਰੇ ਦੀ ਰਵਾਨਗੀ ਹਲਕਾ ਜਗਰਾਓਂ ਦੇ ਐਮ.ਐਲ.ਏ ਸਰਬਜੀਤ ਕੌਰ ਮਾਣੂੰਕੇ ਵੱਲੋਂ ਹਰੀ ਝੰਡੀ ਵਿਖਾ ਕੇ ਕੀਤੀ ਗਈ। ਇਸ ਮੌਕੇ ਐਮਐਲਏ ਮਾਣੂੰਕੇ ਨੇ ਕਿਹਾ ਕਿ ਜਗਰਾਓਂ ਤੋਂ ਬਹੁਤ ਦੂਰ ਬਰਿੰਦਾਵਨ ਵਿਖੇ ਸ਼ਰਧਾਲੂਆਂ ਲਈ ਭੰਡਾਰਾ ਲਗਾਉਣਾ ਬਹੁਤ ਹੀ ਸ਼ਲਾਘਾਯੋਗ ਕੰਮ ਹੈ, ਜਿਸ ਲਈ ਸੰਸਥਾ ਦੇ ਸਾਰੇ ਹੀ ਮੈਂਬਰ ਅਤੇ ਸਹਿਯੋਗੀ ਵਧਾਈ ਦੇ ਪਾਤਰ ਹਨ। ਸੰਸਥਾ ਦੇ ਪ੍ਰਧਾਨ ਕਰਮਜੀਤ ਸਿੰਘ ਗਿੱਲ ਨੇ ਦੱਸਿਆ ਕਿ ਇਹ ਭੰਡਾਰਾ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਜਾਂਦਾ ਹੈ ਅਤੇ ਇਹ ਸੰਸਥਾ ਵੱਲੋਂ 16ਵਾਂ ਭੰਡਾਰਾ ਲਗਾਇਆ ਜਾ ਰਿਹਾ ਹੈ। ਇਸ ਵਿੱਚ ਲੰਗਰ ਤੋਂ ਇਲਾਵਾ ਮੈਡੀਕਲ ਕੈਂਪ ਵੀ ਲਗਾਇਆ ਜਾਵੇਗਾ, ਉਨਾਂ ਕਿਹਾ ਕਿ ਇਹ ਭੰਡਾਰਾ ਸ਼੍ਰੀ ਰਾਧਾ ਕ੍ਰਿਸ਼ਨ ਜੀ ਨੂੰ ਸਮਰਪਿਤ ਹੁੰਦਾ ਹੈ ਤਾਂ ਕਿ ਉਹਨਾਂ ਦੀ ਕਿਰਪਾ ਸਾਡੇ ਹਰ ਸ਼ਹਿਰ ਵਾਸੀ 'ਤੇ ਬਣੀ ਰਹੇ। ਇਸ ਮੌਕੇ ਬਲਵਿੰਦਰ ਸਿੰਘ ਬੱਗੜ, ਰਵਿੰਦਰ ਸੱਭਰਵਾਲ, ਸ਼ੈਂਕੀ ਮਲਹੋਤਰਾ, ਸੋਨੀ ਗਿਆਨੀ, ਪ੍ਰੇਮ ਕੁਮਾਰ, ਵਿਸ਼ਾਲ ਅਰੋੜਾ, ਰਿਤਿਕ ਸੋਨੀ, ਲਵ ਸ਼ਰਮਾ, ਕੁਸ਼ ਸ਼ਰਮਾ, ਗਾਂਧੀ, ਚੇਅਰਮੈਨ ਪਵਨ ਸ਼ਰਮਾ, ਮਨੀ ਸ਼ਰਮਾ, ਸਾਜਨ, ਸਨੀ ਗਰਗ, ਰਿਸ਼ਵ ਸ਼ਰਮਾ ਆਦਿ ਮੌਜੂਦ ਸਨ।

# ਲੋਕ ਸਮੱਸਿਆਵਾਂ ਨੂੰ ਲੈ ਕੇ ਰਾਜਗੁਰੂ ਨਗਰ ਵਿਖੇ ਹੋਈ ਮੀਟਿੰਗ



ਲੁਧਿਆਣਾ, 1 ਮਾਰਚ (ਰਵਿੰਦਰ ਸਿੰਘ ਨਿੱਝਰ) : ਲੋਕਾਂ ਦੀਆਂ ਸਮੱਸਿਆਵਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਸਥਾਨਕ ਰਾਜਗੁਰੂ ਨਗਰ ਵਿਖੇ ਬੀ ਐਮ ਕਾਲੀਆ ਦੇ ਨਿਵਾਸ ਸਥਾਨ 'ਤੇ ਇਕ ਮੀਟਿੰਗ ਹੋਈ।

ਇਸ ਮੌਕੇ ਲੋਕਾਂ ਦੀਆਂ ਚਿੰਤਾਵਾਂ ਸਾਂਝੀਆਂ ਕਰਨ ਤੋਂ ਬਾਅਦ, ਸੰਬੋਧਨ ਕਰਦਿਆਂ ਲੁਧਿਆਣਾ ਸ਼ਹਿਰੀ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈੱਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਕਿਹਾ ਕਿ ਕਾਨੂੰਨ ਤੇ ਵਿਵਸਥਾ ਦੀ ਮਾੜੀ ਹਾਲਤ ਲੋਕਾਂ ਲਈ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਆਏ ਦਿਨ ਅਪਰਾਧਿਕ ਵਾਰਦਾਤਾਂ ਨੇ ਲੋਕਾਂ ਅੰਦਰ ਡਰ ਦਾ ਮਾਹੌਲ ਪੈਦਾ ਕੀਤਾ ਹੋਇਆ ਹੈ। ਇਸੇ ਤਰ੍ਹਾਂ, ਨਸ਼ੇ ਦੀ ਗੰਭੀਰ ਸੱਮਸਿਆ ਤੋਂ ਹਰ ਵਰਗ ਦੁਖੀ ਹੈ।ਮੀਟਿੰਗ ਦੌਰਾਨ ਇਲਾਕੇ ਵਿਚ ਵਿਕਾਸ ਨਾਲ ਜੁੜੇ ਕਈ ਮੁੱਦੇ ਵੀ ਸਾਹਮਣੇ ਆਏ। ਦੀਵਾਨ ਨੇ ਕਿਹਾ ਕਿ ਸੜਕਾਂ ਦਾ ਬੁਰਾ ਹਾਲ ਹੈ ਅਤੇ ਪਾਰਕਾਂ ਵਿੱਚ ਕੂੜਾ ਪਿਆ ਮਿਲਦਾ ਹੈ। ਲੇਕਿਨ ਨਗਰ ਨਿਗਮ ਲੁਧਿਆਣਾ ਨੂੰ ਸਮਾਰਟ ਸਿਟੀ ਬਣਾਉਣ ਸਬੰਧੀ ਦਾਅਵੇ ਕਰਦੀ ਹੈ।ਜਦਕਿ ਇਸ ਤੋਂ ਪਹਿਲਾਂ, ਬੀ ਐਮ ਕਾਲੀਆ ਨੇ ਦੱਸਿਆ ਕਿ ਹਾਲਾਤ ਇੰਨੇ ਮਾੜੇ ਹਨ ਕਿ ਲੋਕ ਰਾਤ ਵੇਲੇ ਆਪਣੇ ਘਰਾਂ ਵਿਚੋਂ ਨਿਕਲਣ ਤੋਂ ਵੀ ਡਰਦੇ ਹਨ। ਇਸ ਮੌਕੇ ਇੰਦਰਜੀਤ ਕਪੂਰ, ਦਵਿੰਦਰ ਬੇਦੀ, ਐਸ ਐਸ ਖੁਰਾਨਾ, ਭੁਪਿੰਦਰ ਸਿੰਘ ਗਿੱਲ, ਸੁਨੀਲ ਸ਼ਰਮਾ, ਡਾ. ਜਗਦੇਵ ਸਿੰਘ ਗਰੇਵਾਲ, ਬਾਲ ਕ੍ਰਿਸ਼ਨ ਸ਼ਰਮਾ, ਦਿਨੇਸ਼ ਗੁਪਤਾ ਅਤੇ ਸੁਰਿੰਦਰ ਗਰੇਵਾਲ ਆਦਿ ਵੀ ਮੌਜੂਦ ਰਹੇ।

# ਗਾਇਕ ਜਗਦੇਵ ਖ਼ਾਨ ਦਾ ਨਵਾਂ ਸਿੰਗਲ ਟ੍ਰੈਕ 'ਮੇਰਾ ਬਾਪੂ' ਰਿਲੀਜ਼



ਲੁਧਿਆਣਾ, 1 ਮਾਰਚ ( ਰਵਿੰਦਰ ਸਿੰਘ ਨਿੱਝਰ): ਪੰਜਾਬੀ ਸੰਗੀਤਕ ਕੰਪਨੀ ਜ਼ੀਆ ਪ੍ਰੋਡਕਸ਼ਨ ਵੱਲੋਂ ਗਾਇਕ ਜਗਦੇਵ ਖਾਨ ਦਾ ਨਵਾਂ ਸਿੰਗਲ ਟ੍ਰੈਕ 'ਮੇਰਾ ਬਾਪੂ' ਸੰਸਾਰ ਪੱਧਰ 'ਤੇ ਰਿਲੀਜ਼ ਕਰ ਦਿੱਤਾ ਗਿਆ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਗਾਇਕ ਜਗਦੇਵ ਖਾਨ ਨੇ ਕਿਹਾ ਕਿ ਬੇਸ਼ੱਕ ਕਾਫ਼ੀ ਸਮਾਂ ਪਹਿਲਾਂ ਸਮਾਜ ਵੱਲੋਂ ਧੀਆਂ ਦੇ ਜਨਮ ਨੂੰ ਚੰਗਾ ਨਹੀਂ ਸਮਝਿਆ ਜਾਂਦਾ ਸੀ। ਪਰ ਅਜੋਕੇ ਸਮੇਂ ਵਿੱਚ ਧੀਆਂ ਪ੍ਰਤੀ ਸਮਾਜਿਕ ਸੋਚ ਦੀ ਪਰਿਭਾਸ਼ਾ ਵਿੱਚ ਵੱਡਾ ਬਦਲਾਅ ਆਇਆ ਹੈ। ਅੱਜ ਜ਼ਿੰਦਗੀ ਦੇ ਹਰ ਖ਼ੇਤਰ ਵਿੱਚ ਧੀਆਂ ਨੇ ਮਾਣ ਮੱਤੀਆਂ ਪ੍ਰਾਪਤੀਆਂ ਕਰਕੇ ਸਮਾਜ ਨੂੰ ਦੱਸ ਦਿੱਤਾ ਹੈ ਕਿ ਓਹੋ ਵੀ ਕਿਸੇ ਗੱਲੋਂ ਪੁੱਤਰਾਂ ਤੋਂ ਘੱਟ ਨਹੀਂ ਹਨ। ਉਹਨਾਂ ਦੱਸਿਆ ਕਿ ਬਾਪ ਪ੍ਰਤੀ ਇੱਕ ਧੀ ਦੇ ਪਿਆਰ ਨੂੰ ਦਰਸਾਉਂਦੇ ਇਸ ਗੀਤ ਨੂੰ ਨਾਮਵਰ ਪੰਜਾਬੀ ਗੀਤਕਾਰ ਅਲਬੇਲ ਬਰਾੜ ਨੇ ਖੂਬਸੂਰਤ ਸ਼ਬਦਾਵਲੀ ਵਿੱਚ ਪਰੋਇਆ ਹੈ।ਜਿਸਦਾ ਸੰਗੀਤ ਕੀਰਤੀ ਮਿਊਜ਼ਿਕ ਸਟੂਡੀਓ ਵੱਲੋਂ ਤਿਆਰ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਇਸ ਗੀਤ ਦਾ ਖੂਬਸੂਰਤ ਵੀਡੀਓ ਅਵਤਾਰ ਵਰਮਾ ਦੀ ਨਿਰਦੇਸ਼ਨਾ ਵਿੱਚ ਤਿਆਰ ਕੀਤਾ ਗਿਆ ਹੈ। ਉਹਨਾਂ ਆਪਣੇ ਸ੍ਰੋਤਿਆਂ ਨੂੰ ਇਸ ਗੀਤ ਨੂੰ ਪਹਿਲੇ ਗੀਤਾਂ ਦੀ ਤਰ੍ਹਾਂ ਭਰਵਾਂ ਹੁੰਗਾਰਾ ਦੇਣ ਦੀ ਅਪੀਲ ਵੀ ਕੀਤੀ। ਇਸ ਮੌਕੇ ਗਾਇਕ ਪਰਗਟ ਖਾਨ, ਹਰਜੀਤ ਸਿੱਧੂ ਫੂਲਕਾ, ਸਿਮਰਾਨ ਖਾਨ, ਗੁਰਪ੍ਰੀਤ ਸਿੰਘ ਗਰੇਵਾਲ, ਸਲੀਮ ਖੇੜੀ, ਸ਼ਰੀਫ ਮੁਹੰਮਦ ਖੇੜੀ ਆਦਿ ਸ਼ਖਸ਼ੀਅਤਾਂ ਵੀ ਮੌਜੂਦ ਸਨ।

# ਡਾ. ਕੋਟਨਿਸ ਹਸਪਤਾਲ ਵੱਲੋਂ ਦੋ ਦਿਨਾਂ ਮੁਫ਼ਤ ਡਾਕਟਰੀ ਕੈਂਪ ਅੱਜ ਤੋਂ



ਲੁਧਿਆਣਾ, 1 ਮਾਰਚ (ਰਵਿੰਦਰ ਸਿੰਘ ਨਿੱਝਰ): ਡਾ. ਕੋਟਿਨਿਸ ਐਕਿਊਪੰਕਚਰ ਚੈਰੀਟੇਬਲ ਹਸਪਤਾਲ, ਸਲੇਮ ਟਾਬਰੀ, ਲੁਧਿਆਣਾ. ਅਤੇ ਸ਼ਹੀਦ ਬਾਬਾ ਜੀਵਨ ਸਿੰਘ ਵੈਲਫੇਅਰ ਸੋਸਾਇਟੀ ਵੱਲੋਂ ਹੋਲਾ ਮਹੱਲਾ ਦੇ ਪਾਵਨ ਅਵਸਰ 'ਤੇ ਹਸਪਤਾਲ ਦੇ ਡਾਇਰੈਕਟਰ ਡਾ ਇੰਦਰਜੀਤ ਦੀ ਅਗਵਾਈ ਹੇਠ ਸ਼੍ਰੀ ਆਨੰਦਪੁਰ ਸਾਹਿਬ ਵਿਖੇ 2 ਅਤੇ 3 ਮਾਰਚ ਨੂੰ ਸਵੇਰੇ 10 ਤੋਂ ਦੁਪਹਿਰ 2 ਵਜੇ ਤੱਕ ਦੋ ਦਿਨਾਂ ਦਾ ਮੁਫ਼ਤ ਐਕਿਊਪੰਕਚਰ ਕੈਂਪ, ਮੇਨ ਨੰਗਲ ਰੋਡ, ਖੰਡਾ ਪਾਰਕ ਦੇ ਸਾਹਮਣੇ, ਸ਼੍ਰੀ ਆਨੰਦਪੁਰ ਸਾਹਿਬ ਵਿਖੇ ਲਗਾਇਆ ਜਾ ਰਿਹਾ ਹੈ। ਡਾ ਇੰਦਰਜੀਤ ਨੇ ਦੱਸਿਆ ਇਕਬਾਲ ਸਿੰਘ ਗਿੱਲ ਤੇ ਜਸਵੰਤ ਸਿੰਘ ਛਾਪਾ ਦੀ ਸਰਪ੍ਰਸਤੀ ਹੇਠ ਲਗਾਏ ਜਾਣ ਵਾਲੇ ਇਸ ਕੈਂਪ ਦੌਰਾਨ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਅਤੇ ਇਲਾਕਾ ਵਾਸੀਆਂ ਦੀ ਸਿਹਤ ਸੇਵਾ ਲਈ ਬਿਨਾਂ ਦਵਾਈ, ਬਿਨਾਂ ਸਰਜਰੀ ਅਤੇ ਬਿਨਾਂ ਦਰਦ ਵਾਲੀ ਪ੍ਰਾਚੀਨ ਅਤੇ ਪ੍ਰਮਾਣਿਤ ਐਕਿਊਪੰਕਚਰ ਪੱਧਤੀ ਰਾਹੀਂ ਕਮਰ ਦਰਦ, ਸਰਵਾਈਕਲ, ਸਪਾਂਡਿਲਾਈਟਿਸ, ਡਿਸਕ ਪ੍ਰੋਲੈਪਸ, ਜੋੜਾਂ ਅਤੇ ਗੋਡਿਆਂ ਦਾ ਦਰਦ, ਨਸਾਂ ਦੀ ਕਮਜ਼ੋਰੀ, ਨਿਊਰੋਪੈਥੀ, ਮਾਈਗ੍ਰੇਨ, ਅਨਿੰਦਰਾ, ਮਾਨਸਿਕ ਤਣਾਅ, ਲਕਵਾ, ਅਧਰੰਗ, ਪੁਰਾਣਾ ਜ਼ੁਕਾਮ, ਐਲਰਜੀ, ਸ਼ੂਗਰ ਨਾਲ ਸੰਬੰਧਿਤ ਸਮੱਸਿਆਵਾਂ, ਅੱਖਾਂ ਦੀ ਕਮਜ਼ੋਰੀ, ਸਪੋਰਟਸ ਇੰਜਰੀ ਅਤੇ ਨਸ਼ਾ ਮੁਕਤੀ ਸੰਬੰਧੀ ਬਿਮਾਰੀਆਂ ਦਾ ਇਲਾਜ ਅਤੇ ਮੁਫ਼ਤ ਸਲਾਹ ਪ੍ਰਦਾਨ ਕੀਤੀ ਜਾਵੇਗੀ। ਮਰੀਜ਼ਾਂ ਦੀ ਵਿਸਥਾਰ ਨਾਲ ਜਾਂਚ ਕਰਕੇ ਉਨ੍ਹਾਂ ਨੂੰ ਯੋਗ ਮਾਰਗਦਰਸ਼ਨ ਦਿੱਤਾ ਜਾਵੇਗਾ ਤਾਂ ਜੋ ਉਹ ਲੰਬੇ ਸਮੇਂ ਦੀਆਂ ਬਿਮਾਰੀਆਂ ਤੋਂ ਰਾਹਤ ਹਾਸਲ ਕਰ ਸਕਣ।

# ਸ਼ਿਵਾਲਿਕ ਮਾਡਲ ਸਕੂਲ ਦੇ ਨੰਨ੍ਹੇ ਮੁੰਨ੍ਹੇ ਬੱਚਿਆਂ ਦਾ ਪ੍ਰੋਗਰਾਮ 'ਉਡਾਨ ਸਿਤਾਰਿਆਂ ਵੱਲ' ਕਰਵਾਇਆ




ਜਗਰਾਓਂ, 1 ਮਾਰਚ ( ਵਿਸ਼ਾਲ ਅੱਤਰੇ/ਆਰੀਅਨ ਅੱਤਰੇ):ਅੱਜ ਸ਼ਿਵਾਲਿਕ ਮਾਡਲ ਸਕੂਲ ਵਿੱਚ ਨਿੱਕੇ ਸਿਤਾਰਿਆਂ ਦੀ ਦੁਨੀਆਂ ਵਿੱਚ ਮਾਪਿਆਂ ਅਤੇ ਅਧਿਆਪਕਾਂ ਨੇ ਬਹੁਤ ਵਧੀਆ ਸਮੇਂ ਦਾ ਆਨੰਦ ਮਾਣਿਆ। ਬੱਚਿਆਂ ਦੇ ਜੀਵਨ ਦੇ ਇਸ ਛੋਟੇ ਪੜਾਅ ਨੂੰ ਮਨਾਉਣ ਲਈ ਇਹ ਇੱਕ ਸ਼ਾਨਦਾਰ ਪਹਿਲੂ ਹੈ।ਇਸ ਪ੍ਰੋਗਰਾਮ ਦਾ ਆਯੋਜਨ ਬੱਚਿਆਂ ਦੇ ਪ੍ਰੀ-ਨਰਸਰੀ ਦੇ ਸਫ਼ਰ ਨੂੰ ਪੂਰਾ ਕਰਕੇ ਨਰਸਰੀ ਕਲਾਸ ਵਿੱਚ ਨਿੱਕੇ ਕਦਮ ਰੱਖਣ ਦੀ ਖੁਸ਼ੀ ਵਿੱਚ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਹੋਈ।ਬੱਚਿਆਂ ਦੇ ਸ਼ਾਨਦਾਰ ਪ੍ਰੋਗਰਾਮ ਨਾਲ ਮਾਤਾ-ਪਿਤਾ ਦਾ ਉਤਸ਼ਾਹ ਦੇਖਣ ਯੋਗ ਸੀ। ਸਕੂਲ ਵੱਲੋਂ ਆਏ ਹੋਏ ਮਾਪਿਆਂ ਲਈ ਕੁਝ ਮਜ਼ੇਦਾਰ ਖੇਡਾਂ ਅਤੇ ਗਤੀਵਿਧੀਆਂ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਵੱਡੇ ਜੋਸ਼ ਨਾਲ ਭਾਗ ਲਿਆ। ਬੱਚਿਆਂ ਅਤੇ ਮਾਤਾ-ਪਿਤਾ ਲਈ ਵਿਸ਼ੇਸ਼ 'ਸਜਾਵਟੀ ਕੋਨਾ' ਬਣਾਇਆ ਗਿਆ ਜਿਸ ਵਿੱਚ ਸਾਰਿਆਂ ਨੇ ਆਪਣੀਆਂ ਯਾਦਗਾਰ ਤਸਵੀਰਾਂ ਖਿੱਚਵਾਈਆਂ। ਹਰੇਕ ਬੱਚੇ ਨੂੰ ਉਨ੍ਹਾਂ ਦੇ ਪਹਿਲੇ ਅਕਾਦਮਿਕ ਸਾਲ ਦੀ ਸਫਲਤਾ 'ਤੇ ਟਰਾਫੀ ਆਫ਼ ਐਪਰੀਸੀਏਸ਼ਨ ਦਿੱਤੀ ਗਈ। ਸਕੂਲ ਦੇ ਪ੍ਰਿੰਸੀਪਲ ਮੈਡਮ ਨੀਲਮ ਸ਼ਰਮਾ ਜੀ ਨੇ ਬੱਚਿਆਂ ਅਤੇ ਮਾਤਾ-ਪਿਤਾ ਨੂੰ ਦਿਲੋਂ ਵਧਾਈ ਦਿੰਦੇ ਹੋਏ ਕਿਹਾ, ਇਹ ਇੱਕ ਕਲਾਸ ਤੋਂ ਦੂਜੀ ਕਲਾਸ ਵਿੱਚ ਜਾਣ ਦਾ ਜਸ਼ਨ ਨਹੀਂ ਸਗੋਂ ਸਾਡੇ ਬੱਚਿਆਂ ਦੇ ਆਤਮ ਵਿਸ਼ਵਾਸ ਅਤੇ ਜ਼ਿੰਦਗੀ ਵਿੱਚ ਅੱਗੇ ਵਧਣ ਦਾ ਇੱਕ ਮਹੱਤਵਪੂਰਨ ਪੜਾਅ ਹੈ।ਸਾਡੇ ਬੱਚਿਆਂ ਦੇ ਆਤਮ ਵਿਸ਼ਵਾਸ ਅਤੇ ਜ਼ਿੰਦਗੀ ਵਿੱਚ ਅੱਗੇ ਵਧਣ ਦਾ ਇੱਕ ਮਹੱਤਵਪੂਰਨ ਪੜਾਅ ਹੈ। ਇਸ ਸਮੇਂ ਵਾਇਸ ਪ੍ਰਿੰਸੀਪਲ ਮੈਡਮ ਈਸ਼ਿਤਾ ਗੁਪਤਾ ਨੇ ਬੱਚਿਆਂ ਦੇ ਮਨ ਵਿੱਚ ਨਵੇਂ ਉਤਸ਼ਾਹ ਨੂੰ ਦੇਖਦੇ ਹੋਏ ਉਨ੍ਹਾਂ ਦੇ ਭਵਿੱਖ ਵਿੱਚ ਨਵੀਆਂ ਉਮੰਗਾਂ ਨੂੰ ਭਰਨ ਲਈ ਜਾਗਰੂਕ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਸਾਰਿਆਂ ਲਈ ਪ੍ਰੀਤੀਭੋਜ ਦਾ ਪ੍ਰਬੰਧ ਕੀਤਾ ਗਿਆ।

# ਬ੍ਰਾਹਮਣ ਭਲਾਈ ਬੋਰਡ ਵੱਲੋਂ ਨਸ਼ਿਆਂ ਵਿਰੁੱਧ ਕੱਢੇ ਜਾ ਰਹੇ ਨੇ ਜਾਗਰੂਕਤਾ ਮਾਰਚ



ਲੁਧਿਆਣਾ, 1 ਮਾਰਚ (ਵਿਸ਼ਾਲ ਸ਼ਰਮਾ): ਬ੍ਰਾਹਮਣ ਭਲਾਈ ਬੋਰਡ ਪੰਜਾਬ ਵੱਲੋਂ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਨਸ਼ਿਆਂ ਵਿਰੁੱਧ ਕੱਢੇ ਜਾ ਰਹੇ ਜਾਗਰੂਕਤਾ ਮਾਰਚਾਂ ਦੀ ਲੜੀ ਦੇ ਹਿੱਸੇ ਵਜੋਂ, ਲੁਧਿਆਣਾ ਵਿੱਚ ਜਾਗਰੂਕਤਾ ਮਾਰਚ ਦੀ ਸ਼ੁਰੂਆਤ ਬ੍ਰਾਹਮਣ ਭਲਾਈ ਬੋਰਡ ਦੇ ਚੇਅਰਮੈਨ ਪੰਕਜ ਸ਼ਾਰਦਾ ਦੀ ਪ੍ਰਧਾਨਗੀ ਹੇਠ ਸਥਾਨਕ ਜਗਰਾਓਂ ਪੁਲ ਤੋਂ ਅਮਰ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ। ਮਾਰਚ ਦੀ ਸਮਾਪਤੀ ਨਗਰ ਨਿਗਮ ਜ਼ੋਨ ਏ ਵਿੱਚ ਸਥਿਤ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਬੁੱਤ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ। ਇਸ ਮੌਕੇ ਸ਼ਾਰਦਾ ਨੇ ਕਿਹਾ ਕਿ ਅੱਜ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਪੂਰੇ ਸੂਬੇ ਵਿੱਚ ਬ੍ਰਾਹਮਣ ਬੋਰਡ ਦੇ ਮੈਂਬਰਾਂ ਵੱਲੋਂ ਇੱਕ ਮੁਹਿੰਮ ਚਲਾਈ ਗਈ ਹੈ, ਜਿਸ ਤਹਿਤ ਅੱਜ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਮਾਰਚ ਕੱਢੇ ਗਏ ਹਨ। ਸ਼ਾਰਦਾ ਨੇ ਕਿਹਾ ਕਿ ਪੰਜਾਬ ਵਿੱਚ ਜੜ੍ਹ ਫੜ ਚੁੱਕੇ ਨਸ਼ੇ ਦੇ ਕੋਹੜ ਨੂੰ ਖਤਮ ਕਰਨ ਲਈ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਤਾਂ ਹੀ ਸਫਲ ਹੋ ਸਕਦੀ ਹੈ, ਜੇਕਰ ਪੰਜਾਬ ਦੇ ਆਮ ਲੋਕ ਅੱਗੇ ਆ ਕੇ ਆਪਣਾ ਸਮਰਥਨ ਦੇਣ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਿਰੁੱਧ ਇੱਕ ਜ਼ੋਰਦਾਰ ਮੁਹਿੰਮ ਸ਼ੁਰੂ ਕਰਨ ਅਤੇ ਇਸ ਲਾਇਲਾਜ ਬਿਮਾਰੀ ਨੂੰ ਜੜ੍ਹੋਂ ਪੁੱਟਣ ਦੀ ਅਪੀਲ ਕੀਤੀ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ, ਕੌਂਸਲਰ ਦੇ ਪਤੀ ਦੀਪਕ ਮਨਨ, ਰਾਜ ਕੁਮਾਰ ਸ਼ਰਮਾ, ਮਨੀ ਸ਼ਰਮਾ, ਐਡਵੋਕੇਟ ਸਿਧਾਂਤ ਸ਼ਾਰਦਾ, ਅਸ਼ਵਨੀ ਸ਼ਾਰਦਾ, ਤਰੁਣ ਗੋਇਲ, ਮਨੋਜ ਬਠਲਾ, ਕੌਂਸਲਰ ਦੇ ਪਤੀ ਸਿਮਰਨਜੀਤ ਸਿੰਘ ਸਿੰਮੂ, ਪ੍ਰਭੂ ਸ਼ਾਰਦਾ, ਗੌਤਮ ਸ਼ਾਰਦਾ, ਯਸ਼ਪਾਲ ਧਵਨ, ਪੰਕਜ ਸਿੰਘ ਚੰਦਰਮਾ, ਪੰਕਜ ਸਿੰਘ ਚੰਦਰਮਾ, ਪੰਕਜ ਸਿੰਘ ਚੰਦੂ, ਸ. ਕੌਸ਼ਿਕ, ਪੰਡਿਤ ਚਿੰਟੂ, ਕੇਸ਼ਵ ਸ਼ਰਮਾ, ਮਨਵੀਰ, ਵਿਸ਼ਨੂੰ ਸ਼ਰਮਾ, ਨਛੱਤਰ ਸਿੰਘ ਲੱਕੀ, ਅਮਰਦਾਸ ਤਲਵੰਡੀ, ਹਾਕਮ ਸਿੰਘ ਮਲੇਰਕੋਟਲਾ, ਸਪਰਮ ਸੁੰਡਾ, ਰਿਸ਼ਵ ਪੁਜਾਰਾ, ਪ੍ਰਿੰਸ ਮਲਹੋਤਰਾ, ਜੋਤੀ ਪ੍ਰਕਾਸ਼, ਦੀਪਕ ਦੀਪੂ, ਰਾਜੂ ਕੁਮਾਰ ਅਤੇ ਸੈਂਕੜੇ ਹੋਰ ਹਾਜ਼ਰ ਸਨ। ਲੋਕਾਂ ਨੇ ਸ਼ਮੂਲੀਅਤ ਕੀਤੀ।

# ਪੰਜਾਬ ਸਖੀ ਸ਼ਕਤੀ ਮੇਲਾ ਬਣਿਆ ਮਹਿਲਾ ਸਸ਼ਕਤੀਕਰਨ ਦੀ ਮਿਸਾਲ



ਲੁਧਿਆਣਾ, 1 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ): ਪੰਜਾਬ ਸਰਕਾਰ ਵੱਲੋਂ ਮਹਿਲਾ ਸ਼ਕਤੀਕਰਨ ਅਤੇ ਪੰਜਾਬੀ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਦੇ ਮਕਸਦ ਨਾਲ ਕਰਵਾਏ ਜਾ ਰਹੇ ਪੰਜਾਬ ਸਖੀ ਸ਼ਕਤੀ ਮੇਲੇ ਲੋਕਾਂ ਵਿੱਚ ਬਹੁਤ ਹੀ ਲੋਕਪ੍ਰਿਯ ਹੋ ਰਹੇ ਹਨ। ਇਸੇ ਲੜੀ ਤਹਿਤ ਖੰਨਾ ਦੇ ਦੁਸਹਿਰਾ ਗਰਾਊਂਡ ਵਿਖੇ ਪਹਿਲੀ ਵਾਰ ਇਹ ਵਿਸ਼ਾਲ ਮੇਲਾ ਲਗਾਇਆ ਗਿਆ ਹੈ, ਜੋ 21 ਫਰਵਰੀ ਤੋਂ 2 ਮਾਰਚ ਤੱਕ ਚੱਲੇਗਾ। ਇਹ ਮੇਲਾ ਨਾ ਸਿਰਫ ਮਹਿਲਾਵਾਂ ਨੂੰ ਸਵੈਰੋਜ਼ਗਾਰ ਅਤੇ ਸਸ਼ਕਤੀਕਰਨ ਵੱਲ ਪ੍ਰੇਰਿਤ ਕਰ ਰਿਹਾ ਹੈ, ਸਗੋਂ ਪੰਜਾਬੀ ਸੱਭਿਆਚਾਰ ਨੂੰ ਵੀ ਨਵੀਂ ਉਚਾਈਆਂ 'ਤੇ ਲੈ ਕੇ ਜਾ ਰਿਹਾ ਹੈ।ਇਸ ਵਿਸ਼ਾਲ ਅਤੇ ਅਹਿਮ ਮੇਲੇ ਨੂੰ ਸਫਲ ਬਣਾਉਣ ਵਿੱਚ ਦੋ ਜਾਂਬਾਜ ਮਹਿਲਾ ਅਫਸਰਾਂ ਦੀ ਭੂਮਿਕਾ ਬਹੁਤ ਹੀ ਕਾਬਿਲ-ਏ-ਤਾਰੀਫ ਹੈ। ਸਿਵਲ ਪ੍ਰਸ਼ਾਸਨ ਵੱਲੋਂ ਐਸ.ਡੀ.ਐਮ ਸਵਾਤੀ ਟਿਵਾਣਾ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਦਿਨ-ਰਾਤ ਮਿਹਨਤ ਕਰਕੇ ਇਸ ਮੇਲੇ ਨੂੰ ਸੁਚੱਜੇ ਢੰਗ ਨਾਲ ਸੰਭਾਲਿਆ। ਮੇਲੇ ਦੀ ਯੋਜਨਾ ਬਣਾਉਣ ਤੋਂ ਲੈ ਕੇ ਇਸਦੀ ਰੋਜ਼ਾਨਾ ਨਿਗਰਾਨੀ ਤੱਕ, ਦੋਵੇਂ ਅਧਿਕਾਰੀ ਬੇਹੱਦ ਸਰਗਰਮ ਅਤੇ ਸਮਰਪਿਤ ਨਜ਼ਰ ਆ ਰਹੇ ਹਨ। ਐਸ.ਡੀ.ਐਮ ਸਵਾਤੀ ਟਿਵਾਣਾ ਨੇ ਇਸ ਮੇਲੇ ਦੀ ਤਿਆਰੀਆਂ ਲੱਗਭੱਗ ਇੱਕ ਮਹੀਨਾ ਪਹਿਲਾਂ ਹੀ ਸ਼ੁਰੂ ਕਰ ਦਿੱਤੀਆਂ ਸਨ। ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਨਾਲ ਤਾਲਮੇਲ ਬਿਠਾ ਕੇ ਸਾਰੇ ਪ੍ਰਬੰਧਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਇਆ। ਸਟਾਲਾਂ ਦੀ ਸਥਾਪਨਾ, ਮਹਿਲਾ ਸਵੈ ਸਹਾਇਤਾ ਸਮੂਹਾਂ ਦੀ ਭਾਗੀਦਾਰੀ, ਸੱਭਿਆਚਾਰਕ ਪ੍ਰੋਗਰਾਮਾਂ ਦੀ ਯੋਜਨਾ, ਸਟਾਰ ਨਾਇਟ ਦੀ ਵਿਵਸਥਾ, ਸਾਫ਼-ਸਫ਼ਾਈ, ਬਿਜਲੀ, ਪਾਣੀ, ਮੈਡੀਕਲ ਸਹੂਲਤਾਂ ਅਤੇ ਪੀਣ ਵਾਲੇ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਉੱਤੇ ਉਹ ਖੁਦ ਨਿਗਰਾਨੀ ਕਰ ਰਹੇ ਹਨ। ਮੇਲੇ ਦੌਰਾਨ ਵੀ ਉਹ ਹਰ ਪਲ ਮੌਕੇ 'ਤੇ ਮੌਜੂਦ ਰਹਿ ਕੇ ਪ੍ਰਬੰਧਾਂ ਦੀ ਜਾਂਚ ਕਰਦੇ ਰਹਿੰਦੇ ਹਨ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉੱਥੇ ਹੀ, ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਨੇ ਸੁਰੱਖਿਆ ਅਤੇ ਟਰੈਫਿਕ ਪ੍ਰਬੰਧਾਂ ਦੀ ਜ਼ਿੰਮੇਵਾਰੀ ਨੂੰ ਆਪਣੀ ਟੀਮ ਰਾਹੀਂ ਬਖੂਬੀ ਨਿਭਾਉਣ ਦੀ ਉਦਾਹਰਨ ਕਾਇਮ ਕੀਤੀ ਹੈ। ਸ਼ਹਿਰ ਵਾਸੀਆਂ ਅਤੇ ਦੂਰ-ਦਰਾਡੇ ਤੋਂ ਆਉਣ ਵਾਲੇ ਹੋਰ ਲੋਕਾਂ ਵੱਲੋਂ ਵੀ ਮੇਲੇ ਦੇ ਪ੍ਰਬੰਧਾਂ ਦੀ ਖੁੱਲ੍ਹ ਕੇ ਤਾਰੀਫ ਕੀਤੀ ਜਾ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਇੰਨੇ ਵੱਡੇ ਪੱਧਰ 'ਤੇ ਸੁਚੱਜੇ ਪ੍ਰਬੰਧ ਪਹਿਲੀ ਵਾਰ ਦੇਖਣ ਨੂੰ ਮਿਲ ਰਹੇ ਹਨ। ਸੁਰੱਖਿਆ, ਸਾਫ਼-ਸਫ਼ਾਈ, ਪਾਰਕਿੰਗ ਅਤੇ ਮਨੋਰੰਜਨ ਦੇ ਸਾਰੇ ਪ੍ਰਬੰਧ ਬੇਮਿਸਾਲ ਹਨ। ਕੁੱਲ ਮਿਲਾ ਕੇ ਖੰਨਾ ਵਿੱਚ ਲੱਗਾ ਪੰਜਾਬ ਸਖੀ ਸ਼ਕਤੀ ਮੇਲਾ ਸਿਰਫ ਇੱਕ ਸਮਾਗਮ ਨਹੀਂ, ਸਗੋਂ ਮਹਿਲਾ ਸ਼ਕਤੀਕਰਨ, ਪੰਜਾਬੀ ਸੱਭਿਆਚਾਰ ਅਤੇ ਸਰਕਾਰੀ ਪ੍ਰਸ਼ਾਸਨ ਦੀ ਮਿਹਨਤ ਦਾ ਪ੍ਰਤੱਖ ਪ੍ਰਮਾਣ ਹੈ, ਜੋ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਪ੍ਰੇਰਨਾਦਾਇਕ ਸਾਬਤ ਹੋਵੇਗਾ।

# ਯੱਗ ਵਿੱਚ ਬਲੀਦਾਨ ਦੇਣ ਨਾਲ ਸੰਸਾਰਿਕ ਮੁਸੀਬਤਾਂ ਦੂਰ ਹੁੰਦੀਆਂ ਨੇ : ਮਹੰਤ ਪ੍ਰਵੀਨ ਚੌਧਰੀ

## ਤੂੰ ਸੁੰਡੀ ਹੈ ਗਰੀਬਾਂ ਦੀ ਮੇਰੀ ਵੀ ਵਿਗੜੀ ਬਣਾ ਬਗਲਾਮੁਖੀ ਮਾਂ... ...



ਲੁਧਿਆਣਾ, 1 ਮਾਰਚ (ਕਰਨੈਲ ਸਿੰਘ ਐੱਮ.ਏ.) ਮਾਂ ਬਗਲਾਮੁਖੀ ਧਾਮ ਵਿਖੇ ਮਹੰਤ ਪ੍ਰਵੀਨ ਚੌਧਰੀ ਵੱਲੋਂ ਆਯੋਜਿਤ ਦੁੱਖਾਂ ਦੇ ਨਿਵਾਰਣ ਲਈ ਯੱਗ ਵਿੱਚ ਸ਼ਰਧਾਲੂਆਂ ਨੇ ਭੇਟਾਂ ਚੜ੍ਹਾ ਕੇ ਸੁੱਖ ਅਤੇ ਖੁਸ਼ਹਾਲੀ ਦੀ ਮੰਗ ਕੀਤੀ। ਮਹੰਤ ਪ੍ਰਵੀਨ ਚੌਧਰੀ ਜੀ ਨੇ ਮੰਤਰਾਂ ਦੇ ਜਾਪ ਨਾਲ ਯੱਗ ਕਰਨ ਦੇ ਅਧਿਆਤਮਿਕ ਅਤੇ ਵਿਗਿਆਨਕ ਲਾਭਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਯੱਗ ਵਿੱਚ ਮੰਤਰਾਂ ਦਾ ਜਾਪ ਕਰਨ ਅਤੇ ਬਲੀਦਾਨ ਕਰਨ ਨਾਲ ਵਾਤਾਵਰਣ ਸ਼ੁੱਧ ਹੁੰਦਾ ਹੈ। ਆਤਮਾ ਵਿੱਚ ਵਿਕਾਰ, ਭਾਵ ਈਰਖਾ, ਦਇਆ, ਨਫ਼ਰਤ, ਹਿੰਸਾ, ਅਜਿਹੇ ਦੋਸ਼ ਨਸ਼ਟ ਹੋ ਜਾਂਦੇ ਹਨ। ਵਿਕਾਰਾਂ ਦੀ ਬਜਾਏ, ਮਨ ਦੇ ਅੰਦਰ ਪਿਆਰ, ਦਇਆ, ਪਰਉਪਕਾਰ ਦਾ ਸੰਚਾਰ ਆਤਮਾ ਦੇ ਬ੍ਰਹਮ ਨਾਲ ਮੇਲ ਦਾ ਦਰਵਾਜ਼ਾ ਖੋਲ੍ਹਦਾ ਹੈ। ਜਦੋਂ ਆਤਮਾ ਬ੍ਰਹਮ ਨਾਲ ਮੇਲ ਖਾਂਦੀ ਹੈ, ਤਾਂ ਸੰਸਾਰਿਕ ਦੁੱਖ ਆਪਣੇ ਆਪ ਖਤਮ ਹੋ ਜਾਂਦੇ ਹਨ। ਇਸ ਤੋਂ ਪਹਿਲਾਂ ਇਸਤਰੀ ਸੰਕੀਰਤਨ ਮੰਡਲ ਨੇ ਬਗਲਾਮੁਖੀ ਚਾਲੀਸਾ ਦਾ ਪਾਠ ਕੀਤਾ ਅਤੇ ਭਜਨ ਤੂੰ ਸੁੰਡੀ ਹੈ ਗਰੀਬਾਂ ਦੀ ਮੇਰੀ ਵੀ ਵਿਗਾੜੀ ਬਣਾ ਬਗਲਾਮੁਖੀ ਮਾਂ ਦਾ ਭਜਨ ਪੇਸ਼ ਕੀਤਾ ਪਰ ਸੰਗਤਾਂ ਨੇ ਮਾਂ ਬਗਲਾਮੁਖੀ ਦੇ ਚਰਨਾਂ ਵਿੱਚ ਮਨੋਕਾਮਨਾਵਾਂ ਦੀ ਪੂਰਤੀ ਲਈ ਅਰਦਾਸ ਕੀਤੀ। ਆਰਤੀ ਦੇ ਨਾਲ-ਨਾਲ ਯੱਗ ਅਤੇ ਸੰਕੀਰਤਨ ਕੀਤਾ ਗਿਆ। ਮਾਤਾ ਜੀ ਦੇ ਭੋਗ ਅਤੇ ਚਰਨਾਮ੍ਰਿਤ ਪ੍ਰਸ਼ਾਦ ਅਤੇ ਲੰਗਰ ਦੇ ਰੂਪ ਵਿੱਚ ਜਗਤ ਨੂੰ ਅਤੁੱਟ ਵਰਤਾਇਆ ਗਿਆ। ਧਾਮ ਦੇ ਮੁੱਖ ਸੇਵਾਦਾਰ ਮਨਪ੍ਰੀਤ ਸਿੰਘ ਛੱਤਵਾਲ ਨੇ ਅਖੰਡ ਯੱਗ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮਾਤਾ ਬਗਲਾਮੁਖੀ ਦਾ ਧੰਨਵਾਦ ਕੀਤਾ। ਇਸ ਮੌਕੇ ਸੇਵਾਦਾਰ ਮਨਪ੍ਰੀਤ ਛਤਵਾਲ, ਨਵਜੋਤ ਛਤਵਾਲ, ਕਰਨ ਸ਼ਾਂਡਿਲਿਆ, ਸੁਨੀਲ ਮਹਾਜਨ, ਰਮਨ ਘਈ, ਜਤਿੰਦਰ ਸੂਦ, ਮੋਹਿਤ ਸੂਦ, ਪ੍ਰਸ਼ੋਤਮ ਚੌਧਰੀ, ਰਾਣਾ ਰਣਜੀਤ ਸਿੰਘ, ਸੁਧੀਰ ਮਹਾਜਨ, ਗੌਰਵ ਕਾਲੀਆ, ਜਤਿਨ ਸੂਦ, ਪਰਮਵੀਰ ਚੌਧਰੀ, ਸੰਦੀਪ ਸੂਦ, ਬਲਜੀਤ ਸਿੰਘ ਇਕਬਾਲ, ਸੁਨੀਲ ਸਿੰਘ, ਬਲਜੀਤ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ। ਸਚਦੇਵਾ, ਸੁਨੀਲ ਗੇਰਾ, ਅੰਕੁਸ਼ ਸਿੰਗਲਾ, ਨਰਿੰਦਰ ਮਹਾਜਨ, ਤਰੁਣ ਚੌਧਰੀ, ਚੇਤਨ ਟੰਡਨ, ਸਾਹਿਲ ਸਿੰਗਲਾ, ਰਾਜ ਸੋਨਾਲਕੀ, ਪੰਕਜ ਗੁਪਤਾ, ਦੀਪਕ ਗਰਗ, ਦਿਨੇਸ਼ ਰੱਲੀ, ਵਰੁਣ ਜੈਨ, ਮਨੀਸ਼ ਗੁਪਤਾ, ਵਿਜੇ ਗੁਪਤਾ, ਰਮਨ ਸ਼ਰਮਾ, ਅਦਿੱਤਿਆ ਗੁਪਤਾ, ਵਰੁਣ ਚੋਪੜਾ, ਤੁਸ਼ਾਰ ਬਾਂਸਲ, ਧੀਰਜ ਬਾਪੂ ਸਿੰਗਰ, ਨੀਰਜ ਬਾਪੂ ਸਿੰਗਰ, ਮਕਬੂਲ ਸਿੰਘ ਰਾਕੇਸ਼, ਪਾਸੀ, ਗੁਨੀਤ ਖਹਿਰਾ, ਅਜੈ ਜੈਨ, ਰਵਿੰਦਰ ਸਿੰਘ ਵਾਲੀਆ, ਤੇਜਿੰਦਰਾ ਮਿਗਲਾਨੀ, ਵਰੁਣ ਦੱਤ, ਭੁਪਿੰਦਰ ਸਿੰਘ, ਵੇਦ ਲੂਥਰਾ, ਦਵਿੰਦਰਾ ਵਾਲੀਆ, ਵਿਜੇ ਗੁਪਤਾ, ਸੁਨੀਲ ਹਾਂਡਾ, ਵਰੁਣ ਸ਼ਰਮਾ, ਪਵਨ ਪਾਰਿਕ, ਨਰਿੰਦਰ ਸਿੰਗਲਾ, ਸੁਧੀਰ ਮਹਾਜਨ, ਅਨੁਜ ਵਧਵਾ, ਜਨਦੀਪ ਸ਼ਰਮਾ, ਜਨਕਦੀਪ ਸ਼ਰਮਾ, ਜਨਕਸ਼ਾ, ਨਿਸ਼ਠਾ, ਐਸ. ਆਦਿਤਿਆ ਗੁਪਤਾ, ਵਰੁਣ ਚੋਪੜਾ, ਸਾਹਿਲ ਸਿਕਰੋਗਾ ਅਤੇ ਹੋਰ ਵੀ ਮੌਜੂਦ ਸਨ।

261 ਕ੍ਰਤ ਕਾਨਾ ਮਾਯਾਜਯ ਕਾਨਾ ਕਾਨਾ ਕਾਨਾ ਕਾਨਾ ਕਾਨਾ ਕਾਨਾ ਕਾਨਾ

ਲੁਧਿਆਣਾ ਮਾਂ ਬਗਲਾਮੁਖੀ ਧਾਮ ਮਹੰਤ ਪ੍ਰਵੀਨ ਚੌਧਰੀ ਜੀ ਦਾ 243 ਘੰਟੇ ਦਾ ਅਖੰਡ ਮਹਾਯੱਗ ਐਤਵਾਰ, 1 ਮਾਰਚ ਨੂੰ 24 ਘੰਟੇ ਸੇਵਾ ਕਰਨ ਵਾਲੇ ਸੇਵਾਦਾਰਾਂ ਦੇ ਸਨਮਾਨ ਵਿੱਚ ਸਮਾਪਤ ਹੋਇਆ। ਧਾਮ ਵਿਹੜੇ ਵਿੱਚ ਕੀਤਾ ਜਾਵੇਗਾ। ਮਹੰਤ ਪ੍ਰਵੀਨ ਚੌਧਰੀ ਜੀ ਸੇਵਾਦਾਰਾਂ ਦਾ ਸਨਮਾਨ ਕਰਨਗੇ ਅਤੇ ਉਨ੍ਹਾਂ ਦਾ ਧੰਨਵਾਦ ਕਰਨਗੇ। ਸਮਾਰੋਹ ਤੋਂ ਬਾਅਦ, ਆਉਣ ਵਾਲੀ ਮਾਂ ਬਗਲਾਮੁਖੀ ਜਯੰਤੀ ਅਤੇ 261 ਘੰਟੇ ਦੇ ਅਖੰਡ ਯੱਗ ਦੀਆਂ ਤਿਆਰੀਆਂ ਸੰਬੰਧੀ ਇੱਕ ਮੀਟਿੰਗ ਵੀ ਕੀਤੀ ਜਾਵੇਗੀ। ਸੇਵਕ ਮਨਪ੍ਰੀਤ ਸਿੰਘ ਛੱਤਵਾਲ ਨੇ ਕਿਹਾ ਕਿ 261 ਘੰਟੇ ਦੇ ਅਖੰਡ ਮਹਾਯੱਗ ਦੀ ਪਹਿਲੀ ਮੀਟਿੰਗ ਤੋਂ ਬਾਅਦ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਜਾਣਗੀਆਂ।

## ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
**In the Court of Sh. Palwinder Singh Additional Civil Judge (Senior Division), Ajnala**
CNR No.PBASA0-000144-2024
Next Date : 27.03.2026
Nishan Chand
Versus
General Public
Notice to: General Public:- General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27**.03.2026 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 13-02-2026
**Sd/- Additional Civil Judge (Senior Division), Ajnala**

(U/o 5 Rule 20 CPC)
**In the Court of Sh. Amit Bakshi Civil Judge (Junior Division), Ludhiana**
CNR No.PBLD02-003685-2023
Next Date : 27.03.2026
Bank of Baroda
Versus
M/s Ganpati Acrowools
Notice to: 1.M/S Ganpati Acrowools H.No.B-X-142,St No.6,Mochpura Bazar, Wool Market, Ludhiana Through Its Prop. Sahil Saluja 2. Sahil Saluja S/O Sukhchain Saluja Proprietor M/S Ganpati Acrowools H.No. B-X-142 Street No. 6 Mochpura Bazar Wool Market Ludhiana 141008
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27**.03.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 21-02-2026
**Sd/- Civil Judge (Junior Division), Ludhiana**

(U/o 5 Rule 20 CPC)
**In the Court of Ms. Gulfam Civil Judge (Junior Division), Jagraon**
CNR No.PBLDB0-000933-2023
Next Date : 25.03.2026
Shinder Kaur @ Balwinder Kaur
Versus
Gurpreet Singh
The Plaintiff prays for declaration that_____________
Notice to: 1.Gurpreet Singh S/O Charanjit Kaur D/O Gurdial Kaur Wife Of Jamit Singh And Son Of Hardeep Singh S/O Atma Singh 2 Sandeep Kaur Widow Of Amanpreet Singh S/O Charanjit Kaur 3 Harleen Kaur Minor D/O Amanpreet Singh S/O Charanjit Kaur Wife Of Hardeep Singh S/O Atma Singh Through Her Mother Sandeep Kaur Defendant No.2 4. Kamaljit Kaur D/O Chranjit Kaur And Hardeep Singh S/O Atma Singh All. R/O Village Sudhar Patti Gill Tehsil Raikot Dist Ludhiana 5. Sandeep Singh 6. Gurjot Singh S/O Gurcharn Singh S/O Jamit Singh 7. Amarjit Kaur W/O Gurcharan Singh S/O Jamit Singh All Residents Of Village Dalla Thesil Jagraon Dist Ludhiana
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **25**.03.2026 at 10:00 A.M.
For details logon to https://highcourtchd.gov.in/?mod=district_notice&district=ludhianacourt
Dated this day of 05-02-2026
**Sd/- Civil Judge (Junior Division), Jagraon**

(U/o 5 Rule 20 CPC)
**In the Court of Ms.Ankita Dhawan Civil Judge (Junior Division), Khamanon**
CNR No.PBFGB0-000222-2024
Next Date : 25.03.2026
Bank of India
Versus
Balwinder Singh
Notice to:1 Balwinder Singh Son Of Malkit Singh R/O Village Faror Tehsil Khamanon Distt Fatehgarh Sahib 2 Sukhveer Singh Son Of Kulwinder Singh R/O Village Saidpura Tehsil Chamkaur Sahib District Roopnagar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **25**.03.20026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 17-02-2026
**Sd/- Civil Judge (Junior Division), Khamanon**

(U/o 5 Rule 20 CPC)
**In the Court of Sh. Ramesh Kumar Civil Judge (Junior Division), Tarn Taran**
**Next Date, Purpose of case, Orders and judgments as well as other case information is available on http://districts.ecourts.gov.in**
CNR No.PBTT02-000621-2024
Next Date : 25.03.2026
Paramjit Singh Chugh
Versus
Sukhjinder Kaur Sandhu
Notice to: 1) Sukhjinder Kaur Sandhu Daughter Of Sukhbir Singh 2) Bhupinder Kaur Heer Daughter Of Sukhbir Singh 3) Raminder Kaur Sangha Daughter Of Sukhbir Singh 4) Jasjeet Singh S/O Jaswinder Singh 5) Simran Kapoor Daughter Of Raman Kapoor All Residents Of Amritsar Road, Near Sandhu Market, Tarn Taran, Tehsil And District Tarn Taran
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **25**.03.2026 at 10:00 A.M.
For details logon to https://highcourtchd.gov.in/?trs=district_notice&district=Tarn Taran
Dated this day of 10-02-2026
**Sd/- Civil Judge (Junior Division), Tarn Taran**

(U/o 5 Rule 20 CPC)
**In the Court of Ms. Sumukhi Additional Civil Judge (Senior Division), Malout**
CNR No.PBSMB0-000516-2025
Next Date : 25.03.2026
Vijay Kumar
Versus
General Public
Notice to: General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **25**.03.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 17-02-2026
**Sd/- Additional Civil Judge (Senior Division), Malout**

(U/o 5 Rule 20 CPC)
**In the Court of Sh. Sumit Ghai Principal Judge, Family Court, Zira**
CNR No.PBFZF2-000193-2025
Next Date : 24.03.2026
Harpinder Kaur
Versus
General Public
Notice to: General Public:- Not Mentioned
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **24**.03.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 31-12-2025
**Sd/- Principal Judge, Family Court, Zira (Duty)**

(U/o 5 Rule 20 CPC)
**In the Court of Hon'ble Palika Civil Judge (Junior Division), Amritsar**
CNR No.PBAS02-000458-2025
Next Date : 24.03.2026
CS/257/2025
IDBI Bank Limited
Versus
M/s R K Trading Co through its proprietor Rohit Kapoor
Notice to: 1) M/S R.K Trading Co. Through Its Proprietor Rohit Kapoor, Building No. 1076 Ground Floor Shastri Market, Amritsar 2) Rohit Kapoor S/O Vijay Kapoor R/O 331/13, Gali Vikram, Near Tagore Model Vidyalya Inside Lohgarh Gate, Amritsar Prop. Of M/S R.K Trading Co.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **24**.03.2026 at 10:00 A.M.
For details logon to https://highcourtchd.gov.in/?trs=district_notice&district=Amritsar
Dated this day of 09-02-2026
**Sd/- Civil Judge (Junior Division), Amritsar**

(U/o 5 Rule 20 CPC)
**In the Court of Ms. Ranjeet Kaur Additional Principal Judge, Family Court, Hoshiarpur**
CNR No. PBHO01-009267-2025
Next Date : 24.03.2026
GW/72/2025
Jaspreet aged 45 years daughter of Sh. Gurbax Singh resident of House No.34, Budh Ram Colony, Civil Lines, Hoshiarpur
.........Petitioner
Versus
General Public
.....Respondent
Notice to: General Public:- Hoshiarpur
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **24**.03.2026 at 10:00 A.M.
For details logon to https://highcourtchd.gov.in/?trs=district_notice&district=Hoshiarpur
Dated this day of 20-01-2026
**Sd/- Additional Principal Judge, Family Court, Hoshiarpur**

(U/o 5 Rule 20 CPC)
**In the Court of Ms. Pamelpreet Grewal kahal Additional District and Sessions Judge-3, Fazilka**
CNR No.PBFZC0-005413-2022
Next Date : 24.03.2026
Vishnu parkash
Versus
Krishan Kumar
Notice to: 2) Subhash Chander S/O Het Ram 3) Birkha Devi D/O Het Ram 4) Atma Ram S/O Het Ram 5) Birma Devi W/O Het Ram All R/O Village Khairpur Tehsil Abohar 6) Gram Panchayat Village Khairpur Tehsil Abohar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **24**.03.2026 at 10:00 A.M.
For details logon to https://highcourtchd.gov.in/?mod=district_notice&district=mogacourt
Dated this day of 17-12-2025
**Sd/- Additional District and Sessions Judge-3, Fazilka**

(U/o 5 Rule 20 CPC)
**In the Court of Ms. Jaswinder Sheemar Additional District and Sessions Judge, Hoshiarpur**
CNR No.PBHO01-010985-2023
Next Date : 27.03.2026
Seema Rani, W/o Ram Lal, D/o Jagir Singh, R/o Main bazar Talwara, Tehsil Mukerian, District Hoshiarpur
......Appellant
Versus
Ved Parkash, S/o Mangtu, S/o Kashi, (died) through his legal representative and Ors.
................Respondents
Notice to: 6. Poonam, 7. Reena, Both Daughters Of Ramesh Chander, 9.Ram Saroop, 10. Rajinder Pal, (Deceased Through Is Lr's:- (A) Neelam Kumari, Widow Of Rajinder Pal, (B) Gaurav Sharma, S/O Rajinder Pal, Both Residents Of Opposite Co-Operative Bank Old Talwara, Tehsil Mukerian, District Hoshiarpur 11.Sham Saroop, All Sons Of Dharam Parkash, S/O Raja Ram. 12. Prem Sagar, Son Of Lachhman Dass (Died) Through His Lr's:- 12a Rajesh Kumar (Son) 12b Neelam (Daughter) 13. Ram Dass, S/O Nathu (Died) Through His Lr's:- 13a Suraj, 13b Shiv (Died) Through His Legal Heirs:- (A) Sneh Lata, Widow Of Shiv Kumar, (B) Raghav, Son Of Shiv Kumar, (C) Shruti Sharma, D/O Shiv Kumar, All Residents Of Darshan Singh Nagar, H.no 218, Street No.2 Patiala, Punjab 13c Kishori Lal (Died) Through His Lr's:- (A) Neeraj, Son Of Kishori Lal, (B) Lok Raj, Son Of Kishori Lal, Both Residents Of Village Nitholi, Tehsil Mukerian, District Hoshiarpur All Residents Of Village Nitholi, Tehsil Mukerian, District Hoshiarpur 14. Roshan Lal, S/O Sai Dass, S/O Amar Chand, 15. Om Parkash, 16. Sham Sunder, Both Sons Of Ram Chand, S/O Raghubir Dass, 17. Babu Ram, S/O Tarlochan Dass (Died) Through His Lr's:- 17a Madan Lal, S/O Babu Ram, R/o Main Market, Talwara, Tehsil Mukerian, District Hoshiarpur 18 Darshan Kuma, S/O Diwan Chand (Died) Through His L.R's:- (A) Soma Rani, Widow Of Darshan Kumar, (B) Jiwan Jyoti, Son Of Darshan Kumar, (C) Manoj Kumar @ Happy, Son Of Darshan Kumar, Both Residents Of Opposite Sehdev Jeweller, Old Talwara, Tehsil Mukerian, District Hoshiarpur (D) Seema W/O Darshan Verma, R/O Akash Colony Near Dav College, Hoshiarpur 20 Om Kumari, W/O Darshan Lal, 23. Desh Bandhu, S/O Udho Ram, 24. Shambhu Dutt Kaul, S/O Gian Chand (Died) Through His Legal Heirs:- 24a Jaswanti Devi (Widow) Died Through His Lr's:- (A) Mukesh Lata, Wife Of Ravi Chand, R/O Vpo Bhathi (Mau Di Hatti), Sub Tehsil Talwara, Tehsil Mukerian, District Hoshiarpur (D) Shanta Sharma, W/O Bhandari Lal Sharma, R/O Kammo Wali Gali, Near Jalianwala Bagh Amritsar. (F) Kavita Sharma @ Champa Rani, W/O Ganesh Kumar, R/O Near Shiv Studio, Old Talwara, Tehsil Mukerian, District Hoshiarpur (G) Raksha Sharma, W/O Sukhlesh Chander, R/O Street No. 3, Model Town, Vpo Talwara, Tehsil Mukerian, District Hoshiarpur (I) Anju Sharma, W/O Manoj Kumar, R/O Banjarbagh, Shivalik Enclave, Street No.1, Hoshiarpur 24B Mukesh Lata, W/O Ravi Chand, 24C Lalita Bhardwaj, W/O Jagdish Bhardwaj, 24D Sarita, W/O Guru Dutt Sharma, 24E Shanta Sharma, W/O Bhandari Lal, 24f Raksha Sharma, W/O Sukhlesh Sharma, 24G Ritu @ Rita Sharma, W/O Anil Kumar, 24H Chama Rani @ Kavita Sharma @ Champa Rani, W/O Ganesh Dutt, 24I Anuj Sharma @Anju Sharma, W/O Manoj Kumar (Respondents No. 24B To 24I Are Also Arrayed As Lr's Of 24A) All Residents Of Main Market Talwara, Tehsil Mukerian, District Hoshiarpur 25. Rita Sharma W/O Anil Kumar 26 Ramesh Chand, 27 Om Dutt, 28 Sham Sunder, All Sons Of Mela Ram, 29 Champa Rani, W/O Ganesh Dutt, 30 Anuradha, W/O Sanjiv Kumar, 31 Pushpa Devi, W/O Bhagwan Dass 32, Kharaiti Lal, 34. Ashok Kumar (Died) Through His Legal Representatives:- (A) Ditesh Kumar @ Kala, S/O Ashok Kumar,. B) Alisha, D/O Ashok Kumar, Both Residents Of Opposite Puri Sweets Shop, Old Talwara Near Bus Stand, Tehsil Mukerian, District Hoshiarpur 36. Harmohan Singh, Son Of Mahinder Singh, All Residents Of Talwara, Tehsil Mukerian, District Hoshiarpur
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **27**.03.2026 at 10:00 A.M.
For details logon to https://highcourtchd.gov.in/?mod=district_notice&district=Hoshiarpur
Dated this day of 20-02-2026
**Sd/- Additional District and Sessions Judge, Hoshiarpur**

### ਨਾਮ ਸੰਬੰਧੀ ਸੂਚਨਾ

ਮੈਂ, ਹਰਬਿੰਦਰ ਸਿੰਘ ਉਰਫ਼ ਹਰਪਿੰਦਰ ਸਿੰਘ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਧੂਹੜ ਤਹਿ: ਪਾਤੜਾਂ ਜ਼ਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਉਕਤ ਦੋਨੋਂ ਨਾਮ ਮੇਰੇ ਹੀ ਹਨ, ਉਕਤ ਦੋਨੋਂ ਨਾਮਾਂ ਦਾ ਮੈਂ ਇਕੱਲਾ ਹੀ ਵਿਅਕਤੀ ਹਾਂ।

**ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।**

### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਪੰਜਾਬ ਸਖੀ ਸ਼ਕਤੀ ਮੇਲਾ-2026: ਪੰਜਾਬੀ ਵਿਰਸੇ ਦੇ ਰੰਗ, ਰੌਣਕ ਤੇ ਸੱਭਿਆਚਾਰ ਦਾ ਮਹਾਕੁੰਭ ਬਣਿਆ ਖੰਨਾ ਕਾਰਨੀਵਲ

ਖੰਨਾ, ਲੁਧਿਆਣਾ 1 ਮਾਰਚ:(ਸੰਜੀਵ ਲਹਿਲ) ਖੰਨਾ ਦੇ ਦੁਸ਼ਹਿਰਾ ਗਰਾਊਂਡ ਵਿਖੇ ਚੱਲ ਰਹੇ ਪੰਜਾਬ ਸਖੀ ਸ਼ਕਤੀ ਮੇਲਾ-2026 ਨੇ ਆਪਣੇ ਆਖਰੀ ਪੜਾਅ 'ਚ ਪਹੁੰਚਦਿਆਂ ਰੌਣਕਾਂ ਦਾ ਨਵਾਂ ਇਤਿਹਾਸ ਰਚ ਦਿੱਤਾ ਹੈ। ਦੋ ਮਾਰਚ ਦਿਨ ਸੋਮਵਾਰ ਨੂੰ ਮੇਲੇ ਦੇ ਸਮਾਪਨ ਸਮਾਰੋਹ ਮੌਕੇ ਪੰਜਾਬੀ ਸੰਗੀਤ ਜਗਤ ਦੀ ਮਸ਼ਹੂਰ ਜੋੜੀ ਮਨਮੋਹਣ ਵਾਰਿਸ ਤੇ ਕਮਲ ਹੀਰ ਆਪਣੀ ਗਾਇਕੀ ਨਾਲ ਸਮਾਗਮ ਨੂੰ ਚਾਰ ਚੰਨ ਲਗਾਉਣਗੇ। ਇਸ ਸਬੰਧੀ ਸਰਪ੍ਰਾਈਜ਼ ਦਾ ਪਰਦਾ ਚੁੱਕਣ ਦੀ ਰਸਮ ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਕੀਤੀ ਗਈ। ਨਾਲ ਹੀ ਮੰਤਰੀ ਨੇ ਲੋਕਾਂ ਨੂੰ ਪਰਿਵਾਰਾਂ ਸਮੇਤ ਪੁੱਜਣ ਦੀ ਅਪੀਲ ਵੀ ਕੀਤੀ। ਕੈਬਨਿਟ ਮੰਤਰੀ ਸੌਂਦ ਨੇ ਮੰਚ ਤੋਂ ਸੰਬੋਧਨ ਕਰਦਿਆਂ ਕਿਹਾ ਕਿ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੁੜ ਮੇਲਿਆਂ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਦੀ ਧਰਤੀ ਬਣਿਆ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਜਿੱਥੇ ਮੇਲਿਆਂ ਲਈ 5 ਕਰੋੜ ਰੁਪਏ ਦਾ ਬਜਟ ਹੁੰਦਾ ਸੀ, ਉਸਨੂੰ ਵਧਾ ਕੇ 100 ਕਰੋੜ ਰੁਪਏ ਕਰ ਦਿੱਤਾ ਗਿਆ ਹੈ, ਜਿਸ ਨਾਲ ਸੂਬੇ ਭਰ ਵਿੱਚ ਸੱਭਿਆਚਾਰਕ ਗਤੀਵਿਧੀਆਂ ਨੂੰ ਨਵੀਂ ਉਡਾਣ ਮਿਲੀ ਹੈ। ਸੌਂਦ ਨੇ ਕਿਹਾ ਕਿ ਇਹ ਮੇਲੇ ਸਿਰਫ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਪੰਜਾਬੀ ਵਿਰਸੇ, ਲੋਕਧਾਰਾ ਅਤੇ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਦਾ ਵੱਡਾ ਮੰਚ ਹਨ। ਉਨ੍ਹਾਂ ਨੇ ਖੰਨਾ ਅਤੇ ਆਲੇ ਦੁਆਲੇ ਦੇ ਲੋਕਾਂ ਦੀ ਵੱਡੀ ਹਾਜ਼ਰੀ ਅਤੇ ਅਨੁਸ਼ਾਸਨ ਲਈ ਵੀ ਸ਼ਲਾਘਾ ਕੀਤੀ। ਐਸ.ਡੀ.ਐਮ ਸਵਾਤੀ ਟਿਵਾਣਾ ਦੀ ਭੂਮਿਕਾ ਸ਼ਲਾਘਾਯੋਗ 2 ਮਾਰਚ ਦੇ ਪ੍ਰੋਗਰਾਮ ਲਈ ਗਾਇਕਾਂ ਦੇ ਨਾਮ ਨੂੰ ਲੈ ਕੇ ਰੱਖੇ ਗਏ ਸਰਪ੍ਰਾਈਜ਼ ਨੇ ਲੋਕਾਂ ਵਿੱਚ ਖਾਸ ਉਤਸ਼ਾਹ ਪੈਦਾ ਕੀਤਾ ਹੋਇਆ ਸੀ। ਜਿਵੇਂ ਹੀ ਕੈਬਨਿਟ ਮੰਤਰੀ ਸੌਂਦ ਵੱਲੋਂ ਪਰਦਾ ਚੁੱਕ ਕੇ ਐਲਾਨ ਕੀਤਾ ਗਿਆ ਕਿ ਮਨਮੋਹਣ ਵਾਰਸ ਅਤੇ ਕਮਲ ਹੀਰ ਦੀ ਜੋੜੀ ਆਖਰੀ ਦਿਨ ਆਪਣੀ ਪੇਸ਼ਕਸ਼ ਦੇਵੇਗੀ, ਤਿਵੇਂ ਹੀ ਮੈਦਾਨ ਤਾਲੀਆਂ ਨਾਲ ਗੂੰਜ ਉਠਿਆ। ਇਹ ਜੋੜੀ ਪੰਜਾਬੀ ਲੋਕ ਗਾਇਕੀ ਦੀ ਪ੍ਰਤੀਕ ਮੰਨੀ ਜਾਂਦੀ ਹੈ ਅਤੇ ਉਨ੍ਹਾਂ ਦੇ ਗੀਤ ਹਰ ਵਰਗ ਵੱਲੋਂ ਪਸੰਦ ਕੀਤੇ ਜਾਂਦੇ ਹਨ। ਦੂਜੇ ਪਾਸੇ ਮੇਲੇ ਦੀ ਸੁਚਾਰੂ ਵਿਵਸਥਾ ਲਈ ਖੰਨਾ ਦੀ ਐਸ.ਡੀ.ਐਮ ਮੈਡਮ ਸਵਾਤੀ ਟਿਵਾਣਾ ਦੀ ਭੂਮਿਕਾ ਵੀ ਕਾਬਿਲ-ਏ-ਤਾਰੀਫ ਹੈ। ਸੁਰੱਖਿਆ ਪ੍ਰਬੰਧਾਂ ਤੋਂ ਲੈ ਕੇ ਸਟਾਲਾਂ ਦੀ ਨਿਗਰਾਨੀ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਦੀ ਸੁਪਰਵਿਜਨ ਤੱਕ ਹਰ ਪੱਖ 'ਤੇ ਪ੍ਰਸ਼ਾਸਨ ਨੇ ਮੁਕੰਮਲ ਤੌਰ 'ਤੇ ਨਿਗਰਾਨੀ ਕੀਤੀ ਹੈ।

# ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਗਰੀਬ ਮਰੀਜ਼ ਦੀ ਕੀਤੀ 10 ਹਜ਼ਾਰ ਦੀ ਮੱਦਦ



ਬਰਨਾਲਾ, 1 ਮਾਰਚ ( ਸੁਖਵਿੰਦਰ ਸਿੰਘ ਭੰਡਾਰੀ) ਭਾਰਤੀ ਸੰਵਿਧਾਨ ਦੇ ਰਚੇਤਾ ਡਾ:ਭੀਮ ਰਾਓ ਅੰਬੇਡਕਰ ਦੇ ਪਿੰਡ ਮਹੂ ਦੇ ਵਸਨੀਕ ਆਪਣੀ ਪਤਨੀ ਅਤੇ ਬੱਚਿਆਂ ਸਮੇਤ ਸਥਾਨਕ ਅਨਾਜ ਮੰਡੀ ਵਿੱਚ ਝੁੱਗੀ ਵਿੱਚ ਰਹਿੰਦੇ ਅਤੇ ਮਜ਼ਦੂਰੀ ਕਰਕੇ ਗੁਜ਼ਾਰਾ ਕਰਦੇ ਰਾਮ ਕੁਮਾਰ ਨੂੰ ਕਿਡਨੀ ਦੀ ਗੰਭੀਰ ਬਿਮਾਰੀ ਨੇ ਘੇਰਾ ਪਾ ਲਿਆ ਹੈ। ਉਹ ਹੁਣ ਪਟਿਆਲਾ ਦੇ ਰਜਿੰਦਰਾ ਹਸਪਤਾਲ ਵਿੱਚ ਦਾਖਲ ਹੈ । ਅੱਜ ਉਹਨਾਂ ਦੀ ਝੌਂਪੜੀ ਵਿੱਚ ਪਹੁੰਚਦਿਆਂ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਗਰੀਬੀ ਅਤੇ ਬਿਮਾਰੀ ਤੋਂ ਪੀੜਤ ਮਰੀਜ਼ ਰਾਮ ਕੁਮਾਰ ਦੇ ਇਲਾਜ ਲਈ 10 ਹਜਾਰ ਰੁਪਏ ਦੀ ਸਹਾਇਤਾ ਕੀਤੀ । ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਡਾ: ਭੀਮ ਰਾਓ ਅੰਬੇਡਕਰ ਸਾਹਿਬ ਦੇ ਪੈਰੋਕਾਰਾਂ ਜਾਂ ਇਨਸਾਨੀਅਤ ਨੂੰ ਮੰਨਣ ਵਾਲੇ ਦਿਆਲੂ ਅਤੇ ਦਾਨੀ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਗਰੀਬ ਮਰੀਜ਼ ਦੀ ਮਦਦ ਲਈ ਅੱਗੇ ਆਉਣ ਤਾਂਕਿ ਦਿਹਾੜੀ ਕਰਕੇ ਆਪਣਾ ਪਰਿਵਾਰ ਪਾਲ ਰਹੇ ਤਿੰਨ ਮਸੂਮ ਬੱਚਿਆਂ ਦੇ ਬਾਪ ਦੀ ਜ਼ਿੰਦਗੀ ਨੂੰ ਬਚਾਇਆ ਜਾ ਸਕੇ । ਇਸ ਮੌਕੇ ਮਨਰੇਗਾ ਜਥੇਬੰਦੀ ਪੰਜਾਬ ਦੇ ਆਗੂ ਸਾਥੀ ਖੁਸ਼ੀਆ ਸਿੰਘ , ਮੈਡੀਕਲ ਦੇ ਵਿਦਿਆਰਥੀ ਦੀਪਕ ਕੁਮਾਰ ਵੀ ਹਾਜ਼ਰ

# ਸਮਾਜ ਵਿੱਚ ਨਵੀਂ ਊਰਜਾ ਤੇ ਚੇਤਨਾ ਭਰਨ ਲਈ ਕਰਵਾਇਆ ਵਿਸ਼ਾਲ ਧਰਮ ਸੰਮੇਲਨ

ਬਰਨਾਲਾ, 1 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) ਸੁਆਮੀ ਨਿਤਿਆਨੰਦ ਸੰਨਿਆਸ ਆਸ਼ਰਮ ਪੰਚਦੇਵ ਮੰਦਰ ਲੱਖੀ ਕਲੋਨੀ ਬਰਨਾਲਾ ਵਿਖੇ ਧਰਮ ਸੰਮੇਲਨ ਆਯੋਜਨ ਸੰਮਤੀ ਬਰਨਾਲਾ ਵੱਲੋਂ ਧਰਮ ਸੰਮੇਲਨ ਕਰਵਾਇਆ ਗਿਆ। ਇਸ ਮੌਕੇ ਜੋਤੀ ਪਰਚੰਡ ਦੀ ਰਸਮ ਬਾਬਾ ਮੱਠ ਦੇ ਬਾਬਾ ਨਿਰਮਲ ਦਾਸ ਨੇ ਕੀਤੀ ਅਤੇ ਸੰਦੀਪ ਗੁਪਤਾ ਨੇ ਦੀਪ ਮੰਤਰ ਦਾ ਉਚਾਰਣ ਕੀਤਾ। ਵਿਹਿਪ ਦੇ ਕਾਕਾ ਕੁਮਾਰ ਨੇ ਧਰਮ ਪਰਿਵਰਤਨ ਵਿਰੁੱਧ ਸ਼ਾਨਦਾਰ ਗੀਤ ਪੇਸ਼ ਕੀਤਾ । ਰਾਸ਼ਟਰੀ ਸਵਾਇਮ ਸੇਵਕ ਸੰਘ ਪਟਿਆਲਾ ਵਿਭਾਗ ਦੇ ਕਾਰੀਆਵਾਹ ਯੋਗੇਸ਼ ਕੁਮਾਰ ਧੂਰੀ ਵਾਲਿਆਂ ਨੇ ਸਮਾਜਿਕ ਸਮਰੱਸਤਾ, ਪਰਿਵਾਰ ਪ੍ਰਬੋਧਨ ਅਤੇ ਆਪਣਾ ਧਰਮ ਵਿਸ਼ੇ ਤੇ ਸਮਾਜ ਦਾ ਮਾਰਗਦਰਸ਼ਨ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ , ਧਰਮਵੀਰ ਹਕੀਕਤ ਰਾਏ, ਮਹਾਰਾਜ ਪ੍ਰਤਾਪ, ਗੁਰੂ ਗੋਬਿੰਦ ਸਿੰਘ ਗੋਬਿੰਦ ਸਿੰਘ ਅਤੇ ਉਨਾਂ ਦੇ ਚਾਰੇ ਸਾਹਿਬਜ਼ਾਦਿਆਂ ਨੇ ਆਪਣਾ ਧਰਮ ਨਹੀਂ ਬਦਲਿਆ ਬਲਕਿ ਧਰਮ ਦੀ ਰੱਖਿਆ ਦੇ ਲਈ ਆਪਣੀ ਸ਼ਹਾਦਤ ਦੇ ਦਿੱਤੀ। ਇਸ ਉਪਰੰਤ ਵਾਤਾਵਰਣ ਪ੍ਰੇਮੀ ਰਾਜਪਾਲ ਸ਼ਰਮਾ ਨੇ ਵਾਤਾਵਰਣ ਸੰਭਾਲ ਵਿਸ਼ੇ ਤੇ ਬੋਲਦਿਆਂ ਪ੍ਰਦੂਸ਼ਣ ਦੇ ਖਾਤਮੇ ਲਈ ਵੱਧ ਤੋਂ ਵੱਧ ਬੂਟੇ ਲਾਉਣ ਅਤੇ ਪਾਲਣ ਪੋਸ਼ਣ ਕਰਨ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ। ਇਸ ਉਪਰੰਤ ਪਵਨ ਕੁਮਾਰ ਪ੍ਰਾਂਤ ਮੁੱਖ ਮਾਰਗ ਪ੍ਰਮੁੱਖ ਸੰਘ ਪ੍ਰਚਾਰਕ ਕੇਂਦਰ ਸੰਗਰੂਰ ਨੇ ਪਿਛਲੇ 100 ਸਾਲਾਂ ਦੌਰਾਨ ਰਾਸ਼ਟਰੀ ਸੋਇਮ ਸੇਵਕ ਸੰਘ ਵੱਲੋਂ ਧਰਮ, ਰਾਸ਼ਟਰ ਅਤੇ ਸਮਾਜ ਦੇ ਵਿਕਾਸ ਵਿੱਚ ਪਾਏ ਯੋਗਦਾਨ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਨਗਰ ਕੌਂਸਲਰ ਧਰਮ ਸਿੰਘ ਫ਼ੌਜੀ ਨੇ ਹਿੰਦ ਦੀ ਚਾਦਰ ਸ਼੍ਰੀ ਗੁਰੂ ਤੇਗ ਬਹਾਦਰ ਜੀ ਬਾਰੇ ਵਿਚਾਰ ਪੇਸ਼ ਕੀਤੇ। ਸੇਵਾ ਮੁਕਤ ਪ੍ਰਿੰਸੀਪਲ ਰਕੇਸ਼ ਗਰਗ ਨੇ ਨਾਗਰਿਕ ਜਿੰਮੇਵਾਰੀਆਂ ਬਾਰੇ ਲੋਕਾਂ ਦਾ ਮਾਰਗਦਰਸ਼ਨ ਕੀਤਾ। ਭਜਨ ਮੰਡਲੀ ਵੱਲੋਂ ਭਜਨ ਗਾਇਨ ਕੀਤਾ ਗਿਆ। ਇਸ ਦੌਰਾਨ ਨੀਲਮਣੀ ਸਮਾਧੀਆ ਪ੍ਰਾਂਤ ਸੰਯੋਜਕ, ਪੰਡਤ ਨਵੀਨ ਸ਼ਾਸਤਰੀ, ਜਸਵੀਰ ਸਿੰਘ ਗੱਖੀ, ਗੁਰਬਖਸ਼ੀਸ਼ ਸਿੰਘ ਗੋਨੀ ਨਗਰ ਕੌਂਸਲਰ, ਨੀਲਮਨੀ ਸਮਾਧੀਆ ਪ੍ਰਾਂਤ ਸੰਯੋਜਕ ਵੀ ਐਚ ਪੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਅਤੇ ਸਿਵਿਲ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ ਨੇ ਮੰਚ ਸੰਚਾਲਨ ਬਾਖੂਬੀ ਨਿਭਾਇਆ। ਇਸ ਦੌਰਾਨ ਵਿਹਿਪ ਦੇ ਜਿਲ੍ਹਾ ਪ੍ਰਧਾਨ ਪ੍ਰੇਮ ਕੁਮਾਰ ਰਾਏਸਰ ਵਾਲੇ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਅੰਤ ਚ ਸਭਨਾਂ ਨੇ ਮਿਲ ਕੇ ਪ੍ਰੀਤੀ ਭੋਜ ਕੀਤਾ।

# ਪ੍ਰਭ ਆਸਰਾ ਵੱਲੋਂ ਹੋਲਾ ਮਹੱਲਾ ਮੌਕੇ ਗੁ: ਗੁਰੂ ਕੇ ਬਾਗ ਵਿਖੇ ਮੁਫ਼ਤ ਡਾਕਟਰੀ ਕੈਂਪ ਸ਼ੁਰੂ

ਸ੍ਰੀ ਅਨੰਦਪੁਰ ਸਾਹਿਬ, 1 ਮਾਰਚ (ਤਰਲੋਚਨ ਸਿੰਘ/ਹਰਪ੍ਰੀਤ ਸਿੰਘ, ) : ਪ੍ਰਭ ਆਸਰਾ ਕੁਰਾਲੀ ਵੱਲੋਂ ਹੋਲਾ ਮਹੱਲਾ ਮੌਕੇ ਗੁਰਦੁਆਰਾ ਗੁਰੂ ਕੇ ਬਾਗ ਛਾਉਣੀ ਨਿਹੰਗ ਸਿੰਘਾਂ ਸਾਹਮਣੇ ਰੇਲਵੇ ਸਟੇਸ਼ਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਗਾਇਆ ਜਾਣ ਵਾਲਾ ਫਰੀ ਮੈਡੀਕਲ ਕੈਂਪ ਅੱਜ ਸ਼ੁਰੂ ਹੋ ਗਿਆ ਹੈ ਇਸ ਸਬੰਧੀ ਸਮਾਜ ਸੇਵੀ ਦਵਿੰਦਰ ਸਿੰਘ ਬਾਜਵਾ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਹੋਲੇ ਮਹੱਲੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਂਦੀਆਂ ਹਨ ਜਿਸ ਨੂੰ ਦੇਖਦੇ ਹੋਏ ਪ੍ਰਭ ਆਸਰਾ ਕਰਾਲੀ ਵੱਲੋਂ ਨਿਹੰਗ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਬੁੱਢਾ ਦਲ ਜੀ ਦੇ ਸਹਿਯੋਗ ਨਾਲ ਹਰ ਸਾਲ ਹੋਲੇ ਮਹੱਲੇ ਮੌਕੇ ਗੁਰਦੁਆਰਾ ਗੁਰੂ ਕੇ ਛਾਉਣੀ ਨਿਹੰਗ ਸਿੰਘਾਂ ਸਾਹਮਣੇ ਰੇਲਵੇ ਸਟੇਸ਼ਨ ਵਿਖੇ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ ਅਤੇ ਰੋਗੀਆਂ ਨੂੰ ਮੁਫਤ ਦਵਾਈਆਂ ਵੰਡੀਆਂ ਜਾਂਦੀਆਂ ਹਨ । ਉਹਨਾਂ ਦੱਸਿਆ ਕਿ ਉਕਤ ਕੈਂਪ 4 ਮਾਰਚ ਤੱਕ ਜਾਰੀ ਰਹੇਗਾ ਅਤੇ ਇਸ ਦੌਰਾਨ 24 ਘੰਟੇ ਐਂਬੂਲੈਂਸ ਦੀ ਸਹੂਲਤ ਵੀ ਉਪਲੱਬਧ ਰਹੇਗੀ । ਇਸ ਮੌਕੇ ਰਜਿੰਦਰ ਕੌਰ ਸਰਪ੍ਰਸਤ, ਡਾ: ਹਰਪ੍ਰੀਤ ਸਿੰਘ, ਸੰਦੀਪ ਬਾਂਸਲ, ਰਮਨਦੀਪ ਸਿੰਘ, ਪਰਮਜੀਤ ਕੌਰ, ਸ਼ੇਰ ਸਿੰਘ, ਪੈਰਾਂ ਮੈਡੀਕਲ ਸਟਾਫ ਗੁਰਲੀਨ ਕੌਰ, ਵਿਸ਼ਨੂ, ਗੁਰਪ੍ਰੀਤ ਕੌਰ, ਹਰਮਨਪ੍ਰੀਤ ਸਿੰਘ ਕਮਲਪ੍ਰੀਤ ਸਿੰਘ, ਜਗਦੀਪ ਸਿੰਘ ਅਤੇ ਬਲਵਿੰਦਰ ਸਿੰਘ ਚੱਕਲਾਂ ਆਦਿਕ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਮਹੀਨਾਵਾਰ ਸੂਬਾ ਪੱਧਰੀ ਮੀਟਿੰਗ ਹੋਈ

ਬਰਨਾਲਾ , 1 ਮਾਰਚ (ਬਘੇਲ ਸਿੰਘ ਧਾਲੀਵਾਲ ) ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਸੂਬਾ ਪੱਧਰੀ ਮਹੀਨਾਵਾਰ ਮੀਟਿੰਗ ਤਰਕਸ਼ੀਲ ਭਵਨ ਬਰਨਾਲਾ ਵਿਖੇ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜਗਿੱਲ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਸ਼੍ਰੀ ਗਿੱਲ ਤੇ ਸੂਬਾ ਜਨਰਲ ਸਕੱਤਰ ਜਗਮੋਹਨ ਸਿੰਘ ਪਟਿਆਲਾ ਨੇ ਕਿਹਾ ਕੀ ਅਮਰੀਕਾ ਦੀ ਸ਼ਹਿ ਤੇ ਇਰਾਨ ਵੱਲੋ ਇਜ਼ਰਾਈਲ ਤੇ ਵਿੱਢੇ ਹਮਲੇ ਅਤਿ ਮੰਦਭਾਗੇ ਤਾਂ ਹਨ ਹੀ ਪਰ ਉਸਤੋਂ ਵੀ ਮੰਦਭਾਗਾ ਭਾਰਤ ਦੇ ਪ੍ਰਧਾਨਮੰਤਰੀ ਨਰਿੰਦਰ ਮੋਦੀ ਦਾ ਜੰਗ ਤੋਂ ਸਿਰਫ ਦੋ ਦਿਨ ਪਹਿਲਾਂ ਇਜ਼ਰਾਈਲ ਫ਼ੇਰੀ ਤੇ ਜਾਣਾ ਹੈ ਬਿਹਤਰ ਇਹ ਹੁੰਦਾ ਆਪਣੀ ਫ਼ੇਰੀ ਦੀ ਵਰਤੋਂ ਤਣਾਅ ਘੱਟ ਕਰਨ ਲਈ ਕਰਦੇ ਹੁਣ ਵੀ ਉਹਨਾਂ ਨੂੰ ਸਥਿੱਤੀ ਸਪੱਸ਼ਟ ਕਰਨੀ ਚਾਹੀਦੀ ਹੈ ਕੀ ਉਹ ਜੰਗ ਦੇ ਹੱਕ ਚ ਹਨ ਜਾਂ ਵਿਰੋਧ ਚ ਹਨ। ਆਗੂਆਂ ਅੱਗੇ ਕਿਹਾ ਕੀ ਪੁਲਿਸ ਸਟੇਟ ਚ ਤਬਦੀਲ ਹੋ ਚੁੱਕੇ ਪੰਜਾਬ ਵਿੱਚ ਆਏ ਦਿਨ ਪੰਜਾਬ ਪੁਲਿਸ ਦੇ ਕਾਰਨਾਮੇ ਸਾਹਮਣੇ ਆ ਰਹੇ ਹਨ। ਆਪ ਸਰਕਾਰ ਨੇ ਪੁਲਿਸ ਦੀ ਵਾਂਗਾ ਕੁੱਝ ਇਸ ਕਦਰ ਖੁੱਲ੍ਹੀਆਂ ਛੱਡੀਆਂ ਹਨ ਕਿਤੇ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਜਿਉਂਦ ਪਿੰਡ ਵਿੱਚ ਕਿਸਾਨਾਂ ਤੇ ਤੱਸਦਦ



ਕਰ ਲੱਤਾਂ ਤੋੜਦੀ ਹੈ,ਕੀਤੇ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲੇ ਬਣਾ ਰਹੀ ਹੈ ਜਿਸਦੀ ਜੱਥੇਬੰਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਇਨਸਾਫ਼ ਦੀ ਮੰਗ ਕਰਦੀ ਹੈ। ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ ਨੇ ਕਿਹਾ ਕੀ ਭਾਰਤ ਅਮਰੀਕਾ ਕਰ ਮੁਕਤ ਵਪਾਰ ਸਮਝੌਤੇ ਚੋ ਖੇਤੀ,ਡੇਅਰੀ ਨੂੰ ਬਾਹਰ ਰੱਖਣ ਲਈ, ਬਿਜਲੀ ਬਿੱਲ, ਬੀਜ ਬਿੱਲ,ਲੇਬਰ ਕੋਡ,ਜੀ ਰਾਮ ਜੀ ਰੱਦ ਕਰਨ ਲਈ ਅਤੇ ਅਤਿ ਸੰਵੇਦਨਸ਼ੀਲ ਪਾਣੀਆਂ ਦੇ ਮੁੱਦੇ ਨੂੰ ਲੈ ਕੇ ਲਗਾਤਾਰ ਤਿੰਨ ਮਹੀਨਿਆਂ ਤੋਂ ਮੋਦੀ ਸਰਕਾਰ ਤੇ ਸੰਯੁਕਤ ਮੋਰਚੇ ਵੱਲੋ ਦਬਾਅ ਬਣਾਇਆ ਹੋਇਆ ਹੈ ਇਸ ਦਬਾਅ ਨੂੰ ਜਾਰੀ ਰੱਖਦੇ ਹੋਏ 10 ਮਾਰਚ ਦੀ ਬਰਨਾਲਾ ਮਹਾਂ ਰੈਲੀ ਰੱਖੀ ਗਈ ਹੈ ਜਿਸ ਵਿੱਚ ਜੱਥੇਬੰਦੀ ਵੱਡੀ ਪੱਧਰ ਤੇ ਸ਼ਮੂਲੀਅਤ ਕਰੇਗੀ। ਉਹਨਾਂ ਅੱਗੇ ਕਿਹਾ ਕੀ ਕੇਂਦਰ ਸਰਕਾਰ ਯੂਰੀਆ ਖਾਦ ਤੇ ਗੈਸ ਸਿਲੰਡਰਾਂ ਦੀ ਤਰ੍ਹਾਂ ਨਕਦ ਸਬਸਿਡੀ ਸਿੱਧੀ ਖਾਤਿਆ ਵਿੱਚ ਪਾਉਣ ਦੀ ਯੋਜਨਾ ਬਣਾ ਰਹੀ ਤਾਂ ਕੀ ਡੂੰਘੀ ਸਾਜ਼ਿਸ਼ ਨਾਲ ਗੈਸ ਸਿਲੰਡਰਾਂ ਦੀ ਸਬਸਿਡੀ ਤਰ੍ਹਾਂ ਯੂਰੀਆ ਖਾਦ ਤੇ ਮਿਲਦੀ ਸਬਸਿਡੀ ਨੂੰ ਵੀ ਖ਼ਤਮ ਕੀਤਾ ਜਾ ਸਕੇ ਜਿਸ ਨੂੰ ਜੱਥੇਬੰਦੀ ਕਦੇ ਬਰਦਾਸ਼ਤ ਨਹੀਂ ਕਰੇਗੀ। ਇਸ ਸਮੇਂ ਸੂਬਾ ਖਜ਼ਾਨਚੀ ਰਾਮ ਸਿੰਘ ਮਟੋਰੜਾ,ਸੂਬਾ ਪ੍ਰੈਸ ਸਕੱਤਰ ਇੰਦਰਪਾਲ ਸਿੰਘ,ਸੂਬਾ ਸਹਿ ਖਜ਼ਾਨਚੀ ਦਲਜਿੰਦਰ ਸਿੰਘ ਗੁਰਨਾ,ਮਾਨਸਾ ਤੋਂ ਮਹਿੰਦਰ ਸਿੰਘ ਭੈਣੀਬਾਘਾ,ਲੱਛਮਣ ਸਿੰਘ ਚੱਕ ਅਲੀਸ਼ੇਰ,ਰਾਜ ਅਕਲੀਆ,ਪਟਿਆਲਾ ਤੋਂ ਜਗਮੇਲ ਸਿੰਘ ਸੁਧੇਵਾਲ, ਹਰਭਗਵਾਨ ਸਿੰਘ,ਸੰਗਰੂਰ ਤੋਂ ਸਤਨਾਮ ਸਿੰਘ ਮਾਨ,ਫ਼ਰੀਦਕੋਟ ਤੋਂ ਸੁਖਦੇਵ ਸਿੰਘ ਫੌਜੀ,ਗੁਰਜੀਤ ਸਿੰਘ ਦੱਬੜੀਖਾਨਾ, ਬਠਿੰਡਾ ਤੋਂ ਰਾਜਮਹਿੰਦਰ ਸਿੰਘ ਕੋਟਭਾਰਾ,ਮਲੇਰਕੋਟਲਾ ਤੋਂ ਹਰਦੇਵ ਸਿੰਘ ਮਹੋਲੀ,ਬਰਨਾਲਾ ਤੋਂ ਦਰਸ਼ਨ ਸਿੰਘ ਉੱਗੋਕੇ,ਦਰਸ਼ਨ ਸਿੰਘ ਮਹਿਤਾ,ਸਿਕੰਦਰ ਸਿੰਘ ਭੂਰੇ,ਫਾਜ਼ਿਲਕਾ ਤੋਂ ਗੁਰਵਿੰਦਰ ਸਿੰਘ ਮੰਨੇਵਾਲਾ, ਫਿਰੋਜ਼ਪੁਰ ਤੋਂ ਸੁਖਚੈਨ ਸਿੰਘ, ਛਿੰਦਰ ਸਿੰਘ, ਕਪੂਰਥਲਾ ਤੋਂ ਧਰਮਿੰਦਰ ਸਿੰਘ ਦਿਓਲ ਆਦਿ ਆਗੂ ਹਾਜ਼ਰ ਸਨ।

# ਆਪ ਆਗੂ ਸੁਖਵੀਰ ਚਹਿਲ ਨੂੰ ਸਦਮਾ, ਸੱਸ ਦਾ ਦੇਹਾਂਤ

ਲਹਿਰਾਗਾਗਾ, 1 ਮਾਰਚ (ਗੁਰਦੀਪ ਸਿੰਘ) ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਖਵੀਰ ਸਿੰਘ ਚਹਿਲ ਜੋਨ ਇੰਚਾਰਜ ਮਾਲਵਾ ਈਸਟ (IT wing) ਆਮ ਆਦਮੀ ਪਾਰਟੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਨ੍ਹਾਂ ਦੀ ਸੱਸ ਮਾਤਾ ਸ਼ਿਆਮ ਕੌਰ ਦਾ ਦੇਹਾਂਤ ਹੋ ਗਿਆ ,ਇਸ ਦੁੱਖ ਦੀ ਘੜੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਨੀਸ਼ ਸਿਸੋਦੀਆ ਪ੍ਰਭਾਰੀ ਆਮ ਆਦਮੀ ਪਾਰਟੀ, ਪੰਜਾਬ,ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ, ਸ਼੍ਰੀਮਤੀ ਸੀਮਾ ਗੋਇਲ ਪਤਨੀ ਕੈਬਨਿਟ ਮੰਤਰੀ ਗੋਇਲ,ਹਰਪਾਲ ਸਿੰਘ ਚੀਮਾ ਖਜ਼ਾਨਾ ਮੰਤਰੀ ਪੰਜਾਬ ਸਰਕਾਰ, ਪ੍ਰਧਾਨ ਅਮਨ ਅਰੋੜਾ ਕੈਬਨਿਟ ਮੰਤਰੀ ਪੰਜਾਬ ਸਰਕਾਰ, ਨਰਿੰਦਰ ਕੌਰ ਭਰਾਜ ਐਮ ਐਲ ਏ ਸੰਗਰੂਰ, ਗੁਰਮੇਲ ਸਿੰਘ ਘਰਾਚੋਂ ਸੀਨੀਅਰ ਆਗੂ ਆਮ ਆਦਮੀ ਪਾਰਟੀ,ਸ਼੍ਰੀਮਤੀ ਕਾਂਤਾ ਗੋਇਲ ਪ੍ਰਧਾਨ ਨਗਰ ਕੌਂਸਲ ਲਹਿਰਾਗਾਗਾ, ਚੈਅਰਮੈਨ ਡਾਕਟਰ ਸ਼ੀਸ਼ਪਾਲ ਅਨੰਦ, ਚੈਅਰਮੈਨ ਪ੍ਰਿੰਸ ਗਰਗ,ਐਡਵੋਕੇਟ ਗੋਰਵ ਗੋਇਲ ਸਪੁੱਤਰ ਕੈਬਨਿਟ ਮੰਤਰੀ ਗੋਇਲ, ਰਾਕੇਸ਼ ਗੁਪਤਾ ਪੀਏ ਮੰਤਰੀ ਗੋਇਲ, ਪ੍ਰਧਾਨ ਗੁਰਲਾਲ ਸਿੰਘ, ਗਾਇਕ ਹਾਕਮ ਬੱਖਤੜੀਵਾਲਾ, ਯੂਥ ਆਗੂ ਬਿੱਲਾ ਪੂਨੀਆ, ਅਸ਼ਵਨੀ ਅਗਰਵਾਲ ਆਸ਼ੂ ਸੀਨੀਅਰ ਆਗੂ ਆਮ ਆਦਮੀ ਪਾਰਟੀ, ਡਿੰਪਲ ਅਰੋੜਾ ਵਾਇਸ ਕੋਆਰਡੀਨੇਟਰ ਸੋਸ਼ਲ ਮੀਡੀਆ ਟੀਮ



ਹਲਕਾ ਲਹਿਰਾ, ਪੱਤਰਕਾਰ ਅਸ਼ੋਕ ਮਸਤੀ ਸੋਸ਼ਲ ਮੀਡੀਆ ਇੰਚਾਰਜ ਹਲਕਾ ਲਹਿਰਾ ਅਤੇ ਹੋਰ ਵੀ ਵੱਖ ਵੱਖ ਖੇਤਰ ਦੀਆਂ ਸ਼ਖ਼ਸੀਅਤਾਂ ਵੱਲੋਂ ਸਵਰਗਵਾਸੀ ਮਾਤਾ ਸ਼ਿਆਮ ਕੌਰ ਦੇ ਅਕਾਲ ਚਲਾਣੇ ਤੇ ਅਫਸੋਸ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕੀਤੀ, ਸਵਰਗਵਾਸੀ ਮਾਤਾ ਸ਼ਿਆਮ ਕੌਰ ਦੇ ਜਵਾਈ ਸੁਖਬੀਰ ਸਿੰਘ ਚਹਿਲ ਨੇ ਦੱਸਿਆ ਕਿ ਮਾਤਾ ਸ਼ਿਆਮ ਕੌਰ ਦੀ ਅੰਤਿਮ ਅਰਦਾਸ ਮਿਤੀ 5 ਮਾਰਚ ਦਿਨ ਵੀਰਵਾਰ ਨੂੰ ਗੁਰੂਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਭੁਟਾਲ ਖ਼ੁਰਦ ਵਿਖੇ ਹੋਵੇਗੀ।

# ਡਾਂਸ ਸਟੂਡੀਓ ਵਿੱਚ ਬੱਚਿਆ ਦੀ ਕਲਾ ਨੂੰ ਦੇਖ ਕੇ ਮਨ ਨੂੰ ਖੁਸ਼ੀ ਹੋਈ: ਤਮੰਨਾ ਬਾਂਸਲ

ਬਰਨਾਲਾ, 1 ਮਾਰਚ (ਸੁਖਵਿੰਦਰ ਸਿੰਘ ਭੰਡਾਰੀ)

ਡਾਂਸ ਸਟੂਡੀਓ ਵਿੱਚ ਇੱਕ ਸ਼ਾਨਦਾਰ ਨਾਚ ਅਤੇ ਨਾਟਕ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਉਤਸ਼ਾਹ, ਪ੍ਰਤਿਭਾ ਅਤੇ ਖੁਸ਼ੀ ਨਾਲ ਭਰਪੂਰ ਸੀ। ਸਾਰੇ ਵਿਦਿਆਰਥੀਆਂ ਨੇ ਬਹੁਤ ਸੁੰਦਰ ਪੇਸ਼ਕਾਰੀ ਦਿੱਤੀ ਅਤੇ ਆਪਣੀ ਮਿਹਨਤ ਤੇ ਲਗਨ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਸਾਮਿਲ ਹੋਏ ਕੋਪਲ ਕੰਪਨੀ ਸੂਲਰ ਘਰਾਟ ਦੀ



ਡਾਇਰੈਕਟਰ ਤਮੰਨਾ ਬਾਂਸਲ ਨੇ ਇਸ ਸਮਾਗਮ ਦਾ ਆਨੰਦ ਮਾਣਦੇ ਹੋਏ ਅਤੇ ਸਟੂਡੀਓ ਦੀ ਐੱਮ ਡੀ ਮੈਡਮ ਗਰੇਵਾਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰਾਂ ਦੇ ਪ੍ਰੋਗਰਾਮ ਬੱਚਿਆਂ ਅੰਦਰ ਛੁਪੀ ਪ੍ਰਤਿਭਾ ਨੂੰ ਨਿਖਾਰਨ ਲਈ ਕਾਰਗਰ ਸਾਬਤ ਹੁੰਦੇ ਹਨ ਅਤੇ ਇਹ ਪ੍ਰੋਗਰਾਮ ਭਵਿੱਖ ਵਿਚ ਵੀ ਜਾਰੀ ਰਹਿਣੇ ਚਾਹੀਦੇ ਹਨ। ਸਮਾਗਮ ਵਿੱਚ ਨਾਚ ਦੀਆਂ ਪੇਸ਼ਕਾਰੀਆਂ ਵੱਖ-ਵੱਖ ਸ਼ੈਲੀਆਂ ਵਿੱਚ ਆਯੋਜਿਤ ਕੀਤੀਆਂ ਗਈਆਂ ਅਤੇ ਉਹ ਬਹੁਤ ਊਰਜਾ ਨਾਲ ਭਰਪੂਰ ਸਨ। ਨਾਟਕ ਦੀਆਂ ਪੇਸ਼ਕਾਰੀਆਂ ਵੀ ਬਹੁਤ ਸ਼ਾਨਦਾਰ ਸਨ ਅਤੇ ਉਨ੍ਹਾਂ ਨੇ ਸਮਾਜ ਨੂੰ ਸਾਰਥਕ ਸੰਦੇਸ਼ ਦਿੱਤੇ। ਆਕਰਸ਼ਕ ਪਹਿਰਾਵੇ, ਮਿੱਠੇ ਸੰਗੀਤ ਅਤੇ ਵਧੀਆ ਹਾਵ-ਭਾਵਾਂ ਨੇ ਪ੍ਰੋਗਰਾਮ ਨੂੰ ਹੋਰ ਵੀ ਖ਼ਾਸ ਬਣਾ ਦਿੱਤਾ। ਮਾਪਿਆਂ ਅਤੇ ਮਹਿਮਾਨਾਂ ਨੇ ਪ੍ਰੋਗਰਾਮ ਦਾ ਭਰਪੂਰ ਆਨੰਦ ਮਾਣਿਆ ਅਤੇ ਡਾਂਸ ਸਟੂਡੀਓ ਦੀ ਐਮ ਡੀ ਸ਼ਿਖਾ ਸ਼ਰਮਾ ਗਰੇਵਾਲ, ਵਿਦਿਆਰਥੀਆਂ ਤੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਪ੍ਰੋਗਰਾਮ ਨੇ ਸਾਰਿਆਂ ਵਿੱਚ ਆਤਮ-ਵਿਸ਼ਵਾਸ ਅਤੇ ਟੀਮ ਵਰਕ ਦੀ ਭਾਵਨਾ ਨੂੰ ਮਜ਼ਬੂਤ ਕੀਤਾ। ਇਹ ਪ੍ਰੋਗਰਾਮ ਯਾਦਗਾਰੀ ਅਤੇ ਸਫ਼ਲ ਰਿਹਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨੀਤਿਕਾ ਬਾਂਸਲ, ਖੁਸ਼ਬੂ ਬੋਥਰਾ, ਸੰਜੋਲੀ ਅਤੇ ਰੁਪਾਲੀ ਆਦਿ ਹਾਜ਼ਰ ਸਨ।

# ਬਾਬਾ ਗਾਂਧਾ ਸਿੰਘ ਸਕੂਲ ਭਦੌੜ ਵਿਖੇ ਯੂ.ਕੇ.ਜੀ ਲਈ ਗ੍ਰੈਜੂਏਸ਼ਨ ਪ੍ਰੋਗਰਾਮ ਕਰਵਾਇਆ ਗਿਆ

ਭਦੌੜ 1 ਮਾਰਚ ( ਸੁਖਵਿੰਦਰ ਪਲਾਹਾ) ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਭਦੌੜ ਵਿਖੇ ਯੂ. ਕੇ .ਜੀ ਦੇ ਵਿਦਿਆਰਥੀਆਂ ਲਈ 'ਗ੍ਰੈਜੂਏਸ਼ਨ ਸਮਾਰੋਹ' ਕਰਵਾਇਆ ਗਿਆ ਜੋ ਕਿ ਨਰਸਰੀ ਕਲਾਸ ਅਤੇ ਐਲ .ਕੇ. ਜੀ. ਦੇ ਵਿਦਿਆਰਥੀਆਂ ਵੱਲੋਂ ਯੂ.ਕੇ.ਜੀ ਦੇ ਵਿਦਿਆਰਥੀਆਂ ਲਈ ਆਪਣੀ ਪੜ੍ਹਾਈ ਦੀ ਨਵੀਂ ਸ਼ੁਰੂਆਤ ਵੱਲ ਬਦਲਾਅ ਕਰਨ ਲਈ ਇਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਨਰਸਰੀ, ਯੂ .ਕੇ. ਜੀ ਅਤੇ ਐਲ .ਕੇ .ਜੀ. ਦੇ ਵਿਦਿਆਰਥੀਆਂ ਦੇ ਮਾਪਿਆਂ ਨੇ ਬਹੁ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਅਤੇ ਇਸ ਪ੍ਰੋਗਰਾਮ ਦਾ ਆਨੰਦ ਮਾਣਿਆ।ਇਸ ਪ੍ਰੋਗਰਾਮ ਵਿੱਚ ਜੂਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਡਾਂਸ, ਗੀਤ ਅਤੇ ਗਿੱਧੇ ਰਾਹੀਂ ਖੂਬ ਰੰਗ ਬੰਨ੍ਹਿਆ ।ਇਸ



ਮੌਕੇ ਸਕੂਲ ਦੇ ਪ੍ਰਿੰਸੀਪਲ ਸਰ ਨਿਰਦੋਸ਼ ਰਲਹੱਨ ਜੀ ਨੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਜੀ ਆਇਆ ਆਖਿਆ ਅਤੇ ਉਹਨਾਂ ਦਾ ਨਿੱਘਾ ਸਵਾਗਤ ਕੀਤਾ। ਉਹਨਾਂ ਨੇ ਦੱਸਿਆ ਕਿ ਸਕੂਲ ਦੀ ਪਰੰਪਰਾ ਨੂੰ ਬਰਕਰਾਰ ਰੱਖਦਿਆਂ ਹਰ ਵਾਰ ਦੀ ਤਰ੍ਹਾਂ ਯੂ.ਕੇ .ਜੀ. ਦੇ ਵਿਦਿਆਰਥੀਆਂ ਨੂੰ ਇਹ ਰਸਮੀ ਵਿਦਾਇਗੀ ਦਿੱਤੀ ਗਈ ਤਾਂ ਕਿ ਵਿਦਿਆਰਥੀ ਆਪਣੇ ਆਉਣ ਵਾਲੇ ਭਵਿੱਖ ਵਿੱਚ ਇਸ ਮੁੱਢਲੀ ਵਿਦਿਆ ਰਾਹੀਂ ਉੱਚ ਵਿੱਦਿਆ ਗ੍ਰਹਿਣ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ ।ਭਦੌੜ ਕਸਬੇ ਦੇ ਨਾਮਵਰ ਸਮਾਜ ਸੇਵੀ ਅਭੇ ਕੁਮਾਰ ਜੀ ਨੇ ਵੀ ਪ੍ਰੋਗਰਾਮ ਤੇ ਪਹੁੰਚ ਕੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ। ਇਸ ਪ੍ਰੋਗਰਾਮ ਦੇ ਅਖੀਰ ਵਿੱਚ ਸਕੂਲ ਦੇ ਵਾਈਸ ਪ੍ਰਿੰਸਪਲ ਮੈਡਮ ਸੀਮਾ ਠਾਕੁਰ ਨੇ ਮਾਪਿਆਂ ,ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨ੍ਹਾਂ ਕਾਰਨ ਇਹ ਪ੍ਰੋਗਰਾਮ ਸੁਚਾਰੂ ਰੂਪ ਵਿੱਚ ਨੇਪਰੇ ਚੜ੍ਹਿਆ। ਇਸ ਸਮੁੱਚੇ ਪ੍ਰੋਗਰਾਮ ਦੀ ਰੂਪ-ਰੇਖਾ ਮੈਡਮ ਮੋਨਿਕਾ ਗੁਪਤਾ (ਐਕਟੀਵਿਟੀ ਇੰਚਾਰਜ )ਨੇ ਉਲੀਕੀ ਤੇ ਸਟੇਜ ਦੀ ਭੂਮਿਕਾ ਗੁਰਅਰਪਨ ਕੌਰ, ਗੁਰਲੀਨ ਕੌਰ ਅਤੇ ਮੈਡਮ ਭਾਵਨਾ ਨੇ ਬਾਖੂਬੀ ਨਿਭਾਈ।

**ASIRVAD MICRO FINANCE LTD**
CIN U65923TN2007PLC064550
Ceebros Manjula, 3rd Floor, Office No-1, New No. 39, Old No. 45, Montieth Road, Egmore, Opp: Indian Red Cross Society, Chennai, Tamil Nadu-600008
Tel: 7305758660

**ਸੋਨੇ ਦੀ ਨਿਲਾਮੀ ਦਾ ਨੋਟਿਸ**

ਖਾਸ ਤੌਰ ਤੇ, ਉਧਾਰਕਰਤਾਵਾਂ ਅਤੇ ਆਮ ਤੌਰ ਤੇ, ਜਨਤਾ ਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਹੇਠਾਂ ਦਿੱਤੇ ਖਾਤਿਆਂ ਵਿੱਚ ਗਿਰਵੀ ਰੱਖੇ ਸੋਨੇ ਦੇ ਜੇਵਰਾਂ ਦੀ ਸਮਾਜਿਕ ਨਿਲਾਮੀ ਨੂੰ ੧੬/੦੩/੨੦੨੬ ਨੂੰ ਸਵੇਰੇ ੧੦.੦੦ ਵਜੇ ਤੋਂ ਲੈ ਕੇ ਹੇਠਾਂ ਦਿੱਤੀਆਂ ਸ਼ਾਖਾਵਾਂ ਤੇ ਆਯੋਜਿਤ ਕੀਤੇ ਜਾਣ ਦਾ ਪ੍ਰਸਤਾਵ ਦਿੱਤਾ ਗਿਆ ਹੈ। ਨਿਲਾਮੀ ਡਿਫਾਲਟ ਹੋਏ ਗਾਹਕਾਂ ਦੇ ਸੋਨੇ ਦੇ ਜੇਵਰਾਂ ਦੀ ਹੈ ਜੋ ਪੰਜੀਕ੍ਰਿਤ ਪੱਤਰਾਂ ਦੁਆਰਾ ਸੂਚਿਤ ਕੀਤੇ ਜਾਣ ਦੇ ਬਾਵਜੂਦ ਉਨ੍ਹਾਂ ਦੀ ਲੋਨ ਦੀ ਰਕਮ ਦਾ ਭੁਗਤਾਨ ਕਰਨ ਵਿੱਚ ਵਿਫਲ ਹੋਏ ਹਨ। ਨਿਲਾਮੀ ਨਾ ਹੋਈਆਂ ਵਸਤੂਆਂ ਦੀ ਕੋਈ ਵੀ ਹੋਰ ਨੋਟਿਸ ਤੋਂ ਬਿਨਾਂ ਕਿਸੇ ਹੋਰ ਦਿਨ ਨੂੰ ਨਿਲਾਮੀ ਕੀਤੀ ਜਾਵੇਗੀ। ਸਥਾਨ ਜਾਂ ਮਿਤੀ ਵਿੱਚ ਤਬਦੀਲੀ ਨੂੰ (ਜੇ ਕੋਈ ਹੁੰਦੀ ਹੈ) ਨਿਲਾਮੀ ਦੇ ਕੇਂਦਰ ਵਿਖੇ ਅਤੇ ਕੰਪਨੀ ਦੀ ਵੈਬਸਾਈਟ ਤੇ ਦਰਸਾਇਆ ਜਾਵੇਗਾ। ਥੱਲੇ ਦਿੱਤੇ ਗਏ ਵੇਰਵੇ ਸ਼ਾਖਾ ਦਾ ਨਾਮ, ਲੋਨ ਸੰਖਿਆ ਦੇ ਕ੍ਰਮ ਵਿੱਚ ਹਨ।

ਗਿਰਵੀ ਦੇ ਸਮਾਨ ਦੀ ਸੂਚੀ:-

ਪੰਜਾਬ ਭਠਿੰਡਾ ਤਲਵੰਡੀ ਸਾਬੋ- ਜੀਐਲ ੩੨੯੩੪੦੭੦੦੦੦੨੩੫੪ ਫਤਿਹਗੜ੍ਹ ਸਾਹਿਬ ਚੁੰਨੀ ਕਲਾਂ- ਜੀਐਲ ੩੪੨੨੭੦੭੩੦੦੦੦੨੨੮੨ ਫਾਜ਼ਿਲਕਾ ਫਾਜ਼ਿਲਕਾ- ਜੀਐਲ ੩੨੯੩੮੦੭੦੦੦੦੧੫੪੬ ਮਾਨਸਾ ਭਿਖੀ- ਜੀਐਲ ੩੨੯੪੯੦੭੦੦੦੦੦੩੩੭ ੦੩੭੪, ਮੁਕਤਸਰ ਮਲੋਟ- ਜੀਐਲ ੩੨੯੦੮੦੭੦੦੦੦੧੬੯੯ ਮੁਕਤਸਰ- ਜੀਐਲ ੩੨੯੩੭੦੭੦੦੦੦੧੫੯੪ ੧੫੯੪, ਅੰਮ੍ਰਿਤਸਰ ਚੱਬਲ - ਜੀਐਲ ੩੨੯੫੧੦੭੦੦੦੦੦੯੬੬

ਉੱਪਰ ਦਿੱਤੀ ਨਿਲਾਮੀ ਵਿੱਚ ਭਾਗ ਲੈਣ ਦੇ ਇੱਛੁਕ ਵਿਅਕਤੀ ਹੇਠਾਂ ਦੀ ਪਾਲਣਾ ਕਰਨਗੇ:- ਦਿਲਚਸਪੀ ਰੱਖਣ ਵਾਲੇ ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਨਿਲਾਮੀ ਵਾਲੇ ਦਿਨ ਨਕਦੀ ਦੇ ਜਰੀਏ ਈਐਮਡੀ (ਅਸਫਲ ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਰਿਫੰਡ ਕਰਨ ਯੋਗ) ਵਜੋਂ ਰੁ. ੧੦,੦੦੦/- ਜਮ੍ਹਾਂ ਕਰਨੇ ਚਾਹੀਦੇ ਹਨ। ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਵੈਧ ਆਈਡੀ ਕਾਰਡ/ਪੈਨ ਕਾਰਡ ਨਾਲ ਲਿਆਉਣਾ ਚਾਹੀਦਾ ਹੈ। ਹੋਰ ਵੇਰਵਿਆਂ ਲਈ, ਕਿਰਪਾ ਕਰਕੇ ੯੩੪੫੯੫੪੫੯੮ ਤੇ ਸੰਪਰਕ ਕਰੋ

ਅਧਿਕਾਰਤ ਅਧਿਕਾਰੀ
ਅਸ਼ੀਰਵਾਦ ਮਾਈਕ੍ਰੋ ਫਾਇਨਾਂਸ ਲਮਿਟਿਡ

**The Nabha Primary Co-operative Agricultural Development Bank Ltd. Nabha**
Phones/Fax: 01765-504177, 222584, E-mail: padbnabha1@gmail.com
GST No. 03AAATN6364Q1Z4, Address: # 398/2, Opp. College Ground, Hira Mahal Nabha

**ਨੋਟਿਸ ਆਮ ਇਜਲਾਸ (16-03-2026)**

ਬੈਂਕ ਦੇ ਸਮੂਹ ਏ ਕਲਾਸ ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੀ ਨਾਭਾ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ: ਨਾਭਾ ਦਾ ਆਮ ਇਜਲਾਸ ਮਿਤੀ 16.03.2026 ਦਿਨ ਸੋਮਵਾਰ ਨੂੰ ਸਵੇਰੇ 11:30 ਵਜੇ ਬੈਂਕ ਬਿਲਡਿੰਗ, ਪੀ.ਏ.ਡੀ.ਬੀ. ਨਾਭਾ ਵਿਖੇ ਹੋਵੇਗਾ । ਇਸ ਲਈ ਬੈਂਕ ਦੇ ਸਮੂਹ ਏ ਕਲਾਸ ਮੈਂਬਰਾਂ ਨੂੰ ਸਮੇਂ ਸਿਰ ਆਮ ਇਜਲਾਸ ਵਿਚ ਸ਼ਾਮਿਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ।
**ਅਜੰਡਾ ਹੇਠ ਲਿਖੇ ਅਨੁਸਾਰ ਹੈ:-**
1) ਪਿਛਲੇ ਆਮ ਇਜਲਾਸ ਦੀ ਮੀਟਿੰਗ ਮਿਤੀ 25.02.2025 ਦੀ ਕਾਰਵਾਈ ਦੀ ਪੁਸ਼ਟੀ ਤੇ ਵਿਚਾਰ।
2) ਬੈਂਕ ਦੇ ਵਿੱਤੀ ਸਾਲ 2024-25 ਦੀ ਆਡਿਟ ਹੋਈ, ਬੈਲੰਸ ਸ਼ੀਟ, ਚਿੱਠਾ ਲਾਭ ਹਾਨੀ ਜੋ ਕਿ ਸਟੇਚਰੀ ਆਡਿਟਰ ਵੱਲੋਂ ਆਡਿਟ ਹੈ ਨੂੰ ਵਾਚਣ ਅਤੇ ਆਡਿਟ ਰਿਪੋਰਟ, ਇੰਨਸਪੈਕਸ਼ਨ ਨੋਟਾਂ ਨੂੰ ਵਾਚਣ ਤੇ ਪ੍ਰਵਾਨ ਕਰਨ ਤੇ ਵਿਚਾਰ।
3) ਬੈਂਕ ਦੇ ਮਾਲੀ ਸਾਲ 2024-25 ਦੇ ਲਾਭਾਂ ਨੂੰ ਫੰਡਾਂ ਵਿੱਚ ਤਬਦੀਲ ਕਰਨ ਤੇ ਵਿਚਾਰ।
4) ਮਾਨਯੋਗ ਰਜਿਸਟਰਾਰ, ਸਹਿਕਾਰੀ ਸਭਾਵਾਂ, ਪੰਜਾਬ ਚੰਡੀਗੜ੍ਹ ਵੱਲੋਂ ਸਮੇਂ-2 ਬੈਂਕ ਦੇ ਬਾਈਲਾਜ਼ ਰੂਲਾਂ, ਕਰਜ਼ਾ ਪਾਲਸੀਆਂ ਆਦਿ ਵਿੱਚ ਕੀਤੀਆਂ ਸੋਧਾਂ, ਤਰਮੀਮਾਂ, ਅਤੇ ਨਿਰਦੇਸ਼ਾਂ ਨੂੰ ਅਪਨਾਉਣ ਤੇ ਵਿਚਾਰ।
5) ਆਮ ਇਜਲਾਸ ਦੇ ਖਰਚੇ ਦੀ ਪ੍ਰਵਾਨਗੀ ਤੇ ਵਿਚਾਰ।
6) ਸਾਲ 2024-25 ਅਧੀਨ ਬੈਂਕ ਦੇ ਕੰਮਕਾਰ ਸਬੰਧੀ ਕੀਤੇ ਗਏ ਸਾਰੇ ਖਰਚਿਆਂ ਦੀ ਅਤੇ ਪਾਸ ਕੀਤੇ ਕਰਜ਼ਾ ਕੇਸਾਂ ਦੀ ਪ੍ਰਵਾਨਗੀ ਤੇ ਵਿਚਾਰ।
7) ਪਿਛਲੇ ਆਮ ਇਜਲਾਸ ਤੋਂ ਲੈ ਕੇ ਤਾ-ਤਰੀਕ ਤੱਕ ਪ੍ਰਬੰਧਕ ਕਮੇਟੀ ਵੱਲੋਂ ਪਾਸ ਕੀਤੇ ਗਏ ਮਤਿਆਂ ਦੀ ਪ੍ਰਵਾਨਗੀ ਅਤੇ ਪੁਸ਼ਟੀ ਕਰਨ ਤੇ ਵਿਚਾਰ।
ਨੋਟ:- 1. ਬੈਂਕ ਦੇ ਸਬੰਧਤ ਚਿੱਠਾ ਲਾਭ ਹਾਨੀ,ਲੇਖੇ ਜੋਖੇ ਸਬੰਧੀ ਜਾਣਕਾਰੀ ਲਿਖਤੀ ਤੌਰ ਤੇ ਆਮ ਇਜਲਾਸ ਤੋਂ ਤਿੰਨ ਦਿਨ ਪਹਿਲਾਂ ਲਈ ਜਾ ਸਕਦੀ ਹੈ।
2. ਜੇਕਰ ਕਿਸੇ ਕਾਰਨ ਆਮ ਇਜਲਾਸ ਦਾ ਕੋਰਮ ਪੂਰਾ ਨਹੀਂ, ਤਾਂ ਉਸੇ ਦਿਨ ਦੁਪਹਿਰ 3.00 ਵਜੇ ਆਮ ਇਜਲਾਸ ਦੀ ਮੀਟਿੰਗ ਹੋਵੇਗੀ।
**ਮੈਨੇਜਰ, ਪੀ.ਏ.ਡੀ.ਬੀ. ਨਾਭਾ**

**ਉੱਤਰ ਰੇਲਵੇ**
**ਸ਼ੁਧੀਪੱਤਰ-1**
ਨੰਬਰ : NR-UMBOCOML/1/2025(284713) ਤਾਰੀਕ : 27.02.2026
ਇਸ਼ਤਿਹਾਰ ਨੰਬਰ 458/26 ਅਤੇ ਸੂਚਨਾ ਨੰਬਰ NR-UMBOCOML/1/2025 (284713) ਮਿਤੀ 02.2026 ਦੇ ਸੰਧਰਭ ਵਿਚ, ਜੋ ਸਮਾਚਾਰ ਪੱਤਰਾਂ ਵਿਚ ''ਅੰਬਾਲਾ ਮੰਡਲ ਵਿਚ ਆਟੋਮੈਟਿਕ ਟਿਕਟ ਵੇਂਡਿੰਗ ਮਸ਼ੀਨਾਂ ਦੇ ਮਾਧਿਅਮ ਨਾਲ ਅਨਰੀਜ਼ਰਵ ਟਿਕਟ ਜਾਰੀ ਕਰਨ ਲਈ ਫੇਸਿਲਿਟੇਟਰਾਂ ਦੀ ਨਿਯੁਕਤੀ ਦੇ ਲਈ ਇਸ਼ਤਿਹਾਰ ਸੂਚਨਾ'' ਦੇ ਸਬੰਧ ਵਿਚ ਪ੍ਰਕਾਸ਼ਿਤ ਕੀਤੀ ਗਈ ਸੀ, ਦੇ ਕ੍ਰਮ ਵਿਚ ਇਹ ਸ਼ੁਧੀਪੱਤਰ ਜਾਰੀ ਕੀਤਾ ਜਾਂਦਾ ਹੈ। **ਪੈਰਾ ਨੰ. 6 ਦੇ ਅਨੁਸਾਰ NSG-1 ਅਤੇ NSG-2 ਸਟੇਸ਼ਨਾਂ ਦੇ ਲਈ ਰੁ. 50,000/ ਅਤੇ ਹੋਰ ਸਟੇਸ਼ਨਾਂ ਦੇ ਲਈ ਰੁ. 25,000/- ਦੀ ਸਾਵਧੀ ਜਮ੍ਹਾ** (Fixed Deposit) **ਜਾਂ ਮੰਗ ਪੱਤਰ** (Demand Draft) **ਦੇ ਰੇਲਵੇ ਦੇ ਨਾਮ ਦੇ ਸਥਾਨ ਤੇ Sr. DFM/UMB ਦੇ ਪਖ ਵਿਚ ਜਮ੍ਹਾ ਕੀਤੀ ਜਾਣੀ ਚਾਹੀਦੀ।**
691/26
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**
**ਮੰਡਲ ਹਸਪਤਾਲ, ਅੰਬਾਲਾ ਮੰਡਲ**
**ਫਾਈਲ ਨੰਬਰ UMBOPERS (PP3)/18/2020-O/o DPO-II/UMB/NR – Part (1)**
**ਕੰਟਰੈਕਟ ਮੈਡੀਕਲ ਪ੍ਰੈਕਟੀਸ਼ਨਰ (ਸੀਐਮਪੀ) ਦੀ ਨਿਯੁਕਤੀ**
ਉਤਰ ਰੇਲਵੇ, ਮੰਡਲ ਹਸਪਤਾਲ, ਅੰਬਾਲਾ ਛਾਉਣੀ - 133001 ਵਿਚ ਕੰਟਰੈਕਟ ਮੈਡੀਕਲ ਪ੍ਰੈਕਟੀਸ਼ਨਰ (ਸੀਐਮਪੀ) ਦੀ ਨਿਯੁਕਤੀ ਦੇ ਲਈ ਯੋਗ ਉਮੀਦਵਾਰਾਂ ਤੋਂ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ। ਪ੍ਰਮੁਖ ਖਬਰ ਅਤੇ ਭਰਤੀ ਸੂਚਨਾ ਦੇ ਤਹਿਤ ਅਸਾਮੀਆਂ ਦੀ ਸਥਿਤੀ, ਨਿਯਮ, ਸ਼ਰਤਾਂ, ਦਰਖਾਸਤ ਪੱਤਰ ਦਾ ਫਾਰਮੇਟ ਵਿਸਤ੍ਰਿਤ ਵਿਗਿਆਪਨ ਦੇ ਨਾਲ ਉ.ਰੇ. ਦੀ ਵੈਬਸਾਈਟ https://nr.indianrailways.gov.in → Division → Ambala Division → Personnel → Notification and Answer Key Page ਉਤੇ ਉਪਲਬਧ ਹੈ।
ਚੀਫ ਮੈਡੀਕਲ ਸੁਪਰੰਟੈਂਡੈਂਟ
ਉ.ਰੇ. ਮੰਡਲ ਹਸਪਤਾਲ,
ਅੰਬਾਲਾ ਛਾਉਣੀ- 133001
689/26
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਸਿੱਖ ਪੰਥ ਦੀ ਚੜ੍ਹਦੀਕਲਾ ਦੇ ਪ੍ਰਤੀਕ 6 ਰੋਜ਼ਾ ਕੌਮੀ ਤਿਉਹਾਰ ਹੋਲੇ-ਮਹੱਲੇ ਦਾ ਪਹਿਲਾ ਪੜਾਅ ਸ੍ਰੀ ਕੀਰਤਪੁਰ ਸਾਹਿਬ ਵਿਖੇ ਸਮਾਪਤ

## ਜਥੇ. ਗੜਗੱਜ ਵੱਲੋਂ ਸਿੱਖਾਂ ਨੂੰ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਤੌਰ 'ਤੇ ਸ਼ਕਤੀਸ਼ਾਲੀ ਹੋਣ ਦੀ ਅਪੀਲ

ਸ੍ਰੀ ਕੀਰਤਪੁਰ ਸਾਹਿਬ 1 ਮਾਰਚ (ਬੀ ਐਸ ਰਾਣਾ): ਸਿੱਖ ਪੰਥ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਛੇ ਰੋਜ਼ਾ ਕੌਮੀ ਤਿਉਹਾਰ ਹੋਲੇ ਮਹੱਲੇ ਦਾ ਪਹਿਲਾ ਪੜਾਓ ਅੱਜ ਸ੍ਰੀ ਕੀਰਤਪੁਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੰਪੂਰਨਤਾ ਦੇ ਭੋਗ ਪੈਣ ਉਪਰੰਤ ਸਮਾਪਤ ਹੋ ਗਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਵੱਲੋਂ ਅਰਦਾਸ ਕੀਤੀ ਗਈ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤੇਸ਼ਵਰ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ। ਇਸ ਦੌਰਾਨ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਗੜਗੱਜ ਵੱਲੋਂ ਕੌਮ ਦੇ ਨਾਮ ਆਪਣੇ ਸੰਦੇਸ਼ ਰਾਹੀਂ ਸੰਗਤ ਨੂੰ ਸ਼ਰਧਾ ਸਤਿਕਾਰ ਸਹਿਤ ਸ੍ਰੀ ਆਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਗੁਰੂ ਘਰਾਂ ਵਿੱਚ ਨਤਮਸਤਕ ਹੋਣ ਲਈ ਸੱਦਾ ਦਿੱਤਾ ।ਇਸ ਮੌਕੇ ਜਥੇਦਾਰ ਗੜਗੱਜ ਨੇ ਨੌਜਵਾਨਾਂ ਨੂੰ ਮਰਿਆਦਾ ਅਨੁਸਾਰ ਆਉਣ ਦੀ ਅਪੀਲ ਕੀਤੀ ਉੱਥੇ ਹੀ ਉਹਨਾਂ ਕਿਹਾ ਕਿ ਸਾਨੂੰ ਸਭ ਨੂੰ ਗੁਰੂ ਦੇ ਪੁੱਤਰ, ਪੁਤਰੀਆਂ ਬਣ ਕੇ ਸ੍ਰੀ ਅਨੰਦਪੁਰ ਸਾਹਿਬ ਆਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਨੌਜਵਾਨ ਕਿਸੇ ਵੀ ਤਰ੍ਹਾਂ ਦੀ ਹੁਲੜਬਾਜੀ ਨਾ ਕਰਨ ਅਤੇ ਗੁਰੂ ਸਾਹਿਬ ਦੇ ਸਿਧਾਂਤਾਂ ਦੇ ਮੁਤਾਬਿਕ ਹੀ ਅਨੰਦਪੁਰ ਸਾਹਿਬ ਵਿਖੇ ਆਉਣ, ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ



ਕਿ ਸਿੱਖ ਕੌਮ ਇੱਕ ਵਿਲੱਖਣ ਕੌਮ ਹੈ ਜਿਸ ਦੀ ਵੱਖਰੀ ਪਹਿਚਾਣ ਹੈ ਪਰ ਬਾਹਰੀ ਤਾਕਤਾਂ ਹਮੇਸ਼ਾ ਹੀ ਸਿੱਖਾਂ ਨੂੰ ਢਾਹ ਲਾਉਣ ਦੀਆਂ ਕੋਸ਼ਿਸ਼ਾਂ ਕਰਦੀਆਂ ਰਹੀਆਂ ਹਨ ਉਹਨਾਂ ਕਿਹਾ ਕਿ ਸਿੱਖਾਂ ਨੂੰ ਆਪਣੇ ਸਿਧਾਂਤਾਂ ਅਤੇ ਆਪਣੇ ਗੁਰੂ ਸਾਹਿਬਾਨਾਂ ਦੇ ਵਲੋਂ ਬਖਸ਼ੀਆਂ ਦਾਤਾਂ ਤੇ ਹਮੇਸ਼ਾ ਹੀ ਧਿਆਨ ਦੇਣਾ ਚਾਹੀਦਾ ਹੈ ਤੇ ਸਿੱਖ ਕੌਮ ਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿ ਕੇ ਆਪਣੀ ਕੌਮ ਦੀ ਸੇਵਾ ਕਰਨੀ ਚਾਹੀਦੀ ਹੈ

ਜਥੇ. ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਹੋਲਾ ਮਹੱਲਾ ਦੇ ਪਹਿਲੇ ਪੜਾਅ ਦੀ ਸਮਾਪਤੀ ਮੌਕੇ ਕੀਰਤਪੁਰ ਸਾਹਿਬ ਵਿਖੇ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਾਂ ਲਈ ਕਿਰਪਾਨ ਸਿਰਫ਼ ਰਵਾਇਤੀ ਹਥਿਆਰ ਨਹੀਂ, ਸਗੋਂ ਗੁਰੂ ਦਾ ਹੁਕਮ ਅਤੇ ਖਾਲਸਾਈ ਪਛਾਣ ਦਾ ਅਟੁੱਟ ਅੰਗ ਹੈ। ਉਨ੍ਹਾਂ ਕਿਹਾ ਕਿ ਹਰ ਸਿੱਖ ਨੂੰ ਆਪਣੇ ਘਰ ਵਿੱਚ ਰਵਾਇਤੀ ਸ਼ਾਸਤਰ ਜਰੂਰ ਰੱਖਣੇ ਚਾਹੀਦੇ ਹਨ, ਕਿਉਂਕਿ ਇਹ ਸਾਡੀ ਅਸਲੀ ਪਹਿਚਾਣ ਤੇ ਮਰਿਆਦਾ ਨਾਲ ਜੁੜੇ ਹੋਏ ਹਨ। ਪਹਿਲਾਂ ਸਾਰੇ ਸਿੰਘ ਤੇਗਾਂ ਨਾਲ ਸੱਜੇ ਰਹਿੰਦੇ ਸਨ, ਪਰ ਸਮੇਂ ਦੇ ਨਾਲ ਇਹ ਰਿਵਾਜ ਕੁਝ ਘੱਟ ਪੈ ਗਿਆ, ਜਿਸਨੂੰ ਦੁਬਾਰਾ ਜੀਵੰਤ ਕਰਨ ਦੀ ਲੋੜ ਹੈ। ਉਨ੍ਹਾਂ ਹਾਲ ਹੀ ਵਿੱਚ ਮਨੀਪੁਰ ਵਿੱਚ ਵਾਪਰੀ ਇਕ ਘਟਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਭਾਵੇਂ ਭਾਰਤ ਦਾ ਕਾਨੂੰਨ ਸਿੱਖਾਂ ਨੂੰ ਕਿਰਪਾਨ ਧਾਰਨ ਕਰਨ ਦਾ ਅਧਿਕਾਰ ਦਿੰਦਾ ਹੈ, ਪਰ ਫਿਰ ਵੀ ਕਈ ਥਾਵਾਂ ਉੱਤੇ ਇਸ ਪਵਿੱਤਰ ਅਧਿਕਾਰ ਨੂੰ ਸਮਝਣ ਦੀ ਘਾਟ ਨਜ਼ਰ ਆਉਂਦੀ ਹੈ। ਉਨ੍ਹਾਂ ਦੱਸਿਆ ਕਿ ਸਾਨੂੰ ਆਪਣੇ ਹੱਕਾਂ ਪ੍ਰਤੀ ਸਚੇਤ ਰਹਿਣ ਦੇ ਨਾਲ-ਨਾਲ ਆਪਣੇ ਗੁਰੂ ਦੀ ਬਖ਼ਸ਼ੀ ਹੋਈ ਰਹਿਤ ਨੂੰ ਵੀ ਮਜ਼ਬੂਤੀ ਨਾਲ ਅਪਣਾਉਣਾ ਚਾਹੀਦਾ ਹੈ।

ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਨੂੰ ਸ਼ਸਤਰਧਾਰੀ ਹੋ ਕੇ ਹਮੇਸ਼ਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਰੂ ਪੰਥ ਪ੍ਰਤੀ ਸਮਰਪਿਤ ਰਹਿਣਾ ਚਾਹੀਦਾ ਹੈ। ਕੌਮ ਦੀ ਚੜ੍ਹਦੀ ਕਲਾ ਲਈ ਸਾਨੂੰ ਹਰ ਪੱਖੋਂ ਮਜ਼ਬੂਤ ਹੋਣ ਦੀ ਲੋੜ ਹੈ ,ਚਾਹੇ ਉਹ ਆਰਥਿਕ ਹੋਵੇ, ਪਰਿਵਾਰਿਕ, ਸਮਾਜਿਕ ਜਾਂ ਰਾਜਨੀਤਿਕ। ਉਨ੍ਹਾਂ ਕਿਹਾ ਕਿ ਜੇ ਕੌਮ ਮਜ਼ਬੂਤ ਹੋਵੇਗੀ ਤਾਂ ਹਰ ਵਿਅਕਤੀ ਵੀ ਮਜ਼ਬੂਤ ਹੋਵੇਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਗੁਰੂਆਂ ਅਤੇ ਸ਼ਹੀਦਾਂ ਦੀ ਧਰਤੀ ਹੈ; ਇਸ ਦੇ ਚੱਪੇ-ਚੱਪੇ 'ਤੇ ਸ਼ਹੀਦਾਂ ਦਾ ਲਹੂ ਵਗਿਆ ਹੈ। ਇਸ ਲਈ ਪੰਜਾਬ ਦੇ ਫ਼ੈਸਲੇ ਪੰਜਾਬ ਵਿੱਚ ਹੀ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਹੋਲਾ ਮਹੱਲਾ ਸਾਨੂੰ ਆਪਣੇ ਵਿਲੱਖਣ ਖਾਲਸਾਈ ਸਰੂਪ ਦੀ ਯਾਦ ਦਿਵਾਉਂਦਾ ਹੈ, ਜਿਸਦੀ ਸਿਰਜਣਾ ਦਸਮੇਸ਼ ਪਿਤਾ ਨੇ ਕੀਤੀ ਅਤੇ ਸਾਨੂੰ ਅੰਦਰੋਂ ਤੇ ਬਾਹਰੋਂ ਮਜ਼ਬੂਤ ਬਣਾਇਆ।

ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਿਆ ਜਾਵੇ, ਤਾਂ ਜੋ ਨੌਜਵਾਨ ਪੀੜ੍ਹੀ ਭਟਕਣ ਤੋਂ ਬਚ ਕੇ ਸੱਚੇ ਰਸਤੇ 'ਤੇ ਤੁਰ ਸਕੇ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਪੰਜਾਬ ਦੀ ਜਵਾਨੀ ਚੜ੍ਹਦੀ ਕਲਾ ਵਿੱਚ ਰਹਿੰਦੀ ਹੋਈ ਦੁਬਾਰਾ ਸ੍ਰੀ ਅਨੰਦਪੁਰ ਦੀ ਧਰਤੀ ਵੱਲ ਰੁਖ ਕਰੇਗੀ ਤੇ ਖਾਲਸਾਈ ਜਜ਼ਬੇ ਨਾਲ ਅੱਗੇ ਵਧੇਗੀ। ਅੰਤ ਵਿੱਚ ਉਨ੍ਹਾਂ ਸਮੂਹ ਖਾਲਸਾ ਪੰਥ ਤੇ ਨਾਨਕ ਨਾਮ ਲੇਵਾ ਸੰਗਤਾਂ ਨੂੰ ਹੋਲਾ ਮਹੱਲਾ ਦੇ ਕੌਮੀ ਤਿਉਹਾਰ ਦੀ ਲੱਖ-ਲੱਖ ਵਧਾਈ ਦਿੰਦਿਆਂ ਅਰਦਾਸ ਕੀਤੀ ਕਿ ਗੁਰੂ ਸਭ ਉੱਤੇ ਆਪਣੀ ਕਿਰਪਾ ਬਣਾਈ ਰੱਖਣ ਅਤੇ ਸੰਗਤ ਦੀ ਹਾਜ਼ਰੀ ਨੂੰ ਪ੍ਰਵਾਨ ਕਰਨ। 'ਚੜ੍ਹਦੀ ਕਲਾ' ਦੇ ਜੈਕਾਰੇ ਨਾਲ ਉਨ੍ਹਾਂ ਆਪਣੇ ਸੰਬੋਧਨ ਦੀ ਸਮਾਪਤੀ ਕੀਤੀ। ਇਸ ਮੌਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਐਸਜੀਪੀਸੀ ਅੰਤਰਿੰਗ ਕਮੇਟੀ ਮੈਂਬਰ ਦਲਜੀਤ ਸਿੰਘ ਭਿੰਡਰ, ਐਸਜੀਪੀਸੀ ਮੈਂਬਰ ਤੇ ਮੁੱਖ ਬੁਲਾਰਾ ਅਮਰਜੀਤ ਸਿੰਘ ਚਾਵਲਾ, ਜਗਦੀਸ਼ ਸਿੰਘ ਬੁਟਰ ਚੀਫ ਗੁਰਦੁਆਰਾ ਇੰਸਪੈਕਟਰ, ਤਲਵਿੰਦਰ ਸਿੰਘ ਰਸ਼ੀਆਣਾ ਸਹਾਇਕ ਚੀਫ, ਮਲਕੀਤ ਸਿੰਘ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ, ਐਡਵੋਕੇਟ ਹਰਦੇਵ ਸਿੰਘ ਅਡੀਸ਼ਨਲ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ, ਜਸਬੀਰ ਸਿੰਘ ਮੀਤ ਮੈਨੇਜਰ ਪਤਾਲਪੁਰੀ ਸਾਹਿਬ, ਸੁਰਿੰਦਰ ਸਿੰਘ ਰਾਜਾ, ਭਾਈ ਅੰਮ੍ਰਿਤਪਾਲ ਸਿੰਘ ਤੇ ਹੋਰ ਧਾਰਮਿਕ ਸਖਸ਼ੀਅਤਾਂ ਦੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਹਾਜ਼ਰ ਸਨ।

# ਪੰਜਾਬ ਦੇ ਉਦਯੋਗ ਮੰਤਰੀ ਨੇ ਦਿੱਲੀ ਐਨ.ਸੀ.ਆਰ. ਦੇ ਉਦਯੋਗਪਤੀਆਂ ਨੂੰ ਪੰਜਾਬ ਨਿਵੇਸ਼ਕ ਸੰਮੇਲਨ 'ਚ ਸ਼ਾਮਲ ਹੋਣ ਦਾ ਦਿੱਤਾ ਸੱਦਾ

ਚੰਡੀਗੜ੍ਹ, 1 ਮਾਰਚ (ਅੰਮ੍ਰਿਤਪਾਲ ਸਿੰਘ): ਵਰਲਡ ਪੰਜਾਬੀ ਆਰਗੇਨਾਈਜੇਸ਼ਨ (ਡਬਲਯੂਪੀਓ) ਨੇ ਕੱਲ੍ਹ ਸ਼ਾਮ ਪੰਜਾਬ ਸਰਕਾਰ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਦੇ ਸਨਮਾਨ ਵਿੱਚ ਦ ਓਬਰਾਏ ਵਿਖੇ ਇੱਕ ਵਿਸ਼ੇਸ਼ ਸਨਮਾਨ ਡਿਨਰ ਦਾ ਆਯੋਜਨ ਕੀਤਾ। ਇਸ ਮੌਕੇ ਅਰੋੜਾ ਨੇ ਦਿੱਲੀ, ਗੁਰੂਗ੍ਰਾਮ ਤੇ ਫਰੀਦਾਬਾਦ ਦੇ ਪ੍ਰਮੁੱਖ ਉਦਯੋਗਪਤੀਆਂ ਤੇ ਉੱਦਮੀਆਂ ਨੂੰ 13-15 ਮਾਰਚ ਨੂੰ ਮੋਹਾਲੀ ਵਿਖੇ




ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ। ਇਸ ਸਮਾਗਮ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੀ ਮੌਜੂਦ ਰਹੇ। ਇਸ ਸਮਾਗਮ ਵਿੱਚ ਪ੍ਰਮੁੱਖ ਉਦਯੋਗਪਤੀਆਂ, ਉੱਦਮੀਆਂ, ਬਿਲਡਰਾਂ, ਡਿਵੈਲਪਰਾਂ, ਪ੍ਰਾਹੁਣਚਾਰੀ ਖੇਤਰ ਦੇ ਪ੍ਰਤੀਨਿਧੀਆਂ ਤੇ ਡਬਲਯੂਪੀਓ ਦੇ ਵਿਸ਼ੇਸ਼ ਮੈਂਬਰਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਆਪਣੇ ਸੰਬੋਧਨ ਵਿੱਚ, ਡਬਲਯੂਪੀਓ ਇੰਟਰਨੈਸ਼ਨਲ ਦੇ ਪ੍ਰਧਾਨ ਤੇ ਸੰਸਦ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਸੰਜੀਵ ਅਰੋੜਾ ਦੀ ਦੂਰਦਰਸ਼ੀ ਅਗਵਾਈ ਅਤੇ ਪੰਜਾਬ ਦੇ ਉਦਯੋਗਿਕ ਤੇ ਨਿਵੇਸ਼ ਦ੍ਰਿਸ਼ ਨੂੰ ਹੁਲਾਰਾ ਦੇਣ ਲਈ ਉਨ੍ਹਾਂ ਦੇ ਨਿਰੰਤਰ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਹਰਪਾਲ ਸਿੰਘ ਚੀਮਾ ਤੇ ਹਰਜੋਤ ਸਿੰਘ ਬੈਂਸ ਦੀ ਵਿੱਤੀ ਸ਼ਾਸਨ, ਸਿੱਖਿਆ ਤੇ ਹੁਨਰ ਵਿਕਾਸ ਨੂੰ ਮਜ਼ਬੂਤ ਕਰਨ ਵਿੱਚ ਸਰਗਰਮ ਭੂਮਿਕਾ ਲਈ ਪ੍ਰਸ਼ੰਸਾ ਵੀ ਕੀਤੀ, ਜੋ ਕਿ ਟਿਕਾਊ ਉਦਯੋਗਿਕ ਵਿਕਾਸ ਦੇ ਮੁੱਖ ਥੰਮ ਹਨ।

ਡਾ. ਸਾਹਨੀ ਨੇ ਸੂਬਾ ਸਰਕਾਰ ਦੀਆਂ ਪ੍ਰਗਤੀਸ਼ੀਲ ਨੀਤੀਆਂ, ਨਿਵੇਸ਼ਕ-ਅਨੁਕੂਲ ਵਾਤਾਵਰਣ ਤੇ ਵਿਸ਼ਵ ਭਾਈਵਾਲੀ 'ਤੇ ਨਵੇਂ ਸਿਰੇ ਤੋਂ ਧਿਆਨ ਕੇਂਦਰਿਤ ਕਰਦੇ ਹੋਏ ਵਿਸ਼ਵਾਸ ਪ੍ਰਗਟ ਕੀਤਾ ਕਿ ਪੰਜਾਬ ਘਰੇਲੂ ਤੇ ਅੰਤਰਰਾਸ਼ਟਰੀ ਨਿਵੇਸ਼ ਲਈ ਇੱਕ ਮੋਹਰੀ ਸਥਾਨ ਵਜੋਂ ਉਭਰਨ ਲਈ ਤਿਆਰ ਹੈ। ਆਪਣੇ ਸੰਬੋਧਨ ਵਿੱਚ ਸੰਜੀਵ ਅਰੋੜਾ ਨੇ ਡਾ. ਵਿਕਰਮਜੀਤ ਸਿੰਘ ਸਾਹਨੀ ਤੇ ਵਿਸ਼ਵ ਪੰਜਾਬੀ ਸੰਗਠਨ ਦਾ ਦਿਲੋਂ ਧੰਨਵਾਦ ਕੀਤਾ ਤੇ ਪੰਜਾਬ ਦੀ ਉਦਯੋਗਿਕ ਪੁਨਰ ਸੁਰਜੀਤੀ ਨੂੰ ਉਤਸ਼ਾਹਿਤ ਕਰਨ ਵਿੱਚ ਉਨ੍ਹਾਂ ਦੀ ਨਿਰੰਤਰ ਹਮਾਇਤ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪ੍ਰਗਤੀਸ਼ੀਲ ਨੀਤੀਆਂ, ਮਜ਼ਬੂਤ ਬੁਨਿਆਦੀ ਢਾਂਚੇ ਤੇ ਸਮਰਪਿਤ ਨਿਵੇਸ਼ਕ ਸਹੂਲਤ ਨਾਲ, ਪੰਜਾਬ ਉਦਯੋਗਿਕ ਵਿਸਥਾਰ ਦੇ ਇੱਕ ਨਵੇਂ ਪੜਾਅ ਵਿੱਚ ਦਾਖਲ ਹੋ ਰਿਹਾ ਹੈ ਤੇ ਉਹਨਾ ਨੇ ਉਦਯੋਗ ਨੂੰ ਨਵੀਨਤਾ, ਨਿਰਮਾਣ ਵਿਕਾਸ ਤੇ ਰੁਜ਼ਗਾਰ ਸਿਰਜਣ ਨੂੰ ਅੱਗੇ ਵਧਾਉਣ ਲਈ ਰਾਜ ਨਾਲ ਭਾਈਵਾਲੀ ਕਰਨ ਦਾ ਸੱਦਾ ਦਿੱਤਾ। ਰਾਤ ਦੇ ਖਾਣੇ ਵਿੱਚ ਮੌਜੂਦ ਪ੍ਰਮੁੱਖ ਪਤਵੰਤਿਆਂ ਵਿੱਚ ਕਮਲ ਓਸਵਾਲ, ਦਲਜੀਤ ਸਿੰਘ (AIPL), ਤਰਲੋਚਨ ਸਿੰਘ, ਐਸ.ਐਸ. ਕੋਹਲੀ, ਐਚ.ਐਸ. ਫੂਲਕਾ, ਐਸ.ਬਲ (ਜੇ.ਐਲ.ਐਲ.), ਐਚ.ਐਸ. ਨਾਗ, ਸੋਨੀਆ ਮਾਨ, ਸਤਿੰਦਰ ਬੰਗਾ, ਭੁਪਿੰਦਰ ਸਿੰਘ ਕੋਛੜ, ਐਚ.ਐਸ. ਸਲੂਜਾ, ਮਨਜੀਤ ਸਿੰਘ ਤੇ ਹੋਰ ਸ਼ਾਮਲ ਸਨ।

# ਭਲਕੇ ਲੱਗੇਗਾ ਸਾਲ ਦਾ ਪਹਿਲਾ ਪੂਰਨ ਚੰਦਰ ਗ੍ਰਹਿਣ!

## ਭਾਰਤ ਸਣੇ ਦੁਨੀਆ ਭਰ 'ਚ ਦਿਖਾਈ ਦੇਵੇਗਾ ਰੈੱਡ ਮੂਨ

ਨਵੀਂ ਦਿੱਲੀ, 1 ਮਾਰਚ (ਚ.ਨ.ਸ.): ਖਗੋਲੀ ਘਟਨਾ ਦੇ ਅਧੀਨ 3 ਮਾਰਚ ਨੂੰ ਹੋਣ ਵਾਲਾ ਇਸ ਸਾਲ ਦਾ ਪਹਿਲਾ ਪੂਰਨ ਚੰਦਰ ਗ੍ਰਹਿਣ ਭਾਰਤ 'ਚ ਦਿਖਾਈ ਦੇਵੇਗਾ।




ਉਜੈਨ ਸਥਿਤ ਵੇਧਸ਼ਾਲਾ ਨੇ ਚੰਦਰ ਗ੍ਰਹਿਣ ਬਾਰੇ ਜਾਣਕਾਰੀ ਦਿੱਤੀ ਹੈ। ਉਜੈਨ ਸਥਿਤ ਸਰਕਾਰੀ ਜੀਵਾਜੀ ਵੇਧਸ਼ਾਲਾ ਦੇ ਸੁਪਰਡੈਂਟ ਡਾ. ਰਾਜਿੰਦਰ ਪ੍ਰਕਾਸ਼ ਗੁਪਤਾ ਨੇ ਦੱਸਿਆ ਕਿ ਇਹ ਖਗੋਲੀ ਘਟਨਾ ਉਸ ਸਮੇਂ ਵਾਪਰਦੀ ਹੈ ਜਦੋਂ ਧਰਤੀ, ਸੂਰਜ ਅਤੇ ਚੰਦਰਮਾ ਦੇ ਵਿਚਕਾਰ ਇਕ ਸਿੱਧੀ ਰੇਖਾ 'ਚ ਆ ਜਾਂਦੀ ਹੈ। ਇਸ ਸਥਿਤੀ 'ਚ ਧਰਤੀ ਦਾ ਪਰਛਾਵਾਂ ਚੰਦਰਮਾ ਨੂੰ ਪੂਰੀ ਤਰ੍ਹਾਂ ਢੱਕ ਲੈਂਦਾ ਹੈ, ਜਿਸ ਕਾਰਨ ਸੂਰਜ ਦੀ ਰੋਸ਼ਨੀ ਚੰਦਰਮਾ ਤੱਕ ਨਹੀਂ ਪਹੁੰਚ ਪਾਉਂਦੀ ਅਤੇ ਚੰਦਰਮਾ ਤਾਂਬੇ ਦੇ ਰੰਗ ਦਾ ਦਿਖਾਈ ਦੇਣ ਲੱਗਦਾ ਹੈ, ਜਿਸ ਨੂੰ ਆਮ ਤੌਰ 'ਤੇ 'ਰੈੱਡ ਮੂਨ' ਕਿਹਾ ਜਾਂਦਾ ਹੈ।

ਗ੍ਰਹਿਣ ਦਾ ਆਰੰਭ: ਦੁਪਹਿਰ 3 ਵਜੇ ਕੇ 19 ਮਿੰਟ 07 ਸੈਕਿੰਡ 'ਤੇ।

ਮੱਧ ਕਾਲ: ਸ਼ਾਮ 5 ਵਜੇ ਕੇ 03 ਮਿੰਟ 07 ਸੈਕਿੰਡ 'ਤੇ।

ਸਮਾਪਤੀ (ਮੋਕਸ਼): ਸ਼ਾਮ 6 ਵਜੇ ਕੇ 47 ਮਿੰਟ 06 ਸੈਕਿੰਡ 'ਤੇ।

ਕੁੱਲ ਮਿਆਦ: ਗ੍ਰਹਿਣ ਦੀ ਕੁੱਲ ਮਿਆਦ 3 ਘੰਟੇ 28 ਮਿੰਟ ਰਹੇਗੀ।

ਭਾਰਤ 'ਚ ਗ੍ਰਹਿਣ ਦਿਖਾਈ ਦੇਣ ਕਾਰਨ ਇਸ ਦਾ ਧਾਰਮਿਕ ਮਹੱਤਵ ਵਧੇਰੇ ਹੈ। ਸੂਤਕ ਕਾਲ ਗ੍ਰਹਿਣ ਸ਼ੁਰੂ ਹੋਣ ਤੋਂ 9 ਘੰਟੇ ਪਹਿਲਾਂ, ਯਾਨੀ 3 ਮਾਰਚ ਦੀ ਸਵੇਰ ਨੂੰ 6:20 ਵਜੇ ਤੋਂ ਸ਼ੁਰੂ ਹੋ ਜਾਵੇਗਾ। ਸੂਤਕ ਕਾਲ ਦੌਰਾਨ ਕੋਈ ਵੀ ਸ਼ੁੱਭ ਜਾਂ ਮੰਗਲ ਕਾਰਜ ਕਰਨਾ ਵਰਜਿਤ ਮੰਨਿਆ ਜਾਂਦਾ ਹੈ। ਇਹ ਗ੍ਰਹਿਣ ਭਾਰਤ ਦੇ ਪੂਰਬੀ ਹਿੱਸਿਆਂ 'ਚ ਦੇਖਿਆ ਜਾ ਸਕੇਗਾ, ਜਿੱਥੇ ਸੂਰਜ ਜਲਦੀ ਡੁੱਬਦਾ ਹੈ। ਭਾਰਤ ਤੋਂ ਇਲਾਵਾ ਇਹ ਪੂਰਬੀ ਏਸ਼ੀਆ, ਆਸਟ੍ਰੇਲੀਆ, ਪ੍ਰਸ਼ਾਂਤ ਮਹਾਂਸਾਗਰ ਖੇਤਰ ਅਤੇ ਅਮਰੀਕਾ 'ਚ ਵੀ ਨਜ਼ਰ ਆਵੇਗਾ। ਸੂਤਕ ਕਾਲ ਦੌਰਾਨ ਮੰਦਰਾਂ ਦੇ ਕਪਾਟ ਬੰਦ ਰਹਿੰਦੇ ਹਨ ਅਤੇ ਭਗਵਾਨ ਦੀਆਂ ਮੂਰਤੀਆਂ ਨੂੰ ਛੂਹਣ ਦੀ ਮਨਾਹੀ ਹੁੰਦੀ ਹੈ। ਇਸ ਸਮੇਂ ਦੌਰਾਨ ਖਾਣਾ ਪਕਾਉਣਾ ਜਾਂ ਭੋਜਨ ਕਰਨਾ ਵੀ ਵਰਜਿਤ ਹੈ। ਪੂਜਾ-ਪਾਠ, ਹਵਨ ਜਾਂ ਨਵੇਂ ਕੰਮ ਦੀ ਸ਼ੁਰੂਆਤ ਨਹੀਂ ਕਰਨੀ ਚਾਹੀਦੀ। ਗਰਭਵਤੀ ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ ਨੂੰ ਇਸ ਦੌਰਾਨ ਵਿਸ਼ੇਸ਼ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਜਾਂਦੀ ਹੈ।

# ਪੁਲਿਸ ਮੁਕਾਬਲੇ 'ਚ ਮਾਰੇ ਗਏ ਰਣਜੀਤ ਸਿੰਘ ਦੇ ਪਰਿਵਾਰ ਵੱਲੋਂ ਬੱਬਰੀ ਬਾਈਪਾਸ 'ਤੇ ਧਰਨਾ, ਉੱਚ ਪੱਧਰੀ ਜਾਂਚ ਦੀ ਮੰਗ



ਗੁਰਦਾਸਪੁਰ, 1 ਮਾਰਚ (ਚ.ਨ.ਸ.): ਬੀਤੀ 25 ਫਰਵਰੀ ਨੂੰ ਪੁਲਸ ਮੁਕਾਬਲੇ ਦੌਰਾਨ ਮਾਰੇ ਗਏ ਪਿੰਡ ਆਦੀਆਂ ਦੇ ਨੌਜਵਾਨ ਰਣਜੀਤ ਸਿੰਘ ਦੇ ਮਾਮਲੇ ਨੇ ਹੁਣ ਤੂਲ ਫੜ ਲਿਆ ਹੈ। ਮ੍ਰਿਤਕ ਦੇ ਪਰਿਵਾਰ ਵੱਲੋਂ ਲਗਾਤਾਰ ਇਹ ਦੋਸ਼ ਲਗਾਏ ਜਾ ਰਹੇ ਹਨ ਕਿ ਰਣਜੀਤ ਸਿੰਘ ਨੂੰ ਝੂਠੇ ਮੁਕਾਬਲੇ ਵਿੱਚ ਮਾਰਿਆ ਗਿਆ ਹੈ ਅਤੇ ਇਸ ਮਾਮਲੇ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਇਸ ਸਬੰਧੀ ਅੱਜ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਤੇ ਇਲਾਕਾ ਵਾਸੀਆਂ ਦੇ ਨਾਲ-ਨਾਲ ਵੱਖ-ਵੱਖ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਅੰਮ੍ਰਿਤਸਰ-ਪਠਾਨਕੋਟ ਮਾਰਗ 'ਤੇ ਸਥਿਤ ਗੁਰਦਾਸਪੁਰ ਦੇ ਬੱਬਰੀ ਬਾਈਪਾਸ ਚੌਕ ਵਿਖੇ ਧਰਨਾ ਦਿੱਤਾ। ਪ੍ਰਦਰਸ਼ਨਕਾਰੀਆਂ ਵੱਲੋਂ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਇਨਸਾਫ਼ ਦੀ ਮੰਗ ਕੀਤੀ ਗਈ। ਧਰਨੇ ਦੌਰਾਨ ਮ੍ਰਿਤਕ ਦੇ ਤਾਇਆ ਹਰਵਿੰਦਰ ਸਿੰਘ ਨੇ ਕਿਹਾ ਕਿ ਪਰਿਵਾਰ ਦੀ ਮੰਗ ਹੈ ਕਿ ਰਣਜੀਤ ਸਿੰਘ ਦੀ ਲਾਸ਼ ਦਾ ਮਰਨੋਪਰਾਂਤ ਜਾਂਚ ਕਿਸੇ ਉੱਚ ਪੱਧਰੀ ਸਰਕਾਰੀ ਚਿਕਿਤਸਾ ਸੰਸਥਾ ਦੇ ਵਿਸ਼ੇਸ਼ਗਿਆ ਡਾਕਟਰਾਂ ਦੀ ਟੀਮ ਵੱਲੋਂ ਕਰਵਾਇਆ ਜਾਵੇ ਅਤੇ ਪੂਰੀ ਕਾਰਵਾਈ ਦੀ ਦ੍ਰਿਸ਼ ਰਿਕਾਰਡਿੰਗ ਕੀਤੀ ਜਾਵੇ, ਤਾਂ ਜੋ ਮੌਤ ਦੇ ਅਸਲ ਕਾਰਣ ਸਾਹਮਣੇ ਆ ਸਕਣ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਦੱਸੇ ਜਾ ਰਹੇ ਹਮਲੇ ਦੇ ਸਬੂਤ ਵੀ ਪਰਿਵਾਰ ਦੇ ਸਾਹਮਣੇ ਰੱਖੇ ਜਾਣ। ਪਰਿਵਾਰ ਅਤੇ ਜਥੇਬੰਦੀਆਂ ਦੇ ਆਗੂਆਂ ਨੇ ਮੰਗ ਕੀਤੀ ਕਿ ਪੂਰੇ ਘਟਨਾਕ੍ਰਮ ਦੀ ਜਾਂਚ ਕੇਂਦਰੀ ਜਾਂਚ ਬਿਊਰੋ ਵੱਲੋਂ ਜਾਂ ਕਿਸੇ ਅਦਾਲਤ ਦੇ ਬੈਠਕ ਕਰਦੇ ਜੱਜ ਦੀ ਅਗਵਾਈ ਹੇਠ ਕਰਵਾਈ ਜਾਵੇ। ਧਰਨੇ ਵਿੱਚ ਹਰਵਿੰਦਰ ਸਿੰਘ (ਮ੍ਰਿਤਕ ਦਾ ਤਾਇਆ), ਸੁੱਚਾ ਸਿੰਘ ਛੋਟੇਪੁਰ, ਬਲਵਿੰਦਰ ਕੌਰ (ਅੰਮ੍ਰਿਤਪਾਲ ਸਿੰਘ ਦੀ ਮਾਤਾ) ਅਤੇ ਸੁਖਪਾਲ ਸਿੰਘ ਖਹਿਰਾ ਸਮੇਤ ਕਈ ਆਗੂ ਮੌਜੂਦ ਰਹੇ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਜੇ ਮੰਗਾਂ ਪੂਰੀਆਂ ਨਾ ਹੋਈਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਹਰਵਿੰਦਰ ਸਿੰਘ ਨੇ ਦੱਸਿਆ ਕਿ ਫਿਲਹਾਲ ਧਰਨਾ ਸਮਾਪਤ ਕਰ ਦਿੱਤਾ ਗਿਆ ਹੈ ਅਤੇ ਪ੍ਰਸ਼ਾਸਨ ਵੱਲੋਂ ਪਰਿਵਾਰ ਅਤੇ ਬਣਾਈ ਗਈ ਸੰਘਰਸ਼ ਕਮੇਟੀ ਨਾਲ ਗੱਲਬਾਤ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਇਨਸਾਫ਼ ਨਾ ਮਿਲਿਆ ਤਾਂ ਅਗਲੀ ਰਣਨੀਤੀ ਜਲਦ ਤੈਅ ਕਰਕੇ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।

### ਸੰਧਵਾਂ ਵੱਲੋਂ ਅਰਬ ਮੁਲਕਾਂ 'ਚ ਫਸੇ ਭਾਰਤੀਆਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਮੋਦੀ ਤੋਂ ਦਖ਼ਲ ਦੀ ਮੰਗ

ਚੰਡੀਗੜ੍ਹ, 1 ਮਾਰਚ (ਚ.ਨ.ਸ.): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਈਰਾਨ-ਇਜ਼ਰਾਈਲ ਟਕਰਾਅ ਦਰਮਿਆਨ ਦੁਬਈ ਹਵਾਈ ਅੱਡੇ ਤੇ ਵੱਖ-ਵੱਖ ਅਰਬ ਮੁਲਕਾਂ ਵਿੱਚ ਫਸੇ ਭਾਰਤੀਆਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਤੁਰੰਤ ਦਖ਼ਲ ਦੀ ਮੰਗ ਕੀਤੀ ਹੈ। ਮੌਜੂਦਾ ਹਾਲਾਤਾਂ ਕਰਕੇ ਕਈ ਭਾਰਤੀ ਨਾਗਰਿਕਾਂ ਦੇ ਮੁਸ਼ਕਲ 'ਚ ਫਸੇ ਹੋਣ ਦੀਆਂ ਦੀਆਂ ਰਿਪੋਰਟਾਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਸਪੀਕਰ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਸਰਕਾਰ ਸੁਰੱਖਿਅਤ ਤੇ ਸਨਮਾਨਜਨਕ ਢੰਗ ਨਾਲ ਉਨ੍ਹਾਂ ਦੀ ਵਾਪਸੀ ਨੂੰ ਯਕੀਨੀ ਬਣਾਉਣ ਲਈ ਇਸ ਮਸਲੇ ਨੂੰ ਵੱਧ ਤੋਂ ਵੱਧ ਤਰਜੀਹ ਦੇਵੇ।

ਕੁਲਤਾਰ ਸਿੰਘ ਸੰਧਵਾਂ ਨੇ ਇਸ ਮਸਲੇ ਵਿੱਚ ਪ੍ਰਧਾਨ ਮੰਤਰੀ ਦੇ ਨਿੱਜੀ ਦਖ਼ਲ ਦੀ ਮੰਗ ਕਰਦਿਆਂ ਕਿਹਾ ਕਿ ਉਹ ਸਬੰਧਤ ਮੰਤਰਾਲਿਆਂ ਤੇ ਅਥਾਰਟੀਆਂ ਨੂੰ ਤੁਰੰਤ ਨਿਰਦੇਸ਼ ਜਾਰੀ ਕਰਨ ਕਿ ਸਾਰੇ ਪ੍ਰਭਾਵਿਤ ਨਾਗਰਿਕਾਂ ਨੂੰ ਸੁਰੱਖਿਅਤ ਕੱਢਣ ਲਈ ਵਿਸ਼ੇਸ਼ ਉਡਾਣਾਂ ਦਾ ਪ੍ਰਬੰਧ ਕਰਨ ਸਮੇਤ ਫੌਰੀ ਆਧਾਰ 'ਤੇ ਲੋੜੀਂਦੀਆਂ ਕੂਟਨੀਤਕ ਤੇ ਪ੍ਰਸ਼ਾਸਕੀ ਕਾਰਵਾਈਆਂ ਕੀਤੀਆਂ ਜਾਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅੰਤਰਰਾਸ਼ਟਰੀ ਪੱਧਰ 'ਤੇ ਅਜਿਹੇ ਸੰਕਟਕਾਲੀ ਹਾਲਾਤਾਂ ਸਮੇਂ ਇਹ ਯਕੀਨੀ ਬਣਾਉਣ ਲਈ ਤੁਰੰਤ ਕਾਰਵਾਈ ਜ਼ਰੂਰੀ ਹੋ ਜਾਂਦੀ ਹੈ ਕਿ ਕੋਈ ਵੀ ਭਾਰਤੀ ਨਾਗਰਿਕ ਸਹਾਇਤਾ ਤੋਂ ਵਾਂਝਾ ਨਾ ਰਹੇ। ਉਨ੍ਹਾਂ ਅੱਗੇ ਕਿਹਾ ਕਿ ਵਿਦੇਸ਼ਾਂ ਵਿੱਚ ਹਰੇਕ ਭਾਰਤੀ ਨਾਗਰਿਕ ਦੀ ਸੁਰੱਖਿਆ ਅਤੇ ਮਾਣ-ਸਨਮਾਨ ਨੂੰ ਯਕੀਨੀ ਬਣਾਉਣਾ ਕੇਂਦਰ ਸਰਕਾਰ ਦੀ ਤਰਜੀਹੀ ਜ਼ਿੰਮੇਵਾਰੀ ਹੈ।

# ਪੰਜਾਬ 'ਚ ਅਪ੍ਰੈਲ ਵਰਗੀ ਗਰਮੀ, 32 ਡਿਗਰੀ ਤੱਕ ਪੁੱਜਾ ਤਾਪਮਾਨ

## ਦੁਪਹਿਰ ਵੇਲੇ ਤੇਜ਼ ਧੁੱਪ ਕਾਰਨ ਗਰਮੀ ਦਾ ਹੋ ਰਿਹੈ ਅਹਿਸਾਸ



ਚੰਡੀਗੜ੍ਹ, 1 ਮਾਰਚ (ਚ.ਨ.ਸ.): ਪੰਜਾਬ ਅਤੇ ਚੰਡੀਗੜ੍ਹ ਹੁਣ ਦਿਨ ਵੇਲੇ ਅਪ੍ਰੈਲ-ਮਈ ਵਰਗੀ ਗਰਮੀ ਦਾ ਅਨੁਭਵ ਹੋ ਰਿਹਾ ਹੈ। ਹਾਲਾਂਕਿ, ਸਵੇਰ ਤੇ ਸ਼ਾਮ ਨੂੰ ਥੋੜ੍ਹੀ ਜਿਹੀ ਠੰਢ ਹੁੰਦੀ ਹੈ। ਅੱਜ ਮੌਸਮ ਖੁਸ਼ਕ ਰਹੇਗਾ, ਦਿਨ ਭਰ ਤੇਜ਼ ਹਵਾਵਾਂ ਚੱਲਦੀਆਂ ਰਹਿਣਗੀਆਂ। ਪ੍ਰੀ-ਮੌਨਸੂਨ ਸੀਜ਼ਨ ਵੀ ਅੱਜ ਤੋਂ ਸ਼ੁਰੂ ਹੋ ਰਿਹਾ ਹੈ, ਜੋ ਮਈ ਤੱਕ ਤਿੰਨ ਮਹੀਨੇ ਚੱਲੇਗਾ। ਪਿਛਲੇ 24 ਘੰਟਿਆਂ ਦੌਰਾਨ ਵੱਧ ਤੋਂ ਵੱਧ ਤਾਪਮਾਨ 0.6 ਡਿਗਰੀ ਸੈਲਸੀਅਸ ਵਧਿਆ ਹੈ। ਹੁਣ ਇਹ ਆਮ ਨਾਲੋਂ 5.1 ਡਿਗਰੀ ਸੈਲਸੀਅਸ ਵੱਧ ਹੈ। ਫ਼ਰੀਦਕੋਟ ਵਿਚ ਵੱਧ ਤੋਂ ਵੱਧ ਤਾਪਮਾਨ 32.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਬਠਿੰਡਾ ਵਿਚ ਵੀ ਵੱਧ ਤੋਂ ਵੱਧ ਤਾਪਮਾਨ 32.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

ਮੌਸਮ ਵਿਭਾਗ ਦੇ ਅਨੁਸਾਰ, ਪੂਰੇ ਹਫ਼ਤੇ ਮੌਸਮ ਖੁਸ਼ਕ ਰਹੇਗਾ। ਹੋਲੀ 'ਤੇ ਤਾਪਮਾਨ 32 ਡਿਗਰੀ ਸੈਲਸੀਅਸ ਤੋਂ ਵੱਧ ਜਾਵੇਗਾ। ਤੇਜ਼ ਹਵਾਵਾਂ ਚੱਲਦੀਆਂ ਰਹਿਣਗੀਆਂ। ਮੌਸਮ ਵਿਭਾਗ ਦੇ ਅਨੁਸਾਰ, ਮਾਰਚ ਤੋਂ ਮਈ ਤੱਕ ਤਾਪਮਾਨ ਆਮ ਨਾਲੋਂ ਉੱਪਰ ਰਹੇਗਾ। ਅਜਿਹੀ ਸਥਿਤੀ ਵਿੱਚ, ਗਰਮੀ ਦੀ ਲਹਿਰ ਵੀ ਸ਼ੁਰੂ ਹੋ ਸਕਦੀ ਹੈ।

ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਨੇ ਕਿਹਾ ਕਿ ਸੂਬੇ ਵਿੱਚ ਮੌਸਮ ਖੁਸ਼ਕ ਰਹਿਣ ਦੀ ਉਮੀਦ ਹੈ। ਅਗਲੇ ਚਾਰ ਦਿਨਾਂ ਤੱਕ ਵੱਧ ਤੋਂ ਵੱਧ ਤਾਪਮਾਨ ਵਿੱਚ ਕੋਈ ਖਾਸ ਬਦਲਾਅ ਨਹੀਂ ਹੋਵੇਗਾ, ਜਿਸ ਤੋਂ ਬਾਅਦ ਤਾਪਮਾਨ ਹੌਲੀ-ਹੌਲੀ ਵਧ ਸਕਦਾ ਹੈ। ਸੂਬੇ ਵਿਚ 4 ਮਾਰਚ ਤੱਕ ਤੇਜ਼ ਹਵਾਵਾਂ ਚੱਲਣ ਦੀ ਉਮੀਦ ਹੈ।

# ਗੈਂਗਸਟਰਾਂ 'ਤੇ ਵਾਰ ਦੇ 40ਵੇਂ ਦਿਨ 499 ਥਾਵਾਂ ਉੱਤੇ ਛਾਪੇਮਾਰੀ ਦੌਰਾਨ 179 ਕਾਬੂ

ਚੰਡੀਗੜ੍ਹ, 1 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 40ਵੇਂ ਦਿਨ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 499 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ'-ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸਦੀ ਸ਼ੁਰੂਆਤ 20 ਜਨਵਰੀ, 2026 ਨੂੰ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕੀਤੀ ਸੀ। ਇਸ ਮੁਹਿੰਮ ਤਹਿਤ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਪੂਰੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

ਮੁਹਿੰਮ ਦੇ 40ਵੇਂ ਦਿਨ, ਪੁਲਿਸ ਟੀਮਾਂ ਨੇ 179 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਮੁਲਜ਼ਮਾਂ ਦੇ ਕਬਜ਼ੇ 'ਚੋਂ 4 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ 12,203 ਹੋ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 7 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ ਤੇ ਇਸ 'ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ/ਜਾਣਕਾਰੀ ਵੀ ਸਾਂਝੀ ਕੀਤੀ ਜਾ ਸਕਦੀ ਹੈ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 365ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 86 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 878 ਗ੍ਰਾਮ ਹੈਰੋਇਨ, 105 ਕਿਲੋ ਭੁੱਕੀ, 523 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 3720 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ ਸਿਰਫ਼ 365 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 51,734 ਹੋ ਗਈ ਹੈ। ਨਸ਼ਾ ਛਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ 23 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ।

# ਸੁਖਬੀਰ ਸਿੰਘ ਬਾਦਲ ਵੱਲੋਂ ਮੰਡੀ ਮੁੱਲਾਂਪੁਰ ਵਿਖੇ ਪਾਰਟੀ ਦਫ਼ਤਰ ਦਾ ਉਦਘਾਟਨ

ਮੁੱਲਾਂਪੁਰ ਦਾਖਾ, 1 ਮਾਰਚ (ਦਵਿੰਦਰ ਸਿੰਘ ਲੰਮੇ): ਸ਼੍ਰੋਮਣੀ ਅਕਾਲੀ ਦਲ ਦੇ



ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਅੱਜ ਮੰਡੀ ਮੁੱਲਾਂਪੁਰ ਵਿਖੇ ਰਾਏਕੋਟ ਰੋਡ 'ਤੇ ਸਥਿਤ ਪਾਰਟੀ ਦੇ ਨਵੇਂ ਬਣਾਏ ਗਏ ਦਫਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਅਤੇ ਉਹਨਾਂ ਹਲਕਾ ਇੰਚਾਰਜ ਜਸਕਰਨ ਸਿੰਘ ਦਿਉਲ ਨੂੰ ਥਾਪੜਾ ਦਿੰਦਿਆ ਕਿਹਾ ਕਿ ਉਹ ਇਸ ਨੌਜਵਾਨ ਦਾ ਡੱਟ ਕੇ ਸਾਥ ਦੇਣ । ਉਹਨਾਂ ਆਪਣੇ ਸੰਬਧਨ ਦੌਰਾਨ ਕਿਹਾ ਕਿ ਦਿੱਲੀ ਤੋਂ ਚੱਲਦੀਆਂ ਪਾਰਟੀਆਂ ਪੰਜਾਬ ਦਾ ਕੁੱਝ ਨਹੀਂ ਸਵਾਰ ਸਕਦੀਆਂ ਇਸ ਲਈ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀਦਲ ਨੂੰ ਮਜਬੂਤ ਕਰਨ ਦੀ ਲੋੜ ਹੈ। ਜਿਸ ਲਈ ਹਰ ਪਾਰਟੀ ਵਰਕਰ ਤਨੋ ਮਨੋ ਸਾਥ ਦੇਣ। ਆਪਣੀ ਪੰਜਾਬ ਬਚਾਓ ਯਾਤਰਾ ਦੀ ਸੱਤਵੀਂ ਰੈਲੀ ਨੂੰ ਸੰਬੋਧਨ ਕਰਦਿਆਂ ਬਾਦਲ ਨੇ ਹਲਕਾ ਵਿਧਾਕਿ ਮਨਪ੍ਰੀਤ ਸਿੰਘ ਇਆਲੀ ਨੂੰ ਆਪਣਾ ਮੁੱਢਲਾ ਨਿਸ਼ਾਨਾ ਬਣਾਉਂਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਪਾਰਟੀ ਤੋਂ ਉਪਰ ਨਹੀਂ ਹੁੰਦਾ। ਉਹਨਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੌਰਾਨ ਪੰਜਾਬ ਦੀ ਹੋਈ ਤਰੱਕੀ ਦਾ ਵੀ ਕਿਰ ਕੀਤਾ। ਯੂ.ਪੀ ਅਤੇ ਬਿਹਾਰ ਸੂਬੇ ਦੀਆਂ ਸਰਕਾਰਾਂ ਦਾ ਗੁਣਗਾਨ ਕਰਦਿਆਂ ਬਾਦਲ ਨੇ ਕਿਹਾ ਕਿ ਹੁਣ ਜਿੰਨੇ ਵੀ ਮਜਦੂਰ ਪੰਜਾਬ ਅੰਦਰ ਰੋਜੀ ਰੋਟੀ ਲਈ ਆਏ ਹਨ ਇਹ ਜਲਦੀ ਹੀ ਆਪਣੇ ਸੂਬਿਆਂ ਦੀਆਂ ਕਾਰਗੁਜਾਰੀ ਨੂੰ ਦੇਖਦਿਆਂ ਵਾਪਸ ਮੁੜ ਜਾਣਗੇ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਹਰ ਮੁਹਾਜ 'ਤੇ ਫੇਲ ਦੱਸਦਿਆਂ ਉਹਨਾਂ ਕਿਹਾ ਕਿ ਸੂਬੇ ਅੰਦਰ ਸਰਕਾਰ ਨਾਂ ਦੀ ਕੋਈ ਚੀਜ ਨਹੀਂ ਸਗੋਂ ਰੋਜਾਨਾ ਕਤਲੋਗਾਰਤ ਹੋ ਰਹੀ ਹੈ ਤੇ ਗੈਂਗਸਟਰ ਪੂਰੀ ਤਰ੍ਹਾਂ ਸਰਗਰਮ ਹਨ ਤੇ ਆਪਣੀਆਂ ਮਨਮਰਜੀਆਂ ਕਦੇ ਹਨ।

ਇਸ ਮੌਕੇ ਗੁਰਚਰਨ ਸਿੰਘ ਗਰੇਵਾਲ, ਸਾਬਕਾ ਵਿਧਾਇਕ ਐਸ.ਆਰ ਕਲੇਰ, ਸਾਬਕਾ ਮੰਤਰੀ ਹੀਰਾ ਸਿੰਘ ਗਾਬੜੀਆ, ਮਹੇਸ਼ ਇੰਦਰ ਸਿੰਘ ਗਰੇਵਾਲ, ਵਿਕਰਮਜੀਤ ਖਾਲਸਾ, ਪਰੋਉਪਕਾਰ ਸਿੰਘ ਘੁੰਮਣ, ਸਰਵਜੀਤ ਸਿੰਘ ਝਿੰਜਰ, ਚੰਦ ਸਿੰਘ ਡੱਲਾ, ਪ੍ਰਭਜੋਤ ਧਾਲੀਵਾਲ, ਰਣਜੀਤ ਸਿੰਘ ਢਿੱਲੋਂ, ਕਮਲ ਚੇਤਲੀ, ਸ਼ਰਨਜੀਤ ਸਿੰਘ ਢਿਲੋਂ, ਜਗਜੀਤ ਸਿੰਘ ਤਲਵੰਡੀ, ਬਲਦੇਵ ਸਿੰਘ ਬੀੜ ਗਗੜਾ, ਬਲਵਿੰਦਰ ਸਿੰਘ ਸੰਧੂ, ਭੁਪਿੰਦਰ ਸਿੰਘ ਭਿੰਦਾ , ਜਗਦੀਸ਼ ਸਿੰਘ ਗਰੋਸੀਆਂ ਅਤੇ ਸੁਰਜੀਤ ਸਿੰਘ ਕੋਠੇ ਹਾਂਸ ਆਦਿ ਹਾਜਰ ਸਨ।

# ਫਿੱਕਾ ਰਿਹਾ ਸ਼੍ਰੋਮਣੀ ਅਕਾਲੀ ਦਲ ਦੇ ਮੁੱਲਾਂਪੁਰ ਦਾਖਾ ਦਫ਼ਤਰ ਦਾ ਉਦਘਾਟਨੀ ਸਮਾਰੋਹ

ਮੁੱਲਾਂਪੁਰ ਦਾਖਾ, 1 ਮਾਰਚ (ਦਵਿੰਦਰ ਸਿੰਘ ਲੰਮੇ): ਕਈ ਦਿਨਾਂ ਤੋਂ ਸ਼੍ਰੋਮਣੀ ਅਕਾਲੀ ਇੰਚਾਰਜ ਜਸਕਰਨ ਦਿਓਲ ਵੱਲੋਂ ਜੋਰ ਸ਼ੋਰ ਨਾਲ ਪ੍ਰਚਾਰ ਕਰਕੇ ਇਕ ਮਾਰਚ ਨੂੰ ਇਸ ਸਮਾਰੋਹ ਵਿੱਚ ਪੁੱਜਣ ਲਈ ਵੀ ਪਾਰਟੀ ਵਰਕਰਾਂ ਨੂੰ ਕਿਹਾ ਗਿਆ ਪਰ ਅੱਜ ਸੁਖਬੀਰ ਬਾਦਲ ਦੀ ਆਮਦ



ਦਲ ਬਾਦਲ ਦੇ ਮੁੱਲਾਂਪੁਰ ਮੰਡੀ ਦੇ ਰਾਏਕੋਟ ਰੋਡ 'ਤੇ ਬਣਾਏ ਗਏ ਦਫਤਰ ਦੇ ਉਦਘਾਟਨੀ ਸਮਾਰਹੋ ਮੌਕੇ ਪਾਰਟੀ ਪ੍ਰਧਾਨ ਸੁਖਬੀਰ ਬਾਦਲ ਵੱਲੋਂ ਇੱਕ ਵੱਡੀ ਰੈਲੀ ਨੂੰ ਸੰਬੋਧਨ ਕੀਤੇ ਜਾਣ ਬਾਰੇ ਇਲਾਕੇ ਅੰਦਰ ਰਾਜਨੀਤਿਕ ਸਰਗਰਮੀਆਂ ਰਹੀਆਂ। ਇਸ ਉਦਘਾਟਨੀ ਸਮਾਰੋਹ ਦੇ ਪ੍ਰਚਾਰ ਲਈ ਹਲਕਾ ਦਾਖਾ ਦੇ 'ਤੇ ਵੀ ਇਹ ਉਦਘਾਟਨੀ ਸਮਾਰੋਹ ਫਿੱਕਾ ਰਿਹਾ ਅਤੇ ਉਮੀਦ ਤੋਂ ਕਿਤੇ ਘੱਟ ਗਿਣਤੀ ਵਰਕਰ ਇਸ ਸਮਾਰੋਹ ਵਿੱਚ ਪੁੱਜੇ। ਜਿਸਨੂੰ ਲੈਕੇ ਪਾਰਟੀ ਵਰਕਰਾਂ ਵਿੱਚ ਘੁਸਰ ਮੁਸਰ ਵੀ ਹੁੰਦੀ ਦੇਖੀ ਗਈ। ਇਹ ਸਮਾਰੋਹ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਲੁਕਵੀਂ ਉਦਾਸੀ ਛਾਈ ਰਹੀ ।

### ਕੀ ਭਾਜਪਾ ਨਾਲ ਗੱਠਜੋੜ ਦੀਆਂ ਸੰਭਾਵਨਾਵਾਂ ਲਗਭਗ ਖ਼ਤਮ

ਸੁਖਬੀਰ ਸਿੰਘ ਬਾਦਲ ਵੱਲੋਂ ਅੱਜ ਕੀਤੀ ਗਈ ਇਕਤਰਤਾ ਨੂੰ ਸੰਬੋਧਨ ਦੌਰਾਨ ਇਕ ਗਲ ਉਭਰ ਕੇ ਸਪਸ਼ਟ ਤੌਰ 'ਤੇ ਸਾਹਮਣੇ ਆਈ ਕਿ ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਗੱਠਜੋੜ ਦੀਆਂ ਸੰਭਾਵਨਾਲਾਂ ਲਗਭਗ ਖਤਮ ਹਨ। ਜਿਸਦਾ ਸਪਸ਼ਟ ਸੰਕੇਤ ਉਹਨਾਂ ਇਹ ਕਹਿਕੇ ਦਿੱਤ ਗਿਆ ਕਿ ਮੋਦੀ, ਰਾਹੁਲ ਅਤੇ ਕੇਜਰੀਵਾਲ ਦਾ ਪੰਜਾਬ ਅਤੇ ਇਥੋਂ ਦੇ ਲੋਕਾਂ ਨਾਲ ਕੋਈ ਮੋਹ ਨਹੀਂ।

# ਦਿੱਲੀ ਕਮੇਟੀ ਵੱਲੋਂ ਖ਼ਾਲਸਾ ਸਾਜਨਾ ਦਿਵਸ 'ਤੇ ਕਰਵਾਇਆ ਜਾਵੇਗਾ ਅੰਮ੍ਰਿਤ ਸੰਚਾਰ : ਕਾਲਕਾ

ਨਵੀਂ ਦਿੱਲੀ 1 ਮਾਰਚ (ਅੰਮ੍ਰਿਤਪਾਲ ਸਿੰਘ): ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 327ਵੇਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਮਤਿ ਪ੍ਰਚਾਰ ਲਹਿਰ ਨੂੰ ਹੋਰ




ਸਫ਼ਲ ਕਰਨ ਲਈ ਤੇ ਸਿੱਖ ਸੰਗਤ ਨੂੰ ਅੰਮ੍ਰਿਤ ਧਾਰਣ ਵੱਲ ਪ੍ਰੇਰਿਤ ਕਰਨ ਦੇ ਪਵਿੱਤਰ ਉਦੇਸ਼ ਨਾਲ ਭਾਈ ਲੱਖੀ ਸ਼ਾਹ ਵਣਜਾਰਾ ਹਾਲ, ਗੁਰਦੁਆਰਾ ਰਕਾਬ ਗੰਜ ਸਾਹਿਬ ਜੀ ਵਿਖੇ ਵਿਸ਼ਾਲ ਪੱਧਰ 'ਤੇ ਅੰਮ੍ਰਿਤ ਸੰਚਾਰ ਦਾ ਉੱਚਕੋਟੀ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਮਹਾਨ ਸਮਾਗਮ ਸਿੱਖ ਕੌਮ ਦੀ ਆਤਮਿਕ ਮਜ਼ਬੂਤੀ, ਖਾਲਸਾਈ ਅਸੂਲਾਂ ਪ੍ਰਤੀ ਅਟੁੱਟ ਨਿਸ਼ਠਾ ਤੇ ਗੁਰੂ ਸਾਹਿਬਾਨ ਦੀ ਬਖ਼ਸ਼ੀ ਰਹਿਤ-ਮਰਯਾਦਾ ਨੂੰ ਜੀਵਨ ਵਿੱਚ ਅਪਣਾਉਣ ਵੱਲ ਇਕ ਇਤਿਹਾਸਕ ਕਦਮ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਸੰਬੰਧ ਵਿੱਚ ਦਿੱਲੀ ਭਰ ਦੀਆਂ ਸਮੂਹ ਸਿੰਘ ਸਭਾਵਾਂ ਦੇ ਪ੍ਰਬੰਧਕਾਂ ਨਾਲ ਵਿਸ਼ੇਸ਼ ਇਕੱਤਰਤਾ ਆਯੋਜਿਤ ਕੀਤੀ ਗਈ, ਜਿਸ ਵਿੱਚ ਅੰਮ੍ਰਿਤ ਸੰਚਾਰ ਦੀ ਸੁਚਾਰੂ ਅਤੇ ਸਫਲ ਪ੍ਰਬੰਧਨਾ ਲਈ ਗੰਭੀਰ ਅਤੇ ਸਰਗਰਮ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਨ ਵਾਲੇ ਪ੍ਰਬੰਧਕਾਂ ਨੇ ਪੂਰਨ ਸਹਿਯੋਗ ਦਾ ਭਰੋਸਾ ਦਿੰਦਿਆਂ ਇਸ ਮਹਾਨ ਕਾਰਜ ਨੂੰ ਕਾਮਯਾਬ ਬਣਾਉਣ ਲਈ ਆਪਣੀ ਵਚਨਬੱਧਤਾ ਪ੍ਰਗਟਾਈ।

ਕਾਲਕਾ ਨੇ ਸਮੂਹ ਸੰਗਤਾਂ ਨੂੰ ਨਿਮਰ ਅਪੀਲ ਕੀਤੀ ਕਿ ਉਹ ਇਸ ਪਵਿੱਤਰ ਅਵਸਰ ਦਾ ਲਾਭ ਲੈਂਦਿਆਂ ਵੱਧ ਤੋਂ ਵੱਧ ਗਿਣਤੀ ਵਿੱਚ ਅੰਮ੍ਰਿਤ ਛਕ ਕੇ ਗੁਰੂ ਸਾਹਿਬ ਦੀ ਰਹਿਤ ਅਨੁਸਾਰ ਜੀਵਨ ਬਿਤਾਉਣ ਤੇ ਖਾਲਸਾ ਪੰਥ ਦੀ ਚੜ੍ਹਦੀਕਲਾ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਹ ਉਪਰਾਲਾ ਨੌਜਵਾਨ ਪੀੜ੍ਹੀ ਵਿੱਚ ਖਾਲਸਾਈ ਚੇਤਨਾ ਨੂੰ ਮਜ਼ਬੂਤ ਕਰੇਗਾ ਅਤੇ ਗੁਰਮਤਿ ਦੇ ਚਾਨਣ ਨੂੰ ਹਰ ਘਰ ਤੱਕ ਪਹੁੰਚਾਉਣ ਵਿੱਚ ਮੀਲ ਪੱਥਰ ਸਾਬਤ ਹੋਵੇਗਾ।

# ਸ਼੍ਰੋਮਣੀ ਕਮੇਟੀ ਵੱਲੋਂ ਗਿਆਨ ਪ੍ਰਚੰਡ ਦੇ ਮੁਕਾਬਲੇ ਕਰਵਾਕੇ ਵਿਦਿਆਰਥੀਆਂ ਨੂੰ ਧਾਰਮਿਕ ਵਿਦਿਆ ਦੇ ਨਾਲ ਜੋੜਨ ਦਾ ਵੱਡਾ ਉਪਰਾਲਾ : ਐਡ. ਧਾਮੀ

ਸ੍ਰੀ ਫ਼ਤਹਿਗੜ੍ਹ ਸਾਹਿਬ, 1 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵਲੋ ਗਿਆਨ ਪ੍ਰਚੰਡ ਪ੍ਰਸ਼ਨੋਤਰੀ (ਕਾਲਜਾਂ) ਦੇ ਮੁਕਾਬਲੇ 2026 ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫਤਿਹਗੜ੍ਹ ਸਾਹਿਬ ਵਿੱਚ ਸ਼੍ਰੋਮਣੀ ਕਮੇਟੀ ਦੇ ਐਜੂਕੇਸ਼ਨ ਸਕੱਤਰ ਸੁਖਵਿੰਦਰ ਸਿੰਘ ਦੀ ਅਗਵਾਈ ਵਿੱਚ ਕਰਵਾਏ ਗਏ। ਇਸ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਸ਼੍ਰੋਮਣੀ ਕਮੇਟੀ ਦੇ 28 ਕਾਲਜਾ ਦੇ 100 ਵਿਦਿਆਰਥੀ ਨੇ ਭਾਗ ਲਿਆ ਤੇ ਫਾਈਨਲ ਮੁਕਾਬਲਿਆਂ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪਹਿਲੇ ਚਾਰ ਸਥਾਨਾਂ ਤੇ ਆਉਣ ਵਾਲੇ ਜੇਤੂ ਟੀਮਾਂ ਵਿੱਚੋਂ ਸ਼ਹੀਦ ਭਾਈ ਮਨੀ ਸਿੰਘ ਖਾਲਸਾ ਕਾਲਜ ਲੌਂਗੋਵਾਲ ਸੰਗਰੂਰ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ 1 ਲੱਖ, ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੀ ਟੀਮ ਨੇ ਦੂਸਰੇ ਸਥਾਨ ਹਾਸਲ ਕਰਕੇ 75 ਹਜਾਰ, ਖਾਲਸਾ ਕਾਲਜ ਗੜਦੀਵਾਲਾ ਦੀ ਟੀਮ ਤੀਸਰਾ ਸਥਾਨ ਪ੍ਰਾਪਤ ਕਰਕੇ 51000 ਰੁਪਏ ਤੇ ਮੀਰੀ ਪੀਰੀ ਖਾਲਸਾ ਕਾਲਜ ਭਦੌੜ ਦੀ ਟੀਮ ਨੇ ਚੌਥੇ ਸਥਾਨ ਹਾਸਲ ਕਰਨ ਤੇ 31000 ਰੁਪਏ ਦੀ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ



ਵਿਦਿਆਰਥੀਆਂ ਨੂੰ ਵਿਦਿਅਕ ਖੇਤਰ ਦੇ ਨਾਲ ਨਾਲ ਸਮੇਂ ਦੇ ਹਾਣ ਦੀ ਜਾਣਕਾਰੀ ਨੂੰ ਲੈ ਕੇ ਗਿਆਨ ਪ੍ਰਚੰਡ ਦੇ ਮੁਕਾਬਲੇ ਕਰਵਾਉਣ ਤੇ ਵਿਦਿਆਰਥੀਆਂ ਨੂੰ ਧਾਰਮਿਕ ਵਿਦਿਆ ਦੇ ਨਾਲ ਜੋੜਨ ਦਾ ਇਹ ਇੱਕ ਵੱਡਾ ਉਪਰਾਲਾ ਹੈ ਜਿਸ ਨਾਲ ਵਿਦਿਆਰਥੀ ਆਪਣੀ ਵਿਦਿਅਕ ਪੜ੍ਹਾਈ ਦੇ ਨਾਲ ਨਾਲ ਧਾਰਮਿਕ ਖੇਤਰ ਵੱਲ ਜੁੜ ਵੀ ਕੇ ਆਪਣੇ ਗਿਆਨ ਵਿੱਚ ਵਾਧਾ ਕਰਦੇ ਹਨ। ਉਹਨਾਂ ਕਿਹਾ ਕਿ ਅਜਿਹੇ ਉਪਰਾਲੇ ਹਰੇਕ ਸਾਲ ਕਰਵਾਏ ਜਾਣੇ ਚਾਹੀਦੇ ਹਨ ਤਾਂ ਜੋ ਵਿਦਿਆਰਥੀਆਂ ਵਿੱਚ ਭਵਿੱਖ ਪ੍ਰਤੀ ਹੋਰ ਉਤਸਾਹ ਮਿਲਦਾ ਹੈ। ਇਸ ਮੌਕੇ ਤੇ ਸ਼ਹੀਦ ਭਾਈ ਮਨੀ ਸਿੰਘ ਖਾਲਸਾ ਕਾਲਜ ਲੌਂਗੋਵਾਲ ਸੰਗਰੂਰ ਦੀ ਟੀਮ ਦੀ ਇੱਕ ਵਿਦਿਆਰਥਣ ਵੱਲੋਂ ਖੁਸ਼ੀ ਦੇ ਇਜ਼ਹਾਰ ਕਰਦਿਆਂ ਅੱਖਾਂ ਵਿੱਚੋਂ ਆਏ ਹੰਝੂ ਦੇਖਦਿਆਂ ਅਤੇ ਘਰ ਦੇ ਹਾਲਾਤਾਂ ਬਾਰੇ ਪਤਾ ਲੱਗਣ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਵਿਦਿਆਰਥਣ ਦੀ ਪੂਰੀ ਪੜ੍ਹਾਈ ਦਾ ਖਰਚਾ ਸ਼੍ਰੋਮਣੀ ਕਮੇਟੀ ਵੱਲੋਂ ਮੁਫਤ ਕਰਵਾਉਣ ਦਾ ਐਲਾਨ ਕੀਤਾ ਗਿਆ। ਇਸ ਮੌਕੇ ਤੇ ਬੋਲਦਿਆਂ ਸੁਖਮਿੰਦਰ ਸਿੰਘ ਵਿਦਿਆ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਡਾਇਰੈਕਟਰ ਰੇਟ ਆਫ ਐਜੂਕੇਸ਼ਨ ਵੱਲੋਂ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਅਤੇ ਨਿਸ਼ਚੈ ਅਕੈਡਮੀ ਰਾਹੀਂ

ਅਕੈਡਮੀ ਚਲਾਈ ਜਾ ਰਹੀ ਹੈ ਜਿਸ ਵਿੱਚ ਸਾਬਤ ਸੂਰਤ ਸਿੱਖ ਵਿਦਿਆਰਥੀਆਂ ਨੂੰ ਯੂਪੀਐਸਸੀ ਅਤੇ ਪੀਸੀਐਸਸੀ ਦੀਆਂ ਤਿਆਰੀਆਂ ਨੂੰ ਲੈ ਕੇ ਫਰੀ ਕੋਚਿੰਗ ਦਿੱਤੀ ਜਾਂਦੀ ਹੈ । ਉਹਨਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਜਾਂਦੇ ਗਿਆਨ ਪ੍ਰਚੰਡ ਦੇ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਵਿੱਚ ਗਿਆਨ ਦੇ ਵਾਧੇ ਦੇ ਨਾਂ ਨਾਲ ਕਾਫੀ ਉਤਸਾਹ ਵੀ ਪੈਦਾ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਸਿਰਫ਼ ਅਕਾਦਮਿਕ ਸਮਝ ਹੀ ਨਹੀਂ ਵਧਾਉਂਦੇ, ਸਗੋਂ ਉਨ੍ਹਾਂ ਨੂੰ ਵਿਸ਼ਵ ਪੱਧਰ ਦੀ ਜਾਣਕਾਰੀ ਨਾਲ ਵੀ ਜੋੜਦੇ ਹਨ। ਉਨ੍ਹਾਂ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਬੌਧਿਕ ਮੁਕਾਬਲੇ ਨਿਯਮਿਤ ਤੌਰ 'ਤੇ ਕਰਵਾਏ ਜਾਣਗੇ ਤਾਂ ਜੋ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ ਜਾ ਸਕੇ। ਉਨ੍ਹਾਂ ਇਸ ਉਪਰਾਲੇ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਇਹ ਪ੍ਰਸ਼ਨੋਤਰੀ ਮੁਕਾਬਲੇ ਵਿਦਿਆਰਥੀਆਂ ਵਿੱਚ ਸਿਹਤਮੰਦ ਪ੍ਰਤੀਯੋਗਤਾ ਦੀ ਭਾਵਨਾ ਪੈਦਾ ਕਰਦੇ ਹਨ ਤੇ ਉਨ੍ਹਾਂ ਨੂੰ ਦੇਸ਼-ਵਿਦੇਸ਼ ਦੀਆਂ ਤਾਜ਼ਾ ਘਟਨਾਵਾਂ ਨਾਲ ਅੱਪਡੇਟ ਰਹਿਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਇਹ ਪ੍ਰਸ਼ਨੋਤਰੀ ਮੁਕਾਬਲੇ ਵਿਦਿਆਰਥੀਆਂ ਵਿੱਚ ਸਿਹਤਮੰਦ ਪ੍ਰਤੀਯੋਗਤਾ ਦੀ ਭਾਵਨਾ ਪੈਦਾ ਕਰਦੇ ਹਨ ਅਤੇ ਉਨ੍ਹਾਂ ਨੂੰ ਦੇਸ਼-ਵਿਦੇਸ਼ ਦੀਆਂ ਤਾਜ਼ਾ ਘਟਨਾਵਾਂ ਨਾਲ ਅੱਪਡੇਟ ਰਹਿਣ ਲਈ ਪ੍ਰੇਰਿਤ ਕਰਦੇ ਹਨ।

ਇਹਨਾਂ ਮੁਕਾਬਲਿਆਂ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਐਡਵੋਕੇਟ ਅਮਰਦੀਪ ਸਿੰਘ ਧਾਰਨੀ, ਬਲਦੇਵ ਸਿੰਘ ਕਲਿਆਣ ਜੂਨੀਅਰ ਮੀਤ ਪ੍ਰਧਾਨ, ਬੀਬੀ ਹਰਜਿੰਦਰ ਕੌਰ, ਅੰਤ੍ਰਿੰਗ ਮੈਂਬਰ ਤੇ ਕੋਆਰਡੀਨੇਟਰ ਕਾਲਜ, ਰਵਿੰਦਰ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਕਮੇਟੀ, ਅਵਤਾਰ ਸਿੰਘ ਰਿਆ ਮੈਂਬਰ ਸ਼੍ਰੋਮਣੀ ਕਮੇਟੀ, ਗੁਰਮੀਤ ਸਿੰਘ ਬੂਹ, ਮੈਂਬਰ ਤੇ ਕੋਆਰਡੀਨੇਟਰ ਸਕੂਲ, ਅਜਮੇਰ ਸਿੰਘ ਖੇੜਾ ਮੈਂਬਰ, ਰਘਬੀਰ ਸਿੰਘ ਸਹਾਰਨ ਮਾਜਰਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸੁਰਿੰਦਰ ਸਿੰਘ ਕਿਸ਼ਨਪੁਰਾ, ਡਾ. ਰਜਿੰਦਰ ਕੌਰ ਸਹਾਇਕ ਡਾਇਰੈਕਟਰ, ਨਿਸ਼ਚੈ ਅਕੈਡਮੀ, ਸਿਮਰਜੀਤ ਸਿੰਘ ਕੰਗ, ਸਾਬਕਾ ਮੀਤ ਸਕੱਤਰ, ਡਾ. ਰਮਨਜੀਤ ਕੌਰ, ਪ੍ਰਿੰਸੀਪਲ, ਗੁਰੂ ਹਰਗੋਬਿੰਦ ਸਾਹਿਬ ਖਾਲਸਾ ਕਾਲਜ ਕਰਹਾਲੀ, ਡਾ. ਕਰਮਵੀਰ ਸਿੰਘ, ਪ੍ਰਿੰਸੀਪਲ, ਦਸ਼ਮੇਸ਼ ਖਾਲਸਾ ਕਾਲਜ, ਜ਼ੀਰਕਪੁਰ, ਮਲਵਿੰਦਰ ਸਿੰਘ, ਪ੍ਰਿੰਸੀਪਲ, ਮੀਰੀ ਪੀਰੀ ਖਾਲਸਾ ਕਾਲਜ, ਭਦੌੜ, ਇੰਜੀ. ਅਨੂਪ ਸਿੰਘ ਸਿੱਧੂ, ਗੁਰੂ ਨਾਨਕ ਕਾਲਜ ਬੁਢਲਾਡਾ, ਗੁਰਦੀਪ ਸਿੰਘ ਕੰਗ, ਮੈਨੇਜਰ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਸੁਖਦੇਵ ਸਿੰਘ, ਮੀਤ ਮੈਨੇਜਰ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਜਸਵਿੰਦਰ ਸਿੰਘ, ਮੀਤ ਮੈਨੇਜਰ, ਪਟਿਆਲਾ, ਵਿਸ਼ੇਸ਼ ਤੌਰ ਤੇ ਹਾਜਿਰ ਸਨ।

# ਸੁਨਾਮ ਊਧਮ ਸਿੰਘ ਵਾਲਾ 'ਚ ਬਣੇਗਾ ਅਤਿ-ਆਧੁਨਿਕ ਖੇਡ ਸਹੂਲਤਾਂ ਵਾਲਾ ਰਿਹਾਇਸ਼ੀ ਮਲਟੀ ਸਪੋਰਟਸ ਕੰਪਲੈਕਸ : ਅਮਨ ਅਰੋੜਾ

ਸੁਨਾਮ ਊਧਮ ਸਿੰਘ ਵਾਲਾ, 1 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਨੌਜਵਾਨ ਖਿਡਾਰੀਆਂ ਨੂੰ ਅਤਿ ਆਧੁਨਿਕ ਸਹੂਲਤਾਂ ਪ੍ਰਦਾਨ ਕਰਕੇ ਕੌਮੀ ਤੇ ਕੌਮਾਂਤਰੀ ਖੇਡ ਮੁਕਾਬਲਿਆਂ ਲਈ ਤਿਆਰ ਕਰਨ ਵਾਲਾ ਰਿਹਾਇਸ਼ੀ ਮਲਟੀ ਸਪੋਰਟਸ ਕੰਪਲੈਕਸ ਹੁਣ ਸੁਨਾਮ ਊਧਮ ਸਿੰਘ ਵਾਲਾ ਵਿਖੇ ਬਣਨ ਜਾ ਰਿਹਾ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸਥਾਨਕ ਨਮੋਲ ਰੋਡ 'ਤੇ 29.54 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਇਸ ਅਤਿ-ਅਧੁਨਿਕ ਰਿਹਾਇਸ਼ੀ ਸਪੋਰਟਸ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਕੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਵਚਨਬੱਧ ਹੈ। "ਯੁੱਧ ਨਸ਼ਿਆਂ ਵਿਰੁੱਧ" ਤੇ ਖੇਡਾਂ ਵਤਨ ਪੰਜਾਬ ਦੀਆਂ ਮੁਹਿੰਮਾਂ ਤਹਿਤ ਸੂਬਾ ਸਰਕਾਰ ਦਾ ਮੁੱਖ ਮੰਤਵ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਤੇ ਰੋਜ਼ਗਾਰ ਵੱਲ ਉਤਸ਼ਾਹਿਤ ਕਰਨਾ ਹੈ, ਤਾਂ ਜੋ ਉਹ ਗਲਤ ਰਾਹਾਂ ਤੋਂ ਬਚ ਕੇ ਆਪਣੀ ਊਰਜਾ ਰਚਨਾਤਮਕ ਕਾਰਜਾਂ ਵਿੱਚ ਲਗਾ ਸਕਣ। ਮੰਤਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ ਉਹ ਸਾਰੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਜੋ ਕੌਮੀ ਤੇ ਕੌਮਾਂਤਰੀ ਪੱਧਰ ਦੇ ਖੇਡ ਮੁਕਾਬਲਿਆਂ 'ਚ ਹਿੱਸਾ ਲੈਣ ਲਈ ਖਿਡਾਰੀਆਂ ਲਈ ਲੋੜੀਂਦੀਆਂ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਇੱਥੇ ਤਿੰਨ ਮੰਜਿਲੇ ਪ੍ਰਬੰਧਕੀ ਬਲਾਕ ਤੋਂ ਇਲਾਵਾ ਬਾਕਸਿੰਗ, ਯੋਗਾ, ਐਡਵਾਂਸ ਜਿਮ, ਫਿਜ਼ਿਓ ਥੈਰੇਪੀ ਤੇ ਬਾਇਓ ਮਕੈਨਿਕ ਲੈਬ, ਸਵਿੰਮਿੰਗ ਪੂਲ, ਤਿੰਨ-ਤਿੰਨ ਬਾਸਕਟਬਾਲ ਤੇ ਵਾਲੀਬਾਲ ਕੋਰਟ ਤੇ 90 ਖਿਡਾਰੀਆਂ ਦੀ ਸਮਰੱਥਾ ਵਾਲਾ ਰਿਹਾਇਸ਼ੀ ਹੋਸਟਲ ਵੀ ਬਣਾਇਆ ਜਾਵੇਗਾ। ਇਸ ਮੌਕੇ ਐਸ.ਡੀ.ਐਮ. ਗਗਨਦੀਪ ਸਿੰਘ, ਚੇਅਰਮੈਨ ਮੁਕੇਸ਼ ਜੁਨੇਜਾ, ਐਕਸੀਅਨ ਲੋਕ ਨਿਰਮਾਣ ਅਜੇ, ਜ਼ਿਲ੍ਹਾ ਖੇਡ ਅਫ਼ਸਰ ਨਵਦੀਪ ਸਿੰਘ, ਤਹਿਸੀਲਦਾਰ ਅਮਿਤ ਕੁਮਾਰ, ਐਸ.ਡੀ.ਓ ਬਲਜੀਤ ਸਿੰਘ, ਨਗਰ ਕੌਂਸਲ ਪ੍ਰਧਾਨ ਨਿਸ਼ਾਨ ਸਿੰਘ ਟੋਨੀ, ਵਾਰਡ ਕੌਂਸਲਰ ਗੁਰਤੇਜ ਨਿੱਕਾ, ਬਲਾਕ ਪ੍ਰਧਾਨ ਸਾਹਿਬ ਸਿੰਘ, ਸੰਦੀਪ ਜਿੰਦਲ, ਆਮ ਆਦਮੀ ਪਾਰਟੀ ਦੇ ਵਰਕਰ ਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।




# ਭਗਤਾ ਭਾਈ ਆਉਣ 'ਤੇ ਸੁਖਬੀਰ ਬਾਦਲ ਦਾ ਭਰਵਾਂ ਸੁਆਗਤ

ਭਗਤਾ ਭਾਈ ਕਾ, 1 ਮਾਰਚ (ਸਵਰਨ ਸਿੰਘ ਭਗਤਾ): ਪੰਜਾਬ ਬਚਾਓ ਮੁਹਿੰਮ ਤਹਿਤ ਭਾਈ ਰੂਪਾ ਵਿਖੇ ਹੋਈ ਵਿਸ਼ਾਲ ਰੈਲੀ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸੀਨੀਅਰ ਆਗੂ ਸਿਕੰਦਰ ਸਿੰਘ ਮਲੂਕਾ ਭਗਤਾ ਭਾਈ ਵਿਖੇ ਯੂਥ ਆਗੂ ਜਸਪਾਲ ਸਿੰਘ ਵੜਿੰਗ ਦੇ ਨਿਵਾਸ ਸਥਾਨ 'ਤੇ ਦੁਪਿਹਰ ਦੇ ਖਾਣੇ ਲਈ ਪਹੁੰਚੇ। ਇਸ ਮੌਕੇ ਸਥਾਨਕ ਆਗੂਆਂ ਤੇ ਵਰਕਰਾਂ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਘਰ ਪਹੁੰਚਣ 'ਤੇ ਪਰਿਵਾਰਕ ਮੈਂਬਰਾਂ ਵੱਲੋਂ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਨੇਤਾਵਾਂ ਦਾ ਸਤਿਕਾਰ ਕੀਤਾ ਗਿਆ। ਇਲਾਕੇ ਦੇ ਕਈ ਵਰਕਰ ਤੇ ਸਮਰਥਕ ਵੀ ਇਸ ਮੌਕੇ ਹਾਜ਼ਰ ਸਨ, ਜਿਨ੍ਹਾਂ ਨੇ ਆਪਣੇ ਨੇਤਾਵਾਂ ਨਾਲ ਮੁਲਾਕਾਤ ਕਰਕੇ ਹਲਕੇ ਦੀਆਂ ਸਮੱਸਿਆਵਾਂ ਸਬੰਧੀ ਚਰਚਾ ਕੀਤੀ। ਸੁਖਬੀਰ ਸਿੰਘ ਬਾਦਲ ਨੇ ਵਰਕਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਦੀ ਅਸਲ ਤਾਕਤ ਉਸਦੇ ਵਫ਼ਾਦਾਰ ਤੇ ਸਮਰਪਿਤ ਵਰਕਰ ਹਨ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਪਾਰਟੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇ ਤੇ ਹਰ ਘਰ ਤੱਕ ਪਾਰਟੀ ਦੀ ਨੀਤੀ ਤੇ ਪ੍ਰੋਗਰਾਮ ਪਹੁੰਚਾਇਆ ਜਾਵੇ। ਉਨ੍ਹਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਪਾਰਟੀ ਵੱਲੋਂ ਵੱਡੇ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ। ਸੀਨੀਅਰ ਆਗੂ ਸਿਕੰਦਰ ਸਿੰਘ ਮਲੂਕਾ ਨੇ ਵੀ ਕਿਹਾ ਕਿ ਪਾਰਟੀ ਦੀ ਏਕਤਾ ਤੇ ਅਨੁਸ਼ਾਸਨ ਹੀ ਅਕਾਲੀ ਦਲ ਦੀ ਸਭ ਤੋਂ ਵੱਡੀ ਪੂੰਜੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਵਰਗ ਨੂੰ ਅੱਗੇ ਲਿਆਉਣਾ ਸਮੇਂ ਦੀ ਲੋੜ ਹੈ ਤੇ ਯੂਥ ਵਰਗ ਨੂੰ ਸੰਗਠਨ ਨਾਲ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਕੀਤੀ ਮਿਹਨਤ ਹੀ ਚੋਣੀ ਜਿੱਤ ਦੀ ਬੁਨਿਆਦ ਬਣਦੀ ਹੈ। ਯੂਥ ਆਗੂ ਜਸਪਾਲ ਸਿੰਘ ਵੜਿੰਗ ਨੇ ਇਸ ਮੌਕੇ ਕਿਹਾ ਕਿ ਉਨ੍ਹਾਂ ਲਈ ਇਹ ਮਾਣ ਤੇ ਸਨਮਾਨ ਦੀ ਗੱਲ ਹੈ ਕਿ ਪਾਰਟੀ ਦੇ ਸਿਖਰਲੇ ਆਗੂ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਆਏ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਹਲਕੇ ਦੇ ਨੌਜਵਾਨ ਪੂਰੀ ਤਨਦੇਹੀ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ। ਦੁਪਿਹਰ ਦੇ ਭੋਜਨ ਦੌਰਾਨ ਆਗੂਆਂ ਨੇ ਗੈਰ-ਰਸਮੀ ਗੱਲਬਾਤ ਵੀ ਕੀਤੀ ਤੇ ਵਰਕਰਾਂ ਦੇ ਸੁਝਾਅ ਵੀ ਲਏ। ਇਸ ਮੌਕੇ ਕਈ ਹੋਰ ਸਥਾਨਕ ਆਗੂ, ਯੂਥ ਵਰਕਰ ਤੇ ਸਮਰਥਕ ਹਾਜ਼ਰ ਸਨ, ਜਿਨ੍ਹਾਂ ਨੇ ਇਕਜੁਟਤਾ ਦਾ ਪ੍ਰਦਰਸ਼ਨ ਕਰਦਿਆਂ ਪਾਰਟੀ ਪ੍ਰਤੀ ਆਪਣੀ ਵਫ਼ਾਦਾਰੀ ਜ਼ਾਹਿਰ ਕੀਤੀ।



# ਯੂ.ਏ.ਈ. 'ਚ ਫਸੀ ਪ੍ਰਿੰਸੀਪਲ ਨੀਰੂ ਗਰਗ ਨੇ ਵੀਡੀਓ ਜਾਰੀ ਕਰਕੇ ਮੰਗੀ ਮਦਦ

ਬਠਿੰਡਾ, 1 ਮਾਰਚ (ਦੀਪਕ ਸ਼ਰਮਾ): ਅਮਰੀਕਾ-ਇਜ਼ਰਾਈਲ ਅਤੇ ਇਰਾਨ ਵਿਚਾਲੇ ਚੱਲ ਰਹੀ ਜੰਗ ਕਾਰਨ ਮਿਡਲ ਈਸਟ ਦੇ ਹਾਲਾਤ ਬੇਹੱਦ ਨਾਜ਼ੁਕ ਹੋ ਗਏ ਹਨ, ਜਿਸ ਦੀ ਸਿੱਧੀ ਮਾਰ ਹੁਣ ਵਿਦੇਸ਼ ਗਏ ਪੰਜਾਬੀਆਂ 'ਤੇ ਪੈ ਰਹੀ ਹੈ। ਏਅਰਸਪੇਸ ਬੰਦ ਹੋਣ ਕਾਰਨ ਸੰਯੁਕਤ ਅਰਬ ਅਮੀਰਾਤ ਦੇ ਸ਼ਾਰਜਾਹ ਇੰਟਰਨੈਸ਼ਨਲ ਏਅਰਪੋਰਟ 'ਤੇ ਕਈ ਪੰਜਾਬੀ ਯਾਤਰੀ ਬੁਰੀ ਤਰ੍ਹਾਂ ਫਸੇ ਹੋਏ ਹਨ। ਇਨ੍ਹਾਂ ਵਿੱਚ ਬਠਿੰਡਾ ਦੇ ਐਸ.ਐਸ.ਡੀ. ਗਰਲਜ਼ ਕਾਲਜ ਦੀ ਪ੍ਰਿੰਸੀਪਲ ਨੀਰੂ ਗਰਗ ਵੀ ਸ਼ਾਮਲ ਹੈ, ਜਿਸ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਜਾਰੀ ਕਰਕੇ ਆਪਣੀ ਦਰਦਭਰੀ ਦਾਸਤਾਨ ਸੁਣਾਈ ਹੈ ਤੇ ਭਾਰਤ ਸਰਕਾਰ ਤੋਂ ਤੁਰੰਤ ਮਦਦ ਦੀ ਮੰਗ ਕੀਤੀ ਹੈ। ਪ੍ਰਿੰਸੀਪਲ ਨੀਰੂ ਗਰਗ ਨੇ ਦੱਸਿਆ ਕਿ ਉਹ ਆਪਣੇ ਬੱਚਿਆਂ ਨੂੰ ਮਿਲਣ ਯੂ.ਏ.ਈ. ਗਈ ਸੀ, ਪਰ ਜੰਗੀ ਹਾਲਾਤਾਂ ਕਾਰਨ ਉੱਥੇ ਫਸ ਕੇ ਰਹਿ ਗਈ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਕੋਲ ਬੀ.ਪੀ. ਤੇ ਸ਼ੂਗਰ ਵਰਗੀਆਂ ਜ਼ਰੂਰੀ ਦਵਾਈਆਂ ਖ਼ਤਮ ਹੋ ਚੁੱਕੀਆਂ ਹਨ ਤੇ ਹਾਲਾਤ ਲਗਾਤਾਰ ਖ਼ਰਾਬ ਹੋ ਰਹੇ ਹਨ। ਨੀਰੂ ਗਰਗ ਨੇ ਇੰਡੀਗੋ ਏਅਰਲਾਈਨਜ਼ 'ਤੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਰਾਤ 10 ਵਜੇ ਉਨ੍ਹਾਂ ਨੂੰ ਏਅਰਪੋਰਟ ਤੋਂ ਬਾਹਰ ਕੱਢ ਦਿੱਤਾ ਗਿਆ ਤੇ ਕੋਈ ਵੀ ਅਧਿਕਾਰੀ ਸਹਾਇਤਾ ਲਈ ਮੌਕੇ 'ਤੇ ਮੌਜੂਦ ਨਹੀਂ ਸੀ।



ਉਨ੍ਹਾਂ ਅੱਗੇ ਦੱਸਿਆ ਕਿ ਏਅਰਪੋਰਟ ਦੇ ਨੇੜਲੇ ਸਾਰੇ ਹੋਟਲ ਭਰੇ ਹੋਣ ਕਾਰਨ ਉਨ੍ਹਾਂ ਨੂੰ 20 ਕਿਲੋਮੀਟਰ ਦੂਰ ਇੱਕ ਮਹਿੰਗੇ ਹੋਟਲ ਵਿੱਚ ਰਾਤ ਕੱਟਣੀ ਪਈ। ਹੁਣ ਉਨ੍ਹਾਂ ਕੋਲ ਪੈਸੇ ਵੀ ਲਗਭਗ ਖ਼ਤਮ ਹੋ ਚੁੱਕੇ ਹਨ ਤੇ ਹੋਟਲ ਪ੍ਰਬੰਧਨ ਕਮਰਾ ਖਾਲੀ ਕਰਨ ਲਈ ਕਹਿ ਰਿਹਾ ਹੈ। ਨੀਰੂ ਗਰਗ ਨੇ ਭਾਰਤ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਉਨ੍ਹਾਂ ਨਾਲ ਤੁਰੰਤ ਸੰਪਰਕ ਕੀਤਾ ਜਾਵੇ ਤੇ ਸਾਰੇ ਭਾਰਤੀਆਂ ਦੀ ਸੁਰੱਖਿਅਤ ਵਾਪਸੀ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਾਲਾਂਕਿ ਉਨ੍ਹਾਂ ਦੇ ਜਾਣਕਾਰ ਮਦਦ ਦੀ ਪੇਸ਼ਕਸ਼ ਕਰ ਰਹੇ ਹਨ, ਪਰ ਉਹ ਚਾਹੁੰਦੇ ਹਨ ਕਿ ਸਰਕਾਰ ਦਖ਼ਲ ਦੇ ਕੇ ਸਭ ਨੂੰ ਜਲਦੀ ਘਰ ਪਹੁੰਚਾਏ।

# ਅਸਲੇ ਸਮੇਤ ਘੁੰਮ ਰਿਹਾ ਨੌਜਵਾਨ ਦੋ ਦੇਸ਼ੀ ਪਿਸਤੌਲਾਂ ਸਮੇਤ ਕਾਬੂ

ਬਠਿੰਡਾ, 1 ਮਾਰਚ (ਦੀਪਕ ਸ਼ਰਮਾ): ਬਠਿੰਡਾ ਵਿੱਚ ਨਜਾਇਜ਼ ਅਸਲਾ ਬਰਾਮਦ ਹੋਣ ਦਾ ਲਗਾਤਾਰ ਦੂਜਾ ਮਾਮਲਾ ਸਾਹਮਣੇ ਆਇਆ ਹੈ। ਥਾਣਾ ਕੋਤਵਾਲੀ ਦੀ ਪੁਲਿਸ ਨੇ ਇੱਕ ਗੁਪਤ ਸੂਚਨਾ ਦੇ ਅਧਾਰ 'ਤੇ ਕਾਰਵਾਈ ਕਰਦਿਆਂ ਇੱਕ ਵਿਅਕਤੀ ਨੂੰ ਦੋ ਦੇਸੀ ਪਿਸਤੌਲਾਂ ਤੇ ਛੇ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਜ਼ਿਕਰਯੋਗ ਹੈ ਕਿ ਸ਼ੁੱਕਰਵਾਰ ਨੂੰ ਵੀ ਥਾਣਾ ਸਿਵਲ ਲਾਈਨ ਦੀ ਪੁਲਿਸ ਨੇ ਇੱਕ ਨੌਜਵਾਨ ਨੂੰ ਗ੍ਰਿਫ਼ਤਾਰ ਕਰਕੇ ਨਜਾਇਜ਼ ਅਸਲੇ ਦਾ ਜ਼ਖ਼ੀਰਾ ਬਰਾਮਦ ਕੀਤਾ ਸੀ। ਉਕਤ ਨੌਜਵਾਨ ਕੋਲੋਂ ਅੱਧੀ ਦਰਜਨ ਤੋਂ ਵੱਧ ਦੇਸੀ ਪਿਸਤੌਲ ਅਤੇ ਮੈਗਜ਼ੀਨ ਬਰਾਮਦ ਕੀਤੇ ਗਏ ਸਨ, ਜਿਸ ਕੋਲੋਂ ਅਜੇ ਪੁੱਛ-ਪੜਤਾਲ ਜਾਰੀ ਹੈ। ਤਾਜ਼ਾ ਮਾਮਲੇ ਦੀ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ 28 ਫਰਵਰੀ ਦੀ ਦੇਰ ਸ਼ਾਮ ਨੂੰ ਪੁਲਿਸ ਨੂੰ ਇਤਲਾਹ ਮਿਲੀ ਸੀ ਕਿ ਗੁਰਸ਼ਰਨ ਸਿੰਘ ਉਰਫ਼ ਸ਼ਰਣੀ, ਵਾਸੀ ਪਿੰਡ ਜਗਾਰਾਮ ਤੀਰਥ, ਨਜਾਇਜ਼ ਅਸਲੇ ਸਮੇਤ ਸਿਵਲ ਹਸਪਤਾਲ ਬਠਿੰਡਾ ਦੇ ਆਲੇ-ਦੁਆਲੇ ਕਿਸੇ ਵਾਰਦਾਤ ਦੀ ਫ਼ਿਰਾਕ ਵਿੱਚ ਘੁੰਮ ਰਿਹਾ ਹੈ। ਸੂਚਨਾ ਮਿਲਦੇ ਹੀ ਪੁਲਿਸ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਸਿਵਲ ਹਸਪਤਾਲ ਕੋਲ ਛਾਪੇਮਾਰੀ ਕੀਤੀ ਅਤੇ ਕਥਿਤ ਦੋਸ਼ੀ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ।

ਤਲਾਸ਼ੀ ਦੌਰਾਨ ਕਥਿਤ ਦੋਸ਼ੀ ਦੇ ਕਬਜ਼ੇ ਵਿੱਚੋਂ .32 ਬੋਰ ਦੇ ਦੋ ਦੇਸੀ ਪਿਸਤੌਲ ਤੇ ਛੇ ਜ਼ਿੰਦਾ ਕਾਰਤੂਸ ਬਰਾਮਦ ਹੋਏ ਹਨ। ਪੁਲਿਸ ਨੇ ਮੁਲਜ਼ਮ ਖ਼ਿਲਾਫ਼ ਅਸਲਾ ਐਕਟ ਤਹਿਤ ਮਾਮਲਾ ਦਰਜ ਕਰਕੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਫਿਲਹਾਲ ਪੁਲਿਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਹ ਅਸਲਾ ਕਿੱਥੋਂ ਲਿਆਂਦਾ ਗਿਆ ਸੀ ਤੇ ਇਸ ਦੀ ਵਰਤੋਂ ਕਿਸ ਮਕਸਦ ਲਈ ਕੀਤੀ ਜਾਣੀ ਸੀ।

# ਰਾਮਸਰਾ 'ਚ ਏ.ਟੀ.ਐਮ. ਲੁੱਟਣ ਦੀ ਕੋਸ਼ਿਸ਼, ਤੋੜ ਕੇ ਸੁੱਟਿਆ ਬਾਹਰ

ਬਠਿੰਡਾ, 1 ਮਾਰਚ (ਦੀਪਕ ਸ਼ਰਮਾ): ਜ਼ਿਲ੍ਹੇ ਦੇ ਪਿੰਡ ਰਾਮਸਰਾ ਵਿੱਚ ਦੇਰ ਰਾਤ ਅਣਪਛਾਤੇ ਵਿਅਕਤੀਆਂ ਵੱਲੋਂ ਐਕਸਿਸ ਬੈਂਕ ਦੇ ਏ.ਟੀ.ਐਮ. ਨੂੰ ਨਿਸ਼ਾਨਾ ਬਣਾਉਂਦੇ ਹੋਏ ਮਸ਼ੀਨ ਪੁੱਟ ਕੇ ਲਿਜਾਣ ਦੀ ਕੋਸ਼ਿਸ਼ ਕੀਤੀ ਗਈ। ਹਾਲਾਂਕਿ, ਲੁਟੇਰੇ ਮਸ਼ੀਨ ਨੂੰ ਆਪਣੇ ਨਾਲ ਲਿਜਾਣ ਜਾਂ ਨਕਦੀ ਚੋਰੀ ਕਰਨ ਵਿੱਚ ਅਸਫਲ ਰਹੇ ਅਤੇ ਪੁਲਿਸ ਦੇ ਪਹੁੰਚਣ ਤੋਂ ਪਹਿਲਾਂ ਹੀ ਮੌਕੇ ਤੋਂ ਫ਼ਰਾਰ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਘਟਨਾ ਐਤਵਾਰ ਤੜਕੇ ਕਰੀਬ 1 ਵਜੇ ਵਾਪਰੀ, ਜਦੋਂ ਕੁਝ ਅਣਪਛਾਤੇ ਵਿਅਕਤੀ ਪਿੰਡ ਰਾਮਸਰਾ ਸਥਿਤ ਐਕਸਿਸ ਬੈਂਕ ਦੇ ਏ.ਟੀ.ਐਮ. ਕੈਬਿਨ ਵਿੱਚ ਦਾਖ਼ਲ ਹੋਏ। ਲੁਟੇਰਿਆਂ ਨੇ ਪੂਰੀ ਤਿਆਰੀ ਨਾਲ ਪੈਸੇ ਕੱਢਣ ਵਾਲੀ ਮਸ਼ੀਨ ਨੂੰ ਜੜ੍ਹੋਂ ਉਖਾੜ ਦਿੱਤਾ, ਪਰ ਸ਼ਾਇਦ ਕਿਸੇ ਹਲਚਲ ਜਾਂ ਤਕਨੀਕੀ ਦਿੱਕਤ ਕਾਰਨ ਉਹ ਮਸ਼ੀਨ ਨੂੰ ਆਪਣੇ ਨਾਲ ਨਹੀਂ ਲਿਜਾ ਸਕੇ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਰਾਮਾ ਦੀ ਪੁਲਿਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।



ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮੌਕੇ ਦਾ ਮੁਆਇਨਾ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਲੁਟੇਰਿਆਂ ਦੀ ਪਛਾਣ ਲਈ ਬੈਂਕ ਦੇ ਅੰਦਰ ਤੇ ਆਲੇ-ਦੁਆਲੇ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਦੇਖੀ ਜਾ ਰਹੀ ਹੈ। ਪੁਲਿਸ ਦਾ ਦਾਅਵਾ ਹੈ ਕਿ ਮਾਮਲੇ ਦੀ ਗੰਭੀਰਤਾ ਨਾਲ ਪੜਤਾਲ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਮੁਲਜ਼ਮਾਂ ਨੂੰ ਕਾਬੂ ਕਰ ਲਿਆ ਜਾਵੇਗਾ।

# ਰਿਟੇਲ ਕਰਿਆਨਾ ਐਸੋਸੀਏਸ਼ਨ ਦਾ 20ਵਾਂ ਸਾਲਾਨਾ ਸੈਸ਼ਨ ਕਾਨਫ਼ਰੰਸ ਸੰਪੰਨ

ਸੁਨਾਮ ਊਧਮ ਸਿੰਘ ਵਾਲਾ, 1 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਰਿਟੇਲ ਕਰਿਆਨਾ ਵਪਾਰੀ ਐਸੋਸੀਏਸ਼ਨ ਦਾ 20ਵਾਂ ਸਾਲਾਨਾ ਸੈਸ਼ਨ ਤੇ ਕਾਨਫਰੰਸ ਡੇਰਾ ਭਾਗਵਤ ਨਾਥ ਜੀ ਨੇੜੇ ਰੋਜ਼ ਗਾਰਡਨ ਕੰਪਲੈਕਸ ਵਿਖੇ ਕਰਵਾਇਆ ਗਿਆ ਇਸ ਮੌਕੇ ਸਮੂਹ ਕਰਿਆਨਾ ਵਪਾਰੀਆਂ ਨੇ ਸ਼ਿਰਕਤ ਕੀਤੀ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਵਜੋਂ ਰਿਟੇਲ ਕਰਿਆਨਾ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪ੍ਰਮੋਦ ਗੁਪਤਾ ਤੇ ਰਜਨੀਸ ਗੋਇਲ ਨੇ ਸ਼ਿਰਕਤ ਕੀਤੀ ਇਸ ਮੌਕੇ ਤੇ ਕਰਿਆਣਾ ਐਸੋਸੀਏਸ਼ਨ ਦੇ ਚੈਅਰਮੈਨ ਜਗਜੀਤ ਸਿੰਘ ਆਹੁਜਾ ਅਜੈ ਮਸਤਾਨੀ ਨਰੇਸ਼ ਭੋਲਾ ਪ੍ਰਵੇਸ਼ ਕੁਮਾਰ ਨੇ ਸੂਬਾ ਪ੍ਰਧਾਨ ਪ੍ਰਮੋਦ ਗੁਪਤਾ ਅਤੇ ਰਜਨੀਸ ਗੋਇਲ ਜੀ ਨੂੰ ਫੁੱਲ ਮਾਲਾ ਭੇਂਟ ਕਰਕੇ ਉਹਨਾਂ ਦਾ ਸੁਆਗਤ ਕੀਤਾ ਇਸ ਮੌਕੇ ਤੇ ਸੂਬਾ ਪ੍ਰਧਾਨ ਪ੍ਰਮੋਦ ਗੁਪਤਾ ਨੇ ਜੋਯਤੀ ਪ੍ਰਚੰਡ ਕਰਨ ਤੋ ਬਾਅਦ ਵਪਾਰੀਆਂ ਨੂੰ ਸਬੋਧਨ ਕਰਦਿਆਂ ਕਿਹਾ ਕਿ ਸਾਨੂੰ ਸਾਰੇ ਵਪਾਰੀ ਵਰਗ ਨੂੰ ਇੱਕਜੁੱਟ ਹੋ ਕੇ ਕੰਮ ਕਰਨਾ ਚਹੀਦਾ ਹੈ ਇਸ ਮੌਕੇ ਤੇ ਉਹਨਾਂ ਨੇ ਵਪਾਰੀਆਂ ਨੂੰ ਆ ਰਹੀਆਂ ਮੁਸਕਲਾਂ ਸੁਣੀਆਂ ਅਤੇ ਉਨ੍ਹਾਂ ਨੂੰ ਜਲਦ ਤੋਂ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਇਸ ਪ੍ਰੋਗਰਾਮ ਦੇ ਸਟਾਰ ਮਹਿਮਾਨ ਵਜੋਂ ਵਪਾਰ ਮੰਡਲ ਸੁਨਾਮ ਦੇ ਪ੍ਰਧਾਨ ਨਰੇਸ਼ ਭੋਲਾ ਜੀ ਨੇ ਸ਼ਿਰਕਤ ਕੀਤੀ ਇਸ ਮੌਕੇ ਤੇ ਮੌਕੇ ਤੇ ਚੈਅਰਮੈਨ ਵਪਾਰੀ ਬੋਰਡ ਨੇ ਵੀ ਵਪਾਰੀਆਂ ਨੂੰ ਸਬੋਧਨ ਕੀਤਾ ਅਤੇ ਹਰ ਸਮੇਂ ਉਹਨਾਂ ਨੂੰ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਕਰਿਆਣਾ ਐਸੋਸੀਏਸ਼ਨ ਦੇ ਚੈਅਰਮੈਨ ਜਗਜੀਤ ਸਿੰਘ ਆਹੁਜਾ ਨੇ ਵਪਾਰੀਆਂ ਨੂੰ ਸਬੋਧਨ ਕਰਦਿਆਂ ਕਿਹਾ ਕਿ ਉਹ ਵੱਡੇ ਮੋਲਾ ਤੋ ਆਪਣੀ ਖਰੀਦਦਾਰੀ ਬੰਦ ਕਰ ਦੇਣ ਉਹ ਮੋਲ ਖੁਦ ਬੰਦ ਹੋ ਜਾਣਗੇ ਉਹਨਾ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਜੋ ਕੰਪਨੀਆਂ ਦੇ ਮਿਲਦੇ ਜੁਲਦੇ ਡੁਪਲੀਕੇਟ ਸਮਾਨ ਬਜ਼ਾਰ ਵਿੱਚ ਵੇਚ ਰਹੀਆਂ ਹਨ ਸਰਕਾਰ ਨੂੰ ਉਸ ਕੰਪਨੀ ਦੇ ਮਾਲਕ ਤੇ ਬਣਦੀ ਕਾਰਵਾਈ ਕਰੇ ਛੋਟੇ ਦੁਕਾਨਦਾਰਾਂ ਨੂੰ ਤੰਗ ਪ੍ਰੇਸਾਨ ਕਰਨਾ ਬੰਦ ਕਰ ਦਵੇ ਉਹਨਾਂ ਕਿਹਾ ਕਿ ਜੀ ਐਸ ਟੀ ਭੋਜਨ ਦੇ ਨਮੂਨੇ ਇਕੱਠੇ ਕਰਕੇ ਅਤੇ ਹੋਰ ਕਈ ਟੈਕਸਾ ਰਾਹੀਂ ਵਪਾਰੀਆਂ ਦਾ ਸ਼ੋਸ਼ਨ ਕੀਤਾ ਜਾ ਰਿਹਾ ਹੈ ਇਸ ਮੌਕੇ ਤੇ ਕਰਿਆਣਾ ਐਸੋਸੀਏਸ਼ਨ ਵੱਲੋਂ ਛੋਟੇ ਛੋਟੇ ਬੱਚਿਆਂ ਨੂੰ ਤੇ ਹੋਰ ਸੰਸਥਾਵਾਂ ਦੇ ਆਏ ਆਗੂਆਂ ਨੂੰ ਸਨਮਾਨਿਤ ਵੀ ਕੀਤਾ ਗਿਆ ਇਸ ਮੌਕੇ ਤੇ ਅਜੈ ਮਸਤਾਨੀ ਨਰੇਸ਼ ਭੋਲਾ ਜਗਜੀਤ ਸਿੰਘ ਆਹੂਜਾ ਪ੍ਰਵੇਸ਼ ਕੁਮਾਰ ਨੇ ਸਾਰੇ ਆਏਂ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਇਹ ਕਰਿਆਣਾ ਇਜ਼ਲਾਸ ਆਪਣੀਆਂ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ






# ਸਰਜੀਵਨ ਜਿੰਦਲ ਨੇ ਸੰਭਾਲਿਆ ਭਾਜਪਾ ਸੰਗਰੂਰ-1 ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਦਾ ਅਹੁਦਾ

ਸੰਗਰੂਰ, 1 ਮਾਰਚ (ਹਰਕੰਵਲ ਸਿੰਘ ਹੈਪੀ): ਭਾਰਤੀ ਜਨਤਾ ਪਾਰਟੀ ਵੱਲੋਂ ਵਧੀਆ ਸੇਵਾਵਾਂ ਦੇ ਚੱਲਦਿਆਂ ਡਾ. ਸਰਜੀਵਨ ਜਿੰਦਲ ਜੀ ਨੂੰ ਸੰਗਰੂਰ-1 ਦਾ ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਵਰਕਰਾਂ ਵਿੱਚ ਅੱਜ ਉਸ ਸਮੇਂ ਕਾਫ਼ੀ ਖ਼ੁਸ਼ੀ ਦੇਖਣ ਨੂੰ ਮਿਲੀ ਜਦੋਂ ਅੱਜ ਪਾਰਟੀ ਦੇ ਸੰਗਰੂਰ ਵਿਖੇ ਸਥਿੱਤ ਭਾਜਪਾ ਦੇ ਮੁੱਖ ਦਫ਼ਤਰ ਵਿਖੇ ਸਰਜੀਵਨ ਜਿੰਦਲ ਵੱਲੋਂ ਆਪਣਾ ਅਹੁਦਾ ਸੰਭਾਲਿਆ ਗਿਆ। ਇਸ ਮੌਕੇ ਭਾਰਤੀ ਜਨਤਾ ਪਾਰਟੀ ਦੀ ਜਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਨੇ ਸਰਜੀਵਨ ਜਿੰਦਲ ਦਾ ਮੂੰਹ ਮਿੱਠਾ ਕਰਵਾਇਆ ਤੇ ਗੱਲ ਵਿੱਚ ਹਾਰ ਪਾ ਕੇ ਮੁਬਾਰਕਬਾਦ ਦਿੱਤੀ। ਇਸ ਮੌਕੇ ਪਾਰਟੀ ਦੇ ਆਗੂ ਜਤਿੰਦਰ ਕਾਲੜਾ, ਅਮਨ ਪੂਨੀਆ, ਰਣਦੀਪ ਸਿੰਘ ਦਿਓਲ, ਜੋਗੀਰਾਮ ਸਾਹਨੀ ਅਤੇ ਜੀਵਨ ਗਰਗ ਨੇ ਕਿਹਾ ਕਿ ਭਾਜਪਾ ਹਮੇਸ਼ਾਂ ਤੋਂ ਹੀ ਯੋਗਤਾ, ਇਮਾਨਦਾਰੀ ਅਤੇ ਸਮਰਪਣ ਨੂੰ ਅਹਿਮੀਅਤ ਦਿੰਦੀ ਹੈ। ਉਹਨਾਂ ਕਿਹਾ ਕਿ ਡਾ. ਜਿੰਦਲ ਦੀ ਅਗਵਾਈ ਹੇਠ ਜ਼ਿਲ੍ਹਾ ਇਕਾਈ ਹੋਰ ਮਜ਼ਬੂਤੀ ਨਾਲ ਜਨਤਾ ਦੇ ਮੁੱਦਿਆਂ ਨੂੰ ਚੁੱਕੇਗੀ ਅਤੇ ਕੇਂਦਰ ਤੇ ਰਾਜ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਕੰਮ ਕਰੇਗੀ। ਇਸ ਮੌਕੇ ਉਨ੍ਹਾਂ ਸਾਰੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਇਕਜੁੱਟ ਹੋ ਕੇ ਜਿੰਦਲ ਦੀ ਅਗਵਾਈ ਵਿੱਚ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਬਣਾਉਣ ਲਈ ਕੰਮ ਕਰਨ।



ਅਮਨ ਪੂਨੀਆ ਨੇ ਪਾਰਟੀ ਹਾਈਕਮਾਂਡ ਦੇ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਜੀਵਨ ਜਿੰਦਲ ਦੀ ਨਿਯੁਕਤੀ ਸੰਗਰੂਰ ਵਿੱਚ ਪਾਰਟੀ ਸੰਗਠਨ ਲਈ ਮਜ਼ਬੂਤੀ ਦਾ ਪ੍ਰਤੀਕ ਹੈ। ਇਸ ਦੌਰਾਨ ਸਰਜੀਵਨ ਜਿੰਦਲ ਨੇ ਪਾਰਟੀ ਹਾਈਕਮਾਂਡ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਇਹ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਇਮਾਨਦਾਰੀ ਨਾਲ ਆਪਣਾ ਬਣਦਾ ਯੋਗਦਾਨ ਪਾਉਣਗੇ। ਜ਼ਿਕਰਯੋਗ ਗੱਲ ਹੈ ਕਿ ਡਾ. ਜਿੰਦਲ ਪਿੱਛਲੇ ਲੰਮੇ ਸਮੇਂ ਤੋਂ ਪਾਰਟੀ ਦੇ ਕਾਰਜਾਂ ਨਾਲ ਜੁੜੇ ਹੋਣ ਦੇ ਨਾਲ ਨਾਲ ਸਮਾਜਸੇਵੀ ਕਾਰਜ ਵੀ ਕਰ ਰਹੇ ਹਨ। ਅਜਿਹੇ ਵਿੱਚ ਪਾਰਟੀ ਵੱਲੋਂ ਸਾਫ਼-ਸੁਥਰੀ ਛਵੀ ਵਾਲੇ ਜ਼ਿੰਮੇਵਾਰ ਤੇ ਸਰਗਰਮ ਵਿਅਕਤੀ ਨੂੰ ਇਹ ਜ਼ਿੰਮੇਵਾਰੀ ਸੌਂਪਣਾ ਪਾਰਟੀ ਦੀ ਦੂਰਦਰਸ਼ੀ ਸੋਚ ਨੂੰ ਦਰਸਾਉਂਦਾ ਹੈ। ਇਸ ਮੌਕੇ ਅੰਮ੍ਰਿਤਰਾਜ ਸਿੰਘ ਚੱਠਾ, ਜੀਵਨ ਗੁਪਤਾ, ਸਚਿਨ ਭਾਰਦਵਾਜ, ਲਲਿਤ ਗਰਗ, ਸੁਰਿੰਦਰ ਸ਼ਰਮਾਂ, ਡਾ. ਭਗਵਾਨ ਸਿੰਘ, ਸੰਜੀਵ ਜਿੰਦਲ (ਲੱਕੀ), ਐਡਵੋਕੇਟ ਸੁਰਜੀਤ ਸਿੰਘ ਰੰਧਾਵਾ, ਰੋਮੀ ਗੋਇਲ, ਬਦਰੀ ਜਿੰਦਲ, ਰਾਜਕੁਮਾਰ, ਆਵਾ ਸਿੰਘ, ਸੁਖਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਸਨ।

# ਹੈਪੀ ਪਬਲਿਕ ਸਕੂਲ ਦਾ ਸਾਲਾਨਾ ਸਮਾਗਮ

ਮੂਨਕ, 1 ਮਾਰਚ (ਸਮਸ਼ੇਰ ਸਿੰਘ ਭੁਟਾਲ): ਹੈਪੀ ਪਬਲਿਕ ਸਕੂਲ, ਮੂਨਕ ਵਿਖੇ ਸਾਲਾਨਾ ਸਮਾਗਮ ਬਹੁਤ ਉਤਸ਼ਾਹ ਅਤੇ ਮਾਣਮੱਤੇ ਮਾਹੌਲ ਨਾਲ ਕਰਵਾਇਆ ਗਿਆ। ਵਿਦਿਆਰਥੀਆਂ ਨੇ ਆਪਣੇ ਰੰਗਾਰੰਗ ਪ੍ਰਦਰਸ਼ਨਾਂ ਨਾਲ ਦਰਸ਼ਕਾਂ ਨੂੰ ਮੋਹਿਤ ਕੀਤਾ। ਇਲਾਕੇ ਦੇ ਮਾਪੇ, ਪਤਵੰਤੇ ਅਤੇ ਸਮਾਜ ਸੇਵਕ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਤਹਿਸੀਲਦਾਰ ਤਰਲੋਚਨ ਸਿੰਘ ਮੁੱਖ ਮਹਿਮਾਨ ਵਜੋ ਪਹੁੰਚੇ। ਆਗੂ ਜੋਨੀ ਅਰੋੜਾ ਅਤੇ ਕੋਸਲਰਾਂ ਨੇ ਵੀ ਪ੍ਰੋਗਰਾਮ ਵਿੱਚ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਜਗਾਉਣ ਅਤੇ ਸਰਸਵਤੀ ਵੰਦਨਾ ਨਾਲ ਹੋਈ। ਸਕੂਲ ਪ੍ਰਬੰਧਨ ਕਮੇਟੀ ਦੇ ਮੈਂਬਰਾਂ ਅਤੇ ਸਕੂਲ ਚੇਅਰਮੈਨ ਕ੍ਰਿਸ਼ਨਾ ਜੈਨ ਨੇ ਮੁੱਖ ਮਹਿਮਾਨ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ। ਸਕੂਲ ਪ੍ਰਿੰਸੀਪਲ ਨੇ ਸਾਲਾਨਾ ਰਿਪੋਰਟ ਪੇਸ਼ ਕੀਤੀ, ਜਿਸ ਵਿੱਚ ਸਕੂਲ ਦੀਆਂ ਅਕਾਦਮਿਕ, ਖੇਡਾਂ ਅਤੇ ਸੱਭਿਆਚਾਰਕ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਗਿਆ। ਬੱਚਿਆਂ ਨੇ ਸਮੂਹ ਨਾਚ, ਦੇਸ਼ ਭਗਤੀ ਦੇ ਗੀਤ ਅਤੇ ਛੋਟੇ ਨਾਟਕ ਪੇਸ਼ ਕੀਤੇ। ਵਿਦਿਆਰਥੀਆਂ ਦੇ ਭੰਗੜਾ ਅਤੇ ਗਿੱਧੇ ਦੇ ਪ੍ਰਦਰਸ਼ਨ ਨੇ ਪੂਰੇ ਪੰਡਾਲ ਨੂੰ ਉਤਸ਼ਾਹ ਨਾਲ ਭਰ ਦਿੱਤਾ। ਦਰਸ਼ਕਾਂ ਨੇ ਸਮਾਜਿਕ ਸੰਦੇਸ਼ਾਂ 'ਤੇ ਆਧਾਰਿਤ ਕੋਰੀਓਗ੍ਰਾਫੀ ਦੀ ਬਹੁਤ ਪ੍ਰਸ਼ੰਸਾ ਕੀਤੀ। ਅਕਾਦਮਿਕ, ਖੇਡਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਅਤੇ ਅਨੁਸ਼ਾਸਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਮਾਪਿਆਂ ਨੇ ਬੱਚਿਆਂ ਦੇ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ ਅਤੇ ਸਕੂਲ ਪ੍ਰਬੰਧਨ ਨੂੰ ਉਨ੍ਹਾਂ ਦੇ ਯਤਨਾਂ ਲਈ ਪ੍ਰਸ਼ੰਸਾ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ, ਸਕੂਲ ਚੇਅਰਮੈਨ ਕ੍ਰਿਸ਼ਨ ਜੈਨ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਾਰੇ ਮਾਪਿਆਂ, ਵਿਦਿਆਰਥੀਆਂ ਤੇ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ।




# ਬੇਕਾਬੂ ਕਾਰ ਨੇ ਗੁਰਦੁਆਰਾ ਸਾਹਿਬ ਦੇ ਬਾਹਰ ਖੜ੍ਹੇ ਮਾਸੂਮ ਦੀ ਲਈ ਜਾਨ

ਬਠਿੰਡਾ, 1 ਮਾਰਚ (ਦੀਪਕ ਸ਼ਰਮਾ): ਕੋਟਸ਼ਮੀਰ-ਤਲਵੰਡੀ ਸਾਬੋ ਰੋਡ 'ਤੇ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਇੱਕ 10 ਸਾਲਾ ਬੱਚੇ ਦੀ ਮੌਤ ਹੋ ਗਈ, ਜਦਕਿ ਉਸ ਦਾ ਚਾਚਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਇੱਕ ਤੇਜ਼ ਰਫ਼ਤਾਰ ਕਾਰ ਨੇ ਸੜਕ ਕਿਨਾਰੇ ਖੜ੍ਹੇ ਚਾਚੇ-ਭਤੀਜੇ ਨੂੰ ਬੜੀ ਬੇਰਹਿਮੀ ਨਾਲ ਟੱਕਰ ਮਾਰ ਦਿੱਤੀ। ਥਾਣਾ ਸਦਰ ਬਠਿੰਡਾ ਦੀ ਪੁਲਿਸ ਨੇ ਮ੍ਰਿਤਕ ਬੱਚੇ ਦੇ ਪਿਤਾ ਦੇ ਬਿਆਨਾਂ 'ਤੇ ਕਾਰ ਚਾਲਕ ਵਿਰੁੱਧ ਮਾਮਲਾ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਮੁਤਾਬਕ ਪਿੰਡ ਕੋਟਸ਼ਮੀਰ ਦੇ ਰਹਿਣ ਵਾਲੇ ਗੁਰਦੀਪ ਸਿੰਘ ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ ਕਿ ਬੀਤੇ ਦਿਨੀਂ ਉਸ ਦਾ ਭਰਾ ਪ੍ਰੀਤਪਾਲ ਸਿੰਘ ਅਤੇ 10 ਸਾਲਾ ਬੇਟਾ ਖੁਸ਼ਦਿਲ ਸਿੰਘ ਗੁਰਦੁਆਰਾ ਸਾਹਿਬ ਜੀਵਨ ਸਿੰਘ ਵਾਲਾ ਦੇ ਬਾਹਰ ਸੜਕ ਕਿਨਾਰੇ ਖੜ੍ਹੇ ਸਨ। ਇਸੇ ਦੌਰਾਨ ਤਲਵੰਡੀ ਸਾਬੋ ਵੱਲੋਂ ਆ ਰਹੀ ਇੱਕ ਤੇਜ਼ ਰਫ਼ਤਾਰ ਕਾਰ , ਜਿਸ ਨੂੰ ਹਰਕੰਵਲ ਸਿੰਘ ਵਾਸੀ ਜੁਝਾਰ ਸਿੰਘ ਨਗਰ ਚਲਾ ਰਿਹਾ ਸੀ, ਨੇ ਆਪਣਾ ਸੰਤੁਲਨ ਗੁਆ ਦਿੱਤਾ। ਕਾਰ ਇੰਨੀ ਜ਼ਿਆਦਾ ਰਫ਼ਤਾਰ ਵਿੱਚ ਸੀ ਕਿ ਉਹ ਸਿੱਧੀ ਸੜਕ ਕਿਨਾਰੇ ਖੜ੍ਹੇ ਪ੍ਰੀਤਪਾਲ ਅਤੇ ਮਾਸੂਮ ਖੁਸ਼ਦਿਲ ਵਿੱਚ ਜਾ ਵੱਜੀ।

ਇਸ ਭਿਆਨਕ ਟੱਕਰ ਕਾਰਨ 10 ਸਾਲਾ ਖੁਸ਼ਦਿਲ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਪ੍ਰੀਤਪਾਲ ਸਿੰਘ ਗੰਭੀਰ ਜ਼ਖ਼ਮੀ ਹੋ ਗਿਆ, ਜਿਸ ਨੂੰ ਤੁਰੰਤ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਪੁਲਿਸ ਨੇ ਕਾਰ ਚਾਲਕ ਹਰਕੰਵਲ ਸਿੰਘ ਵਿਰੁੱਧ ਲਾਪਰਵਾਹੀ ਨਾਲ ਗੱਡੀ ਚਲਾਉਣ ਅਤੇ ਜਾਨੀ ਨੁਕਸਾਨ ਪਹੁੰਚਾਉਣ ਦੇ ਦੋਸ਼ ਹੇਠ ਕੇਸ ਦਰਜ ਕਰ ਲਿਆ ਹੈ। ਮਾਸੂਮ ਬੱਚੇ ਦੀ ਮੌਤ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।

# ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ ਨੂੰ ਬੀ ਫਾਰਮੇਸੀ ਸ਼ੁਰੂ ਕਰਨ ਦੀ ਮਿਲੀ ਮਾਨਤਾ : ਡਾ. ਜ਼ੋਰਾ ਸਿੰਘ

ਸ੍ਰੀ ਮੁਕਤਸਰ ਸਾਹਿਬ, 1 ਮਾਰਚ (ਐਚ ਐਸ ਕਪੂਰ): ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ, ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਦੀ ਸਰਪਰਸਤੀ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ, ਸ੍ਰੀ ਮੁਕਤਸਰ ਸਾਹਿਬ ਦੇ ਪ੍ਰਿੰਸੀਪਲ, ਸੁਪਰਡੈਂਟ ਤੇ ਸਟਾਫ ਦੀ ਮਿਹਨਤ ਨੇ ਸਫਲਤਾ ਦੇ ਰਾਹ ਤੇ ਨਵਾਂ ਇਤਿਹਾਸ ਰਚਿਆ। ਚਾਂਸਲਰ ਡਾਕਟਰ ਜ਼ੋਰਾ ਸਿੰਘ ਨੇ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ, ਸ੍ਰੀ ਮੁਕਤਸਰ ਸਾਹਿਬ ਨੂੰ ਨਵੇਂ ਕੋਰਸ ਬੀ. ਫਾਰਮੇਸੀ ਦੀ ਮਾਨਤਾ ਮਿਲਣ ਤੇ ਪ੍ਰਿੰਸੀਪਲ, ਉਸਦੀ ਟੀਮ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਡਾਕਟਰ ਜ਼ੋਰਾ ਸਿੰਘ ਜੀ ਨੇ ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ, ਸ੍ਰੀ ਮੁਕਤਸਰ ਸਾਹਿਬ ਸਾਲ 2023 ਤੋਂ ਸ੍ਰੀ ਮੁਕਤਸਰ ਸਾਹਿਬ ਵਿੱਚ ਡੀ ਫਾਰਮੇਸੀ ਦੀ ਵਿੱਦਿਆ ਪ੍ਰਦਾਨ ਕਰਨ ਦੀ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ, ਜਿਸਦੇ ਚੱਲਦਿਆਂ ਇਸ ਸਾਲ ਫਾਰਮੇਸੀ ਕੌਂਸਿਲ, ਨਵੀਂ ਦਿੱਲੀ ਵੱਲੋਂ ਬੀ ਫਾਰਮੇਸੀ ਕੋਰਸ ਦੀ ਮਾਨਤਾ ਮਿਲ ਚੁੱਕੀ ਹੈ ਜੋ ਕਿ ਸਾਡੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ। ਉਹਨਾਂ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਅੱਜ ਅਸੀਂ ਸਫਲਤਾ ਦੀ ਰਾਹ ਤੇ ਇੱਕ ਨਵਾਂ ਇਤਿਹਾਸ ਰਚਿਆ ਹੈ।



ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਮੈਂ ਸ਼ੁਰੂ ਤੋਂ ਹੀ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ ਦੇ ਨਾਲ ਜੁੜਿਆ ਹੋਇਆ ਹਾਂ ਤੇ ਮੈਂ ਆਪਣੇ ਇਲਾਕੇ ਦੇ ਵਿਦਿਆਰਥੀਆਂ ਨੂੰ ਹਰੇਕ ਵਿੱਦਿਆ ਮੁਹੱਈਆ ਕਰਵਾ ਕੇ ਉਹਨਾਂ ਦਾ ਤੇ ਆਪਣੇ ਇਲਾਕੇ ਦਾ ਨਾਮ ਪੂਰੇ ਪੰਜਾਬ ਹੀ ਨਹੀਂ ਬਲਕਿ ਪੂਰੇ ਭਾਰਤ ਵਿੱਚ ਚਮਕਦੇ ਦੇਖਣਾ ਚਾਹੁੰਦਾ ਹਾਂ। ਉਨ੍ਹਾਂ ਦੱਸਿਆ ਕਿ ਦੇਸ਼ ਭਗਤ ਗਰੁੱਪ ਪਹਿਲਾ ਤੋਂ ਹੀ ਸ੍ਰੀ ਮੁਕਤਸਰ ਸਾਹਿਬ ਵਿਖੇ ਮੈਡੀਕਲ ਅਤੇ ਪੈਰਾ ਮੈਡੀਕਲ ਸਿੱਖਿਆ ਦੇ ਖੇਤਰ 'ਚ ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚੂਟ ਆਫ਼ ਨਰਸਿੰਗ ਤੇ ਪੈਰਾ ਮੈਡੀਕਲ ਸਾਇੰਸਸ , ਮੁੱਢਲੀ ਸਿੱਖਿਆ ਦੇ ਖੇਤਰ ਵਿੱਚ ਦੇਸ਼ ਭਗਤ ਗਲੋਬਲ ਸਕੂਲ, ਤਕਨੀਕੀ ਸਿੱਖਿਆ ਦੇ ਖੇਤਰ ਵਿੱਚ ਆਈ. ਟੀ. ਕੈਂਪਸ ਦੇ ਰਾਹੀਂ ਲੋਕਾਂ ਦੀ ਸੇਵਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਾਹਿਗੁਰ ਦੀ ਕਿਰਪਾ ਨਾਲ ਉਹ ਦਿਨ ਦੂਰ ਨਹੀਂ ਜਦ ਬੱਚਿਆਂ ਨੂੰ ਉਨ੍ਹਾਂ ਦੀ ਮਨਚਾਹੀ ਸਿੱਖਿਆ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ ਤੇ ਇੱਕ ਛੱਤ ਹੇਠ ਮਿਲੇਗੀ। ਇਸ ਮੌਕੇ ਪ੍ਰੋ. ਚਾਂਸਲਰ ਤੇਜਿੰਦਰ ਕੌਰ ਨੇ ਇੱਕ ਵਾਰ ਫਿਰ ਆਪਣੀ ਟੀਮ ਮੁਨੀਸ਼ ਜੋਸ਼ੀ ਪ੍ਰਿੰਸੀਪਲ, ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ਼ ਫਾਰਮੇਸੀ, ਸ੍ਰੀ ਮੁਕਤਸਰ ਸਾਹਿਬ, ਰੁਪਿੰਦਰ ਕੌਰ, ਪ੍ਰਿੰਸੀਪਲ, ਮਨਜਿੰਦਰ ਕੌਰ ਬਰਾੜ ਵਾਇਸ ਪ੍ਰਿੰਸੀਪਲ ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਟਿਊਟ ਆਫ਼ ਨਰਸਿੰਗ ਰੇ ਪੈਰਾ ਮੈਡੀਕਲ ਸਾਇੰਸਜ, ਸੰਜੀਵ ਜਿੰਦਲ, ਪ੍ਰਿੰਸੀਪਲ, ਦੇਸ਼ ਭਗਤ ਗਲੋਬਲ ਸਕੂਲ ਤੇ ਗਰੁੱਪ ਦੇ ਸੁਪਰਡੈਂਟ ਤੇ ਮੀਡੀਆ ਕੋਰਡੀਨੇਟਰ ਮੇਜਰ ਮਹਿਤਾ ਨੂੰ ਓਹਨਾ ਦੀ ਮਿਹਨਤ ਲਈ ਸ਼ਬਾਸ਼ੀ ਦਿੱਤੀ ਤੇ ਟੀਮ ਨੇ ਵੀਂ ਓਹਨਾ ਵਲੋਂ ਕੀਤੀ ਗਈ ਰਹਿਨੁਮਾਈ ਦਾ ਸ਼ੁਕਰੀਆ ਅਦਾ ਕੀਤਾ ਗਿਆ।

# ਅਜੈ ਸਿੰਗਲਾ ਬਣੇ ਟਰੱਕ ਯੂਨੀਅਨ ਦਿੜ੍ਹਬਾ ਦੇ ਪ੍ਰਧਾਨ ਨਿਯੁਕਤ



ਦਿੜ੍ਹਬਾ ਮੰਡੀ, 1 ਮਾਰਚ (ਸੁਖਵਿੰਦਰ ਸਿੰਘ ਵਿਰਕ): ਟਰੱਕ ਯੂਨੀਅਨ ਦਿੜ੍ਹਬਾ ਦੀ ਚੋਣ ਸ਼ਾਂਤਮਈ ਢੰਗ ਨਾਲ ਨੇਪਰੇ ਚੜ੍ਹ ਗਈ ਪੁਲਿਸ ਪ੍ਰਸ਼ਾਸਨ ਵੱਲੋਂ ਕਿਸੇ ਵੀ ਅਣਸਖਾਵੀਂ ਘਟਨਾ ਨੂੰ ਰੋਕਣ ਲਈ ਅਤੇ ਬਿਨਾਂ ਕਿਸੇ ਡਰ ਦੇ ਵੋਟ ਪਾਉਣ ਲਈ ਪੂਰੇ ਪ੍ਰਬੰਧ ਕੀਤੇ ਹੋਏ ਸਨ ਟਰੱਕ ਯੂਨੀਅਨ ਦੀ ਪ੍ਰਧਾਨਗੀ ਲਈ ਅਜੈ ਸਿੰਗਲਾ ਅਤੇ ਜਸਵੀਰ ਸਿੰਘ ਚੋਣ ਮੈਦਾਨ ਵਿੱਚ ਸਨ। ਟਰੱਕ ਯੂਨੀਅਨ ਦੇ 303 ਵੋਟਰਾਂ ਨੇ ਆਪਣੀ ਵੋਟ ਦਾ ਇਸਤੇਮਾਲ ਕੀਤਾ ਜਿਨਾਂ ਵਿੱਚੋਂ ਅਜੈ ਸਿੰਗਲਾ ਨੂੰ 182 ਵੋਟਾਂ ਮਿਲੀਆਂ ਜਸਵੀਰ ਸਿੰਘ ਨੂੰ 118 ਵੋਟਾਂ ਮਿਲੀਆਂ ਤੇ ਤਿੰਨ ਵੋਟਾਂ ਕੈਂਸਲ ਹੋ ਗਈਆਂ ਵੱਡੇ ਫਰਕ ਦੇ ਨਾਲ ਅਜੈ ਸਿੰਗਲਾ ਟਰੱਕ ਯੂਨੀਅਨ ਦਿੜ੍ਹਬਾ ਦੇ ਪ੍ਰਧਾਨ ਬਣ ਗਏ ਸਿੰਗਲਾ ਨੇ ਜਿੱਤ ਉਪਰੰਤ ਟਰੱਕ ਆਪਰੇਟਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਤੁਸਾਂ ਨੇ ਮੇਰੇ ਤੇ ਭਰੋਸਾ ਪ੍ਰਗਟ ਕੀਤਾ ਹੈ ਜਿਸ ਕਰਕੇ ਸਾਰੇ ਵੋਟਰਾਂ ਦਾ ਧੰਨਵਾਦ ਕਰਦਾ ਹਾਂ। ਜਿੱਤ ਦੀ ਖ਼ੁਸ਼ੀ ਵਿੱਚ ਟਰੱਕ ਯੂਨੀਅਨ ਦੇ ਵਿੱਚ ਲੱਡੂ ਵੀ ਵੰਡੇ ਗਏ।

# ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਸੜਕ ਨਿਰਮਾਣ ਸਬੰਧੀ ਸਥਿਤੀ ਦੱਸਣ ਲਈ ਪ੍ਰੈਸ ਕਾਨਫ਼ਰੰਸ

ਬੁਢਲਾਡਾ, 1 ਮਾਰਚ (ਜੀਵਨ ਕੁਮਾਰ): ਐਮ.ਐਲ.ਏ. ਦਫਤਰ ਬੁਢਲਾਡਾ ਵਿਖੇ ਪ੍ਰਿੰਸੀਪਲ ਬੁੱਧਰਾਮ ਸਾਬਾ ਵਲੋਂ ਰੱਖੀ ਗਈ ਪ੍ਰੈਸ ਕਾਨਫਰਸ ਵਿੱਚ ਹਲਕਾ ਬੁਢਲਾਡਾ ਵਿੱਚ 151 ਕਰੋੜ ਦੀ ਲਾਗਤ ਨਾਲ ਸੜਕਾਂ ਦੀ ਟੈਂਡਰ ਲੱਗਣ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕੀਤਾ ਤੇ ਪ੍ਰਿੰ. ਬੁੱਧਰਾਮ ਹਲਕਾ ਵਿਧਾਇਕ ਨੇ ਦੱਸਿਆ ਕਿ 66 ਸੜਕਾ ਦਾ ਕੰਮ ਪਿਛਲੇ 3 ਮਹੀਨਿਆਂ ਤੋ ਚੱਲ ਰਿਹਾ ਹੈ, ਜੋ 30 ਅਪ੍ਰੈਲ ਤੱਕ ਪੂਰਾ ਹੋ ਜਾਵੇਗਾ ਤੇ ਇਸੇ ਤਰ੍ਹਾਂ 77 ਸੜਕਾਂ ਤੇ ਫਿਰਨੀਆਂ ਦਾ ਹੁਣ 111 ਕਰੋੜ ਹੀ ਲਾਗਤ ਨਾਲ ਟੈਂਡਰ ਲੱਗ ਗਏ ਹਨ। ਜਲਦੀ ਇਹਨਾ ਦਾ ਕੰਮ ਸ਼ੁਰੂ ਕਰਕੇ ਇਲਾਕੇ ਵਾਸਤੇ ਬਹੁਤ ਵੱਡੀ ਖੁਸ਼ਖਬਰੀ ਦਿੱਤੀ। ਸੜਕਾ ਦਾ ਵੇਰਵਾ:- 1.ਜਵਾਰਕੇ ਰੋਡ ਤੋਂ ਕੁਲੈਹਿਰੀ ਫਿਰਨੀ 2.ਫਿਰਨੀ ਪਿੰਡ ਬੀਰੋਕੇ ਖੁਰਦ, 3 ਭੀਖੀ- ਬੁਢਲਾਡਾ ਰੋਡ ਤੋਂ ਬੋੜਾਵਾਲ ਫਫੜੇ ਭਾਈਕੇ 4.ਕਲੀਪੁਰ ਫਿਰਨੀ ਤੋਂ ਰਤੀਆਂ ਰੋਡ ਤੋਂ ਮਜਦੂਰਾਂ ਦਾ ਮੁਹੱਲਾ ਤੋਂ ਦਲੀਤ ਧਰਮਸ਼ਾਲਾ ਤੋਂ ਗੁਰਦੁਆਰਾ ਪਿੰਡ ਕਲੀਪੁਰ ਤੱਕ 5.ਫੂਲੂਵਾਲਾ ਡੋਡ ਫਿਰਨੀ ਤੋਂ ਦਰੀਆਪੁਰ 6. ਬਰ੍ਹੇ ਤੋਂ ਖਾਰਾ ਗੈਪ ਪੋਰਸ਼ਨ 7.ਭੀਖੀ ਤੋਂ ਬੀਰੋਕੇ ਕਲਾਂ ਤੋਂ ਗੁੜੱਦੀ ਤੋਂ ਬੀਰੋਕੇ ਕਲਾਂ ਫਿਰਨੀ ਗੁੜੱਦੀ 8.ਸ਼ੇਖੂਪੁਰ ਖੁਡਾਲ ਤੋ ਜਾਖਲ ਮੇਨ ਰੋਡ 9. ਫਿਰਨੀ ਤੋਂ ਮੱਲ ਸਿੰਘ ਵਾਲਾ 10 ਅੱਕਾਂਵਾਲੀ, ਦਲੇਲਵਾਲਾ, ਨੰਦਗੜ੍ਹ, ਮੋਫਰ ਤੋਂ ਹਰਿਆਣਾ ਬੋਡਰ 11. ਅੱਕਾਂਵਾਲੀ,ਦਲੇਲਵਾਲਾ,ਨੰਦਗੜ੍ਹ,ਮੋਫਰ ਤੋਂ ਹਰਿਆਣਾ ਬੋਡਰ 12.ਫਰੀਦਕੇ ਤੋਂ ਲੱਧਵਾਸ ਹਰਿਆਣਾ ਬੋਡਰ 13.ਗੁਰਦੁਆਰਾ ਸ੍ਰੀ ਅਕਾਲ ਕੁਟੀਆ ਸਾਹਿਬ ਵਿੱਦਿਆਲਾ ਰੱਤਾ ਖੇੜਾ ਤੋਂ ਗੁਰਦੁਆਰਾ ਬ੍ਰਹਮ ਬੰਗਾ ਸਾਹਿਬ ਪਿੰਡ ਦੋਦੜਾ 14.ਗੁਰਨੇ ਕਲਾਂ ਤੋਂ ਫਫੜੇ ਭਾਈਕੇ ਰੋਡ ਤੋਂ ਮਾਨਸਾ ਖੁਰਦ-ਕੋਟ ਲੱਲੂ-ਬੱਪੀਆਣਾ-ਫਫੜੇ ਭਾਈਕੇ-ਗੁਰਨੇ ਕਲਾਂ ਤੋਂ ਭੀਖੀ-ਬੁਢਲਾਡਾ ਰੋਡ 15.ਰੱਲੀ ਤੋਂ ਬੱਛੋਆਣਾ 16.ਬਰ੍ਹੇ ਤੋਂ ਖਾਰਾ 17.ਬਰ੍ਹੇ ਤੋਂ ਅਹਿਮਦਪੁਰ 18.ਬੋਹਾ-ਸੇਰਖਾਂ ਵਾਲਾ-ਮੰਘਾਣੀਆਂ-ਤੋਂ ਰਿਉਂਦ ਕਲਾਂ 19.ਫਿਰਨੀ ਪਿੰਡ ਮੰਢਾਲੀ 20.ਕੁਲੇਹਿਰੀ ਤੋਂ ਹਸਨਪੁਰ 21.ਰੰਘੜਿਆਲ ਤੋ ਜੀਤਸਰ 22.ਫਿਰਨੀ ਤੋਂ ਰੰਘੜਿਆਲ 23.ਬੁਢਲਾਡਾ-ਜਾਖਲ ਰੋਡ ਤੋਂ ਦਰੀਆਪੁਰ-ਖੱਤਰੀਵਾਲਾ-ਰੰਘੜਿਆਲ 24.ਬੁਢਲਾਡਾ-ਜਾਖਲ ਰੋਡ ਤੋਂ ਰੰਘੜਿਆਲ 25.ਧਰਮਸ਼ਾਲਾ ਤੋ ਰੇਲਵੇ ਕਰੋਸਿੰਗ 26.ਕਾਹਨਗੜ੍ਹ ਤੋ ਰੇਲਵੇ ਕਰੋਸਿੰਗ 27.ਮੇਨ ਰੋਡ ਤੋਂ ਅਕਾਲ ਅੰਕੈਡਮੀ ਮੰਡੇਰ 28.ਟੋਡਰਪੁਰ ਕਰੋਸਿੰਗ ਤੋਂ ਸੈਦੇਵਾਲਾ 29.ਭਾਵਾ ਤੋ ਹਰਿਆਣਾ ਬੋਡਰ 30.ਕੁਲਰੀਆਂ ਤੋ ਬਬਨਪੁਰ ਅਪਟੂ ਹਰਿਆਣਾ ਬੋਡਰ 31.ਫਿਰਨੀ ਪਿੰਡ ਕੁੱਲਰੀਆਂ 32.ਕੁੱਲਰੀਆਂ ਤੋ ਗੋਰਖਨਾਥ ਅਪਟੂ ਹਰਿਆਣਾ ਬੋਡਰ 33.ਗੋਰਖਨਾਥ ਤੋਂ ਚੰਦਪੁਰ ਅਪਟੂ ਹਰਿਆਣਾ ਬੋਡਰ 34.ਫਿਰਨੀ ਪਿੰਡ ਮੰਡੇਰ 35.ਲੱਖੀਵਾਲਾ ਤੋਂ ਤਾਲਬਵਾਲਾ +ਫਿਰਨੀ ਪਿੰਡ ਲੱਖੀਵਾਲਾ ਪਿੰਡ ਤਾਲਬਵਾਲਾ ਤੋਂ ਸਮਾਧ 36.ਮੰਘਾਣੀਆਂ ਤੋਂ ਰਿਉਂਦ ਕਲਾਂ-ਬੀਰੇਵਾਲਾ ਡੋਗਰਾ-ਚੱਕ ਅਲੀਸੇਰ-ਭਾਵਾ (ਸਹੀਦ ਗੁਰਤੇਜ ਸਿੰਘ ਮਾਰਗ) 37.ਉੱਡਤ ਸੈਦੇਵਾਲਾ-ਮਲਕੋਂ-ਨੰਦਗੜ੍ਹ-ਦਾਨੇਵਾਲਾ 38.ਆਲਮਪੁਰ ਮੰਦਰਾਂ ਤੋਂ ਲੱਧੂਵਾਸ ਹਰਿਆਣਾ ਬੋਡਰ 39.ਆਲਮਪੁਰ ਮੰਦਰਾਂ ਤੋਂ ਬੋਹਾ 40.ਟਾਹਲੀਆਂ ਤੋ ਕਾਸ਼ਿਮਪੁਰ ਛੀਨਾਂ 41.ਰਾਮਨਗਰ ਭੱਠਲਾਂ ਤੋਂ ਰਾਮਪੁਰ ਮੰਡੇਰ 42.ਚੱਕ ਅਲੀਸੇਰ-ਰਿਉਂਦ ਕਲਾਂ ਰੋਡ ਤੋਂ ਦਸਮੇਸ਼ ਨਗਰ 43.ਗੰਢੂ ਖੁਰਦ ਤੋਂ ਰਿਉਂਦ ਕਲਾਂ 44.ਫੁੱਲੂਵਾਲਾ ਡੋਗਰਾ-ਮੱਲ ਸਿੰਘ ਵਾਲਾ-ਕਾਸ਼ਿਮਪੁਰ ਛੀਨਾਂ 45. ਸੈਦੇਵਾਲਾ ਤੋਂ ਮੰਘਾਣੀਆਂ 46.ਬੀਰੇਵਾਲਾ ਡੋਗਰਾ ਮਹਿਮਾਂ ਤੋਂ ਅਪਟੂ ਹਰਿਆਣਾ ਬੋਡਰ 47.ਫਿਰਨੀ ਪਿੰਡ ਤਾਲਬਵਾਲਾ 48.ਫਿਰਨੀ ਅੱਕਾਂਵਾਲੀ ਤੋਂ ਗੁਰਦੁਆਰਾ ਸਾਹਿਬ 49.ਗੁਰਨੇ ਖੁਰਦ ਤੋਂ ਗੁਰਨੇ ਕਲਾਂ ਗੋਰਮਿਟ ਸਕੂਲ 50.ਗੁਰਨੇ ਖੁਰਦ ਤੋਂ ਅਹਿਮਦਪੁਰ 51.ਫੂਲੂਵਾਲਾ ਡੋਡ ਤੋਂ ਰੇਲਵੇ ਸਟੇਸ਼ਨ ਦਾਤੇਵਾਸ 52.ਭਾਦੜੇ ਤੋਂ ਫਲੇੜਾ 53.ਰਾਮਗੜ੍ਹ ਦਰੀਆਪੁਰ ਤੋਂ ਕੁਲਾਣਾ ਮੰਦਰ 54.ਭੀਖੀ ਬੁਢਲਾਡਾ ਰੋਡ ਤੇ ਬੋੜਾਵਾਲਾ ਗੁਰਦੁਆਰਾ ਸਾਹਿਬ 55.ਫਿਰਨੀ ਦਾਤੇਵਾਸ 56.ਫਿਰਨੀ ਬਰ੍ਹੇ ਤੋਂ ਗੁਰਦੁਆਰਾ ਸਾਹਿਬ 57.ਬੁਢਲਾਡਾ ਰਤੀਆ ਰੋਡ ਤੋਂ ਬਰ੍ਹੇ ਫਿਰਨੀ 58.ਭਾਦੜੇ ਤੋਂ ਰੱਤਾ ਖੇੜਾ 59.ਰੇਸਟ ਹਾਉਸ ਬੁਢਲਾਡਾ-ਬੱਛੋਆਣਾ-ਦੋਦੜਾ-ਭਾਦੜਾ-ਜਖੇਪਲ 60.ਬੁਢਲਾਡਾ-ਕੁਲਾਣਾ-ਸਤੀਕੇ-ਸੈਦੇਵਾਲਾ 61.ਕੁਲਾਣਾ ਤੋਂ ਰਾਮਪੁਰ ਮੰਡੇਰ 62.ਸ਼ੇਖੂਪੁਰ ਖੁਡਾਲ ਤੋਂ ਅਕਬਰਪੁਰ ਖੁਡਾਲ ਤੋਂ ਆਲਮਪੁਰ 63.ਕਾਹਨਗੜ੍ਹ ਤੋਂ ਕੁਲਰੀਆਂ 64.ਕਾਹਨਗੜ੍ਹ ਤੋਂ ਕਾਲੀਆਂ ਅਪਟੂ ਬੋਡਰ 65. ਕਿਸ਼ਨਗੜ੍ਹ ਤੋਂ ਕੋਟਰਾ ਬੋਨਡਰੀ 66.ਅਕਬਰਪੁਰ ਖੁਡਾਲ ਤੋਂ ਗੁਰਦੁਆਰਾ ਸਾਹਿਬ-ਪੰਚਾਇਤ ਘਰ-ਮੰਦਰ 67.ਕਿਸ਼ਨਗੜ੍ਹ ਤੋਂ ਡਸਕਾ ਬੋਨਡਰੀ 68.ਬਹਾਦਰ ਪੁਰ ਤੋਂ ਡਸਕਾ 69. ਬੁਢਲਾਡਾ ਜਾਖਲ ਰੋਡ ਤੋਂ ਚੱਕ ਭਾਈਕੇ-ਜੀਤਗੜ੍ਹ-ਬੀਰੋਕੇ ਕਲਾਂ-ਦਲੇਵਾ 70.ਪਿਪਲੀਆਂ ਤੋਂ ਹੀਰੇਵਾਲਾ 71.ਮੰਢਾਲੀ ਤੋਂ ਪਿਪਲੀਆਂ 72.ਮਾਨਸਾ-ਪਿਪਲੀਆਂ-ਬਰ੍ਹੇ-ਮੱਲ ਸਿੰਘ ਵਾਲਾ 73.ਫਿਰਨੀ ਸੇਰਖਾਂਵਾਲਾ ਤੋਂ ਸੈਦੇਵਾਲਾ 74.ਚੱਕ ਅਲੀਸੇਰ ਤੋਂ ਰਿਉਂਦ ਕਲਾਂ 75.ਚੱਕ ਅਲੀਸੇਰ ਤੋਂ ਹਰਿਆਣਾ ਬੋਡਰ 76.ਚੱਕ ਅਲੀਸੇਰ ਤੋਂ ਭਖੜਿਆਲ 77.ਫਿਰਨੀ ਚੱਕ ਅਲੀਸੇਰ!ਪ੍ਰੈਸ ਕਾਨਫਰੰਸ ਵਿੱਚ ਰਣਜੀਤ ਸਿੰਘ ਚੇਅਰਮੈਨ, ਸੋਹਣਾ ਸਿੰਘ ਚੇਅਰਮੈਨ, ਸੁਭਾਸ਼ ਨਾਗਪਾਲ , ਹਰਵਿੰਦਰ ਸੇਖੋ ਅਤੇ ਕੁਲਦੀਪ ਸ਼ੀਮਾਰ ਵੀ ਹਾਜ਼ਰ ਸਨ।



# ਮੁਫ਼ਤ ਡਾਕਟਰੀ ਕੈਂਪ 'ਚ 106 ਲੋੜਵੰਦ ਵਿਅਕਤੀਆਂ ਦੀ ਜਾਂਚ ਤੇ ਦਿੱਤੀ ਦਵਾਈ

ਲਹਿਰਾਗਾਗਾ, 1 ਮਾਰਚ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਬੇਸਹਾਰਾ ਜੀਵ ਜੰਤੂ ਵੈਲਫੇਅਰ ਸੁਸਾਇਟੀ ਤੇ ਜੈ ਸ੍ਰੀ ਮਹਾਂਕਾਲੀ ਮੰਦਿਰ ਕਮੇਟੀ ਵਲੋਂ ਰਾਜੀਵ ਕੁਮਾਰ ਦਿੜ੍ਹਬਾ ਦੇ ਸਹਿਯੋਗ ਨਾਲ ਉਹਨਾਂ ਦੇ ਬੇਟੇ ਮਾਨਿਕ ਗਰਗ ਦੇ ਜਨਮਦਿਨ ਦੀ ਖੁਸ਼ੀ ਵਿੱਚ ਪ੍ਰਧਾਨ ਰਕੇਸ਼ ਕੁਮਾਰ ਬਾਂਸਲ ਤੇ ਰਾਜ ਸ਼ਰਮਾ ਦੀ ਪ੍ਰਧਾਨਗੀ ਵਿੱਚ ਹਫਤਾਵਾਰ ਚੈਰੀਟੇਬਲ ਮੈਡੀਕਲ ਕੈਂਪ ਤੇ ਦਵਾਈਆਂ ਦਾ ਲੰਗਰ ਲਗਾਇਆ ਗਿਆ। ਜਿਸ ਮੌਕੇ ਉਹਨਾਂ ਦੇ ਭਰਾ ਜੀਵਨ ਕੁਮਾਰ ਤੇ ਉਹਨਾਂ ਦੀ ਮਾਤਾ ਜੀ ਨੇ ਕੈਂਪ ਵਿੱਚ ਸ਼ਿਰਕਤ ਕੀਤੀ। ਅੱਜ ਦੇ ਇਸ ਕੈਂਪ ਵਿਚ ਡਾਕਟਰ ਡਾ. ਨਿਕੁੰਜ ਗੁਪਤਾ (ਐਮ.ਐੱਸ. ਓਰਥੋ), ਡਾ. ਅਕਾਸ਼ਦੀਪ (ਮੈਡੀਕਲ ਓਫਿਸਰ) ਅਤੇ ਜਾਨਣਾ ਰੋਗਾਂ ਦੇ ਮਾਹਿਰ ਡਾ. ਨੀਲਮ ਸਿੱਧੂ (ਐੱਮ.ਬੀ.ਬੀ.ਐੱਸ., ਡੀ.ਜੀ.ਓ.) ਦੁਆਰਾ 106 ਲੋੜਵੰਦ ਮਰੀਜਾਂ ਦਾ ਚੈੱਕਅਪ ਕੀਤਾ ਗਿਆ ਅਤੇ ਕੈਂਪ ਵਿੱਚ ਮੁਫ਼ਤ ਦਵਾਈ ਵੀ ਦਿੱਤੀ ਗਈ।



ਇਸ ਕੈਂਪ ਵਿੱਚ ਦੁਰਲੱਭ ਸਿੱਧੂ (ਪੀ.ਪੀ.ਸੀ.ਸੀ. ਮੈਂਬਰ) ਤੇ ਪ੍ਰੈਸ ਕਲੱਬ ਲਹਿਰਾ ਤੋਂ ਚੇਅਰਮੈਨ ਦੀਪੂ ਗਰਗ, ਪ੍ਰਧਾਨ ਅਨਿਲ ਜੈਨ, ਰਾਜ ਸਿੰਗਲਾ, ਸੁਰੇਸ਼ ਜਵਾਹਰਵਾਲਾ ਨੇ ਵੀ ਉਚੇਚੇ ਤੌਰ ਤੇ ਸ਼ਿਰਕਤ ਕੀਤੀ ਇਸ ਤੋਂ ਇਲਾਵਾ ਇਹ ਸੰਸਥਾ ਦੁਆਰਾ ਹਰ ਰੋਜ਼ ਜ਼ਖ਼ਮੀ ਬੇਸਹਾਰਾ ਜਾਨਵਰਾਂ ਦਾ ਇਲਾਜ ਵੀ ਕੀਤਾ ਜਾਂਦਾ ਹੈ। ਇਹਨਾਂ ਸੰਸਥਾਵਾਂ ਦੁਆਰਾ ਲਾਇਫ਼ ਕੇਅਰ ਲੈਬੋਰੇਟਰੀ ਦਾ ਕਲੈਕਸ਼ਨ ਸੈਂਟਰ ਵੀ ਖੋਲ੍ਹਿਆ ਗਿਆ ਹੈ ਜਿਸ ਵਿੱਚ ਬਜ਼ਾਰ ਨਾਲੋਂ ਬਹੁਤ ਹੀ ਘੱਟ ਰੇਟਾਂ ਤੇ ਲੈਬ ਟੈਸਟ ਕੀਤੇ ਜਾਂਦੇ ਹਨ। ਇਸ ਮੌਕੇ ਸੰਸਥਾ ਦੇ ਅਸ਼ੋਕ ਜਿੰਦਲ (ਸੈਕਰੇਟਰੀ), ਸੂਰਜ ਲੈਬ ਟੈਕਨੀਸ਼ੀਅਨ, ਕਪਿਲ ਸਿੰਗਲਾ ਐੱਮ ਫਾਰਮਾ, ਸੁਨੀਲ ਰਿੰਕੂ ਡ੍ਰੈਸ, ਰਿਸ਼ਵ ਸਿੰਗਲਾ, ਸੁਸ਼ੀਲ ਕੁਮਾਰ ਸ਼ੀਲਾ, ਮਹੇਸ਼ ਕੁਮਾਰ ਮੇਸ਼ੀ, ਜਤਿੰਦਰ ਰਿੰਕਾ, ਰੋਹਿਤ ਸਿੰਗਲਾ, ਕੁਲਭੂਸ਼ਣ (ਕੈਸ਼ੀਅਰ), ਕ੍ਰਿਸ਼ਨ ਸਿੰਗਲਾ, ਬਿੰਦਰ ਸਿੰਘ ਭੁਟਾਲ ਤੇ ਹੋਰ ਮੈਂਬਰ ਵੀ ਹਾਜ਼ਰ ਰਹੇ।

# ਨਰਮੇ ਦੀ ਫ਼ਸਲ 'ਚ ਗੁਲਾਬੀ ਸੁੰਡੀ ਦੀ ਰੋਕਥਾਮ ਬਾਰੇ ਜਾਗਰੂਕਤਾ ਕੈਂਪ

ਬਠਿੰਡਾ, 1 ਮਾਰਚ (ਸਵਰਨ ਸਿੰਘ ਭਗਤਾ): ਖੇਤਰੀ ਖੋਜ ਕੇਂਦਰ ਬਠਿੰਡਾ ਤੇ ਆਈ.ਸੀ.ਏ.ਆਰ.-ਸੀ.ਆਈ.ਸੀ.ਆਰ.ਆਰ.ਐਸ., ਸਿਰਸਾ ਵੱਲੋਂ ਪਿੰਡ ਜੋਧਪੁਰ ਰੋਮਾਣਾ (ਜ਼ਿਲ੍ਹਾ ਬਠਿੰਡਾ) ਵਿਖੇ ਨਰਮੇ ਦੀ ਫ਼ਸਲ ਵਿੱਚ ਗੁਲਾਬੀ ਸੁੰਡੀ ਤੇ ਹੋਰ ਸਮੱਸਿਆਵਾਂ ਦੀ ਰੋਕਥਾਮ ਸਬੰਧੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਵਿੱਚ 100 ਤੋਂ ਵੱਧ ਕਿਸਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਖੇਤਰੀ ਖੋਜ ਕੇਂਦਰ ਬਠਿੰਡਾ ਦੇ ਡਾਇਰੈਕਟਰ ਡਾ. ਕਰਮਜੀਤ ਸਿੰਘ ਸੇਖੋਂ ਸਮੇਤ ਰਿਸਰਚ ਸਟੇਸ਼ਨ, ਬਠਿੰਡਾ ਦੇ ਵੱਖ-ਵੱਖ ਵਿਗਿਆਨੀਆਂ ਨੇ ਸ਼ਿਰਕਤ ਕੀਤੀ। ਡਾ. ਸੇਖੋਂ ਨੇ ਨਰਮੇ ਦੀ ਫ਼ਸਲ ਤੋਂ ਵੱਧ ਝਾੜ ਪ੍ਰਾਪਤ ਕਰਨ ਲਈ ਅਧੁਨਿਕ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਤੇ ਖੇਤੀ ਨੂੰ ਲਾਭਕਾਰੀ ਬਣਾਉਣ ਦੇ ਤਰੀਕੇ ਸਾਂਝੇ ਕੀਤੇ। ਉਨ੍ਹਾਂ ਨੌਜਵਾਨਾਂ ਦਾ ਖੇਤੀ ਵਲ ਰੁਝਾਨ ਵਧਾਉਣ ਲਈ ਤੇ ਆਧੁਨਿਕ ਢੰਗ ਅਪਣਾਕੇ ਵੱਧ ਮੁਨਾਫਾ ਕਮਾਉਣ ਲਈ ਪ੍ਰੇਰਿਤ ਕੀਤਾ। ਡਾ. ਹਰਜੀਤ ਸਿੰਘ ਬਰਾੜ ਨੇ ਨਰਮੇ ਦੀ ਬੀਜਾਈ ਤੇ ਸਹੀ ਸੰਭਾਲ ਸਬੰਧੀ ਤਕਨੀਕੀ ਜਾਣਕਾਰੀ ਸਾਂਝੀ ਕੀਤੀ। ਇਸੇ ਤਰ੍ਹਾਂ ਡਾ. ਸੁਖਦੀਪ ਕੌਰ ਅਤੇ ਡਾ. ਗੋਮਤੀ ਗਰੇਵਰ ਨੇ ਕਿਸਾਨ ਭਰਾਵਾਂ ਨੂੰ ਨਰਮੇ ਦੀ ਫ਼ਸਲ ਲਈ ਤਿਆਰ ਕੀਤੇ ਗਏ ਨਵੇਂ ਤੇ ਉੱਚ ਕੁਆਲਟੀ ਵਾਲੇ ਬੀਜਾਂ ਬਾਰੇ ਜਾਣਕਾਰੀ ਦਿੱਤੀ। ਐਂਟੋਮੋਲੋਜਿਸਟ ਡਾ. ਜਸਜਿੰਦਰ ਕੌਰ ਨੇ ਨਰਮੇ ਦੀ ਫ਼ਸਲ ਵਿੱਚ ਕੀੜੇ-ਮਕੌੜਿਆਂ ਦੀ ਰੋਕਥਾਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਚਿੱਟੀ ਮੱਖੀ ਦੇ ਹਮਲੇ ਤੋਂ ਬਚਾਅ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋਂ ਸਿਫਾਰਿਸ਼ ਕੀਤੇ ਕੀਟਨਾਸ਼ਕ ਵਰਤਣ ਦੀ ਸਲਾਹ ਦਿੱਤੀ।



ਇਸੇ ਤਰ੍ਹਾਂ ਐਂਟੋਮੋਲੋਜਿਸਟ ਡਾ. ਜਸਰੀਤ ਕੌਰ ਨੇ ਗੁਲਾਬੀ ਸੁੰਡੀ ਦੀ ਰੋਕਥਾਮ ਲਈ ਸਿਫਾਰਿਸ਼ਸ਼ੁਦਾ ਕੀਟਨਾਸ਼ਕਾਂ ਦੇ ਸਹੀ ਤੇ ਸਮੇਂ ਸਿਰ ਇਸਤੇਮਾਲ ਦੇ ਨਾਲ-ਨਾਲ ਨਿਯਮਿਤ ਸਰਵੇਖਣ ਕਰਨ, ਸਪਲੈਟ ਤਕਨੀਕ, ਪੀ.ਬੀ. ਨਾਟ ਤੇ ਹੋਰ ਪ੍ਰਭਾਵਸ਼ਾਲੀ ਢੰਗਾਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਪੌਦ ਰੋਗ ਵਿਗਿਆਨੀ ਡਾ. ਰੁਪੇਸ਼ ਅਰੋੜਾ ਨੇ ਨਰਮੇ ਦੀ ਫ਼ਸਲ ਵਿੱਚ ਆ ਰਹੀਆਂ ਵੱਖ-ਵੱਖ ਬਿਮਾਰੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਤੇ ਕਿਸਾਨਾਂ ਨੂੰ ਉਨ੍ਹਾਂ ਦੀ ਸਮੇਂ ਸਿਰ ਪਹਿਚਾਣ ਤੇ ਠੀਕ ਰੋਕਥਾਮ ਦੇ ਤਰੀਕਿਆਂ ਬਾਰੇ ਵੀ ਜਾਗਰੂਕ ਕੀਤਾ। ਕਿਸਾਨ ਭਲਾਈ ਵਿਭਾਗ ਬਠਿੰਡਾ ਦੇ ਅਧਿਕਾਰੀ ਡਾ. ਹਰਜਸ ਸ਼ਰਮਾ (ਖੇਤੀਬਾੜੀ ਅਫ਼ਸਰ) ਨੇ ਕਿਸਾਨਾਂ ਨੂੰ ਨਰਮੇ ਦੀਆਂ ਛਟੀਆਂ ਦੇ ਢੇਰਾਂ ਨੂੰ ਪਲਟਣ ਤੇ ਛਟੀਆਂ ਨੂੰ ਝਾੜ ਕੇ ਰੱਖਣ ਦੀ ਅਪੀਲ ਕੀਤੀ, ਤਾਂ ਜੋ ਅਧਖਿੜੇ ਟੀਂਡਿਆਂ 'ਚ ਮੌਜੂਦ ਗੁਲਾਬੀ ਸੁੰਡੀ ਦੇ ਲਾਰਵੇ ਨਸ਼ਟ ਕੀਤੇ ਜਾ ਸਕਣ। ਇਸ ਦੌਰਾਨ ਖੇਤੀਬਾੜੀ ਵਿਭਾਗ ਵੱਲੋਂ ਚੱਲ ਰਹੀਆਂ ਵੱਖ-ਵੱਖ ਸਰਕਾਰੀ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਵਿਗਿਆਨੀਆਂ ਵੱਲੋਂ ਕੈਂਪ ਵਿੱਚ ਸ਼ਾਮਲ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਜਾਰੀ ਰੱਖਣ ਦਾ ਭਰੋਸਾ ਦਿੱਤਾ ਗਿਆ।

# "ਯੁੱਧ ਨਸ਼ਿਆਂ ਵਿਰੁੱਧ" ਚਲਾਈ ਮੁਹਿੰਮ ਤਹਿਤ 1 ਮੁਕੱਦਮਾ ਦਰਜ ਤੇ ਇੱਕ ਮੁਲਜ਼ਮ ਕਾਬੂ

ਮੂਨਕ, 1 ਮਾਰਚ (ਸਮਸ਼ੇਰ ਸਿੰਘਭੁਟਾਲ): ਐਸ.ਐਸ.ਪੀ. ਸੰਗਰੂਰ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਸਬ ਡਵੀਜਨ ਮੂਨਕ ਪੁਲਿਸ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਤੇ "ਪਿੰਡਾਂ ਦੇ ਪਹਿਰੇਦਾਰ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 22.02.2026 ਤੋਂ 01.03.2026 ਤੱਕ ਇੱਕ ਮੁਕੱਦਮਾ ਦਰਜ ਕਰਕੇ ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ ਨਸ਼ੇ ਦੀ ਦਲਦਲ ਵਿੱਚ ਫਸੇ 15 ਵਿਅਕਤੀਆਂ ਨੂੰ ਹਸਪਤਾਲ ਵਿੱਚ ਦਵਾਈ ਦਿਵਾਈ ਗਈ। ਇਸ ਤੋ ਇਲਾਵਾ ਮਿਤੀ 24/25-11-2025 ਦੀ ਦਰਮਿਆਨੀ ਰਾਤ ਨੂੰ ਪਿੰਡ ਰਾਮਗੜ ਗੁੱਜਰਾ ਦੇ ਖੇਤ ਵਿੱਚ ਕ੍ਰਿਸ਼ਨ ਸਿੰਘ ਦੀ ਲਾਸ਼ ਮਿਲੀ ਸੀ ਜਿਸ ਦਾ ਪਰਿਵਾਰ ਨੇ ਕੁਦਰਤੀ ਮੌਤ ਸਮਝ ਕੇ ਮ੍ਰਿਤਕ ਕ੍ਰਿਸ਼ਨ ਸਿੰਘ ਦਾ ਸੰਸਕਾਰ ਕਰ ਦਿੱਤਾ ਸੀ। ਬਾਅਦ ਵਿੱਚ ਮ੍ਰਿਤਕ ਕ੍ਰਿਸ਼ਨ ਸਿੰਘ ਦੇ ਵਾਰਸਾਂ ਨੂੰ ਸ਼ੱਕ ਹੋਣ ਤੇ ਪੜਤਾਲ ਕਰਨ ਉਪਰੰਤ ਥਾਣਾ ਖਨੌਰੀ ਵਿਖੇ ਮੁਕੱਦਮਾ ਨੰਬਰ 18 ਮਿਤੀ 22.02.2026 ਅ/ਧ 103, 3(5) ਬੀ.ਐਨ.ਐਸ ਥਾਣਾ ਖਨੌਰੀ ਬਰਖਿਲਾਫ ਸੋਨੂ ਪੁੱਤਰ ਮਦਨ ਲਾਲ ਤੇ ਗੁਰਪ੍ਰੀਤ ਸਿੰਘ ਉਰਫ ਸੋਨੀ ਪੁੱਤਰ ਸਹੇਲਾ ਰਾਮ ਵਾਸੀਆਨ ਰਾਮਗੜ੍ਹ ਗੁੱਜਰਾਂ ਦੇ ਖਿਲਾਫ ਦਰਜ ਕਰਕੇ ਤਫਤੀਸ ਦੌਰਾਨ ਇਸ ਕਤਲ ਨੂੰ ਟਰੇਸ ਕਰਦੇ ਹੋਏ ਮੁਲਜ਼ਮ ਸੋਨੂੰ ਨੂੰ ਮਿਤੀ 22.02.2026 ਨੂੰ ਗ੍ਰਿਫਤਾਰ ਕਰਕੇ ਅੰਨੇ ਕਤਲ ਦੀ ਗੁੱਥੀ ਨੂੰ ਸੁਲਝਾਉਣ ਵਿੱਚ ਕਾਮਯਾਬੀ ਹਾਸਲ ਕੀਤੀ ਹੈ।

ਇਸ ਤੋਂ ਇਲਾਵਾ ਮਿਤੀ 27.02.2026 ਨੂੰ ਪਿੰਡ ਭਾਠੂਆ ਵਿਖੇ ਘਰ ਵਿੱਚੋਂ ਕਿਸੇ ਨਾ ਮਾਲੂਮ ਵਿਅਕਤੀ ਵੱਲੋਂ ਕਰੀਬ ਸਾਢੇ 4 ਲੱਖ ਰੁਪਏ ਦੀ ਚੋਰੀ ਕੀਤੀ ਗਈ। ਜਿਸਨੂੰ ਮੁੱਖ ਅਫਸਰ ਵੱਲੋਂ 24 ਘੰਟਿਆਂ ਵਿੱਚ ਟਰੇਸ ਕਰਦੇ ਹੋਏ ਥਾਣਾ ਮੂਨਕ ਵਿਖੇ ਮੁਕੱਦਮਾ ਨੰਬਰ 32 ਮਿਤੀ 27.02.2026 ਅ/ਧ 331(3), 305 ਬੀ.ਐਨ.ਐਸ ਦਰਜ ਰਜਿਸਟਰ ਕਰਵਾਕੇ ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਚੋਰੀ ਕੀਤੇ ਪੈਸਿਆਂ ਵਿੱਚੋਂ ਕਰੀਬ 4 ਲੱਖ 300 ਰੁਪਏ ਬ੍ਰਾਮਦ ਕਰਵਾਏ ਗਏ। ਇਸ ਤੋ ਇਲਾਵਾ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ 115 ਟਰੈਫਿਕ ਚਲਾਣ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 33 ਵਿਅਕਤੀਆਂ ਵਿਰੁੱਧ 172 BNSS ਤਹਿਤ ਕਾਰਵਾਈ ਕੀਤੀ ਗਈ ਅਤੇ 05 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ ਤੇ ਮੋਹਤਵਰ ਵਿਅਕਤੀਆਂ ਨਾਲ ਮੀਟਿੰਗਾਂ ਕਰਕੇ ਲੋਕਾਂ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

# ਹੋਲੇ ਮਹੱਲੇ ਨੂੰ ਸਮਰਪਿਤ ਪੰਜ ਰੋਜ਼ਾ ਗੁਰੂ ਕਾ ਲੰਗਰ ਲਗਾਇਆ



ਬਟਾਲਾ,1 ਮਾਰਚ (ਸੁਖਦੇਵ ਸਿੰਘ ਰੰਧਾਵਾ ਬਲਵੀਰ ਸੋਹਲ) ਸਿੱਖਾਂ ਦੇ ਕੌਮੀ ਇਤਿਹਾਸ ਹੋਲੇ ਮਹੱਲੇ ਨੂੰ ਪੂਰੀ ਸ਼ਰਧਾ ਭਾਵਨਾ ਨਾਲ ਮਨਾਉਣ ਲਈ ਸੰਗਤ ਨੇ ਸ੍ਰੀ ਆਨੰਦਪੁਰ ਸਾਹਿਬ ਵੱਲ ਚਾਲੇ ਪਾ ਦਿੱਤੇ ਹਨ। ਸ੍ਰੀ ਆਨੰਦਪੁਰ ਸਾਹਿਬ ਤੇ ਅਤੇ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਨੂੰ ਜਾ ਰਹੀਆਂ ਸੰਗਤਾਂ ਲਈ ਹਰ ਸਾਲ ਦੀ ਤਰ੍ਹਾਂ ਪਿੰਡ ਕਾਲੀਆਂ ਦੀ ਸਮੂਹ ਸਾਧ ਸੰਗਤਾਂ ਵੱਲੋਂ ਹੋਲੇ ਮਹੱਲੇ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਪੰਜ ਰੋਜ਼ਾ ਗੁਰੂ ਕਾ ਲੰਗਰ ਲਗਾਇਆ। ਜਿਨਾਂ ਦੀ ਆਰੰਭਤਾ ਅਰਦਾਸ ਉਪਰੰਤ ਹੋਈ ਸੰਗਤਾਂ ਦੇ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਪਕਾਏ ਜਾ ਰਹੇ ਹਨ ਤੇ ਲੰਗਰ ਵਿੱਚ ਖਾਸ ਕਰਕੇ ਪਿੰਡਾਂ ਦੀਆਂ ਸੰਗਤਾਂ ਉਤਸਾਹ ਤੇ ਬੜੀ ਸ਼ਰਧਾ ਭਾਵਨਾ ਨਾਲ ਸੇਵਾ ਨਿਭਾਈ ਰਹੀਆਂ ਹਨ।ਜਿਹਨਾਂ ਵਿਚ ਭਾਈ ਕੁਲਵਿੰਦਰ ਸਿੰਘ ਭਾਈ ਸਤਨਾਮ ਸਿੰਘ ਬਾਜਵਾ ਭਾਈ ਸੁਖਦੇਵ ਸਿੰਘ ਭੁੱਲਰ ਭਾਈ ਸੁਖਵਿੰਦਰ ਸਿੰਘ ਧਰਮੀ ਫੌਜੀ ਭਾਈ ਬਲਵਿੰਦਰ ਸਿੰਘ ©♣9 ਭਾਈ ਸੁਖਦੇਵ ਸਿੰਘ ਰੰਧਾਵਾ ਭਾਈ ਸੁਖਦੇਵ ਸਿੰਘ ਪੱਡਾ ਭਾਈ ਕਸ਼ਮੀਰ ਸਿੰਘ ਲੌਂਗੋਵਾਲ ਬਾਬਾ ਬਲਕਾਰ ਸਿੰਘ ਬਾਜਵਾ ਆਦਿ ਸ਼ਾਮਿਲ ਸਨ

# ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਡਾ. ਜੇਤਿੰਦਰ ਸਿੰਘ ਸ਼ੰਟੀ

## ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਬਣਾਏ ਜਾਣਗੇ ਜ਼ਿਲ੍ਹਾ ਪੱਧਰੀ ਕੋਰ ਗਰੁੱਪ

ਫ਼ਤਹਿਗੜ੍ਹ ਸਾਹਿਬ, 1 ਮਾਰਚ, (ਹਰਪ੍ਰੀਤ ਕੌਰ ਟਿਵਾਣਾ) ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਰਾਜ ਅੰਦਰ ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਉਲੰਘਣਾ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਨਿਰੰਤਰ ਕਾਰਵਾਈ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਪੰਜਾਬ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਅੱਜ ਸਥਾਨਕ ਬਚਤ ਭਵਨ ਵਿਖੇ ਅਧਿਕਾਰੀਆਂ, ਸਮਾਜ ਸੇਵੀਆਂ, ਸਰਪੰਚਾਂ ਅਤੇ ਹੋਰਨਾਂ ਮੁਹਤਬਰਾਂ ਨਾਲ ਕੀਤੀ ਅਹਿਮ ਮੀਟਿੰਗ ਦੌਰਾਨ ਕੀਤਾ। ਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਹੈ ਕਿ ਹਰੇਕ ਨਾਗਰਿਕ ਨੂੰ ਸੰਵਿਧਾਨ ਅਨੁਸਾਰ ਪ੍ਰਾਪਤ ਮੂਲ ਅਧਿਕਾਰਾਂ ਦੀ ਪੂਰੀ ਸੁਰੱਖਿਆ ਮਿਲੇ ਅਤੇ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਨਾ ਹੋਵੇ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਅਡਵਾਇਜ਼ਰੀਜ਼ ਜਾਰੀ ਕੀਤੀਆਂ



ਗਈਆਂ ਹਨ।ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਹਰ ਜ਼ਿਲ੍ਹੇ ਵਿਚ 15-15 ਵਿਅਕਤੀਆਂ ਦੇ ਕੋਰ ਗਰੁੱਪ ਬਣਾਏ ਜਾ ਰਹੇ ਹਨ, ਜੋ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਕੰਮ ਕਰਨਗੇ ਅਤੇ ਕਮਿਸ਼ਨ ਨਾਲ ਸਬੰਧਤ ਸ਼ਿਕਾਇਤਾਂ ਤੇ ਸਮੱਸਿਆਵਾਂ ਧਿਆਨ ਵਿਚ ਲਿਆਉਣਗੇ। ਉਹਨਾਂ ਕਿਹਾ ਕਿ ਇਨ੍ਹਾਂ ਕੋਰ ਗਰੁੱਪਾਂ ਵਿੱਚ ਵੱਖ-ਵੱਖ ਵਰਗਾਂ ਨਾਲ ਸੰਬੰਧਿਤ ਵਿਅਕਤੀ ਸ਼ਾਮਿਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਕਮਿਸ਼ਨਰ ਨੂੰ ਦਿੱਤੀ ਜਾਵੇ, ਜਿਸ ਤੇ ਦੋ ਦਿਨਾਂ ਅੰਦਰ ਯਕੀਨਨ ਕਾਰਵਾਈ ਹੋਵੇਗੀ। ਉਨ੍ਹਾਂ ਦੱਸਿਆ ਕਿ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨੂੰ ਰੋਕਣ ਅਤੇ ਪੀੜਤਾਂ ਦੀ ਸੁਣਵਾਈ ਕਰਨ ਲਈ ਸ਼ਿਕਾਇਤਾਂ ਹੈਲਪਲਾਈਨ ਨੰਬਰ 98554-75547 ਵੀ ਜਾਰੀ ਕੀਤਾ ਗਿਆ ਹੈ।ਉਨ੍ਹਾਂ ਸਿਹਤ ਖੇਤਰ ਨਾਲ ਸਬੰਧਤ ਮਨੁੱਖੀ ਅਧਿਕਾਰਾਂ ਦੀ ਗੱਲ ਕਰਦਿਆਂ ਕਿਹਾ ਕਿ ਕਿਸੇ ਵੀ ਹਸਪਤਾਲ ਵੱਲੋਂ ਇਲਾਜ਼ ਦੀ ਫੀਸ ਬਕਾਇਆ ਹੋਣ ਦੇ ਆਧਾਰ ਤੇ ਮਿਤ$ਕ ਦੀ ਲਾਸ਼, ਪਰਿਵਾਰ ਨੂੰ ਦੇਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਜ਼ੋ ਕਿ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੀਆਂ ਹਦਾਇਤਾਂ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਪਰਿਵਾਰ ਤੋਂ ਘੋਸ਼ਣਾ ਪੱਤਰ ਲੈਕੇ ਲਾਸ਼ ਸੌਂਪਣ। ਇਸੇ ਤਰ੍ਹਾਂ ਜੇਕਰ ਕੋਈ ਮਰੀਜ਼ ਇਲਾਜ ਦੀ ਰਕਮ ਅਦਾ ਕਰਨ ਵਿੱਚ ਅਸਮੱਰਥ ਹੋਵੇ ਅਤੇ ਐਫੀਡੇਵਿਟ ਲੈ ਕੇ ਇਲਾਜ਼ ਉਪਰੰਤ ਘਰ ਭੇਜ ਦਿੱਤਾ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਹਰ ਹਸਪਤਾਲ ਵਿੱਚ ਇਲਾਜ਼ ਦਰਾਂ ਸਪੱਸ਼ਟ ਤੌਰ ਤੇ ਦਰਸਾਈਆ ਜਾਣ।ਉਨ੍ਹਾਂ ਕਿਹਾ ਸਫਾਈ ਕਰਮਚਾਰੀਆਂ ਦੇ ਠੇਕੇਦਾਰ ਜਾਂ ਫ਼ਰਮਾਂ ਵੱਲੋਂ ਸਫ਼ਾਈ ਕਰਮਚਾਰੀਆਂ ਲਈ ਹਰੇਕ ਸੁਰੱਖਿਆ ਉਪਕਰਨ ਦੇਣੇ ਅਤੇ ਉਹਨਾਂ ਦਾ ਬੀਮਾ ਕਰਵਾਉਣਾ ਲਾਜ਼ਮੀ ਹੈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਐਸ.ਪੀ ਰਾਕੇਸ਼ ਯਾਦਵ, ਐਸ.ਡੀ.ਐਮ ਫ਼ਤਹਿਗੜ੍ਹ ਸਾਹਿਬ ਸੂਬਾ ਸਿੰਘ, ਐਸ.ਡੀ.ਐਮ ਬੱਸੀ ਹਰਵੀਰ ਬਰਾੜ, ਐਸ.ਡੀ.ਐਮ ਖਮਾਣੋਂ ਅਰਵਿੰਦ ਕੁਮਾਰ ਗੁਪਤਾ, ਐਸ.ਡੀ.ਐਮ ਅਮਲੋਹ ਚਰਨਜੋਤ ਸਿੰਘ ਵਾਲੀਆ, ਮੁੱਖ ਮੰਤਰੀ ਫੀਲਡ ਅਫ਼ਸਰ ਸ਼ੰਕਰ ਸ਼ਰਮਾ ਤੋਂ ਇਲਾਵਾ ਸਮਾਜ ਸੇਵੀ ਸੰਸਥਾਵਾਂ, ਵਪਾਰੀਆਂ ਸਮੇਤ ਹੋਰ ਅਧਿਕਾਰੀ ਨੁਮਾਇੰਦੇ ਹਾਜ਼ਰ ਸਨ।

# ਨੰਬਰਦਾਰਾਂ ਦਾ ਟੋਲ ਪਲਾਜਾ ਤੇ ਬੱਸਾਂ ਦਾ ਕਿਰਾਇਆ ਵੀ ਫਰੀ ਕੀਤਾ ਜਾਵੇ : ਨੰਬਰਦਾਰ ਯੂਨੀਅਨ



ਫਤਿਹਗੜ੍ਹ ਸਾਹਿਬ, 1 ਮਾਰਚ (ਹਰਪ੍ਰੀਤ ਕੌਰ ਟਿਵਾਣਾ) ਪੰਜਾਬ ਨੰਬਰਦਾਰ ਯੂਨੀਅਨ ਸਰਕਲ ਚੁੰਨੀ ਕਲਾਂ ਦੀ ਮੀਟਿੰਗ ਸਰਕਰ ਪ੍ਰਧਾਨ ਬਲਜੀਤ ਸਿੰਘ ਨੰਬਰਦਾਰ ਚੁੰਨੀ ਕਲਾਂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਹਰਬੰਸ ਸਿੰਘ ਈਸਰਹੇਲ ਜਰਨਲ ਸਕੱਤਰ ਪੰਜਾਬ ਵੱਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ।ਮੀਟਿੰਗ ਦੌਰਾਨ ਨੰਬਰਦਾਰ ਯੂਨੀਅਨ ਵੱਲੋਂ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਗਈ ਕਿ ਜੋ ਨੰਬਰਦਾਰ ਮੌਤ ਹੋ ਜਾਣ ਕਾਰਨ ਉਸ ਤੋਂ ਬਾਅਦ ਨਵੀਂ ਪੋਸਟ ਨਿਯੁਕਤ ਕਰਨ ਲਈ ਮ੍ਰਿਤਕ ਨੰਬਰਦਾਰ ਦੇ ਪਰਿਵਾਰ ਵਿੱਚੋਂ ਵਿਚਾਰਿਆ ਜਾਵੇ ਤਾਂ ਜੋ ਪਿੰਡਾਂ ਵਿੱਚ ਪਾਰਟੀਬਾਜ਼ੀ ਲੜਾਈ ਝਗੜਾ ਨਾ ਹੋਵੇ, ਨੰਬਰਦਾਰਾਂ ਦਾ ਟੋਲ ਪਲਾਜਾ ਅਤੇ ਬੱਸਾਂ ਦਾ ਕਿਰਾਇਆ ਵੀ ਫਰੀ ਕੀਤਾ ਜਾਵੇ ਤਾਂ ਜੋ ਲੋਕਾਂ ਦੀ ਸੇਵਾ ਨੰਬਰਦਾਰਾਂ ਵੱਲੋਂ ਨਿਰਸਵਾਰਥ ਕੀਤੀ ਜਾਵੇ । ਨੰਬਰਦਾਰ ਯੂਨੀਅਨ ਵੱਲੋਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਨੰਬਰਦਾਰ ਸਾਹਿਬਾਨ ਦਾ ਬਕਾਇਆ ਮਾਣ ਭੱਤਾ ਜਲਦੀ ਪਾਇਆ ਜਾਵੇ ਅਤੇ ਮਾਨ ਭੱਤਾ ਵਿਚ ਵਾਧਾ ਕੀਤਾ ਜਾਵੇ। ਨੰਬਰਦਾਰ ਯੂਨੀਅਨ ਨੇ ਨੌਜਵਾਨਾਂ ਨੂੰ ਅਪੀਲ ਕਰਿਦਆਂ ਕਿਹਾ ਕਿ ਨੌਜਵਾਨ ਵਰਗ ਹੁੱਲੜਬਾਜ਼ੀ ਤੋਂ ਬਿਨਾਂ ਸ਼ਰਧਾ ਪੂਰਵਕ ਹੋਲਾ ਮਹੱਲਾ ਮਨਾਇਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨੰਬਰਦਾਰ ਸ਼ਮਸ਼ੇਰ ਸਿੰਘ, ਨੰਬਰਦਾਰ ਹਰਭਜਨ ਸਿੰਘ, ਨੰਬਰਦਾਰ ਨਛੱਤਰ ਸਿੰਘ, ਨੰਬਰਦਾਰ ਸੁਖਬੀਰ ਸਿੰਘ, ਨੰਬਰਦਾਰ ਜਸਪਾਲ ਸਿੰਘ, ਨੰਬਰਦਾਰ ਬਲਦੇਵ ਸਿੰਘ, ਸੁਖਦੀਪ ਸਿੰਘ ਪਿੰਡ ਸਲੇਮਪੁਰ, ਹਿੰਦਰਪਾਲ ਸਿੰਘ ਸੈਂਪਲੀ, ਅਮਰਜੀਤ ਸਿੰਘ ਵੀ ਹਾਜ਼ਰ ਸਨ।

# ਲੱਖਾਂ ਦੀ ਗਿਣਤੀ ਵਿੱਚ ਡੇਰਾ ਬਾਬਾ ਨਾਨਕ ਨੂੰ ਪੈਦਲ ਸੰਗ ਹੋਇਆ ਰਵਾਨਾ

ਭੋਗਪੁਰ 1 ਮਾਰਚ.ਜੰਡੀਰ ਸੈਣੀ.ਹਰ ਸਾਲ ਦੀ ਤਰ੍ਹਾਂ ਖਡਿਆਲਾ ਸੈਣੀਆਂ ਤੋਂ ਪੈਦਲ ਯਾਤਰਾ ਸੰਗ ਅੱਜ ਡੇਰਾ ਬਾਬਾ ਨਾਨਕ ਨੂੰ ਰਵਾਨਾ ਹੋਇਆ.ਗੁਰਦੁਆਰਾ ਸਿੰਘ ਸਭਾ ਖਡਿਆਲਾ ਸੈਣੀਆਂ ਵਿਖੇ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੇ ਸ੍ਰੀ ਲੜੀਵਾਰ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ ਮੌਕੇ ਤੇ ਧਾਰਮਿਕ ਅਤੇ ਸਿਆਸੀ ਆਗੂ ਅਤੇ ਸੰਗਤਾਂ ਨੇ ਭਾਰੀ ਗਿਣਤੀ ਵਿੱਚ ਹਾਜ਼ਰੀਆਂ ਭਰੀਆਂ.ਖਡਿਆਲਾ ਸੈਣੀਆਂ ਪਿੰਡ ਦੁਕਾਨਾਂ ਨਾਲ ਸਜਿਆ ਹੋਇਆ,ਚਾਰੇ ਪਾਸੇ ਰੌਣਕਾਂ ਹੀ ਰੌਣਕਾਂ ਲੱਗੀਆਂ ਹੋਈਆਂ ਸਨ. ਭੋਗਪੁਰ ਤੋਂ ਗੁਰੂ ਰਾਮਦਾਸ ਨਗਰ ਦੀਆਂ ਸੰਗਤਾਂ ਜਥੇ ਵਿੱਚ ਸ਼ਾਮਿਲ ਹੋਣ ਲਈ ਖਡਿਆਲਾ ਸੈਣੀਆਂ ਵਿਖੇ ਪਹੁੰਚੀਆਂ, ਹਰ ਚਰਾਹੇ ਹਰਿ ਦੁਕਾਨਾਂ ਮੂਹਰੇ ਬੇਅੰਤ ਲੰਗਰ ਦੇਖੇ ਗਏ ਕਿਤੇ ਫਲ ਫਰੂਟਾਂ ਤੇ ਲੰਗਰ ਕਿਤੇ ਠੰਡੇ ਦੇ ਚਾਹ ਪਕੌੜੇ ਮਿਠਿਆਈਆਂ ਹਰ ਪ੍ਰਕਾਰ ਦੇ ਲੰਗਰ ਲਗਾਏ ਗਏ ਅਤੇ ਵਾਹਿਗੁਰੂ ਸਤਿਨਾਮ ਦਾ ਜਾਪ ਕਰਦੀਆਂ ਹੋਈਆਂ ਸੰਗਤਾਂ ਖਡਿਆਲਾ ਤੋਂ ਡੇਰਾ ਬਾਬਾ ਨਾਨਕ ਨੂੰ ਰਵਾਨਾ ਹੋਈਆਂ

# ਸਰੋਂ ਦੀ ਕਾਸ਼ਤ ਬਾਰੇ ਖੇਤ ਦਿਵਸ ਮਨਾਇਆ

ਫਾਜ਼ਿਲਕਾ 1 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਜ਼ਿਲ੍ਹਾ ਫਾਜ਼ਿਲਕਾ ਵਿੱਚ ਰਾਸ਼ਟਰੀ ਖਾਧ ਤੇਲ ਬੀਜ ਮਿਸ਼ਨ ਅਧੀਨ ਸਰੋਂ ਦੀ ਕਾਸ਼ਤ ਸਬੰਧੀ ਵਿਸਥਾਰਪੂਰਵਕ ਖੇਤ ਦਿਵਸ ਮਨਾਇਆ ਗਿਆ, ਜਿਸ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਪ੍ਰੀਤਪਾਲ ਕੌਰ ਅਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਬਲਦੇਵ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਨੇ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਤੇਲਬੀਜ ਫ਼ਸਲਾਂ ਜਿਵੇਂ ਸਰੋਂ ਦੇਸ਼ ਦੀ ਖਾਧ ਤੇਲ ਦੀ ਲੋੜ ਪੂਰੀ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਦੇਸ਼ ਵਿੱਚ ਖਾਧ ਤੇਲ ਦੀ ਮੰਗ ਲਗਾਤਾਰ ਵੱਧ ਰਹੀ ਹੈ, ਇਸ ਲਈ ਤੇਲਬੀਜ ਫਸਲਾਂ ਦੀ ਕਾਸ਼ਤ ਵਧਾ ਕੇ ਵਿਦੇਸ਼ੀ ਆਯਾਤ 'ਤੇ ਨਿਰਭਰਤਾ ਘਟਾਈ ਜਾ ਸਕਦੀ ਹੈ ਅਤੇ ਦੇਸ਼ ਨੂੰ ਆਤਮਨਿਰਭਰ ਬਣਾਉਣ ਵੱਲ ਕਦਮ ਵਧਾਏ ਜਾ ਸਕਦੇ ਹਨ।ਉਨ੍ਹਾਂ ਨੇ ਦੱਸਿਆ ਕਿ ਸਰੋਂ ਇੱਕ ਲਾਭਦਾਇਕ ਨਕਦੀ ਫਸਲ ਹੈ ਜੋ ਘੱਟ ਪਾਣੀ ਵਿੱਚ ਵੀ ਸਫਲਤਾਪੂਰਵਕ ਉਗਾਈ ਜਾ ਸਕਦੀ ਹੈ। ਇਸ ਨਾਲ



ਫਸਲੀ ਵਿਭਿੰਨਤਾ ਨੂੰ ਪ੍ਰੋਤਸਾਹਨ ਮਿਲਦਾ ਹੈ ਅਤੇ ਮਿੱਟੀ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ। ਕੀੜੇ-ਰੋਗਾਂ ਦਾ ਦਬਾਅ ਘਟਣ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਅਤੇ ਖੇਤੀ ਖਰਚ ਵਿੱਚ ਸੰਤੁਲਨ ਬਣਿਆ ਰਹਿੰਦਾ ਹੈ। ਕਿਸਾਨਾਂ ਨੂੰ ਜ਼ਿਲ੍ਹਾ ਫਾਜ਼ਿਲਕਾ ਦੇ ਮੌਸਮ ਅਤੇ ਮਿੱਟੀ ਦੇ ਹਾਲਾਤਾਂ ਅਨੁਸਾਰ ਉਚਿਤ ਸਰੋਂ ਦੀਆਂ ਕਿਸਮਾਂ ਜਿਵੇਂ ਗਿਰਿਰਾਜ, ਆਰ.ਐਲ.ਸੀ.-3 ਅਤੇ ਪੀ.ਬੀ.ਆਰ.-97 ਬਾਰੇ ਜਾਣਕਾਰੀ ਦਿੱਤੀ ਗਈ। ਬੀਜਾਈ ਦਾ ਠੀਕ ਸਮਾਂ, ਪ੍ਰਤੀ ਏਕੜ ਬੀਜ ਦੀ ਸਿਫਾਰਸ਼ੀ ਮਾਤਰਾ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਕੀੜੇ-ਰੋਗਾਂ ਤੋਂ ਬਚਾਅ ਲਈ ਵਿਗਿਆਨਕ ਤਰੀਕਿਆਂ ਬਾਰੇ ਵੀ ਸਮਝਾਇਆ ਗਿਆ। ਖੇਤ ਵਿੱਚ ਤਿਆਰ ਕੀਤੇ ਪ੍ਰਦਰਸ਼ਨੀ ਟੁਕੜੇ ਦਾ ਦੌਰਾ ਕਰਵਾ ਕੇ ਫਸਲ ਦੀ ਵਾਧੀ ਅਵਸਥਾ ਅਤੇ ਸੰਭਾਲ ਬਾਰੇ ਮੌਕੇ 'ਤੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਉੱਚ ਗੁਣਵੱਤਾ ਵਾਲੇ ਸਰੋਂ ਦੇ ਬੀਜਾਂ ਦੀਆਂ ਕਿੱਟਾਂ ਮੁਫ਼ਤ ਵੰਡੀਆਂ ਗਈਆਂ। ਅਧਿਕਾਰੀਆਂ ਨੇ ਕਿਹਾ ਕਿ ਪ੍ਰਮਾਣਿਤ ਅਤੇ ਸੁਧਰੇ ਬੀਜਾਂ ਦੀ ਵਰਤੋਂ ਨਾਲ ਫਸਲ ਸਿਹਤਮੰਦ ਬਣਦੀ ਹੈ ਅਤੇ ਉਪਜ ਵਿੱਚ ਵਾਧਾ ਹੁੰਦਾ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਰਾਸ਼ਟਰੀ ਖਾਧ ਤੇਲ ਬੀਜ ਮਿਸ਼ਨ ਦੀਆਂ ਯੋਜਨਾਵਾਂ ਦਾ ਪੂਰਾ ਲਾਭ ਲੈ ਕੇ ਸਰੋਂ ਅਤੇ ਹੋਰ ਤੇਲਬੀਜ ਫਸਲਾਂ ਦੀ ਕਾਸ਼ਤ ਵਧਾਉਣ ਅਤੇ ਦੇਸ਼ ਨੂੰ ਖਾਧ ਤੇਲ ਵਿੱਚ ਆਤਮਨਿਰਭਰ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

# ਅੰਬਾਲਾ ਜੱਟਾਂ ਕਬੱਡੀ ਕੱਪ ਬਾਬਾ ਜਵਾਲਾ ਹਰਖੋਵਾਲ ਭੱਜਲਾ ਦੇ ਨਾਮ

ਗੜ੍ਹਦੀਵਾਲਾ 1 ਮਾਰਚ (ਗੌਰਵ )ਸੰਤ ਬਾਬਾ ਹਰਨਾਮ ਸਿੰਘ ਸਪੋਰਟਸ ਕਲੱਬ ਅੰਬਾਲਾ ਜੱਟਾਂ ਵੱਲੋਂ ਸੰਤ ਬਾਬਾ ਹਰਨਾਮ ਸਿੰਘ ਦੀ ਯਾਦ ਨੂੰ ਸਮਰਪਿਤ ਕਰਵਾਏ ਜਾ ਰਹੇ 20ਵੇਂ ਪੇਂਡੂ ਖੇਡ ਮੇਲੇ ਦੌਰਾਨ ਕਬੱਡੀ ਕੱਪ ਬੜੀ ਸ਼ਾਨੋ ਸ਼ੌਕਤ ਦੇ ਨਾਲ ਸੰਪੰਨ ਹੋਇਆ। ਇਸ ਕਬੱਡੀ ਕੱਪ ਵਿੱਚ 65 ਕਿਲੋ ਭਾਰ ਵਰਗ ਵਿੱਚ ਕਈ ਟੀਮਾਂ ਨੇ ਭਾਗ ਲਿਆ ਜਿਨਾਂ ਵਿੱਚੋਂ ਫਾਈਨਲ ਵਿੱਚ ਬੁੱਢੀ ਪਿੰਡ ਅਤੇ ਜੋਹਲਾਂ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ। ਇਸੇ ਤਰ੍ਹਾਂ ਓਪਨ ਮੁਕਾਬਲਿਆਂ ਵਿੱਚ ਬਾਬਾ ਜੁਆਲਾ ਹਰਖੋਵਾਲ ਭੱਜਲਾਂ ਅਤੇ ਸੱਦੋਵਾਲ ਕਪੂਰਥਲਾ ਦੇ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਬਾਬਾ ਜਵਾਲਾ ਦੀ ਟੀਮ ਨੇ ਕਬੱਡੀ ਕੱਪ ਤੇ ਕਬਜ਼ਾ ਕੀਤਾ ਤੇ ਜਿੱਤ ਪ੍ਰਾਪਤ ਕੀਤੀ ਅਤੇ ਦੂਜੇ ਨੰਬਰ ਤੇ ਕਪੂਰਥਲਾ ਦੀ ਟੀਮ ਰਹੀ। ਇਸ ਕਬੱਡੀ ਕੱਪ ਵਿੱਚ ਹਲਕਾ ਵਿਧਾਇਕ ਟਾਂਡਾ ਦੇ ਜਸਵੀਰ ਸਿੰਘ ਰਾਜਾ ਗਿੱਲ ਵਿਸ਼ੇਸ਼ ਤੌਰ ਤੇ ਖਿਡਾਰੀਆਂ ਨੂੰ ਹੱਲਾਸ਼ੇਰੀ ਦੇਣ ਪਹੁੰਚੇ। ਜੇਤੂ ਖਿਡਾਰੀਆਂ ਨੂੰ ਤਰਸੇਮ ਸਿੰਘ ਧੁੱਗਾ



ਅਤੇ ਗੁਰਪ੍ਰੀਤ ਸਿੰਘ ਨੇ ਨਗਦ ਰਾਸ਼ੀ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਆਏ ਹੋਏ ਸਾਰੇ ਪਤਵੰਤੇ ਸੱਜਣਾਂ ਨੂੰ ਕਲੱਬ ਵੱਲੋਂ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।।ਇਸ ਮੌਕੇ ਹਰਮਿੰਦਰ ਸਿੰਘ ਢੱਟ, ਗੁਰਜਾਪ ਸਿੰਘ, ਨੰਬਰਦਾਰ ਅਮਨਦੀਪ ਸਿੰਘ, ਜਗਦੀਪ ਸਿੰਘ, ਮਨਿੰਦਰ ਸਿੰਘ ਢੱਟ, ਹਰਦੀਪ ਸਿੰਘ ਢੱਟ, ਦਮਨਪਾਲ ਸਿੰਘ, ਸਨੀ ਢੱਟ ,ਹਰਜੋਤ ਸਿੰਘ ਲਾਲੀ ਕੈਨੇਡਾ, ਗੁਰਿੰਦਰ ਸਿੰਘਪ੍ਰਧਾਨ ਸੁਖਪਾਲ ਸਿੰਘ, ਹਰਮਿੰਦਰ ਢੱਟ, ਹਰਭਜਨ ਸਿੰਘ ਢੱਟ, ਮਾਸਟਰ ਗੁਰਜਾਪ ਸਿੰਘ, ਗੁਰਿੰਦਰ ਸਿੰਘ ਦੀਪੂ, ਹਰਜੋਤ ਸਿੰਘ ਲਾਲੀ ਕਨੇਡਾ, ਦਮਨਪਾਲ, ਮਨਿੰਦਰਜੀਤ ਸਿੰਘ, ਰਾਜੀਵ ਕੁਮਾਰ, ਸੁਖਬੀਰ ਸਿੰਘ ,ਅਮਨਦੀਪ ਸਿੰਘ, ਯੁਵਰਾਜ ਸਿੰਘ ,ਕਸ਼ਮੀਰ ਸਿੰਘ ਲੰਬਰਦਾਰ ਆਦੀ ਹਾਜਰ ਸਨ।

# ਰੈਡ ਰਿਬਲ ਕਲੱਬਾਂ ਵੱਲੋਂ ਡੀ.ਏ.ਵੀ ਕਾਲਜ ਤੋਂ ਕੱਢੀ ਗਈ ਗੇਟ ਰੈਲੀ



ਅਬੋਹਰ 01 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਯੁਵਕ ਸੇਵਾਵਾਂ ਵਿਭਾਗ ਵਲੋਂ ਰੈੱਡ ਰਿਬਨ ਕਲੱਬਾਂ ਦੇ ਜ਼ਿਲ੍ਹਾ ਪੱਧਰੀ ਸੈਮੀਨਾਰ ਅਤੇ ਪੋਸਟਰ ਮੇਕਿੰਗ ਮੁਕਾਬਲੇ ਡੀ.ਏ.ਵੀ ਕਾਲਜ ਦੇ ਵਿਹੜੇ ਵਿੱਚ ਕਰਵਾਏ ਗਏ♦ ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਦੇ ਸਹਿਯੋਗ ਨਾਲ ਅਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਫਾਜਿਲਕਾ ਦੀ ਸਰਪ੍ਰਸਤੀ ਹੇਠ ਹੋਏ ਇਨ੍ਹਾਂ ਮੁਕਾਬਲਿਆਂ ਵਿਚ ਡੀ.ਏ.ਵੀ. ਕਾਲਜ ਅਬੋਹਰ ਨੇ ਪਹਿਲਾ, ਗੋਪੀ ਚੰਦ ਆਰੀਆ ਮਹਿਲਾ ਕਾਲਜ ਅਬੋਹਰ ਨੇ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ।ਰੈਡ ਰਿਬਲ ਕਲੱਬਾਂ ਵੱਲੋਂ ਡੀ.ਏ.ਵੀ ਕਾਲਜ ਤੋਂ ਗੋਪੀ ਚੰਦ ਕਾਲਜ ਤੱਕ ਗੇਟ ਰੈਲੀ ਕੱਢੀ ਗਈ। ਜਿਸ ਵਿੱਚ ਵੱਖ-ਵੱਖ ਕਾਲਜਾਂ ਦੇ ਭਾਗ ਲਿਆ। ਗੇਟ ਰੈਲੀ ਰਾਹੀਂ ਲੋਕਾਂ ਨੂੰ ਖੂਨ ਦਾਨ ਅਤੇ ਐਚਆਈਵੀ ਏਡਸ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

# ਕੇਜਰੀਵਾਲ ਨੂੰ ਸ਼ਰਾਬ ਘੁਟਾਲੇ ਵਿੱਚ ਕੁਰਪਸ਼ਨ ਕੇਸਾਂ ਵਿੱਚੋਂ ਬਰੀ ਹੋਣ ਨਾਲ ਸੱਚ ਦੀ ਹੋਈ ਜਿੱਤ

ਫਤਿਹਗੜ੍ਹ ਸਾਹਿਬ, 28 ਫਰਵਰੀ (ਹਰਪ੍ਰੀਤ ਕੌਰ ਟਿਵਾਣਾ)ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ ਨੂੰ ਪਿਛਲੇ ਤਿੰਨ ਸਾਲਾਂ ਤੋਂ ਜੋ ਬੀ.ਜੇ.ਪੀ ਵੱਲੋਂ ਸ਼ਰਾਬ ਘੁਟਾਲੇ ਵਿੱਚ ਕੁਰਪਸ਼ਨ ਚਾਰਜ ਲਾਏ ਗਏ ਸਨ, ਉਸ ਵਿੱਚ ਸ੍ਰੀ ਅਰਵਿੰਦ ਕੇਜਰੀਵਾਲ ਜੀ ਨੂੰ ਮਾਨਯੋਗ ਅਦਾਲਤ ਵੱਲੋਂ ਬਾਜਇਜੱਤ ਬਰੀ ਕਰ ਕੀਤੇ ਜਾਨ ਦੀ ਖੁਸ਼ੀ ਵਿੱਚ ਆਮ ਆਦਮੀ ਪਾਰਟੀ ਦਫਤਰ ਨਵੀਂ ਅਨਾਜ ਮੰਡੀ ਵਿਖੇ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਸਿੰਘ ਲਿਬੜਾ ਦੀ ਅਗਵਾਈ ਵਿੱਚ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ । ਇਸ ਮੌਕੇ ਤੇ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਹਲਕਾ ਬੱਸੀ ਪਠਾਣਾ ਦੇ ਵਿਧਾਇਕ ਰੁਪਿੰਦਰ ਸਿੰਘ ਜੀ ਹੈਪੀ, ਮਾਰਕਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਚਨਾਰਥਲ ਦੇ ਚੇਅਰਮੈਨ ਰਸਪਿੰਦਰ ਸਿੰਘ ਰਾਜਾ, ਟਰੇਡ ਵਿੰਗ ਦਾ ਪ੍ਰਧਾਨ ਸ੍ਰੀ ਅਸ਼ੀਸ਼ ਅਤਰੀ, ਪਾਰਟੀ ਦੇ ਮਹਿਲਾ ਵਿੰਗ ਦੇ ਪ੍ਰਧਾਨ ਰੀਨਾ ਰਾਣੀ, ਪਾਵੇਲ ਹਾਂਡਾ, ਬਹਾਦਰ ਜਲਾਲ, ਰਾਜਵੰਤ ਸਿੰਘ ਰਾਜੂ, ਮੱਖਣ ਸਹੋਤਾ, ਕੇ ਐਸ ਉਪਲ ਬਾਡੀ ਬਿਲਡਰ, ਬਲਵਿੰਦਰ ਸਿੰਘ ਜਿਲਾ ਪ੍ਰੀਸ਼ਦ ਮੈਂਬਰ, ਗੁਰਵਿੰਦਰ ਸਿੰਘ ਗੋਗੀ, ਪ੍ਰਿਤਪਾਲ ਸਿੰਘ ਜੱਸੀ, ਬਲਵੀਰ ਸਿੰਘ ਸੋਢੀ ਤੇ ਪਾਰਟੀ ਦੇ ਹੋਰ ਆਗੂ ਵੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਬੀਜੇਪੀ ਵੱਲੋਂ ਰਾਜਨੀਤੀ ਬਦਲਾਖੋਰੀ ਦੇ ਤਹਿਤ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮਾਮਲੇ ਦਰਜ ਕਰਵਾਏ ਗਏ ਸਨ ਪਰੰਤੂ ਹੁਣ ਮਾਨਯੋਗ ਅਦਾਲਤ ਵੱਲੋਂ ਅਰਵਿੰਦ ਕੇਜਰੀਵਾਲ ਨੂੰ ਤੇ ਇਸ ਵਿੱਚੋਂ ਬਰੀ ਇਤੇ ਜਾਣ ਨਾਲ ਸੱਚ ਦੀ ਜਿੱਤ ਹੋਈ ਹੈ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਵੱਲੋਂ ਸੂਬਾਈ ਫੈਸਲੇ ਅਨੁਸਾਰ ਜ਼ਿਲ੍ਹਾ ਪੱਧਰੀ ਕਨਵੈਨਸ਼ਨ

## ਪੰਜਾਬ ਤੇ ਕੇਂਤਰ ਸਰਕਾਰ ਤਜ਼ਰਬੇਕਾਰ ਅਣਰਜਿਸਟਰਡ ਪ੍ਰੈਕਟੀਸ਼ਨਰਾਂ ਦਾ ਮਸਲਾ ਕਰੇ ਹੱਲ - ਗੋਇਲ

ਫਿਰੋਜ਼ਪੁਰ 1ਮਾਰਚ ( ਤਿਵਾੜੀ ) ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਵੱਲੋਂ ਸੂਬਾਈ ਫੈਸਲੇ ਅਨੁਸਾਰ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਐਮ ਕੇ ਪੈਲੇਸ ਵਿਖੇ ਜ਼ਿਲ੍ਹਾ ਪ੍ਰਧਾਨ ਹਰਭਜਨ ਲਾਲ ਜ਼ਿਲ੍ਹਾ ਅਤੇ ਬਲਾਕ ਆਗੂਆਂ ਦੀ ਅਗਵਾਈ ਵਿੱਚ ਜ਼ਿਲੇ ਦੇ ਸਮੂਹ ਸਾਥੀਆਂ ਨੇ ਜੋਸ਼ੋ ਖਰੋਸ਼ ਨਾਲ ਕੀਤੀ ਤੇ ਭਰਵੀਂ ਸ਼ਮੂਲੀਅਤ । ਕਨਵੈਨਸ਼ਨ ਵਿੱਚ ਉਚੇਚੇ ਤੌਰ ਤੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਜਰਨਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਕੈਸ਼ੀਅਰ ਰਾਕੇਸ਼ ਮਹਿਤਾ, ਚੇਅਰਮੈਨ ਐਚ ਐਸ ਰਾਣੂ , ਸੀਨੀਅਰ ਵਾਇਸ ਪ੍ਰਧਾਨ ਸੀ ਆਰ ਸ਼ੰਕਰ, ਡਾਕਟਰ ਮਲਕੀਤ ਥਿੰਦ ਚੇਅਰਮੈਨ ਪੱਛੜੀਆਂ ਸ਼੍ਰੇਣੀਆਂ, ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਹਰਨੇਕ ਸਿੰਘ ਮਹਿਮਾ,ਪ੍ਰਸ਼ੋਤਮ ਸ਼ਰਮਾ ਅਤੇ ਰਵਿੰਦਰ ਸ਼ਰਮਾ ਨੇ ਸ਼ਿਰਕਤ ਕੀਤੀ।ਸ਼ੁਰੂਆਤ ਵਿੱਚ ਜਿਲਾ ਚੇਅਰਮੈਨ ਗੁਰਸੇਵਕ ਕੁੱਲਗੜ੍ਹੀ ਵੱਲੋਂ ਹਾਜ਼ਰੀਨ ਦਾ ਸਵਾਗਤ ਕੀਤਾ ਗਿਆ ਅਤੇ ਜਥੇਬੰਦਕ ਪਰਿਵਾਰਾਂ ਵਿੱਚੋਂ ਵਿਛੜਿਆਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ ਅਤੇ ਸ਼ਾਮਿਲ ਆਗੂਆਂ ਵੱਲੋਂ ਅਕਾਸ਼ ਗੁੰਜਾਊ ਨਾਹਰਿਆਂ ਨਾਲ ਜਥੇਬੰਦੀ ਦਾ ਝੰਡਾ ਲਹਿਰਾਇਆ ਗਿਆ। ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਅਤੇ ਸਕੱਤਰ ਗੁਰਮੇਲ ਸਿੰਘ ਮਾਛੀਕੇ ਨੇ ਮੌਜੂਦਾ ਹਾਲਤਾਂ ਸਬੰਧੀ



ਬੋਲਦਿਆਂ ਭਵਿੱਖੀ ਦਰਪੇਸ਼ ਚੁਣੌਤੀਆਂ ਦਾ ਜ਼ਿਕਰ ਕੀਤਾ ਕਿ ਕੇਂਦਰ ਸਰਕਾਰ ਕਿਵੇਂ ਦੇਸ਼ ਦੀ ਧਰੋਹਰ ਕੁਦਰਤੀ ਸੋਮਿਆਂ ਨੂੰ ਦੇਸ਼ੀ ਵਿਦੇਸ਼ੀ ਕਾਰਪੋਰੇਟਾਂ ਹੱਥ ਵੇਚ ਰਹੀ ਹੈ ਅਤੇ ਲੋਕ ਮਾਰੂ ਨੀਤੀਆਂ ਬਿਜਲੀ ਸੋਧ ਬਿੱਲ, ਬੀਜ਼ ਬਿਲ, ਲੇਬਰ ਕੋਡ , ਅਮਰੀਕਾ ਨਾਲ ਵਪਾਰ ਮੁਕਤ ਸਮਝੌਤਾ ਅਤੇ ਮਜ਼ਦੂਰ ਪੱਖੀ ਮਗਨਰੇਗਾ ਸਕੀਮ ਨੂੰ ਤੋੜ ਮਰੋੜ ਕੇ ਜੀ ਰਾਮ ਜੀ ਦੇ ਨਾਂ ਹੇਠ ਅੱਖੀਂ ਘੱਟਾ ਪਾਇਆ ਜਾ ਰਿਹਾ ਹੈ ਅਤੇ ਨਿੱਜੀਕਰਨ, ਵਪਾਰੀ ਕਰਨ ਅਤੇ ਉਦਾਰੀਕਰਨ ਦੀਆਂ ਨੀਤੀਆਂ ਹੇਠ ਪਬਲਿਕ ਸੈਕਟਰ ਦੀਆਂ ਸਹੂਲਤਾਂ ਨੂੰ ਖ਼ਤਮ ਕਰਕੇ ਰੁਜ਼ਗਾਰ, ਸਿਹਤ ਸੇਵਾਵਾਂ ਅਤੇ ਸਿੱਖਿਆ ਦੇ ਖੇਤਰ ਨੂੰ ਤਹਿਸ ਨਹਿਸ਼ ਕੀਤਾ ਜਾ ਰਿਹਾ ਹੈ ਤਰ੍ਹਾਂ ਤਰ੍ਹਾਂ ਦੇ ਲੋਕ ਲੁਭਾਵਣੇ ਵਾਅਦੇ ਅਤੇ ✫✪ ਨਾਹਰਿਆਂ ਨਾਲ ਮੁੜ ਸਤਾ ਤੇ ਕਾਬਜ਼ ਹੋਣ ਦੀਆਂ ਸਕੀਮਾਂ ਘੜੀਆਂ ਜਾ ਰਹੀਆਂ ਹਨ। ਕੇਂਦਰ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਦੇ ਹਿੱਤਾ ਨੂੰ ਮੁੱਖ ਰੱਖ ਕੇ ਲਗਾਤਾਰ ਸੰਵਿਧਾਨ ਵਿੱਚ ਸੋਧਾਂ ਕੀਤੀਆਂ ਜਾ ਰਹੀਆਂ ਹਨ।ਇਸ ਸਮੇਂ ਨਿਆਂ ਪ$ਣਾਲੀ ਵੀ ਸਵਾਲਾਂ ਦੇ ਘੇਰੇ ਵਿੱਚ ਹੈ। ਵੱਡੀ ਗਿਣਤੀ ਵਿੱਚ ਲੋਕ ਵਿਰੋਧੀ ਫੈਸਲਿਆਂ ਕਾਰਣ ਲੋਕਾਂ ਦਾ ਨਿਆਂ ਪ$ਣਾਲੀ ਤੋਂ ਵਿਸ਼ਵਾਸ ਉਠਦਾ ਜਾ ਰਿਹਾ ਹੈ। ਪਿਛਲੇ ਦਿਨੀਂ ਮਾਣਯੋਗ ਸੁਪਰੀਮ ਕੋਰਟ ਵੱਲੋਂ ਤਜਰਬੇਕਾਰ ਅਣਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਖਿਲਾਫ਼ ਫੈਸਲਾ ਇਸ ਦੀ ਤਾਜ਼ਾ ਮਿਸ਼ਾਲ ਹੈ। ਇੱਕ ਪਾਸੇ ਸਰਕਾਰ ਵੱਲੋਂ ਨਿਗੂਣੀਆਂ ਸਿਹਤ ਸਹੂਲਤਾਂ ਹਨ ਅਤੇ ਦੂਸਰੇ ਪਾਸੇ ਸਵੈ ਰੁਜ਼ਗਾਰ ਚਲਾ ਰਹੇ ਵੱਡੀ ਗਿਣਤੀ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਕਿੱਤੇ ਨੂੰ ਉਜਾੜਨ ਦੇ ਰਾਹ ਪਈ ਹੋਈ ਹੈ ਚੋਣਾਂ ਮੌਕੇ ਅਤੇ ਪੈਨਲ ਮੀਟਿੰਗ ਵਿੱਚ ਬੇਸ਼ੱਕ ਪੰਜਾਬ ਸਰਕਾਰ ਵੱਲੋਂ ਸ਼ਾਰਟ ਟਰਮ ਟ੍ਰੇਨਿੰਗ ਦੇਣ ਦਾ ਵਾਅਦਾ ਕੀਤਾ ਗਿਆ ਪ੍ਰੰਤੂ ਹੁਣ ਇਸ ਸਮਾਜਿਕ ਮਸਲੇ ਨੂੰ ਕਾਨੂੰਨੀ ਅੜਚਨਾਂ ਦੇ ਨਾਂ ਹੇਠ ਅਣਗੌਲਿਆਂ ਕੀਤਾ ਜਾ ਰਿਹਾ ਹੈ ਜਿਸਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਬਕ ਸਿਖਾਇਆ ਜਾਵੇਗਾ । ਸੂਬਾ ਪ੍ਰਧਾਨ ਗੋਇਲ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਚੱਲ ਰਹੇ ਲੋਕ ਸਭਾ ਦੇ ਸੈਸ਼ਨ ਦੌਰਾਨ ਦੇਸ਼ ਵਿੱਚ ਮੁਢਲੀਆਂ ਸਿਹਤ ਸੇਵਾਵਾਂ ਦੇ ਰਹੇ 60 ਲੱਖ ਦੇ ਕਰੀਬ ਤਜਰਬੇਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਸ਼ਾਰਟ ਟਰਮ ਟ੍ਰੇਨਿੰਗ ਬ੍ਰਿਜ ਕੋਰਸ ਕਰਵਾ ਕੇ ਮੁਢਲੀਆਂ ਸਿਹਤ ਸੇਵਾਵਾਂ ਅਤੇ ਸਰਕਾਰ ਵੱਲੋਂ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਵੀ ਵਲੰਟੀਅਰ ਵਜੋਂ ਸ਼ਾਮਲ ਕੀਤਾ ਜਾਵੇ ਅਤੇ ਕਿਹਾ ਕਿ ਪੰਜਾਬ ਦੇ ਮੈਂਬਰ ਪਾਰਲੀਮੈਂਟ ਰਾਹੀਂ ਕੁਝ ਸੂਬਿਆਂ ਵੱਲੋਂ ਪ੍ਰੈਕਟੀਸਨਰਾਂ ਲਈ ਟ੍ਰੇਨਿੰਗ ਦੇਣ ਸਬੰਧੀ ਕੀਤੀ ਚਾਰਾਜੋਈ ਨਾਲ ਸਬੰਧਤ ਦਸਤਾਵੇਜ਼ ਅਤੇ ਮੰਗ ਵੀ ਪ੍ਰਧਾਨ ਮੰਤਰੀ ਦੇ ਨਾਂ ਭੇਜਿਆ ਅਤੇ ਪੰਜਾਬ ਦੇਸ਼ ਭਰ ਮੈਂਬਰ ਪਾਰਲੀਮੈਂਟ ਨੂੰ ਮੌਜੂਦਾ ਸੈਸ਼ਨ ਦੌਰਾਨ ਇਸ ਸਮਾਜਿਕ ਅਤੇ ਗੰਭੀਰ ਮੰਗ ਨੂੰ ਉਠਾਉਣ ਦੀ ਪੁਰਜ਼ੋਰ ਅਪੀਲ ਕੀਤੀ ਅਤੇ ਸਾਥੀਆਂ ਨੂੰ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਅਤੇ ਲਾਮਬੰਦ ਕਰਨ ਲਈ ਜ਼ਾਬਤੇ ਵਿੱਚ ਰਹਿੰਦਿਆਂ ਨਿੱਜਤਾ ਤੋਂ ਉੱਪਰ ਉੱਠ ਸਹਿਣਸ਼ੀਲਤਾ ਅਤੇ ਮਿਲਵਰਤਨ ਦੀ ਭਾਵਨਾ ਨਾਲ ਭਰਾਤਰੀ ਸਾਂਝ ਨੂੰ ਹੋਰ ਮਜ਼ਬੂਤ ਕਰਦਿਆਂ ਸਾਂਝੀਆਂ ਮੰਗਾਂ ਲਈ ਵਿਸ਼ਾਲ ਅਤੇ ਸਾਂਝੇ ਸੰਘਰਸ਼ਾਂ ਲਈ ਤੱਤਪਰ ਰਹਿਣ ਦਾ ਸੱਦਾ ਦਿੱਤਾ। ਸਮਾਜ ਵਿਰੋਧੀ ਨਸ਼ਾ ਅਤੇ ਭਰੂਣ ਹੱਤਿਆਂ ਵਰਗੀਆਂ ਅਲਾਮਤਾਂ ਖਿਲਾਫ ਪਿਰਤ ਅਨੁਸਾਰ ਸਾਂਝੇ ਯਤਨ ਹੋਰ ਤਨਦੇਹੀ ਨਾਲ ਜ਼ਾਰੀ ਰੱਖਣ ਅਤੇ ਪਿਰਤ ਅਨੁਸਾਰ ਸਾਫ਼ ਸੁਥਰੀਆਂ ਸੇਵਾਵਾਂ ਜਾਰੀ ਰੱਖਣ ਦਾ ਵੀ ਅਹਿਦ ਕਰਨ ਅਤੇ ਜਥੇਬੰਦੀ ਦਾ ਬੈਜ ਵੀ ਗੀਲੀਜ ਕੀਤਾ ਗਿਆ ਅਤੇ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਰਾਜ ਕ੍ਰਿਸ਼ਨ ਜੋਸ਼ਨ, ਕੈਸ਼ੀਅਰ ਪ੍ਰਸ਼ੋਤਮ ਸ਼ਰਮਾ, ਫਿਰੋਜ਼ਪੁਰ ਦੇ ਜ਼ਿਲ੍ਹਾ ਕੈਸ਼ੀਅਰ ਬਿਸ਼ਨ ਦਾਸ, ਪ੍ਰੈਸ ਸਕੱਤਰ ਮਨਪ੍ਰੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸ਼ਕੂਰ, ਮੀਤ ਪ੍ਰਧਾਨ ਵਰਜਿੰਦਰ ਸਿੰਘ ਅਤੇ ਜਸਵੰਤ ਸਿੰਘ ਭੱਟੀ, ਗੁਰਪ੍ਰੀਤ ਸਿੰਘ ਸੋਢੀ, ਤਿਲਕ ਸਿੰਘ, ਸਵਿੰਦਰ ਸਿੰਘ, ਧਰਮਿੰਦਰ ਸਿੰਘ, ਬਸੰਤ ਸਿੰਘ, ਜਸਵਿੰਦਰ ਸਿੰਘ ਮੁਦਕੀ, ਅਮਰਜੀਤ ਸਿੰਘ ਆਦਿ ਜ਼ਿਲ੍ਹਾ ਆਗੂ ਅਤੇ ਬਲਾਕ ਗੁਰੂਹਰਸਹਾਏ ਦੇ ਪ੍ਰਧਾਨ ਪੂਰਨ ਸਿੰਘ, ਫਿਰੋਜ਼ਪੁਰ ਸਿਟੀ ਦੇ ਪ੍ਰਧਾਨ ਭਜਨ ਸਿੰਘ, ਫਿਰੋਜ਼ਪੁਰ ਦਿਹਾਤੀ ਦੇ ਹਰਜਿੰਦਰ ਸਿੰਘ, ਫ਼ਿਰੋਜ਼ਪੁਰ ਕੈਂਟ ਦੇ ਪ੍ਰਧਾਨ ਅਨਿਲ ਸ਼ਰਮਾ, ਮਮਦੋਟ ਦੇ ਸੁਖਬੀਰ ਸ਼ਰਮਾ, ਮੱਲਾਂਵਾਲਾ ਦੇ ਗੁਰਪਿੰਦਰ ਸਿੰਘ, ਮੱਲਾਂਵਾਲਾ ਵਨ ਦੇ ਕੁਲਦੀਪ ਸਿੰਘ, ਜ਼ੀਰਾ ਦੇ ਆਤਮਾ ਸਿੰਘ, ਜੀਰਾ ਵਨ ਦੇ ਸਮਸੇਰ ਸਿੰਘ, ਘੱਲ ਖ਼ੁਰਦ ਦੇ ਕੁਲਦੀਪ ਸਿੰਘ, ਮੁਦਕੀ ਦੇ ਅਵਤਾਰ ਸਿੰਘ ਇਸ ਸਮੇ ਪਹੁੰਚੇ ਆਗੂਆਂ ਦਾ ਧੰਨਵਾਦ ਕੀਤਾ ਅਤੇ ਆਗੂਆਂ ਵੱਲੋਂ ਸਮੂਹ ਜ਼ਿਲ੍ਹਾ ਅਤੇ ਬਲਾਕ ਦਾ ਚੰਗੇ ਪ੍ਰਬੰਧਾਂ ਲਈ ਧੰਨਵਾਦ ਕਰਦਿਆਂ ਭਵਿੱਖੀ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਜੋਸ਼ੋ ਖਰੋਸ਼ ਨਾਲ ਤਿਆਰ ਰਹਿਣ ਦਾ ਸੱਦਾ ਵੀ ਦਿੱਤਾ ਲੇਡੀਜ਼ ਵਿੰਗ ਦੇ ਸੁਖਵਿੰਦਰ ਕੌਰ ਪਰਮਜੀਤ ਕੌਰ ਅਤੇ ਕਰਮਵੀਰ ਕੌਰ ਆਦਿ ਵੀ ਜੋਸ਼ੋ ਖਰੋਸ਼ ਨਾਲ ਸ਼ਾਮਲ ਹੋਏ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ ਸਾਥੀਆਂ ਨੇ ਜੋਸ਼ੋ ਖਰੋਸ਼ ਨਾਲ ਨਾਹਰੇ ਲਾਉਂਦਿਆਂ ਸੂਬਾ ਕਮੇਟੀ ਨੂੰ ਵਿਸ਼ਵਾਸ ਦਵਾਇਆ ਕਿ ਜਦੋਂ ਵੀ ਸੰਘਰਸ਼ ਦਾ ਸੱਦਾ ਆਵੇਗਾ ਤਾਂ ਤਨਦੇਹੀ ਅਤੇ ਜੋਸ਼ੋਖਰੋਸ਼ ਨਾਲ ਫੁੱਲ ਚੜਾਵਾਂਗੇ। ਇਸ ਸਮੇਂ ਸਟੇਜ ਦੀ ਭੂਮਿਕਾ ਜ਼ਿਲ੍ਹਾ ਜਰਨਲ ਸਕੱਤਰ ਸੰਤੋਖ ਸਿੰਘ ਅਤੇ ਚੇਅਰਮੈਨ ਗੁਰਸੇਵਕ ਸਿੰਘ ਨੇ ਬਾਖੂਬੀ ਨਿਭਾਈ

# ਰੇਡੂਪੱਤੀ ਸਕੂਲ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

ਤਲਵਾੜਾ, 1 ਮਾਰਚ(ਜਗਮੋਹਨ ਸ਼ਰਮਾ) :ਨੀਮ ਪਹਾੜ‹ੀ ਕਸਬਾ ਕਮਾਹੀ ਦੇਵੀ ਅਧੀਨ ਆਉਂਦੇ ਪਿੰਡ ਰੇਡ‹ੂਪੱਤੀ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ ਤੇ ਬਤੌਰ ਵਿਸ਼ੇਸ਼ ਮਹਿਮਾਨ ਜੀਟੀਯੂ ਦੇ ਸਾਬਕਾ ਸੂਬਾ ਜਨ ਸਕੱਤਰ ਸ਼ਿਵ ਕੁਮਾਰ ਸ਼ਾਮਲ ਹੋਏ। ਸਕੂਲ ਮੁਖੀ ਜਸਵੀਰ ਸਿੰਘ ਨੇ ਸਲਾਨਾ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਦਸਿਆ ਕਿ ਸਕੂਲ ਦੇ ਪੰਜ ਵਿਦਿਆਰਥੀ ਨਵੋਦਿਆ ਵਿਦਿਆਲਿਆ ਲਈ ਚੁਣੇ ਗਏ, ਸਕੂਲ ਦੀ ਖੋ-ਖੋ ਟੀਮ ਨੇ ਜ਼ਿਲ੍ਹਾ ਅਤੇ ਰਾਜ ਪੱਧਰੀ ਖੇਡ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸ਼ਾਨਦਾਰ ਨਤੀਜਿਆਂ ਅਤੇ ਸਹਿ ਵਿਦਿਅਕ ਗਤੀਵਿਧੀਆਂ 'ਚ ਵਿਦਿਆਰਥੀਆਂ ਦੀ ਸ਼ਲਾਘਾ ਯੋਗ ਕਾਰਗੁਜ਼ਾਰੀ ਸਦਕਾ ਹਰ ਸਾਲ ਸਕੂਲ 'ਚ ਦਾਖਲਾ ਵਧ ਰਿਹਾ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ ਨੇ ਕਿਹਾ ਕਿ ਪਿੰਡ ਰੇਡ‹ੂਪੱਤੀ ਦੇ ਸਰਕਾਰੀ ਸਕੂਲ ਨੂੰ ਇਲਾਕੇ 'ਚ ਹੀ ਨਹੀਂ ਸਗੋਂ ਪੰਜਾਬ ਦੇ ਵਧੀਆ ਸਕੂਲਾਂ ਵਿੱਚ ਗਿਣਿਆ ਜਾਂਦਾ ਹੈ। ਸਿੱਖਿਆ ਵਿਭਾਗ ਵੱਲੋਂ ਵੀ ਉੱਤਮ ਕਾਰਗੁਜ਼ਾਰੀ ਲਈ ਰੇਡ‹ੂਪੱਤੀ ਸਕੂਲ ਨੂੰ ਸਨਮਾਨਿਤ ਕੀਤਾ ਗਿਆ ਹੈ। ਪਿੰਡ ਵਾਸੀਆਂ ਨੂੰ ਆਪਣੇ ਪਿੰਡ ਦੇ ਸਕੂਲ 'ਤੇ ਮਾਣ ਕਰਨਾ ਚਾਹੀਦਾ ਹੈ। ਸ੍ਰੀ ਸ਼ਰਮਾ ਨੇ ਕਿਹਾ ਕਿ ਸਰਕਾਰੀ ਸਕੂਲ ਬੱਚਿਆਂ ਨੂੰ ਉੱਤਮ ਤੇ ਮਿਆਰੀ ਸਿੱਖਿਆ ਦੇ ਰਹੇ ਹਨ। ਉਨ੍ਹਾਂ ਲੋਕਾਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ 'ਚ ਦਾਖਲ ਕਰਵਾਉਣ ਲਈ ਅਪੀਲ ਕੀਤੀ। ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਕੋਰਿਓਗ੍ਰਾਫੀ, ਸੋਲੋ ਡਾਂਸ, ਨੁੱਕੜ‹ ਨਾਟਕ ਧਰਤੀ ਕਰੇ ਪੁਕਾਰ, ਪੰਜਾਬੀ ਲੋਕ ਨਾਚ ਗਿੱਧਾ ਦੀ ਸ਼ਾਨਦਾਰ ਪੇਸ਼ਕਾਰੀ ਕਰਕੇ ਆਏ ਹੋਏ ਮਹਿਮਾਨਾਂ ਦਾ ਸਮਾਂ ਬੰਨ੍ਹਿਆ। ਜੀਟੀਯੂ ਦੇ ਸਾਬਕਾ ਸੂਬਾ ਜਨਰਲ ਸਕੱਤਰ ਸ਼ਿਵ ਕੁਮਾਰ, ਪ੍ਰਿੰਸੀਪਲ ਰਾਜੇਸ਼ ਸਿੰਘ, ਬੀਐਨਓ ਅਮਿਤ ਰਾਣਾ, ਸਰਵਜੀਤਪਾਲ ਸਿੰਘ, ਰਾਮ ਪ੍ਰਸ਼ਾਦ, ਚੇਅਰਪਰਸਨ ਅੰਜਨਾ ਦੇਵੀ, ਆਦਿ ਨੇ ਸਕੂਲ ਦੀ ਵਧੀਆ ਕਾਰਗੁਜ਼ਾਰੀ ਲਈ ਸਟਾਫ਼ ਦੀ ਪ੍ਰਸ਼ੰਸਾ ਕੀਤੀ। ਹੋਰਨਾਂ ਤੋਂ ਇਲਾਵਾ ਇਸ ਮੌਕੇ 'ਤੇ ਵਰਿੰਦਰ ਵਿੱਕੀ, ਸੱਤ ਪ੍ਰਕਾਸ਼, ਰਜਿੰਦਰ ਸਿੰਘ, ਦਵਿੰਦਰ ਸਿੰਘ, ਪੂਨਮ, ਸੋਹਣ ਲਾਲ, ਸਵਿਤਾ ਦੇਵੀ, ਅਨੀਤਾ ਦੇਵੀ, ਊਸ਼ਾ, ਐਚ ਟੀ ਰੇਨੂੰ ਬਾਲਾ, ਪ੍ਰੋ ਹਰਸ਼ ਮਹਿਤਾ, ਪ੍ਰਿਤਪਾਲ ਚੌਟਾਲ, ਅਜੇ ਭਾਟੀਆ ਆਦਿ ਹਾਜ਼ਰ ਸਨ।

# ਰਾਹੋਂ ਪੁਲਿਸ ਵਲੋਂ ਨਸ਼ੀਲੀਆਂ ਗੋਲੀਆਂ ਸਮੇਤ ਦੋਸ਼ੀ ਕਾਬੂ

ਰਾਹੋਂ 1 ਮਾਰਚ (ਸੰਜੀਵ ਕੁਮਾਰ ਬੌਬੀ) ਪੰਜਾਬ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁਧ ਚਲਾਈ ਜਾ ਰਹੀ ਮੁਹਿੰਮ ਤਹਿਤ ਨਵਾਂਸ਼ਹਿਰ ਜ਼ਿਲੇ ਦੇ ਐਸ ਐਸ ਪੀ ਮਾਣਯੋਗ ਤੁਸ਼ਾਰ ਗੁਪਤਾ ਦੇ ਰਹਿਨੁਮਾਈ ਹੇਠ ਮਾਣਯੋਗ ਡੀ.ਐਸ.ਪੀ ਰਾਜ ਕੁਮਾਰ ਜੀ ਦੀ ਅਗਵਾਈ ਵਿੱਚ ਨਸ਼ਿਆਂ ਨੂੰ ਠੱਲ੍ਹ ਪਾਉਂਦੇ ਹੋਏ ਐਸ.ਐਚ.ਓ ਵਰਿੰਦਰ ਕੁਮਾਰ ਨੇ ਦੱਸਿਆ ਕਿ ਥਾਣਾ ਰਾਹੋਂ ਦੇ ਏ.ਐਸ.ਆਈ ਮੋਹਨ ਲਾਲ ਨੇ ਸਮੇਤ ਪੁਲਿਸ ਪਾਰਟੀ 30 ਨਸ਼ੀਲੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਹੈ.ਓਹਨਾ ਆਖਿਆ ਕਿ ਪੁਲਿਸ ਪਾਰਟੀ ਜਦੋਂ ਥਾਣਾ ਰਾਹੋਂ ਤੋਂ ਘੱਕੇਵਾਲ ਰੋਡ ਨੂੰ ਹੁੰਦੇ ਹੋਏ ਨਹਿਰ ਦੇ ਨਾਲ ਨਾਲ ਗੁਰੂ ਨਾਨਕਪੂਰਾ ਸਾਈਡ ਵੱਲ ਨੂੰ ਜਾ ਰਹੀ ਸੀ ਤਾਂ ਜਦੋਂ ਪੁਲਿਸ ਪਾਰਟੀ ਰੇਲਵੇ ਲੈਣ ਕਰਾਸ ਕਰਕੇ ਥੋੜਾ ਅੱਗੇ ਵੱਲ ਨੂੰ ਜਾ ਰਹੀ ਸੀ ਤਾਂ ਉੱਥੇ ਓਹਨਾ ਨੂੰ ਇੱਕ ਸ਼ੱਕੀ ਵਿਅਕਤੀ ਆਉਂਦਾ ਦਿਖਾਈ ਦਿੱਤਾ,ਸ਼ੱਕ ਦੇ ਆਧਾਰ ਤੇ ਉਸ ਕੋਲੋ ਤਲਾਸ਼ੀ ਲੈਣ ਤੇ




30 ਨਸ਼ੀਲੀਆਂ ਗੋਲੀਆਂ ਫੜੀਆਂ ਗਈਆਂ,ਪੁਲਿਸ ਪਾਰਟੀ ਵਲੋਂ ਉਸ ਨੂੰ ਮੌਕੇ ਤੇ ਕਾਬੂ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।ਥਾਣਾ ਮੁਖੀ ਨੇ ਆਖਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਜਿਸ ਦੀ ਪਹਿਚਾਣ ਜਸਕਰਨ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਕਾਹਲੋਂ,ਥਾਣਾ ਰਾਹੋਂ ਵਜੋਂ ਹੋਈ ਹੈ। ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਹੋਰ ਤਫ਼ਤੀਸ਼ ਲਈ ਰਿਮਾਂਡ ਹਾਸਿਲ ਕੀਤਾ ਜਾਵੇਗਾ। ਇਸ ਮੌਕੇ ਪੁਲਿਸ ਪਾਰਟੀ ਮੌਜੂਦ ਸੀ। ਪੰਜਾਬ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁਧ ਚਲਾਈ ਜਾ ਰਹੀ ਮੁਹਿੰਮ ਤਹਿਤ ਨਵਾਂਸ਼ਹਿਰ ਜ਼ਿਲੇ ਦੇ ਐਸ ਐਸ ਪੀ ਮਾਣਯੋਗ ਤੁਸ਼ਾਰ ਗੁਪਤਾ ਦੇ ਰਹਿਨੁਮਾਈ ਹੇਠ ਮਾਣਯੋਗ ਡੀ.ਐਸ.ਪੀ ਰਾਜ ਕੁਮਾਰ ਜੀ ਦੀ ਅਗਵਾਈ ਵਿੱਚ ਨਸ਼ਿਆਂ ਨੂੰ ਠੱਲ੍ਹ ਪਾਉਂਦੇ ਹੋਏ ਐਸ.ਐਚ.ਓ ਵਰਿੰਦਰ ਕੁਮਾਰ ਨੇ ਦੱਸਿਆ ਕਿ ਥਾਣਾ ਰਾਹੋਂ ਦੇ ਏ.ਐਸ.ਆਈ ਮੋਹਨ ਲਾਲ ਨੇ ਸਮੇਤ ਪੁਲਿਸ ਪਾਰਟੀ 30 ਨਸ਼ੀਲੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਹੈ.ਓਹਨਾ ਆਖਿਆ ਕਿ ਪੁਲਿਸ ਪਾਰਟੀ ਜਦੋਂ ਥਾਣਾ ਰਾਹੋਂ ਤੋਂ ਘੱਕੇਵਾਲ ਰੋਡ ਨੂੰ ਹੁੰਦੇ ਹੋਏ ਨਹਿਰ ਦੇ ਨਾਲ ਨਾਲ ਗੁਰੂ ਨਾਨਕਪੂਰਾ ਸਾਈਡ ਵੱਲ ਨੂੰ ਜਾ ਰਹੀ ਸੀ ਤਾਂ ਜਦੋਂ ਪੁਲਿਸ ਪਾਰਟੀ ਰੇਲਵੇ ਲੈਣ ਕਰਾਸ ਕਰਕੇ ਥੋੜਾ ਅੱਗੇ ਵੱਲ ਨੂੰ ਜਾ ਰਹੀ ਸੀ ਤਾਂ ਉੱਥੇ ਓਹਨਾ ਨੂੰ ਇੱਕ ਸ਼ੱਕੀ ਵਿਅਕਤੀ ਆਉਂਦਾ ਦਿਖਾਈ ਦਿੱਤਾ,ਸ਼ੱਕ ਦੇ ਆਧਾਰ ਤੇ ਉਸ ਕੋਲੋ ਤਲਾਸ਼ੀ ਲੈਣ ਤੇ 30 ਨਸ਼ੀਲੀਆਂ ਗੋਲੀਆਂ ਫੜੀਆਂ ਗਈਆਂ,ਪੁਲਿਸ ਪਾਰਟੀ ਵਲੋਂ ਉਸ ਨੂੰ ਮੌਕੇ ਤੇ ਕਾਬੂ ਕਰਕੇ ਅਗਲੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।ਥਾਣਾ ਮੁਖੀ ਨੇ ਆਖਿਆ ਕਿ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ ਜਿਸ ਦੀ ਪਹਿਚਾਣ ਜਸਕਰਨ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਕਾਹਲੋਂ,ਥਾਣਾ ਰਾਹੋਂ ਵਜੋਂ ਹੋਈ ਹੈ। ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਹੋਰ ਤਫ਼ਤੀਸ਼ ਲਈ ਰਿਮਾਂਡ ਹਾਸਿਲ ਕੀਤਾ ਜਾਵੇਗਾ। ਇਸ ਮੌਕੇ ਪੁਲਿਸ ਪਾਰਟੀ ਮੌਜੂਦ ਸੀ।

# ਵਿਦਿਆਰਥੀਆਂ ਦਾ ਵਿਦਿਅਕ ਟੂਰ ਸਫਲਤਾਪੂਰਵਕ ਸੰਪੰਨ

ਫਿਰੋਜ਼ਪੁਰ, 1 ਮਾਰਚ:ਤਿਵਾੜੀ:ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਕਰੀਆਂ ਪਹਿਲਵਾਨ ਦੇ ਵਿਦਿਆਰਥੀਆਂ ਦਾ ਇਤਿਹਾਸਕ ਸ਼ਹਿਰ ਜੈਪੁਰ ਲਈ ਆਯੋਜਿਤ ਹਵਾਈ ਵਿਦਿਅਕ ਟੂਰ ਸਫਲਤਾਪੂਰਵਕ ਸੰਪੰਨ ਹੋਣ ਉਪਰੰਤ ਵਿਦਿਆਰਥੀ ਸੁਰੱਖਿਅਤ ਤੌਰ 'ਤੇ ਸਕੂਲ ਵਾਪਸ ਪਹੁੰਚ ਗਏ। ਵਿਦਿਆਰਥੀਆਂ ਦੀ ਵਾਪਸੀ ਮੌਕੇ ਆਯੋਜਿਤ ਇਕ ਸੰਖੇਪ ਸਮਾਗਮ ਵਿੱਚ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਸ. ਰਣਬੀਰ ਸਿੰਘ ਭੁੱਲਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਵਿਦਿਅਕ ਟੂਰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਲਾਭਕਾਰੀ ਹੁੰਦੇ ਹਨ ਅਤੇ ਉਹਨਾਂ ਵਿੱਚ ਆਤਮਵਿਸ਼ਵਾਸ ਅਤੇ ਸਮਾਜਿਕ ਸਮਝ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਡੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਅਤੇ ਮਿਆਰੀ ਸਿੱਖਿਆ ਉਪਲਬਧ ਕਰਵਾਉਣ ਲਈ ਵਚਨਬੱਧ ਹੈ। ਵਿਦਿਆਰਥੀਆਂ ਨੇ ਵਿਧਾਇਕ ਅਤੇ ਹੋਰਾਂ ਨਾਲ ਆਪਣੇ ਇਸ ਵਿਦਿਅਕ ਟੂਰ ਦੇ ਅਨੁਭਵ ਸਾਂਝੇ ਕੀਤੇ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਸਕੂਲ ਪਹੁੰਚਣ 'ਤੇ ਵਿਦਿਆਰਥੀਆਂ ਦਾ ਪ੍ਰਿੰਸੀਪਲ ਸਾਹਿਬ, ਸਮੂਹ ਸਟਾਫ ਅਤੇ ਮਾਪਿਆਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਵਿਧਾਇਕ ਸ. ਭੁੱਲਰ ਨੇ ਕਿਹਾ ਕਿ ਇਸ ਵਿਦਿਅਕ ਟੂਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਇਤਿਹਾਸਕ ਵਿਰਾਸਤ, ਸੱਭਿਆਚਾਰਕ ਧਰੋਹਰ ਅਤੇ ਆਧੁਨਿਕ ਵਿਕਾਸ ਬਾਰੇ ਜਾਣੂ ਕਰਵਾਉਣਾ ਸੀ। ਦੌਰੇ ਦੌਰਾਨ ਵਿਦਿਆਰਥੀਆਂ ਨੇ ਜੈਪੁਰ ਦੇ ਪ੍ਰਸਿੱਧ ਇਤਿਹਾਸਕ ਸਥਾਨਾਂ ਦਾ ਦਰਸ਼ਨ ਕੀਤਾ ਅਤੇ ਉਥੋਂ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ ਨਾਲ ਰੂਬਰੂ ਹੋਏ।



# ਪਟਿਆਲਾ-ਆਸ/ਪਾਸ



## ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਨੇ ਮਨੁੱਖੀ ਅਧਿਕਾਰਾਂ ਦੀ ਜਾਗਰੂਕਤਾ ਲਈ ਘਰ-ਘਰ ਤੱਕ ਪਹੁੰਚ ਬਣਾਈ : ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ



ਪਟਿਆਲਾ, 1 ਮਾਰਚ (ਰੁਪਾਣਾ) : ਪੰਜਾਬ ਰਾਜ ਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐਸ.ਐਚ.ਆਰ.ਸੀ.) ਦੇ ਮੈਂਬਰ ਪਦਮ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਅੱਜ ਪਟਿਆਲਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਸਬੰਧੀ ਖੁੱਲ੍ਹੀ ਸੁਣਵਾਈ ਦਾ ਕੈਂਪ ਲਗਾਇਆ। ਇਸ ਮੌਕੇ ਜਤਿੰਦਰ ਸਿੰਘ ਸ਼ੰਟੀ ਨੇ ਜ਼ੋਰ ਦੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਜਾਗਰੂਕਤਾ ਸਮੇਤ ਕਿਸੇ ਵੀ ਤਰ੍ਹਾਂ ਦੇ ਪੀੜਤਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਕੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਰਾਜ ਭਰ ਵਿਖੇ ਘਰ-ਘਰ ਪਹੁੰਚ ਬਣਾ ਰਿਹਾ ਹੈ। ਪਦਮਸ਼੍ਰੀ ਸ਼ੰਟੀ ਨੇ ਕਮਿਸ਼ਨ ਵੱਲੋਂ ਲੋਕਾਂ ਦੀਆਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਉਤੇ ਸ਼ਿਕਾਇਤ ਕਰਨ ਲਈ ਵਟਸਐਪ ਨੰਬਰ 9855475547 ਜਾਰੀ ਕਰਦਿਆਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ, ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਕਮਿਸ਼ਨ ਨੂੰ ਦਿੱਤੀ ਜਾਵੇ ਜਿਸ 'ਤੇ ਦੋ ਦਿਨਾਂ ਅੰਦਰ ਯਕੀਨਨ ਕਾਰਵਾਈ ਹੋਵੇਗੀ। ਕਮਿਸ਼ਨ ਮੈਂਬਰ ਜਤਿੰਦਰ ਸਿੰਘ ਸ਼ੰਟੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਤਰਫ਼ੋਂ ਏ.ਡੀ.ਸੀ ਸ਼ਹਿਰੀ ਵਿਕਾਸ ਨਵਰੀਤ ਕੌਰ ਸੇਖੋਂ, ਐਸ.ਪੀ ਸਿਟੀ ਪਲਵਿੰਦਰ ਸਿੰਘ ਚੀਮਾ, ਕੇਂਦਰੀ ਜੇਲ੍ਹ ਦੇ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ, ਨਗਰ ਨਿਗਮ, ਸਿਹਤ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ, ਬਿਜਲੀ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੇਤ ਪਟਿਆਲਾ ਦੀਆਂ ਸਮਾਜ ਸੇਵੀ ਸੰਸਥਾਵਾਂ (ਐਨ.ਜੀ.ਓਜ) ਨਾਲ ਇੱਕ ਅਹਿਮ ਬੈਠਕ ਕੀਤੀ ਅਤੇ ਪੀੜਤਾਂ ਦੀਆਂ ਸ਼ਿਕਾਇਤਾਂ ਵੀ ਸੁਣੀਆਂ। ਇਸ ਮੌਕੇ ਸ਼ੰਟੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਰਾਜ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ 15 ਮੈਂਬਰੀ ਕੋਰ ਗਰੁੱਪਾਂ ਦਾ ਗਠਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹੇ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਕਰਕੇ ਕਮਿਸ਼ਨ ਦੀ ਬ੍ਰਾਂਚ ਹਰ ਜ਼ਿਲ੍ਹੇ ਵਿੱਚ ਖੋਲ੍ਹੀ ਜਾਵੇਗੀ ਤਾਂ ਕਿ ਪੀੜਤਾਂ ਨੂੰ ਤੁਰੰਤ ਨਿਆਂ ਦਿਵਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਇਸ ਤਰ੍ਹਾਂ ਦੇ ਕੋਰ ਗਰੁੱਪ ਬਣਾਉਣ ਵਾਲਾ ਦੇਸ਼ ਦਾ ਪਹਿਲਾ ਕਮਿਸ਼ਨ ਬਣ ਰਿਹਾ ਹੈ। ਇਸ ਤੋਂ ਪਹਿਲਾਂ ਉਨ੍ਹਾਂ ਨੇ ਸਰਕਾਰੀ ਰਜਿੰਦਰਾ ਹਸਪਤਾਲ ਵਿਖੇ ਅਚਨਚੇਤ ਦੌਰਾ ਕਰਕੇ ਉਥੇ ਐਮਰਜੈਂਸੀ, ਐਂਬੂਲੈਂਸ ਸੇਵਾਵਾਂ ਸਮੇਤ ਹੋਰ ਪਹਿਲੂਆਂ ਦਾ ਜਾਇਜ਼ਾ ਲਿਆ। ਪਦਮਸ਼੍ਰੀ ਸ਼ੰਟੀ ਨੇ ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਸਮੂਹ ਵਿਭਾਗੀ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੰਦਿਆਂ ਮਨੁੱਖੀ ਅਧਿਕਾਰਾਂ ਨੂੰ ਹੋਰ ਬਿਹਤਰ ਬਣਾਉਣ ਲਈ ਐਨ.ਜੀ.ਓਜ ਤੋਂ ਸੁਝਾਅ ਵੀ ਲਏ। ਏ.ਡੀ.ਸੀ. ਨਵਰੀਤ ਕੌਰ ਸੇਖੋਂ, ਐਸ.ਪੀ. ਪਲਵਿੰਦਰ ਸਿੰਘ ਚੀਮਾ ਤੇ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਨੇ ਭਰੋਸਾ ਦਿੱਤਾ ਕਿ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇਗੀ। ਇਸ ਮੌਕੇ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਇਸਲਾਮ ਅਲੀ ਸਮੇਤ ਮਨੁੱਖੀ ਅਧਿਕਾਰ ਕਮਿਸ਼ਨ ਮੈਂਬਰ ਦੇ ਸਕੱਤਰ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਪਟਿਆਲਾ ਦੀਆਂ ਐਨ.ਜੀ.ਓਜ ਦੇ ਮੈਂਬਰ ਮੌਜੂਦ ਸਨ। ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਲੋਕਾਂ ਨੂੰ ਨਿਆਂ ਦਿਵਾਉਣ ਲਈ ਹੋਰ ਚੌਕਸ ਹੋਣ ਦੇ ਨਿਰਦੇਸ਼ ਦਿੱਤੇ ਅਤੇ ਐਨ.ਜੀ.ਓਜ ਦੀ ਪ੍ਰਸ਼ੰਸਾ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਸਹਿਯੋਗ ਕਰਨ ਦੀ ਵੀ ਹਦਾਇਤ ਕੀਤੀ। ਜਤਿੰਦਰ ਸਿੰਘ ਸ਼ੰਟੀ ਨੇ ਪੰਜਾਬ ਰਾਜ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਜਾਰੀ ਸਲਾਹਕਾਰੀਆਂ ਨੂੰ ਲਾਗੂ ਕਰਨ ਦੀ ਹਦਾਇਤ ਕਰਦਿਆਂ ਦੱਸਿਆ ਕਿ ਹੁਣ ਕੋਈ ਵੀ ਸਰਕਾਰੀ ਅਤੇ ਨਿੱਜੀ ਹਸਪਤਾਲ ਕਿਸੇ ਮਰੀਜ਼ ਜਾਂ ਮ੍ਰਿਤਕ ਸਰੀਰ ਨੂੰ ਬਿੱਲ ਦੇ ਭੁਗਤਾਨ ਨਾ ਹੋਣ ਉਤੇ ਰੋਕ ਨਹੀਂ ਸਕੇਗਾ। ਇਸ ਤੋਂ ਬਿਨ੍ਹਾਂ ਹਰ ਹਸਪਤਾਲ ਵਿਖੇ ਲਾਜਮੀ ਤੌਰ ਉਤੇ ਢੁਕਵੀਂ ਮੁਰਦਾਘਰ ਸਹੂਲਤ ਤੇ ਐਂਬੂਲੈਂਸ ਵੈਨ ਸੇਵਾਵਾਂ ਪ੍ਰਦਾਨ ਕਰਨੀਆਂ ਸ਼ਾਮਲ ਹਨ। ਇਸ ਤੋਂ ਬਿਨ੍ਹਾਂ 112 'ਤੇ ਫੋਨ ਕਰਕੇ ਜਿੰਦਗੀ ਮੌਤ ਦੀ ਲੜਾਈ ਦੀ ਲੜ ਰਹੇ ਮਰੀਜ਼ਾਂ ਦੀਆਂ ਐਂਬੂਲੈਂਸਾਂ ਨੂੰ ਹਸਪਤਾਲਾਂ ਤੱਕਣ ਲਈ ਪੁਲਿਸ ਪਾਇਲਟ ਮੁਹੱਈਆ ਕਰਵਾਉਣ ਦੇ ਵੀ ਨਿਰਦੇਸ਼ ਦਿੱਤੇ ਗਏ ਹਨ। ਜਤਿੰਦਰ ਸਿੰਘ ਸ਼ੰਟੀ ਨੇ 1947 ਦੇ ਕਤਲੇਆਮ, ਭੋਪਾਲ ਗੈਸ ਤਰਾਸਦੀ ਤੇ 1984 ਦੇ ਸਿੱਖ ਕਤਲੇਆਮ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਸ ਦੌਰਾਨ ਮਨੁੱਖੀ ਅਧਿਕਾਰ ਕਮਿਸ਼ਨ ਦੀ ਅਣਹੋਂਦ ਕਰਕੇ ਹੀ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲ ਸਕਿਆ ਪਰੰਤੂ ਹੁਣ ਅਜਿਹਾ ਨਹੀਂ ਹੋਵੇਗਾ।

## ਹੋਲਾ-ਮਹੱਲਾ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਵਾਲੀ 'ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ' ਦੀ ਕਾਨਫਰੰਸ ਦੀਆਂ ਤਿਆਰੀਆਂ ਲਈ ਅਹਿਮ ਮੀਟਿੰਗ



ਦੇਵੀਗੜ੍ਹ, 1 ਮਾਰਚ (ਗੁਰਜੀਤ ਸਿੰਘ ਢੋਟ) : ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੇ ਪਵਿੱਤਰ ਦਿਹਾੜੇ 'ਤੇ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੀ ਜਾਣ ਵਾਲੀ ਵਿਸ਼ਾਲ 'ਅਕਾਲੀ ਕਾਨਫਰੰਸ' ਦੀਆਂ ਤਿਆਰੀਆਂ ਨੂੰ ਲੈ ਕੇ ਜ਼ਿਲ੍ਹਾ ਪਟਿਆਲਾ ਦੀ ਸਮੁੱਚੀ ਲੀਡਰਸ਼ਿਪ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਥੇਦਾਰ ਰਣਧੀਰ ਸਿੰਘ ਰੱਖੜਾ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਜਰਨੈਲ ਸਿੰਘ ਕਰਤਾਰਪੁਰ, ਕੌਰ ਸਿੰਘ ਡੀ.ਟੀ.ਓ., ਭੁਪਿੰਦਰ ਸਿੰਘ ਸ਼ੇਖੂਪੁਰ, ਐਡਵੋਕੇਟ ਰਵਿੰਦਰ ਸਿੰਘ ਸ਼ਾਹਪੁਰ, ਕਪੂਰ ਚੰਦ ਬਾਂਸਲ, ਕੁਲਵਿੰਦਰ ਸਿੰਘ ਲਵਲੀ, ਜਸਪਾਲ ਸਿੰਘ ਕਲਿਆਣ, ਅਬਰਿੰਦਰ ਸਿੰਘ ਕੰਗ ਅਤੇ ਜਗਦੀਪ ਸਿੰਘ ਗਲਬੱਟੀ ਨੇ ਸ਼ਿਰਕਤ ਕੀਤੀ ਅਤੇ ਅਗਾਮੀ ਕਾਨਫਰੰਸ ਦੀ ਰੂਪ-ਰੇਖਾ ਉਲੀਕੀ। ਮੀਟਿੰਗ ਦੌਰਾਨ ਪਟਿਆਲਾ ਜ਼ਿਲ੍ਹੇ ਦੇ ਸਮੁੱਚੇ ਸਰਕਲ ਪ੍ਰਧਾਨਾਂ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਤਾਂ ਜੋ ਵੱਧ ਤੋਂ ਵੱਧ ਸੰਗਤਾਂ ਅਤੇ ਪਾਰਟੀ ਵਰਕਰਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਕਾਨਫਰੰਸ ਵਿੱਚ ਲਿਜਾਇਆ ਜਾ ਸਕੇ। ਇਸ ਮੌਕੇ ਆਗੂਆਂ ਨੇ ਵਰਕਰਾਂ ਨੂੰ ਲਾਮਬੰਦ ਹੋਣ ਦਾ ਸੱਦਾ ਦਿੱਤਾ ਤਾਂ ਜੋ ਪਾਰਟੀ ਦੇ 'ਪੁਨਰ ਸੁਰਜੀਤ' ਦੇ ਸੰਕਲਪ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ ਅਤੇ ਕਿਹਾ ਕਿ ਅਕਾਲੀ ਦਲ ਪੰਜਾਬ ਦੇ ਭਖਦੇ ਮਸਲਿਆਂ 'ਤੇ ਹਮੇਸ਼ਾ ਆਵਾਜ਼ ਬੁਲੰਦ ਕਰਦਾ ਰਹੇਗਾ। ਇਸ ਮੀਟਿੰਗ ਵਿੱਚ ਪ੍ਰਮੁੱਖ ਤੌਰ 'ਤੇ ਸਰਕਲ ਪ੍ਰਧਾਨ ਨਛੱਤਰ ਸਿੰਘ ਫੌਜੀ, ਗੁਰਨੈਬ ਸਿੰਘ ਭਾਨਰਾ, ਜਸਬੀਰ ਸਿੰਘ ਨਲੀਨਾ, ਅਮਰਜੀਤ ਸਿੰਘ ਨੋਗਾਵਾਂ, ਅਨਿਲ ਗੁਪਤਾ, ਗੁਰਮੀਤ ਸਿੰਘ ਕੋਟ, ਗੁਰਪ੍ਰੀਤ ਸਿੰਘ, ਗੁਰਜੀਤ ਸਿੰਘ ਉੱਪਲੀ, ਨਿਸ਼ਾਨ ਸਿੰਘ, ਸਾਹਿਬ ਸਿੰਘ, ਅਮਰਜੀਤ ਸਿੰਘ, ਹਰਵਿੰਦਰ ਸਿੰਘ, ਜਸਬੀਰ ਸਿੰਘ, ਗੁਰਦੀਪ ਸਿੰਘ ਝੰਡੀ, ਗੁਰਦੇਵ ਸਿੰਘ, ਪਰਮਜੀਤ ਸਿੰਘ ਅਤੇ ਹੋਰ ਅਹੁਦੇਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਮਿਸ਼ਨ 2027 ਫਤਿਹ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਦਾ ਯੂਥ ਵਿੰਗ ਅਹਿਮ ਰੋਲ ਅਦਾ ਕਰੇਗਾ : ਚੀਮਾ



ਡਕਾਲਾ/ਬਲਬੇੜ੍ਹਾ, 1 ਮਾਰਚ (ਗੁਰਸੇਵਕ ਸਿੰਘ) : ਮਿਸ਼ਨ 2027 ਫਤਿਹ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਲਈ ਪੰਜਾਬ ਦਾ ਨੌਜਵਾਨ ਯੂਥ ਵਿੰਗ ਅਹਿਮ ਰੋਲ ਅਦਾ ਕਰੇਗਾ, ਇਹ ਵਿਚਾਰ ਇਤਿਹਾਸਕ ਅਸਥਾਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਕਰਹਾਲੀ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਕੌਮੀ ਜਰਨਲ ਸਕੱਤਰ ਮਲਕੀਤ ਸਿੰਘ ਚੀਮਾ ਅਤੇ ਯੂਥ ਵਿੰਗ ਦੇ ਮੀਤ ਪ੍ਰਧਾਨ ਗੁਰਜੰਟ ਸਿੰਘ ਮਵੀ ਸੱਪਾਂ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦੇ ਹੋਏ ਕੀਤਾ। ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਕੌਮੀ ਜਨਰਲ ਸਕੱਤਰ ਮਲਕੀਤ ਸਿੰਘ ਚੀਮਾ ਨੇ ਦੱਸਿਆ ਕਿ ਆਉਣ ਵਾਲੀ 19 ਮਾਰਚ ਨੂੰ ਹਲਕਾ ਸਮਾਣਾ ਵਿਖੇ ਰੱਖੀ ਗਈ ਪੰਜਾਬ ਬਚਾਓ ਰੈਲੀ 'ਚ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਧਾਨ ਸਭਾ ਹਲਕਾ ਸਮਾਣਾ 'ਚ ਅਕਾਲੀ ਦਲ ਦੇ ਕੇਡਰ ਦਾ ਵੱਡਾ ਇਕੱਠ ਕਰਕੇ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਨੂੰ ਇਹ ਜਿੰਮੇਵਾਰੀ ਸੌਂਪਣ ਲਈ ਪਹੁੰਚ ਰਹੇ ਹਨ, ਇਸ ਲਈ ਉਹਨਾਂ ਪ੍ਰੈਸ ਦੇ ਮਾਧਿਅਮ ਰਾਹੀਂ ਉਹਨਾਂ ਪੰਜਾਬ ਅਤੇ ਪੰਥ ਪ੍ਰਤੀ ਕ੍ਰਾਂਤੀਕਾਰੀ ਸੋਚ ਰੱਖਣ ਵਾਲੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪੋ ਆਪਣੇ ਇਲਾਕਿਆਂ 'ਚ ਲੋਕ ਮਸਲਿਆਂ ਅਤੇ ਪੰਥਕ ਸੇਵਾਵਾਂ 'ਚ ਅਹਿਮ ਰੋਲ ਨਿਭਾਉਣ ਦੀ ਇੱਛਾ ਰੱਖਣ ਵਾਲੇ ਨੌਜਵਾਨ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀ ਸਿਆਸੀ ਛਤਰ ਛਾਇਆ ਦੇ ਮਜ਼ਬੂਤ ਬਲ ਹੇਠ ਇਕੱਠੇ ਹੋਣ ਲਈ ਆਪਣੇ ਮਨ ਬਣਾ ਕੇ ਪਿੰਡਾਂ, ਕਸਬਿਆਂ ਤੇ ਸਰਕਲਾਂ ਵਿੱਚੋਂ ਯੂਥ ਵਿੰਗ ਨਾਲ ਜੁੜਨ ਵਾਲੇ ਨੌਜਵਾਨਾਂ ਦੀਆਂ ਲਿਸਟਾਂ ਤਿਆਰ ਕਰਕੇ 15 ਮਾਰਚ ਤੋਂ ਪਹਿਲਾਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਪਟਿਆਲਾ ਜ਼ਿਲ੍ਹੇ ਦੇ ਪ੍ਰਧਾਨ ਜਗਮੀਤ ਸਿੰਘ ਹਰਿਆਊ ਦੇ ਸਮਾਣਾ ਵਿਖੇ ਸਥਿਤ ਦਫਤਰ 'ਚ ਪਹੁੰਚ ਕੇ ਉਹਨਾਂ ਨਾਲ ਰਾਬਤਾ ਜੋੜ ਕੇ ਆਪਣੇ ਵਿਚਾਰ ਮਸ਼ਵਰੇ ਸਾਂਝੇ ਕਰਨ ਦੀ ਖੇਚਲ ਕਰਨ।

## ਸਮਾਜ ਸੇਵੀ ਲਵੀ ਖੰਗੂੜਾ ਨੇ ਸੱਤ ਜ਼ਰੂਰਤਮੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਏ

### ਵਿਧਾਇਕ ਬਾਜੀਗਰ ਤੇ ਜੌੜਾਮਾਜਰਾ ਨੇ ਨਵ-ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦਿੱਤਾ



ਪਾਤੜਾਂ, 1 ਮਾਰਚ (ਹਰਮਿੰਦਰ ਕਰਤਾਰਪੁਰ) : ਸਮਾਜ ਸੇਵੀ ਅਤੇ ਨੌਜਵਾਨ ਆਗੂ ਲਵੀ ਖੰਗੂੜਾ ਬੁਜਰਕ ਵਲੋਂ ਐਨ.ਆਰ.ਆਈ ਅਤੇ ਇਲਾਕੇ ਦੇ ਸਹਿਯੋਗ ਨਾਲ ਸੱਤ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕੀਤੇ ਗਏ। ਪ੍ਰਾਪਤ ਹੋਈ ਜਾਣਕਾਰੀ ਮੁਤਾਬਕ ਹਰ ਲੜਕੀ ਨੂੰ ਤਕਰੀਬਨ ਤਿੰਨ ਲੱਖ ਦਾ ਘਰੇਲੂ ਸਮਾਨ ਵੀ ਦਿੱਤਾ ਗਿਆ ਤਾਂ ਜੋ ਨਵੇਂ ਵਿਆਹੇ ਜੋੜਿਆਂ ਨੂੰ ਕਿਸੇ ਕਿਸਮ ਕੋਈ ਦਿੱਕਤ ਪੇਸ਼ ਨਾ ਆਵੇ।ਸਮਾਜ ਸੇਵੀ ਲਵੀ ਖੰਗੂੜਾ ਵੱਲੋਂ ਆਪਣੇ ਖੇਤ ਵਿੱਚੋਂ ਦੋ ਕਿੱਲੇ ਹਰੀ ਕਣਕ ਦਾ ਚਾਰਾ ਅਗਰਵਾਲ ਗਊਸ਼ਾਲਾ ਸਮਾਣਾ ਨੂੰ ਦਾਨ ਕਰਕੇ ਉਸ ਵਿੱਚ ਲੜਕੀਆਂ ਦੇ ਵਿਆਹ ਲਈ ਟੈਂਟ ਲਗਾਇਆ ਗਿਆ। ਨਵ ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦੇਣ ਲਈ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਅਤੇ ਵਿਧਾਨ ਸਭਾ ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੋੜਾ ਮਾਜਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਜਦ ਕਿ ਪ੍ਰਸਿੱਧ ਸਮਾਜ ਸੇਵੀ ਪਾਲ ਖਰੌੜ ਅਤੇ ਸਮਾਜ ਸੇਵੀ ਜੱਗੀ ਸਰਪੰਚ ਵੀ ਇਸ ਸਮੇਂ ਮੌਜੂਦ ਰਹੇ। ਇਸ ਮੌਕੇ ਸਰਪੰਚ ਹਰਦੀਪ ਸਿੰਘ ਸ਼ਾਹਪੁਰ, ਸਰਪੰਚ ਜਗਤਾਰ ਸਿੰਘ ਬੁਜਰਕ, ਯੂਥ ਆਗੂ ਗੁਰਦੀਪ ਸਿੰਘ ਧਨੇਠਾ, ਸਰਪੰਚ ਸੁਖਵਿੰਦਰ ਸਿੰਘ ਘੰਘਰੋਲੀ, ਚੇਅਰਮੈਨ ਤਰਸੇਮ ਚੰਦ ਖੇੜੀ ਨਗਾਈਆ, ਸਰਪੰਚ ਗੋਰਾ ਧਰਮਗੜ੍ਹ, ਸਰਪੰਚ ਕਰਨੈਲ ਸਿੰਘ ਨਾਮਸੋਤ, ਰਣਜੀਤ ਸਿੰਘ ਵਿਰਕ, ਗੁਰਲਾਲ ਮੱਲੀ ਆਦਿ ਪ੍ਰਮੁੱਖ ਤੌਰ 'ਤੇ ਹਾਜ਼ਰ ਸਨ।

## ਸੁਰਜੀਤ ਸਿੰਘ ਕੌਲੀ ਗੁਰਦੁਆਰਾ ਕਰਹਾਲੀ ਸਾਹਿਬ ਦੇ ਮੈਨੇਜਰ ਨਿਯੁਕਤ



ਡਕਾਲਾ/ਬਲਬੇੜ੍ਹਾ , 1 ਮਾਰਚ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਸਮੁੱਚੀ ਅੰਤਰਿੰਗ ਕਮੇਟੀ ਦੀ ਹੋਈ ਬੈਠਕ ਤੋਂ ਬਾਅਦ ਲਏ ਗਏ ਫੈਸਲੇ ਦੀ ਰੋਸ਼ਨੀ ਹੇਠ, ਹੋਏ ਦਿਸ਼ਾ ਨਿਰਦੇਸ਼ਾ ਨੂੰ ਮੁੱਖ ਰੱਖਦਿਆਂ ਹੈਡ ਆਫਿਸ ਸ੍ਰੀ ਦਰਬਾਰ ਸਾਹਿਬ ਸ੍ਰੀ (ਅੰਮ੍ਰਿਤਸਰ) ਸਾਹਿਬ ਦੇ ਮੁੱਖ ਸਕੱਤਰ ਵੱਲੋਂ ਗੁਰੂ ਘਰਾਂ ਦੇ ਪ੍ਰਬੰਧਕੀ ਨਿਗਾਹ ਨੂੰ ਧਿਆਨ 'ਚ ਰੱਖਦੇ ਹੋਏ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਸਾਹਿਬਾਨ ਅਤੇ ਪ੍ਰਬੰਧਕੀ ਢਾਂਚੇ ਨਾਲ ਜੁੜੇ ਹੋਏ 18 ਦੇ ਕਰੀਬ ਮੁਲਾਜ਼ਮਾਂ ਦੀਆਂ ਡਿਊਟੀਆਂ 'ਚ ਅਦਲਾ ਬਦਲੀਆਂ ਕੀਤੀਆਂ ਗਈਆਂ ਹਨ। ਇਸੇ ਕੜੀ ਤਹਿਤ ਇਤਿਹਾਸਿਕ ਅਸਥਾਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਕਰਹਾਲੀ ਸਾਹਿਬ (ਪਟਿਆਲਾ) ਵਿਖੇ ਸੁਰਜੀਤ ਸਿੰਘ ਕੌਲੀ ਨੂੰ ਮੁੱਖ ਪ੍ਰਬੰਧਕ ਵਜੋਂ ਨਿਯੁਕਤ ਕੀਤਾ ਗਿਆ ਹੈ, ਇਸ ਮੌਕੇ ਬੀਤੇ ਕੱਲ ਗੁ: ਸਾਹਿਬ ਵਿਖੇ ਹਾਜ਼ਰ ਹੋ ਕੇ ਸੁਰਜੀਤ ਸਿੰਘ ਕੌਲੀ ਨੇ ਬਤੌਰ ਮੈਨੇਜਰ ਆਪਣਾ ਅਹੁਦਾ ਸੰਭਾਲਣ ਸਮੇਂ ਸਥਾਨਕ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਨਯੋਗ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਗੜ੍ਹੀ ਦੀ ਰਹਿਮੋ ਕਰਾਮਾਤ ਤੋਂ ਇਲਾਵਾ ਸੱਭ ਤੋਂ ਵੱਧ ਉਹ ਗੁਰੂ ਸਾਹਿਬ ਜੀ ਦਾ ਕੋਟਾਨ ਕੋਟ ਧੰਨਵਾਦ ਕਰਦੇ ਹਨ।

## ਕਥਿਤ ਸ਼ਰਾਬ ਘੁਟਾਲੇ 'ਚ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਦਾ ਬਰੀ ਹੋਣਾ ਇਤਿਹਾਸਕ ਜਿੱਤ : ਮੇਅਰ ਗੋਗੀਆ



ਪਟਿਆਲਾ, 1 ਮਾਰਚ (ਰੁਪਾਣਾ) : ਦਿੱਲੀ ਦੀ ਅਦਾਲਤ ਵੱਲੋਂ ਕਥਿਤ ਅਬਕਾਰੀ ਘੁਟਾਲੇ ਦੇ ਕੇਸ ਵਿੱਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ 21 ਹੋਰਨਾਂ ਨੂੰ ਬਰੀ ਕੀਤੇ ਜਾਣ ਦੇ ਫੈਸਲੇ ਦਾ ਪਟਿਆਲਾ ਵਿੱਚ ਭਰਵਾਂ ਸਵਾਗਤ ਕੀਤਾ ਗਿਆ ਹੈ। ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਇਸ ਦਿਨ ਨੂੰ ਭਾਰਤ ਦੇ ਇਤਿਹਾਸ ਵਿੱਚ ਇੱਕ 'ਇਤਿਹਾਸਕ ਦਿਨ' ਕਰਾਰ ਦਿੰਦਿਆਂ ਕਿਹਾ ਕਿ ਅਦਾਲਤ ਦੇ ਇਸ ਫੈਸਲੇ ਨੇ ਸਾਬਿਤ ਕਰ ਦਿੱਤਾ ਹੈ ਕਿ ਸੱਚ ਨੂੰ ਪ੍ਰੇਸ਼ਾਨ ਤਾਂ ਕੀਤਾ ਜਾ ਸਕਦਾ ਹੈ, ਪਰ ਪਰਾਜਿਤ ਨਹੀਂ।ਅੱਜ ਸਵੇਰੇ ਮੇਅਰ ਕੁੰਦਨ ਗੋਗੀਆ ਨੇ ਨਹਿਰੂ ਪਾਰਕ ਵਿੱਚ ਸੈਰ ਪ੍ਰੇਮੀਆਂ, 'ਮੌਰਨਿੰਗ ਕਲੱਬ' ਅਤੇ 'ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ' ਦੇ ਮੈਂਬਰਾਂ ਨਾਲ ਮੁਲਾਕਾਤ ਕੀਤੀ ਅਤੇ ਇਸ ਵੱਡੀ ਜਿੱਤ ਦੀ ਖੁਸ਼ੀ ਸਾਂਝੀ ਕੀਤੀ। ਦੇਵ ਰਾਜ ਅਤੇ ਉਪਕਾਰ ਸਿੰਘ ਸਮੇਤ ਹੋਰਨਾਂ ਮੈਂਬਰਾਂ ਨੇ ਮੇਅਰ ਨੂੰ ਇਸ ਇਤਿਹਾਸਕ ਫੈਸਲੇ ਦੀਆਂ ਮੁਬਾਰਕਾਂ ਦਿੱਤੀਆਂ।

## ਬਾਬਾ ਬੰਦਾ ਸਿੰਘ ਬਹਾਦਰ ਯੂਥ ਕਲੱਬ ਫਤਿਹਪੁਰ ਵੱਲੋਂ ਜਥੇਦਾਰ ਪੰਜਰਥ ਦੀ ਮਾਤਾ ਜੀ ਦਾ ਸਨਮਾਨ



ਸਮਾਣਾ, 1 ਮਾਰਚ (ਜਵੰਦਾ) : ਪਿਛਲੇ ਦਿਨੀਂ ਫਤਿਹਪੁਰ ਦੀ ਧਰਤੀ 'ਤੇ ਜੋ ਕਬੱਡੀ ਕੱਪ ਹੋਇਆ ਸੀ ਉੱਥੇ ਦੀ ਕਮੇਟੀ ਅਤੇ ਮੁੱਖ ਪ੍ਰਬੰਧਕ ਲੱਖਾ ਢੋਟ ਵੱਲੋਂ ਜੋ ਸਨਮਾਨ ਜਥੇਦਾਰ ਭਾਈ ਦਲਜੀਤ ਸਿੰਘ ਪੰਜਰਥ ਦਾ ਉਹਨਾਂ ਦੀ ਜਥੇਬੰਦੀ ਨੂੰ ਕੀਤਾ ਗਿਆ ਸੀ । ਉਹ ਸਨਮਾਨ ਅੱਜ ਜਥੇਬੰਦੀ ਦੇ ਅਹੁਦੇਦਾਰ ਸਾਹਿਬਾਨਾਂ ਵੱਲੋਂ ਪ੍ਰਧਾਨ ਪੰਜਰਥ ਜੀ ਦੀ ਮਾਤਾ ਨੂੰ ਸੌਂਪਿਆ ਗਿਆ ਅਤੇ ਉੱਥੇ ਹੀ ਮਾਤਾ ਜਸਪਾਲ ਕੌਰ ਜੀ ਦਾ ਸਿਹਤ ਦਾ ਹਾਲ-ਚਾਲ ਜਾਣਿਆ ਤੇ ਉੱਥੇ ਆਸਟਰੇਲੀਆ ਦੀ ਧਰਤੀ ਤੋਂ ਵਾਪਸ ਪਰਤੇ ਸ. ਗੁਰਦਰਸ਼ਨ ਸਿੰਘ ਗਾਂਧੀ ਜਨਰਲ ਸਕੱਤਰ ਪੰਜਾਬ ਅਤੇ ਦਲ ਦੇ ਅਹੁਦੇਦਾਰ ਸਾਹਿਬਾਨ ਉਚੇਚੇ ਤੌਰ 'ਤੇ ਪਹੁੰਚੇ ਅਤੇ ਉੱਥੇ ਪ੍ਰਧਾਨ ਪੰਜਰਥ ਦੇ ਭਰਾ ਸ. ਜਗਦੀਪ ਸਿੰਘ ਪੰਜਰੱਥ ਅਤੇ ਮਾਤਾ ਜਸਪਾਲ ਕੌਰ ਵੱਲੋਂ ਸ. ਗੁਰਦਰਸ਼ਨ ਸਿੰਘ ਗਾਂਧੀ ਨਨਾਨਸੂ ਦਾ ਵਿਸ਼ੇਸ਼ ਸਨਮਾਨ ਸਿਰਪਾਓ ਦੇ ਕੇ ਕੀਤਾ ਗਿਆ। ਉੱਥੇ ਦਲ ਦੇ ਅਹੁਦੇਦਾਰ ਸਾਹਿਬਾਨ ਮੌਜੂਦ ਸਨ। ਇਸ ਮੌਕੇ ਹਰਵਿੰਦਰ ਸਿੰਘ ਲਾਡੀ ਸ਼ਹਿਰੀ ਪ੍ਰਧਾਨ ਸਮਾਣਾ, ਡਾ. ਕਸ਼ਮੀਰ ਸਿੰਘ ਮੀਤ ਪ੍ਰਧਾਨ ਸਮਾਣਾ, ਗੁਰਮੀਤ ਸਿੰਘ ਬੱਗਾ ਸੀਨੀਅਰ ਮੈਂਬਰ ਪੰਜਾਬ, ਕਬੱਡੀ ਖਿਡਾਰੀ ਜੁਗਰਾਜ ਸਿੰਘ ਪ੍ਰੈਸ ਸਕੱਤਰ ਪੰਜਾਬ, ਜਸਵਿੰਦਰ ਸਿੰਘ ਕਾਕਾ ਵਾਈਸ ਯੂਥ ਪ੍ਰਧਾਨ ਪਟਿਆਲਾ, ਜਰਨੈਲ ਸਿੰਘ ਮਾਨ ਮੁੱਖ ਸਲਾਹਕਾਰ ਪੰਜਾਬ, ਗਗਨਦੀਪ ਸਿੰਘ ਅੰਟਾਲ ਆਦਿ ਹਾਜ਼ਰ ਸਨ।

## ਜਥੇਦਾਰ ਟੌਹੜਾ ਦੀ ਯਾਦ 'ਚ ਪਿੰਡ ਟੌਹੜਾ ਵਿਖੇ 5-6 ਮਾਰਚ ਨੂੰ ਹੋਵੇਗਾ 16ਵਾਂ ਟੌਹੜਾ ਕਬੱਡੀ ਕੱਪ : ਟੌਹੜਾ



ਭਾਦਸੋਂ, 1 ਮਾਰਚ (ਭਰਪੂਰ ਸਿੰਘ ਮੱਟਰਾਂ) : ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਯਾਦ ਵਿਚ ਪਿੰਡ ਟੌਹੜਾ ਵਿਖੇ 5, 6 ਮਾਰਚ 2026 ਨੂੰ ਹੋਣ ਵਾਲੇ ਸਲਾਨਾ ਪੰਜਾਬ ਦੇ ਮਸ਼ਹੂਰ 16ਵਾਂ ਟੌਹੜਾ ਕਬੱਡੀ ਕੱਪ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਨੇ ਦਸਿਆ ਕਿ ਇਹ ਟੂਰਨਾਮੈਂਟ ਦੋ ਦਿਨਾਂ ਦਾ ਹੋਵੇਗਾ, ਜਿਸ ਵਿਚ ਦੇਸ਼-ਵਿਦੇਸ਼ ਦੇ ਖਿਡਾਰੀ ਹਿੱਸਾ ਲੈਣਗੇ। ਉਨ੍ਹਾਂ ਕਿਹਾ ਕਿ ਭਾਵੇ ਕਿ ਜਥੇਦਾਰ ਗੁਰਚਰਨ ਸਿੰਘ ਟੌਹੜਾ ਨੂੰ ਵਿਛੜੀਆਂ ਕਰੀਬ 22 ਸਾਲ ਹੋ ਗਏ ਹਨ ਪਰ ਉਨ੍ਹਾਂ ਦੀਆਂ ਕੀਤੀਆਂ ਸੇਵਾਵਾਂ ਦੀਆਂ ਯਾਦਾਂ ਅੱਜ ਵੀ ਤਾਜ਼ਾ ਹਨ। ਉਨ੍ਹਾਂ ਦੱਸਿਆ ਕਿ ਦੋ ਦਿਨ ਚੱਲਣ ਵਾਲੇ ਇਸ ਟੂਰਨਾਮੈਂਟ ਵਿਚ ਜਿਥੇ ਪਹਿਲੇ ਦਿਨ 32, 37 ਅਤੇ 47 ਕਿਲੋ ਦੀਆਂ ਟੀਮਾਂ ਦੇ ਕਬੱਡੀ ਦੇ ਮੈਚ ਹੋਣਗੇ । ਇਸ ਮੌਕੇ ਹੋਰਨਾਂ ਤੋ ਇਲਾਵਾ ਟੌਹੜਾ ਕਬੱਡੀ ਕੱਪ ਦੇ ਪ੍ਰਧਾਨ ਮੈਨੇਜਰ ਅਮਰੀਕ ਸਿੰਘ, ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਭੰਗੂ, ਰਣਧੀਰ ਸਿੰਘ ਢੀਂਡਸਾ, ਪ੍ਰੀਤ ਬੱਤਰਾ ਜਨਰਲ ਸਕੱਤਰ, ਗੁਰਜੀਤ ਸਿੰਘ ਮੀਤ ਪ੍ਰਧਾਨ, ਜਸਪਾਲ ਸਿੰਘ ਕਲਿਆਣ ਸਾਬਕਾ ਚੇਅਰਮੈਨ ਜਿਲਾ ਪਰਿਸ਼ਦ ਪਟਿਆਲਾ, ਡਾ.ਪ੍ਰਦੀਪ ਕੁੰਦਰਾ, ਲੈਕਚਰਚਾਰ ਗੁਰਪ੍ਰੀਤ ਸਿੰਘ ਜਿੰਦਲਪੁਰ, ਲੰਬੜਦਾਰ ਮਲਕੀਤ ਸਿੰਘ ਵਜੀਦੜੀ, ਬਹਾਦਰ ਸਿੰਘ ਟੌਹੜਾ, ਹਰਭਜਨ ਸਿੰਘ ਟੌਹੜਾ, ਰਣਧੀਰ ਸਿੰਘ ਰੈਮਲਮਾਜਰੀ, ਮਹਿੰਗਾ ਸਿੰਘ ਭੜੀ, ਲਖਵਿੰਦਰ ਸਿੰਘ ਖੱਟੜਾ, ਸਤਗੁਰ ਸਿੰਘ ਨਿਰਮਾਣਾ, ਜਗਤਾਰ ਸਿੰਘ ਸਿੱਧੂ, ਹਰਿੰਦਰ ਸਿੰਘ ਸਰਪੰਚ ਭੜੀ, ਗੁਰਵਿੰਦਰ ਸਿੰਘ ਵੈਦਵਾਨ, ਗੁਰਧਿਆਨ ਸਿੰਘ ਸਰਪੰਚ ਕਾਲਸਨਾ, ਅਮਰਿੰਦਰ ਸਿੰਘ ਸਰਪੰਚ ਖੋਖ, ਜਥੇਦਾਰ ਹਰਮੇਲ ਸਿੰਘ ਗੋਬਿੰਦਪੁਰਾ, ਹਰਬੰਸ ਸਿੰਘ ਭੂਰਾ ਗਿਲ ਆਦਿ ਮੌਜੂਦ ਸਨ।

## ਸੜਕ 'ਤੇ ਬੁਲਾ ਕੇ ਕੀਤੀ ਕੁੱਟਮਾਰ

ਘਨੌਰ, 1 ਮਾਰਚ (ਮਦਨ ਲਾਲ) : ਥਾਣਾ ਖੇੜੀ ਗੰਡਿਆ ਪੁਲਿਸ ਕੋਲ ਕਪੂਰ ਸਿੰਘ ਪੁੱਤਰ ਸੰਤ ਸਿੰਘ ਵਾਸੀ ਪਿੰਡ ਹਰਪਾਲਪੁਰ ਨੇ ਕਥਿਤ ਦੋਸ਼ੀਆਂ ਬਿਕਰਮਜੀਤ ਦਾਸ, ਰਣਜੀਤ ਕੌਰ, ਮਨਪ੍ਰੀਤ ਬਾਵਾ ਵਾਸੀ ਪਿੰਡ ਹਰਪਾਲਪੁਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਨੇ ਕਥਿਤ ਦੋਸ਼ੀ ਬਿਕਰਮਜੀਤ ਦਾਸ ਕੋਲੋਂ ਪੈਸੇ ਲੈਣੇ ਸਨ ਤਾਂ ਕਥਿਤ ਦੋਸ਼ੀ ਨੇ ਉਸ ਨੂੰ ਫੋਨ ਕਰਕੇ ਪੈਸੇ ਦੇਣ ਦੇ ਬਹਾਨੇ ਨਾਲ ਸੜਕ ਪਰ ਬੁਲਾ ਕੇ ਆਪਣੀ ਪਤਨੀ ਨਾਲ ਰਲ ਕੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆ ਵੀ ਦਿੱਤੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਸਮਾਜ ਸੇਵਕ ਭਲਿੰਦਰ ਮਾਨ ਦੇ ਜਨਮਦਿਨ ਮੌਕੇ ਮੈਂਬਰਾਂ ਨੇ ਦਿੱਤੀਆਂ ਵਧਾਈਆਂ



ਪਟਿਆਲਾ, 1 ਮਾਰਚ (ਚ.ਨ.ਸ.) : ਸਮਾਜ ਦੀ ਭਲਾਈ ਲਈ ਦਿਨ-ਰਾਤ ਯਤਨਸ਼ੀਲ ਅਤੇ ਵਧੀਆ ਕੰਮ ਕਰ ਰਹੇ, ਉੱਘੇ ਸਮਾਜ ਸੇਵਕ ਅਤੇ ਗਰੀਬ ਸੇਵਾ ਸੋਸਾਇਟੀ ਦੇ ਮੈਂਬਰ ਭਲਿੰਦਰ ਸਿੰਘ ਮਾਨ ਨੂੰ ਉਹਨਾਂ ਦੇ ਜਨਮਦਿਨ 'ਤੇ ਮੈਂਬਰਾਂ ਤੇ ਆਗੂਆਂ ਨੇ ਪਹੁੰਚ ਕੇ ਦਿਲੋਂ ਵਧਾਈਆਂ ਦਿੱਤੀਆਂ। ਇਸ ਮੌਕੇ ਗੁਰਸੇਵਕ ਸਿੰਘ ਝਿੱਲ, ਤਰਨਜੀਤ ਸਿੰਘ ਵਿੱਕੀ, ਕੌਂਸਲਰ ਵਾਸੂਦੇਵ, ਅਕਸ਼ ਪ੍ਰੀਤ ਸਿੰਘ ਮਾਨ, ਅਮਨਪ੍ਰੀਤ ਸਿੰਘ ਅਤੇ ਹੋਰ ਆਗੂਆਂ ਨੇ ਕਿਹਾ ਕਿ ਸਮਾਜ ਸੇਵਾ ਇੱਕ ਬਹੁਤ ਹੀ ਪਰਉਪਕਾਰ ਵਾਲਾ ਕੰਮ ਹੈ।

## ਰਾਜੀਵ ਗਾਂਧੀ ਲਾਅ ਯੂਨੀਵਰਸਿਟੀ ਦਾ ਨਾਮ ਬਦਲਕੇ ਉਚ ਕੋਟੀ ਵਿਦਵਾਨ ਦਾ ਨਾਮ ਚੁਣਿਆ ਜਾਵੇ: ਪ੍ਰੋ. ਬਡੂੰਗਰ

ਪਟਿਆਲਾ, 1 ਮਾਰਚ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਰਾਜੀਵ ਗਾਂਧੀ ਲਾਅ ਯੂਨੀਵਰਸਿਟੀ, ਪਟਿਆਲਾ ਦੀ ਅਕਾਦਮਿਕ ਕੌਂਸਲ ਵੱਲੋਂ ਯੂਨੀਵਰਸਿਟੀ ਦੇ ਨਾਮ ਨਾਲੋਂ 'ਰਾਜੀਵ ਗਾਂਧੀ' ਦਾ ਨਾਮ ਹਟਾਉਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ, ਉਥੇ ਹੀ ਉਚ ਕੋਟੀ ਵਿਦਵਾਨ ਦੇ ਨਾਮ ਨੂੰ ਚੁਣੇ ਜਾਣ ਦਾ ਫੈਸਲਾ ਕਰ ਲੈਣਾ ਚਾਹੀਦਾ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਅਕਾਦਮਿਕ ਕੌਂਸਲ ਜਦੋਂ ਹੁਣ ਯੂਨੀਵਰਸਿਟੀ ਦਾ ਨਾਮ ਰਾਜੀਵ ਗਾਂਧੀ ਦੇ ਨਾਮ ਹਟਾਉਣਾ ਚਾਹੁੰਦੀ ਤਾਂ ਇਸ ਪਾਸੇ ਵੀ ਧਿਆਨ ਦੇਣ ਦੀ ਲੋੜ ਹੈ ਕਿ ਸਿੱਖਿਆ ਅਤੇ ਖੇਡ ਖੇਤਰ ਵਿਚ ਨਾਮਵਰ ਵਿਅਕਤੀਆਂ ਨੇ ਆਪਣਾ ਅਤੇ ਦੇਸ਼ ਦਾ ਨਾਮ ਸੁਨਹਿਰੀ ਅੱਖਰਾਂ ਵਿਚ ਲਿਖਿਆ ਉਨ੍ਹਾਂ ਦੇ ਨਾਮ ਵਿਚਾਰ ਲੈਣੇ ਚਾਹੀਦੇ ਹਨ। ਪ੍ਰੋ. ਬਡੂੰਗਰ ਨੇ ਇਹ ਵੀ ਆਖਿਆ ਕਿ ਗੁਰੂ ਸਾਹਿਬਾਨ, ਸੰਤਾਂ, ਮਹਾਂਪੁਰਸ਼ਾਂ, ਸ਼ਹੀਦਾਂ ਅੰਤਰ ਰਾਸ਼ਟਰੀ ਪੱਧਰ ਉੱਤੇ ਨਾਮਣਾ ਖੱਟਣ ਵਾਲੇ ਖਿਡਾਰੀਆਂ ਅਤੇ ਉੱਚਕੋਟੀ ਦੇ ਵਿਦਵਾਨਾਂ ਦੇ ਨਾਮ ਰੱਖਣੇ ਚਾਹੀਦੇ ਹਨ।ਪ੍ਰੋ. ਬਡੂੰਗਰ ਨੇ ਕਿਹਾ ਕਿ ਕੌਂਸਲ ਵੱਲੋਂ ਅਜਿਹਾ ਕਰਨ ਨਾਲ ਜਿਥੇ ਭਾਈ ਭਤੀਜਾਵਾਦ ਅਤੇ ਸਿਆਸੀ ਦਖਲਅੰਦਾਜ਼ੀ ਖਤਮ ਹੋਵੇਗੀ ਉਥੇ ਉਨ੍ਹਾਂ ਮਹਾਨ ਸ਼ਖ਼ਸੀਅਤਾਂ ਦਾ ਮਾਣ-ਸਨਮਾਨ ਹੋਵੇਗਾ

## ਜਨਹਿੱਤ ਸੰਮਤੀ ਨੇ ਚਲਾਇਆ ਚਿਲਡਰਨ ਪਾਰਕ ਤੇ ਬਾਰਾਂਦਰੀ ਗਾਰਡਨ ਵਿਖੇ ਸਫ਼ਾਈ ਅਭਿਆਨ



ਪਟਿਆਲਾ, 1 ਮਾਰਚ (ਚ.ਨ.ਸ.) : ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਜਨਹਿੱਤ ਸੰਮਤੀ ਵੱਲੋਂ ਪ੍ਰਧਾਨ ਐਸ ਕੇ ਗੌਤਮ ਅਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਅੱਜ ਚਿਲਡਰਨ ਪਾਰਕ ਅਤੇ ਬਾਰਾਦਰੀ ਗਾਰਡਨ ਵਿਖੇ ਸਫਾਈ ਅਭਿਆਨ ਚਲਾਇਆ ਗਿਆ ਜਿਸ ਵਿਚ ਯੂਨੀਵਰਸਲ ਕਾਲਜ ਪੈਟਰਨ ਦੀ ਐਨਐਸਐਸ ਵਲੰਟੀਅਰ ਟੀਮ ਦੇ ਵਿਦਿਆਰਥੀਆਂ ਨੇ ਦੋਵਾਂ ਪਾਰਕਾਂ ਦਾ ਕੂੜਾ ਚੁੱਕ ਕੇ ਬਾਰਾਦਰੀ ਗਾਰਡਨ ਅਤੇ ਚਿਲਡਰਨ ਪਾਰਕ ਦੀ ਸਫਾਈ ਕੀਤੀ। ਇਸ ਮੌਕੇ ਡਾ. ਅਮਰੀਸ਼ ਧਵਨ (ਪ੍ਰਿੰਸੀਪਲ), ਸ਼੍ਰੀ ਕੁਸ਼ਲ ਕੁਮਾਰ, ਅਮਨਦੀਪ ਕੌਰ (ਕੋਆਰਡੀਨੇਟਰ) ਐਨਐਸਐਸ ਕੈਂਪ, ਸ਼੍ਰੀਮਤੀ ਮਨਜੀਤ ਸਿੰਘ, ਸ਼੍ਰੀ ਰਵੀ ਕੁਮਾਰ, ਸ਼੍ਰੀਮਤੀ ਲਿਤਾਸ਼ਾ, ਸ਼੍ਰੀਮਤੀ ਸੁਮਨ, ਯੂਨੀਵਰਸਲ ਕਾਲਜ ਪੈਟਰਨ ਦੇ ਸਟਾਫ ਮੈਂਬਰ ਮੌਜੂਦ ਸਨ । ਇਸ ਮੌਕੇ ਸੰਬੋਧਨ ਕਰਦਿਆ ਡਾ. ਅਮਰੀਸ਼ ਧਵਨ (ਪ੍ਰਿੰਸੀਪਲ), ਨੇ ਕਿਹਾ ਕਿ ਜਨਹਿੱਤ ਸੰਮਤੀ ਵਲੋਂ ਪਟਿਆਲਾ ਸ਼ਹਿਰ ਦੇ ਪਾਰਕਾਂ ਦੀ ਸਾਭ ਸੰਭਾਲ ਕਰਨੀ, ਲੋੜਵੰਦ ਲੜਕੀਆਂ ਦੇ ਵਿਆਹਾ ਵਿਚ ਮਦਦ, ਲੋੜਵੰਦ ਪਰਿਵਾਰਾਂ ਨੂੰ ਰਾਸ਼ਨ, ਲੋੜਵੰਦਾਂ ਦੀ ਮਦਦ ਲਈ ਪੰਜ ਫਰੀ ਐਂਬੂਲੈਂਸ ਚਲਾਉਣੀਆਂ, ਰਾਜਿੰਦਰਾ ਹਸਪਤਾਲ ਵਿਚ ਲੋੜਵੰਦ ਮਰੀਜ਼ਾਂ ਲਈ ਵੀਲਚੇਅਰ, ਟਰਾਈਸਾਈਕਲ, ਮੁਫ਼ਤ ਦੀਵਾਈਆ ਦੇਣੀਆਂ, ਲੋੜਵੰਦ ਔਰਤਾਂ ਅਤੇ ਲੜਕੀਆਂ ਲਈ ਫਰੀ ਸਿਲਾਈ ਕਢਾਈ, ਕੰਪਿਊਟਰ ਸੈਂਟਰ ਖੋਲਣੇ ਬਹੁਤ ਪ੍ਰਸੰਸਾਯੋਗ ਹੈ।

## ਰੋਟਰੀ ਕਲੱਬ ਸਮਾਣਾ ਡਾਇਨਾਮਿਕ ਨੇ ਅੱਖਾਂ ਦਾ ਚੈਕਅੱਪ ਕੈਂਪ ਲਗਾਇਆ



ਸਮਾਣਾ, 1 ਮਾਰਚ (ਵਿਜੇ ਕੁਮਾਰ/ਨਿਖਿਲ ਗਰਗ/ਜਵੰਦਾ) : ਰੋਟਰੀ ਕਲੱਬ ਸਮਾਣਾ ਡਾਇਨਾਮਿਕ ਵੱਲੋਂ ਪ੍ਰਧਾਨ ਦਰਸ਼ਨ ਮਿੱਤਲ, ਸੈਕਟਰੀ ਸੁਮਿਤ ਗਰਗ(ਟਿਨੂ), ਕੈਸ਼ੀਅਰ ਅਸ਼ੋਕ ਗਰਗ, ਪ੍ਰਜੈਕਟ ਚੇਅਰਮੈਨ ਧਰਮਵੀਰ ਗਰਗ, ਚੇਤਨ ਗੁਪਤਾ ਦੀ ਅਗਵਾਈ ਵਿਚ ਸਥਾਨਕ ਸਤੀ ਮੰਦਿਰ ਧਰਮਸ਼ਾਲਾ ਵਿਚ ਅੱਖਾਂ ਦੇ ਚੈਕਅੱਪ ਦਾ ਕੈਂਪ ਲਗਾਇਆ ਗਿਆ। ਜਿਸ ਵਿਚ ਮੁੱਖ ਮਹਿਮਾਨ ਵਜੋਂ ਰਾਜ ਕੁਮਾਰ ਗਰਗ ਸਰੌਲੇ ਵਾਲੇ ਤੇ ਵਿਸ਼ੇਸ਼ ਮਹਿਮਾਨ ਜਿਲਾ ਗਵਰਨਰ ਰੋਟੇਰੀਅਨ ਸੀ.ਏ. ਅਮਿਤ ਸਿੰਗਲਾ ਨੇ ਸ਼ਮੂਲੀਅਤ ਕਰਦਿਆਂ ਕੈਂਪ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ 'ਆਪ' ਆਗੂ ਹਰਜਿੰਦਰ ਸਿੰਘ ਮਿੰਟੂ, ਉਦਯੋਗਪਤੀ ਰਮੇਸ਼ ਗਰਗ,ਅਗਰਵਾਲ ਸਭਾ ਦੇ ਪ੍ਰਧਾਨ ਪਵਨ ਬਾਂਸਲ, ਪ੍ਰਦੀਪ ਮਿੰਕਾ, ਸਾਬਕਾ ਜ਼ਿਲ੍ਹਾ ਗਵਰਨਰ ਡਾ: ਕੇ.ਕੇ. ਜੌਹਰੀ, ਆੜ੍ਹਤੀ ਐਸੋਸੀਏਸ਼ਨ ਪ੍ਰਧਾਨ ਨਰਿੰਦਰ ਗਰਗ, ਸ਼ਾਮ ਸਿੰਗਲਾ, ਸਾਬਕਾ ਪ੍ਰਧਾਨ ਨਗਰ ਕੌਂਸਲ ਯਸ਼ਪਾਲ ਸਿੰਗਲਾ,ਪਵਨ ਸਾਸ਼ਤਰੀ, ਅਨਿਲ ਗਰਗ,ਦੀਪਕ ਗੋਇਲ ਵੀ ਮੌਜੂਦ ਸਨ। ਸਵ: ਸ਼੍ਰੀਮਤੀ ਅੰਗੂਰੀ ਦੇਵੀ ਪਤਨੀ ਰਾਜ ਕੁਮਾਰ ਗਰਗ ਸਰੌਲੇ ਵਾਲਿਆਂ ਦੀ ਯਾਦ ਵਿਚ ਲਗਾਏ ਇਸ ਕੈਂਪ ਦਾ ਖਰਚਾ ਉਨ੍ਹਾਂ ਦੇ ਪੁੱਤਰਾਂ ਪ੍ਰਵੀਨ ਕੁਮਾਰ,ਅਸ਼ੋਕ ਕੁਮਾਰ, ਸੰਜੇ ਕੁਮਾਰ ਅਤੇ ਨੋਨਾ ਗਰਗ ਵੱਲੋਂ ਕੀਤਾ ਗਿਆ। ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾ: ਸਮਨ ਗਰਗ ਕੇ.ਜੀ. ਹਸਪਤਾਲ ਵਾਲਿਆਂ ਨੇ 125 ਮਰੀਜ਼ਾ ਦਾ ਚੈਕਅੱਪ ਕੀਤਾ ਅਤੇ 60 ਲੋੜਵੰਦ ਮਰੀਜ਼ਾਂ ਦੀ ਲੈਂਜ ਪਾ ਕੇ ਆਪਰੇਸ਼ਨਾਂ ਲਈ ਚੋਣ ਕੀਤੀ। ਇਸ ਮੌਕੇ ਕਲੱਬ ਪ੍ਰਧਾਨ ਕੌਂਸਲਰ ਦਰਸ਼ਨ ਮਿੱਤਲ ਤੇ ਉਨ੍ਹਾਂ ਦੀ ਟੀਮ ਵੱਲੋਂ ਆਏ ਮਹਿਮਾਨਾਂ ਅਤੇ ਡਾ: ਸਮਨ ਗਰਗ ਦਾ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

## 68ਵਾਂ ਸ੍ਰੀ ਵਿਸ਼ਵਕਰਮਾ ਮੂਰਤੀ ਸਥਾਪਨਾ ਦਿਵਸ ਮਨਾਇਆ



ਨਾਭਾ, 1 ਮਾਰਚ (ਗੁਰਚਰਨ ਸਿੰਘ ਚੌਧਰੀਮਾਜਰਾ/ਬਲਜਿੰਦਰ ਮਾਨ) : ਵਿਸ਼ਕਰਮਾ ਵੈਲਫੇਅਰ ਸੁਸਾਇਟੀ ਨਾਭਾ ਵੱਲੋਂ ਹਰ ਸਾਲ ਦੀ ਤਰ੍ਹਾਂ ਪ੍ਰਧਾਨ ਚਰਨ ਸਿੰਘ ਗੁਪਤਾ ਦੀ ਅਗਵਾਈ 'ਚ ਭਗਵਾਨ ਸ੍ਰੀ ਵਿਸ਼ਵਕਰਮਾ ਮੰਦਰ ਕ੍ਰਿਸਨਾਪੁਰੀ ਨਾਭਾ ਵਿਖੇ ਸ੍ਰੀ ਵਿਸ਼ਵਕਰਮਾ ਮੂਰਤੀ ਸਥਾਪਨਾ ਦਿਵਸ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਦੇ ਤੌਰ 'ਤੇ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ,ਹਲਕਾ ਵਿਧਾਇਕ ਗੁਰਦੇਵ ਸਿੰਘ,ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ,ਚੇਅਰਮੈਨ ਜੱਸੀ ਸੋਹੀਆਵਾਲਾ ਨੇ ਸ਼ਿਰਕਤ ਕਰਦਿਆਂ ਭਗਵਾਨ ਵਿਸ਼ਵਕਰਮਾ ਦੀ ਅਸ਼ੀਰਵਾਦ ਲੈਂਦਿਆਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਦੀ ਅਪਾਰ ਕਿਰਪਾ ਸਦਕਾ ਸੂਈ ਤੋਂ ਜਹਾਜ਼ ਤੱਕ ਨਿਰਮਾਣ ਹੋਇਆ ਹੈ। ਸਮਾਗਮ ਦੀ ਪ੍ਰਧਾਨਗੀ ਪ੍ਰਧਾਨ ਚਰਨ ਸਿੰਘ ਨੇ ਕਰਦਿਆਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹਵਨ ਯੱਗ ਅਤੇ ਝੰਡੇ ਦੀ ਰਸਮ ਪਾਖਰ ਸਿੰਘ ਸਹੋਲੀ ਐਮ ਡੀ ਹਰਦੇਵ ਕੰਬਾਈਨ ਵਲੋਂ ਕੀਤੀ ਗਈ ਤੇ ਭਗਵਾਨ ਦਾ ਗੁਣਗਾਨ ਕਿਸਨ ਸਿੰਘ ਨਰਮਾਣਾਂ ਦੇ ਜਥੇ ਵੱਲੋਂ ਕੀਤਾ ਗਿਆ ਤੇ ਗੁਰੂ ਕੇ ਲੰਗਰ ਵਰਤਾਏ ਜਾਣਗੇ। ਇਸ ਮੌ ਕੇ ਆਲ ਇੰਡੀਆ ਕੰਬਾਈਨ ਐਸੋਸੀਏਸ਼ਨ ਦੇ ਪ੍ਰਧਾਨ ਅਵਤਾਰ ਸਿੰਘ ਨੰਨੜੇ, ਮਨਪੀਤ ਸਿੰਘ ਐਮ ਡੀ ਕਰਤਾਰ ਕੰਬਾਈਨ ਭਾਦਸੋਂ,ਚੇਅਰਮੈਨ ਭਗਵੰਤ ਸਿੰਘ ਰਾਮਗੜੀਆ, ਭਗਵੰਤ ਸਿੰਘ ਮਾਣਕੂ ਭਾਦਸੋਂ, ਅਜੈਬ ਸਿੰਘ ਐਮ ਡੀ ਏ ਐਸ ਕੰਬਾਈਨ,ਸੁਖਚੈਨ ਸਿੰਘ ਐਮ ਡੀ ਗੁਰਦਿਆਲ ਕੰਬਾਈਨ ,ਅਮਰੀਕ ਸਿੰਘ ਗਿੱਲ ਪ੍ਰਧਾਨ ਫੋਕਲ ਪੁਆਇੰਟ,ਕੁਲਵੰਤ ਸਿੰਘ ਸਿਆਣ, ਸਰਬਜੀਤ ਸਿੰਘ ਰਾਮਗੜੀਆ, ਜੋਰਾ ਸਿੰਘ ਧੰਮੂ, ਬਲਜਿੰਦਰ ਸਿੰਘ ਚਹਿਲ, ਲਖਵਿੰਦਰ ਸਿੰਘ ਲੱਖੀ ਐਮ ਡੀ ਗਹੀਰ ਕੰਬਾਈਨ,ਇੰਦਰਜੀਤ ਸਿੰਘ ਮੂੰਡੇ, ਗਿਆਨ ਚੰਦ ਵਿਰਦੀ, ਅਵਤਾਰ ਸਿੰਘ ਢਿੰਡ, ਬਬਲੀ ਨਾਭਾ, ਬਲਜਿੰਦਰ ਸਿੰਘ ਜੰਡੂ, ਬਲਜਿੰਦਰ ਸਿੰਘ ਬਿੱਲੂ, ਸ਼ਮਸ਼ੇਰ ਸਿੰਘ ਸਰਵਨ ਐਗਰੋ ਟੈਂਕ, ਬਲਜਿੰਦਰ ਸਿੰਘ ਪੰਜਾਬ ਗੋਲਡ, ਲਾਭ ਸਿੰਘ, ਜਗਦੀਸ਼ ਸਿੰਘ ਡੀ ਸੀ, ਅਵਤਾਰ ਸਿੰਘ ਮਠਾੜੂ , ਰਾਜੇਸ਼ ਬਬਲਾ ਤੋਂ ਇਲਾਵਾ ਵੱਡੀ ਗਿਣਤੀ 'ਚ ਸਮੂਹ ਭਾਈਚਾਰੇ ਵੱਲੋਂ ਸ਼ਮੂਲੀਅਤ ਕੀਤੀ ਗਈ।

## ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਖ਼ੂਨਦਾਨ ਕੈਂਪ ਲਗਾਇਆ



ਸਮਾਣਾ, 1 ਮਾਰਚ (ਵਿਜੇ ਕੁਮਾਰ/ਜਵੰਦਾ) : ਆਤਮ ਵਿਚਾਰ ਕੁਟੀਆ ਵੱਲੋਂ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਸੰਸਥਾ ਪ੍ਰਮੁੱਖ ਵਿਜੇ ਡਾਵਰ ਅਤੇ ਪ੍ਰਧਾਨ ਅਸ਼ੋਕ ਥਰੇਜਾ ਦੀ ਅਗਵਾਈ ਵਿਚ ਪਹਿਲਾ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਥੈਲੇਸੀਮੀਆ ਚਿਲਡਰਨ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਵਿਜੇ ਪਾਹਵਾ ਦੇ ਸਹਿਯੋਗ ਨਾਲ ਲਗਾਏ ਗਏ ਇਸ ਖ਼ੂਨਦਾਨ ਕੈਂਪ ਵਿਚ ਮੁੱਖ ਮਹਿਮਾਨ ਵਜੋਂ ਸਮਾਜ ਸੇਵੀ ਸੰਜੇ ਥਰੇਜਾ ਅਤੇ ਵਿਸ਼ੇਸ ਮਹਿਮਾਨ ਦੇ ਤੌਰ 'ਤੇ ਗਰੀਨ ਟਾਊਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਹਰਿੰਦਰ ਭੁਟੇਜਾ ਨੇ ਸ਼ਮੂਲੀਅਤ ਕਰਦਿਆਂ ਖ਼ੂਨਦਾਨੀਆਂ ਨੂੰ ਅਸ਼ੀਰਵਾਦ ਦੇ ਕੇ ਕੈਂਪ ਦਾ ਉਦਘਾਟਨ ਕੀਤਾ। ਬ੍ਰਹਮਲੀਨ ਗੁਰੂ ਰਾਮਕਲੀ ਜੀ ਮਹਾਰਾਜ ਦੀ 20ਵੀਂ ਬਰਸੀ ਮੌਕੇ ਲਗਾਏ ਗਏ ਇਸ ਖ਼ੂਨਦਾਨ ਕੈਂਪ ਵਿਚ ਰਾਜਿੰਦਰਾ ਹਸਪਤਾਲ ਪਟਿਆਲਾ ਬਲੱਡ ਬੈਂਕ ਤੋਂ ਡਾ: ਵਿਨੇ ਦੀ ਅਗਵਾਈ 'ਚ ਆਈ ਟੀਮ ਵੱਲੋਂ 80 ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ। ਖ਼ੂਨਦਾਨੀਆਂ 'ਚ ਸ਼ਾਮਲ ਵਿਜੇ ਟੁਟੇਜਾ ਨੇ 30ਵੀਂ ਵਾਰ ਖ਼ੂਨ ਦਾਨ ਕਰਕੇ ਮਿਸਾਲ ਕਾਇਮ ਕੀਤੀ। ਇਸ ਮੌਕੇ ਖ਼ੂਨਦਾਨੀਆਂ ਨੂੰ ਸੰਬੋਧਨ ਕਰਦਿਆਂ ਸੰਜੇ ਥਰੇਜਾ ਅਤੇ ਹਰਿੰਦਰ ਭੁਟੇਜਾ ਨੇ ਕਿਹਾ ਕਿ ਤੁਹਾਡੇ ਵੱਲੋਂ ਦਾਨ ਕੀਤਾ ਗਿਆ ਖ਼ੂਨ ਕਿਸੇ ਲੋੜਵੰਦ ਦੀ ਜਾਨ ਬਚਾ ਸਕਦਾ ਹੈ। ਖ਼ੂਨਦਾਨ ਕਰਨ ਨਾਲ ਸਰੀਰ 'ਚ ਕਿਸੇ ਕਿਸਮ ਦੀ ਕਮਜ਼ੋਰੀ ਨਹੀਂ ਆਉਂਦੀ। ਇਸ ਮੌਕੇ ਆਤਮ ਵਿਚਾਰ ਕੁਟੀਆ ਦੀ ਕਮੇਟੀ ਵੱਲੋਂ ਜਿੱਥੇ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਦਿੱਤੀ, ਉਥੇ ਹੀ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਅਸ਼ੋਕ ਥਰੇਜਾ ਨੇ ਦੱਸਿਆ ਕਿ ਬ੍ਰਹਮਲੀਨ ਸੰਤ ਰਾਮਕਲੀ ਦੀ ਬਰਸੀ ਮੌਕੇ 2 ਮਾਰਚ ਨੂੰ ਰਾਤ 8 ਤੋਂ 9 ਵਜੇ ਤੱਕ ਸਤਿਸੰਗ ਹੋਵੇਗਾ ਅਤੇ ਅਤੁੱਟ ਭੰਡਾਰਾ ਵਰਤਾਇਆ ਜਾਵੇਗਾ। ਇਸ ਮੌਕੇ ਯਸ਼ਪਾਲ ਲੂਥਰਾ, ਸੁਰੇਸ਼ ਗੋਗੀਆ, ਮਹਿੰਦਰ ਥਰੇਜਾ, ਸਤਨਾਮ ਸਿੰਘ, ਰਮੇਸ਼ ਵਧਵਾ, ਮਨੋਜ ਛਾਬੜਾ, ਸੁਦਰਸ਼ਨ ਛਾਬੜਾ, ਹਰਭਗਵਾਨ ਥਰੇਜਾ,ਬਿਸ਼ਨ ਦਾਸ, ਚਮਨ ਲਾਲ ਧਨੇਠਾ,ਵਿਨੋਦ ਬੱਬਰ ਪ੍ਰਧਾਨ ਮਹਾਂਵੀਰ ਮੰਦਿਰ, ਰਮੇਸ਼ ਟਾਇਪਿਸਟ ਵੀ ਮੌਜੂਦ ਰਹੇ।